ਸ਼ਨੀਵਾਰ, 24 ਅਗਸਤ, 2024
9 ਭਾਦੋਂ { ਨਾਨਕਸ਼ਾਹੀ 556
ਬਿਕਰਮੀ 2081
ਜਿਲਦ/VOL. : 73
ਅੰਕ/NO. : 83

# ਨਵਾਂ ਜ਼ਮਾਨਾ

DAILY NAWAN ZAMANA • SATURDAY, 24 AUGUST, 2024
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪ੍ਰੂਫ਼-ਰਿਡਿੰਗ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਜ਼ੇਲੈਂਸਕੀ ਨੂੰ ਪੂਤਿਨ ਨਾਲ ਮਿਲ-ਬੈਠਣ ਦੀ ਸਲਾਹ

## ਜੰਗ ਦੇ ਖ਼ਾਤਮੇ ਲਈ ਭਾਰਤ ਦੋਸਤ ਵਾਲਾ ਰੋਲ ਨਿਭਾਉਣ ਲਈ ਤਿਆਰ : ਮੋਦੀ

**ਕੀਵ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੈਂਸਕੀ 'ਤੇ ਜ਼ੋਰ ਦਿੱਤਾ ਕਿ ਉਹ ਜੰਗ ਖਤਮ ਕਰਨ ਲਈ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨਾਲ ਮਿਲ-ਬੈਠਣ ਅਤੇ ਭਾਰਤ ਅਮਨ ਦੀਆਂ ਕੋਸ਼ਿਸ਼ਾਂ 'ਚ ਦੋਸਤ ਵਾਲਾ ਰੋਲ ਨਿਭਾਉਣ ਲਈ ਤਿਆਰ ਹੈ।

ਦੋਹਾਂ ਆਗੂਆਂ ਵੱਲੋਂ ਪੱਤਰਕਾਰਾਂ ਨੂੰ ਦਿੱਤੇ ਗਏ ਸਾਂਝੇ ਬਿਆਨ ਦੌਰਾਨ ਮੋਦੀ ਨੇ ਕਿਹਾ ਕਿ ਉਹ ਅਮਨ ਦੇ ਸੁਨੇਹੇ ਨਾਲ ਕੀਵ ਆਏ ਅਤੇ ਦੋਹਾਂ ਦੇਸ਼ਾਂ ਨੂੰ ਛੇਤੀ ਤੋਂ ਛੇਤੀ ਗੱਲਬਾਤ ਕਰਨੀ ਚਾਹੀਦੀ ਹੈ। ਜ਼ੇਲੈਂਸਕੀ ਨੇ ਕਿਹਾ ਕਿ ਮੋਦੀ ਦਾ ਦੌਰਾ ਬਹੁਤ ਹੀ ਦੋਸਤਾਨਾ ਤੇ ਯੂਕਰੇਨੀਆਂ ਲਈ ਬਹੁਤ ਹੀ ਅਹਿਮ ਰਿਹਾ।

ਮੋਦੀ ਨੇ ਕਿਹਾ ਕਿ ਰੂਸ-ਯੂਕਰੇਨ ਜੰਗ ਦੌਰਾਨ ਭਾਰਤ ਤਮਾਸ਼ਬੀਨ ਨਹੀਂ ਰਿਹਾ ਤੇ ਸਦਾ ਅਮਨ ਦੇ ਨਾਲ ਖੜ੍ਹਿਆ ਹੈ। ਜ਼ੇਲੈਂਸਕੀ ਨਾਲ ਗੱਲਬਾਤ ਦੌਰਾਨ ਮੋਦੀ ਨੇ ਭਾਰਤ ਦੀ ਇਹ ਪੁਜ਼ੀਸ਼ਨ ਦੁਹਰਾਈ ਕਿ ਟਕਰਾਵਾਂ ਦਾ ਹੱਲ ਗੱਲਬਾਤ ਤੇ ਕੂਟਨੀਤੀ ਨਾਲ ਹੀ ਨਿਕਲ ਸਕਦਾ ਹੈ। ਉਨ੍ਹਾ ਕਿਹਾ ਕਿ ਭਾਰਤ ਅਮਨ ਦੀਆਂ ਕੋਸ਼ਿਸ਼ਾਂ ਪ੍ਰਤੀ ਸਰਗਰਮ ਯੋਗਦਾਨ ਦੇਣ ਲਈ ਤਿਆਰ ਹੈ। ਬਾਅਦ ਵਿਚ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਦੱਸਿਆ ਕਿ ਦੋਹਾਂ ਆਗੂਆਂ ਵਿਚਾਲੇ ਬਹੁਤੀ ਗੱਲਬਾਤ ਜੰਗ ਬਾਰੇ ਹੀ ਹੋਈ। ਇਸਤੋਂ ਇਲਾਵਾ ਵਪਾਰ, ਆਰਥਕ ਮੁੱਦਿਆਂ, ਰੱਖਿਆ, ਫਾਰਮਾਸਿਊਟੀਕਲਜ਼, ਖੇਤੀਬਾੜੀ ਤੇ ਸਿੱਖਿਆ ਦੇ ਖੇਤਰਾਂ 'ਤੇ ਵੀ ਗੱਲਬਾਤ ਹੋਈ। ਦੋਹਾਂ ਦੇਸ਼ਾਂ ਨੇ ਖੇਤੀਬਾੜੀ, ਸਿਹਤ, ਸੱਭਿਆਚਾਰ ਤੇ ਮਾਨਵਤਾਵਾਦੀ ਸਹਾਇਤਾ ਲਈ ਚਾਰ ਸਮਝੌਤਿਆਂ 'ਤੇ ਦਸਤਖਤ ਕੀਤੇ। ਮੋਦੀ ਨੇ ਪਰਵਾਸੀ ਭਾਰਤੀਆਂ ਤੇ ਯੂਕਰੇਨ 'ਚ ਪੜ੍ਹ ਰਹੇ ਵਿਦਿਆਰਥੀਆਂ ਨਾਲ ਵੀ ਮੁਲਾਕਾਤ ਕੀਤੀ। ਉਨ੍ਹਾ ਜੰਗ ਦੌਰਾਨ ਮਾਰੇ ਗਏ ਬੱਚਿਆਂ ਨੂੰ ਸ਼ਰਧਾਂਜਲੀ ਵੀ ਦਿੱਤੀ।




ਪ੍ਰਧਾਨ ਮੰਤਰੀ ਨੇ ਕੀਵ ਦੀ ਆਪਣੀ ਯਾਤਰਾ ਤੋਂ ਲੱਗਭੱਗ ਛੇ ਹਫਤੇ ਪਹਿਲਾਂ ਰੂਸ ਦਾ ਦੌਰਾ ਕੀਤਾ ਸੀ, ਜਿਸ ਲਈ ਅਮਰੀਕਾ ਅਤੇ ਉਸ ਦੇ ਕੁਝ ਪੱਛਮੀ ਸਹਿਯੋਗੀਆਂ ਨੇ ਉਨ੍ਹਾ ਦੀ ਆਲੋਚਨਾ ਕੀਤੀ ਸੀ। ਉਦੋਂ ਮੋਦੀ ਦੀਆਂ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੂੰ ਜੱਫੀ ਪਾਉਣ, ਚਾਹ 'ਤੇ ਚਰਚਾ, ਇਲੈਕਟ੍ਰਿਕ ਵਹੀਕਲ ਦੀ ਸਵਾਰੀ ਤੇ ਹਾਰਸ ਸ਼ੋਅ ਦੇਖਦਿਆਂ ਦੀਆਂ ਤਸਵੀਰਾਂ ਵਾਇਰਲ ਹੋਈਆਂ ਸਨ। ਜ਼ੇਲੈਂਸਕੀ ਨੇ ਇਸ ਦੀ ਨਿੰਦਾ ਕਰਦਿਆਂ ਕਿਹਾ ਸੀ ਕਿ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੇ ਆਗੂ ਨੂੰ ਦੁਨੀਆ ਦੇ ਸਭ ਤੋਂ ਵੱਡੇ ਜ਼ਾਲਮ ਨਾਲ ਜੱਫੀਆਂ ਪਾਉਂਦੇ ਵੇਖ ਕੇ ਬਹੁਤ ਨਿਰਾਸ਼ਾ ਹੋਈ ਹੈ।

# ਅਨਿਲ ਅੰਬਾਨੀ ਨੂੰ ਸ਼ੇਅਰ ਬਾਜ਼ਾਰ 'ਚੋਂ ਪੰਜ ਸਾਲ ਲਈ ਕੱਢਿਆ, 25 ਕਰੋੜ ਜੁਰਮਾਨਾ

**ਮੁੰਬਈ :** ਸ਼ੇਅਰ ਮਾਰਕਿਟ ਦੇ ਰੈਗੂਲੇਟਰ ਸੇਬੀ ਨੇ ਫੰਡਾਂ ਦੀ ਹੇਰਾਫੇਰੀ ਦੇ ਮਾਮਲੇ ਵਿਚ ਵੱਡੇ ਸਨਅਤਕਾਰ ਅਨਿਲ ਅੰਬਾਨੀ ਨੂੰ ਸ਼ੇਅਰ ਬਾਜ਼ਾਰ ਵਿੱਚੋਂ ਪੰਜ ਸਾਲ ਲਈ ਕੱਢ ਦਿੱਤਾ ਹੈ। ਉਸ ਨੇ ਅੰਬਾਨੀ 'ਤੇ 25 ਕਰੋੜ ਰੁਪਏ ਦਾ ਜੁਰਮਾਨਾ ਵੀ ਲਾਇਆ ਹੈ। ਉਸ ਦੇ ਕਿਸੇ ਵੀ ਲਿਸਟਿਡ ਕੰਪਨੀ 'ਚ ਡਾਇਰੈਕਟਰ ਰਹਿਣ 'ਤੇ ਵੀ ਰੋਕ ਲਾ ਦਿੱਤੀ ਹੈ।

ਸੇਬੀ ਨੇ ਰਿਲਾਇੰਸ ਹੋਮ ਫਾਈਨੈਂਸ ਲਿਮਟਿਡ ਦੇ ਸਾਬਕਾ ਪ੍ਰਮੁੱਖ ਅਧਿਕਾਰੀਆਂ ਸਣੇ 24 ਹੋਰ ਐਂਟੀਟੀਜ਼ 'ਤੇ ਵੀ ਸ਼ੇਅਰ ਮਾਰਕਿਟ ਵਿਚ ਆਉਣ 'ਤੇ ਪਾਬੰਦੀ ਲਾ ਦਿੱਤੀ ਹੈ। ਇਨ੍ਹਾਂ 'ਤੇ ਵੱਖ-ਵੱਖ ਜੁਰਮਾਨਾ ਵੀ ਲਾਇਆ ਹੈ। ਰਿਲਾਇੰਸ ਹੋਮ ਫਾਈਨੈਂਸ 'ਤੇ ਵੀ 6 ਮਹੀਨੇ ਲਈ ਪਾਬੰਦੀ ਲਾ ਦਿੱਤੀ ਹੈ ਤੇ ਉਸ ਨੂੰ 6 ਲੱਖ ਰੁਪਏ ਦਾ ਜੁਰਮਾਨਾ ਵੀ ਲਾਇਆ ਹੈ। ਸੇਬੀ ਦੇ 222 ਸਫਿਆਂ ਦੇ ਹੁਕਮ ਮੁਤਾਬਕ ਜਾਂਚ ਵਿਚ ਪਤਾ ਲੱਗਾ ਹੈ ਕਿ ਰਿਲਾਇੰਸ ਹੋਮ ਫਾਈਨੈਂਸ ਲਿਮਟਿਡ ਦੇ ਅਧਿਕਾਰੀਆਂ ਦੀ ਸਹਾਇਤਾ ਨਾਲ ਅਨਿਲ ਅੰਬਾਨੀ ਨੇ ਪੈਸਿਆਂ ਦੀ ਹੇਰਾਫੇਰੀ ਕੀਤੀ। ਉਸ ਨੇ ਫੰਡ ਖੁਦ ਵਰਤਿਆ ਤੇ ਦਿਖਾਇਆ ਕਿ ਇਹ ਫੰਡ ਲੋਨ ਵਜੋਂ ਦਿੱਤਾ ਗਿਆ। ਸੇਬੀ ਨੇ ਅਨਿਲ ਅੰਬਾਨੀ 'ਤੇ 25 ਕਰੋੜ, ਅਮਿਤ ਬਾਪਨਾ 'ਤੇ 27 ਕਰੋੜ, ਰਵਿੰਦਰ ਸੁਧਾਲਕਰ 'ਤੇ 26 ਕਰੋੜ ਅਤੇ ਪਿੰਕੇਸ਼ ਆਰ ਸ਼ਾਹ 'ਤੇ 21 ਕਰੋੜ ਦਾ ਜੁਰਮਾਨਾ ਲਾਇਆ ਹੈ। ਰਿਲਾਇੰਸ ਯੂਨੀਕੌਰਨ ਇੰਟਰਪ੍ਰਾਈਜ਼ਿਜ਼, ਰਿਲਾਇੰਸ ਐਕਸਚੇਂਜ ਨੈੱਕਸਟ ਸਣੇ ਹੋਰ ਕੰਪਨੀਆਂ 'ਤੇ ਫੰਡ ਦੀ ਹੇਰਾਫੇਰੀ ਵਿਚ ਸ਼ਾਮਲ ਹੋਣ 'ਤੇ 25-25 ਕਰੋੜ ਦਾ ਜੁਰਮਾਨਾ ਲਾਇਆ ਗਿਆ ਹੈ।



## ਏਅਰ ਇੰਡੀਆ ਨੂੰ 90 ਲੱਖ ਠੋਕੇ

**ਨਵੀਂ ਦਿੱਲੀ :** ਹਵਾਬਾਜ਼ੀ ਰੈਗੂਲੇਟਰੀ ਡੀ ਜੀ ਸੀ ਏ ਨੇ ਨਾਕਾਬਲ ਚਾਲਕ ਦਲ ਦੇ ਮੈਂਬਰਾਂ ਨਾਲ ਉਡਾਣਾਂ ਚਲਾਉਣ ਲਈ ਏਅਰ ਇੰਡੀਆ 'ਤੇ 90 ਲੱਖ ਰੁਪਏ ਦਾ ਜੁਰਮਾਨਾ ਕੀਤਾ ਹੈ। ਇਸ ਕੁਤਾਹੀ ਲਈ ਏਅਰ ਇੰਡੀਆ ਦੇ ਸੰਚਾਲਨ ਨਿਰਦੇਸ਼ਕ ਅਤੇ ਸਿਖਲਾਈ ਨਿਰਦੇਸ਼ਕ 'ਤੇ ਕ੍ਰਮਵਾਰ 6 ਲੱਖ ਰੁਪਏ ਅਤੇ 3 ਲੱਖ ਰੁਪਏ ਦਾ ਜੁਰਮਾਨਾ ਕੀਤਾ ਹੈ।

## ਰਾਜਪਾਲ ਨੂੰ ਹਸਪਤਾਲੋਂ ਛੁੱਟੀ

**ਚੰਡੀਗੜ੍ਹ :** ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਬੇਚੈਨੀ ਦੀ ਸ਼ਿਕਾਇਤ ਤੋਂ ਬਾਅਦ ਵੀਰਵਾਰ ਦੇਰ ਰਾਤ ਉਦੈਪੁਰ ਦੇ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਕੁਝ ਟੈਸਟਾਂ ਤੋਂ ਬਾਅਦ ਸ਼ੁੱਕਰਵਾਰ ਸਵੇਰੇ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਉਹ ਪਿਛਲੇ ਕੁਝ ਦਿਨਾਂ ਤੋਂ ਆਪਣੇ ਗ੍ਰਹਿ ਸ਼ਹਿਰ ਉਦੈਪੁਰ 'ਚ ਹਨ।

## 40 ਵਿਦਿਆਰਥੀ ਜ਼ਖਮੀ




**ਬਾਰਾਬੰਕੀ (ਯੂਪੀ) :** ਜਹਾਂਗੀਰਾਬਾਦ ਥਾਣਾ ਖੇਤਰ 'ਚ ਅਵਧ ਅਕੈਡਮੀ ਦੇ ਨਾਂਅ ਨਾਲ ਚਲਾਏ ਜਾ ਰਹੇ ਨਿੱਜੀ ਸਕੂਲ 'ਚ ਸ਼ੁੱਕਰਵਾਰ ਸਵੇਰੇ ਪਹਿਲੀ ਮੰਜ਼ਲ ਦਾ ਛੱਜਾ ਡਿੱਗਣ ਨਾਲ ਕਰੀਬ 40 ਬੱਚੇ ਜ਼ਖ਼ਮੀ ਹੋ ਗਏ। ਪੰਜ ਦੀ ਹਾਲਤ ਨਾਜ਼ੁਕ ਦੱਸੀ ਗਈ ਹੈ। ਇੱਥੇ ਪ੍ਰੀਖਿਆ ਹੋਣੀ ਸੀ। ਇਸ ਦੌਰਾਨ ਕਈ ਬੱਚੇ ਬਾਲਕੋਨੀ 'ਤੇ ਇਕੱਠੇ ਹੋ ਗਏ ਤੇ ਦਬਾਅ ਕਾਰਨ ਛੱਜਾ ਡਿੱਗ ਗਿਆ। ਸਕੂਲ ਦੀ ਮਾਨਤਾ 10ਵੀਂ ਜਮਾਤ ਤੱਕ ਹੈ ਪਰ 12ਵੀਂ ਜਮਾਤ ਤੱਕ ਚੱਲ ਰਿਹਾ ਹੈ।

## ਬੱਸ ਨਦੀ 'ਚ ਡਿੱਗੀ, 14 ਮੌਤਾਂ



**ਕਾਠਮੰਡੂ :** ਸ਼ੁੱਕਰਵਾਰ ਮੱਧ ਨੇਪਾਲ 'ਚ 40 ਦੇ ਕਰੀਬ ਯਾਤਰੀਆਂ ਨਾਲ ਭਰੀ ਭਾਰਤੀ ਬੱਸ ਦੇ ਮਾਰਸਯਾਂਗਦੀ ਨਦੀ 'ਚ ਡਿੱਗਣ ਕਾਰਨ 14 ਵਿਅਕਤੀਆਂ ਦੀ ਮੌਤ ਹੋ ਗਈ। ਹਾਦਸਾ ਤਨਾਹੁਨ ਜ਼ਿਲ੍ਹੇ ਦੇ ਆਇਨਾ ਪਹਾੜਾ ਵਿਖੇ ਵਾਪਰਿਆ। ਬੱਸ ਯੂ ਪੀ ਦੇ ਨੰਬਰ ਵਾਲੀ ਸੀ ਤੇ ਪੋਖਰਾ ਤੋਂ ਕਾਠਮੰਡੂ ਆ ਰਹੀ ਸੀ।

## ਛੱਤ ਹੇਠ ਆ ਕੇ 5 ਮਜ਼ਦੂਰਾਂ ਦੀ ਮੌਤ

**ਇੰਦੌਰ :** ਮੱਧ ਪ੍ਰਦੇਸ਼ ਦੇ ਇੰਦੌਰ ਜ਼ਿਲ੍ਹੇ 'ਚ ਰਿਜ਼ਾਰਟ ਦੇ ਨਿਰਮਾਣ ਅਧੀਨ ਕਮਰਿਆਂ ਦੇ ਮਲਬੇ ਹੇਠ ਦੱਬੇ ਜਾਣ ਨਾਲ 5 ਮਜ਼ਦੂਰਾਂ ਦੀ ਮੌਤ ਹੋ ਗਈ। ਹਾਲ ਹੀ 'ਚ ਇੱਥੋਂ ਕਰੀਬ 40 ਕਿਲੋਮੀਟਰ ਦੂਰ ਚੋਰਾਲ ਇਲਾਕੇ 'ਚ ਰਿਜ਼ਾਰਟ 'ਚ ਕਮਰਿਆਂ ਦੀ ਛੱਤ ਪਾਉਣ ਤੋਂ ਬਾਅਦ ਇਹ ਮਜ਼ਦੂਰ ਹੇਠਾਂ ਸੌਂ ਗਏ ਸਨ। ਸ਼ੁੱਕਰਵਾਰ ਸਵੇਰੇ ਚੌਕੀਦਾਰ ਮੌਕੇ 'ਤੇ ਪਹੁੰਚਿਆ ਤਾਂ ਹਾਦਸੇ ਦਾ ਪਤਾ ਲੱਗਾ।

# ਕੇਜਰੀਵਾਲ ਵਿਰੁੱਧ ਮੁਕੱਦਮੇ ਦੀ ਮਨਜ਼ੂਰੀ

**ਨਵੀਂ ਦਿੱਲੀ :** ਸੀ ਬੀ ਆਈ ਨੇ ਸ਼ੁੱਕਰਵਾ ਦਿੱਲੀ ਦੀ ਅਦਾਲਤ ਨੂੰ ਸੂਚਿਤ ਕੀਤਾ ਕਿ ਉਸ ਨੇ ਕਥਿਤ ਆਬਕਾਰੀ ਘਪਲੇ ਨਾਲ ਸੰਬੰਧਤ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਆਮ ਆਦਮੀ ਪਾਰਟੀ ਦੇ ਵਿਧਾਇਕ ਦੁਰਗੇਸ਼ ਪਾਠਕ ਵਿਰੁੱਧ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਹਾਸਲ ਕਰ ਲਈ ਹੈ। ਇਹ ਜਾਣਕਾਰੀ ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਦੀ ਅਦਾਲਤ ਨੂੰ ਦਿੱਤੀ ਗਈ, ਜਿਸ ਨੇ ਕੇਸ ਦੀ ਸੁਣਵਾਈ 27 ਅਗਸਤ ਨੂੰ ਕਰਨੀ ਹੈ। ਇਸ ਮਾਮਲੇ 'ਚ ਕੇਜਰੀਵਾਲ ਦੀ ਨਿਆਂਇਕ ਹਿਰਾਸਤ ਦੀ ਮਿਆਦ 27 ਅਗਸਤ ਨੂੰ ਖਤਮ ਹੋਣ ਜਾ ਰਹੀ ਹੈ। ਅਦਾਲਤ ਨੇ 12 ਅਗਸਤ ਨੂੰ ਸੀ ਬੀ ਆਈ ਨੂੰ ਇਸ ਮਾਮਲੇ 'ਚ ਕੇਜਰੀਵਾਲ ਅਤੇ ਪਾਠਕ ਖਿਲਾਫ ਮੁਕੱਦਮਾ ਚਲਾਉਣ ਲਈ ਲੋੜੀਂਦੀ ਮਨਜ਼ੂਰੀ ਲੈਣ ਲਈ 15 ਦਿਨਾਂ ਦਾ ਸਮਾਂ ਦਿੱਤਾ ਸੀ।

ਇਸੇ ਦੌਰਾਨ ਸੁਪਰੀਮ ਕੋਰਟ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਜ਼ਮਾਨਤ ਪਟੀਸ਼ਨ ਅਤੇ ਕਥਿਤ ਆਬਕਾਰੀ ਨੀਤੀ ਘਪਲੇ ਵਿਚ ਸੀ ਬੀ ਆਈ ਵੱਲੋਂ ਕੀਤੀ ਗ੍ਰਿਫਤਾਰੀ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਸ਼ੁੱਕਰਵਾਰ 5 ਸਤੰਬਰ ਤੱਕ ਮੁਲਤਵੀ ਕਰ ਦਿੱਤੀ ਹੈ। ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਉੱਜਵਲ ਭੂਈਆਂ ਦੀ ਬੈਂਚ ਨੇ ਸੀ ਬੀ ਆਈ ਨੂੰ ਇਸ ਮਾਮਲੇ 'ਚ ਜਵਾਬੀ ਹਲਫਨਾਮਾ ਦਾਇਰ ਕਰਨ ਦੀ ਇਜਾਜ਼ਤ ਦਿੱਤੀ ਅਤੇ ਕੇਜਰੀਵਾਲ ਨੂੰ ਜਵਾਬ ਦਾਖਲ ਕਰਨ ਲਈ ਦੋ ਦਿਨਾਂ ਦਾ ਸਮਾਂ ਦਿੱਤਾ।

# ਮਨਰੇਗਾ ਦੇ 7 ਕਰੋੜ ਤੋਂ ਵੱਧ ਜੌਬ ਕਾਰਡ ਰੱਦ



**ਨਵੀਂ ਦਿੱਲੀ :** ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕੇਂਦਰ ਸਰਕਾਰ 'ਤੇ ਮਹਾਤਮਾ ਗਾਂਧੀ ਰਾਸ਼ਟਰੀ ਗ੍ਰਾਮੀਣ ਰੁਜ਼ਗਾਰ ਗਾਰੰਟੀ ਕਾਨੂੰਨ (ਮਨਰੇਗਾ) ਪ੍ਰਤੀ ਉਦਾਸੀਨ ਰਵੱਈਆ ਅਪਣਾਉਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਮਨਰੇਗਾ ਦੀ ਮੌਜੂਦਾ ਸਥਿਤੀ ਪੇਂਡੂ ਭਾਰਤ ਨਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸ਼ਰੇਆਮ ਵਿਸ਼ਵਾਸਘਾਤ ਹੈ। ਉਨ੍ਹਾ ਇਹ ਵੀ ਦੋਸ਼ ਲਾਇਆ ਕਿ ਮੋਦੀ ਸਰਕਾਰ ਨੇ ਸੱਤ ਕਰੋੜ ਤੋਂ ਵੱਧ ਮਜ਼ਦੂਰਾਂ ਦੇ ਜੌਬ ਕਾਰਡ ਰੱਦ ਕਰ ਦਿੱਤੇ ਹਨ। ਐਕਸ 'ਤੇ ਪੋਸਟ 'ਚ ਉਨ੍ਹਾ ਕਿਹਾ ਕਿ ਮੌਜੂਦਾ ਸਮੇਂ 13.3 ਕਰੋੜ ਸਰਗਰਮ ਵਰਕਰ ਹਨ, ਜੋ ਘੱਟ ਉਜਰਤਾਂ, ਬਹੁਤ ਘੱਟ ਕੰਮਕਾਜੀ ਦਿਨਾਂ ਅਤੇ ਜੌਬ ਕਾਰਡਾਂ ਨੂੰ ਰੱਦ ਕਰਨ ਦੀ ਸਮੱਸਿਆ ਦੇ ਬਾਵਜੂਦ ਮਨਰੇਗਾ 'ਤੇ ਨਿਰਭਰ ਹਨ।

ਸਾਲ 2005 'ਚ ਅੱਜ ਦੇ ਦਿਨ ਯੂ ਪੀ ਏ ਸਰਕਾਰ ਨੇ ਪੇਂਡੂ ਭਾਰਤ 'ਚ ਕਰੋੜਾਂ ਲੋਕਾਂ ਲਈ 'ਕੰਮ ਕਰਨ ਦਾ ਅਧਿਕਾਰ' ਲਾਗੂ ਕੀਤਾ ਸੀ।

# ਯੂ ਏ ਵੀ ਭਟਕ ਕੇ ਪਾਕਿ 'ਚ ਦਾਖਲ

**ਨਵੀਂ ਦਿੱਲੀ :** ਭਾਰਤੀ ਫੌਜ ਦਾ ਮਿੰਨੀ ਅਨਮੈਨਡ ਏਅਰ ਵਹੀਕਲ (ਯੂ ਏ ਵੀ) ਨੁਕਸ ਪੈਣ ਕਾਰਨ ਲਾਈਨ ਆਫ ਕੰਟਰੋਲ ਪਾਰ ਕਰਕੇ ਪਾਕਿਸਤਾਨ ਵਾਲੇ ਪਾਸੇ ਚਲੇ ਗਿਆ। ਉਹ ਰਾਜੌਰੀ ਸੈਕਟਰ ਵਿਚ ਟਰੇਨਿੰਗ ਮਿਸ਼ਨ 'ਤੇ ਸੀ। ਫੌਜ ਨੇ ਤੁਰੰਤ ਪਾਕਿਸਤਾਨੀ ਫੌਜ ਨੂੰ ਸੁਨੇਹਾ ਭੇਜ ਕੇ ਉਸਨੂੰ ਵਾਪਸ ਕਰਨ ਲਈ ਕਿਹਾ। ਸ਼ੁੱਕਰਵਾਰ ਸਵੇਰੇ 9 ਵੱਜ ਕੇ 25 ਮਿੰਟ 'ਤੇ ਉਹ ਭਿੰਬਰ ਗਲੀ ਸੈਕਟਰ ਤੋਂ ਪਾਕਿਸਤਾਨ ਦੇ ਨਿਕਿਆਲ ਸੈਕਟਰ ਵਿਚ ਚਲੇ ਗਿਆ। ਫੌਜ ਇਸ ਸੈਕਟਰ ਵਿਚ ਘੁਸਪੈਠੀਆਂ 'ਤੇ ਨਜ਼ਰ ਰੱਖਣ ਲਈ ਯੂ ਏ ਵੀ ਵਰਤਦੀ ਹੈ। ਸਮਝਿਆ ਜਾਂਦਾ ਹੈ ਕਿ ਪਾਕਿਸਤਾਨ ਫੌਜ ਨੇ ਭਟਕੇ ਯੂ ਏ ਵੀ ਨੂੰ ਲੱਭ ਲਿਆ ਹੈ।



# ਹੈਰਿਸ ਨੇ ਉਮੀਦਵਾਰੀ ਕਬੂਲੀ



**ਸ਼ਿਕਾਗੋ :** ਅਮਰੀਕਾ ਦੀ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਨਵੰਬਰ 'ਚ ਹੋਣ ਵਾਲੀਆਂ ਰਾਸ਼ਟਰਪਤੀ ਚੋਣਾਂ 'ਚ ਡੈਮੋਕਰੇਟਿਕ ਪਾਰਟੀ ਦੀ ਉਮੀਦਵਾਰੀ ਨੂੰ ਰਸਮੀ ਤੌਰ 'ਤੇ ਸਵੀਕਾਰ ਕਰ ਲਿਆ ਹੈ। ਹੈਰਿਸ ਅਤੇ ਰਿਪਬਲਿਕਨ ਪਾਰਟੀ ਦੇ ਉਮੀਦਵਾਰ ਤੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਵਿਚਾਲੇ ਸਖਤ ਟੱਕਰ ਹੈ। ਭਾਰਤੀ-ਅਫਰੀਕੀ ਮੂਲ ਦੀ ਹੈਰਿਸ ਨੇ ਵੀਰਵਾਰ ਰਾਤ ਸ਼ਿਕਾਗੋ 'ਚ 'ਡੈਮੋਕ੍ਰੇਟਿਕ ਨੈਸ਼ਨਲ ਕਨਵੈਨਸ਼ਨ' ਦੌਰਾਨ ਉਮੀਦਵਾਰੀ ਸਵੀਕਾਰ ਕਰ ਲਈ ਅਤੇ ਇਸ ਨਾਲ ਉਹ ਡੈਮੋਕ੍ਰੇਟਿਕ ਪਾਰਟੀ ਦੀ ਰਾਸ਼ਟਰਪਤੀ ਅਹੁਦੇ ਦੀ ਉਮੀਦਵਾਰ ਬਣਨ ਵਾਲੀ ਦੂਜੀ ਮਹਿਲਾ ਬਣ ਗਈ। ਉਸ ਤੋਂ ਪਹਿਲਾਂ ਹਿਲੇਰੀ ਕਲਿੰਟਨ ਨੇ ਇਹ ਚੋਣ ਲੜੀ ਸੀ।

# ਦਿੱਲੀ ਦੇ ਬਜ਼ੁਰਗਾਂ ਦੀ ਪੈਨਸ਼ਨ ਪੰਜ ਮਹੀਨਿਆਂ ਬਾਅਦ ਬਹਾਲ



**ਨਵੀਂ ਦਿੱਲੀ :** ਦਿੱਲੀ ਦੀ ਵਿੱਤ ਮੰਤਰੀ ਆਤਿਸ਼ੀ ਨੇ ਸ਼ੁੱਕਰਵਾਰ ਕਿਹਾ ਕਿ ਦਿੱਲੀ ਵਿਚ ਬਜ਼ੁਰਗਾਂ ਨੂੰ ਹੁਣ ਪੈਨਸ਼ਨ ਮਿਲਣੀ ਸ਼ੁਰੂ ਹੋ ਗਈ ਹੈ ਅਤੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਪਿਛਲੇ ਪੰਜ ਮਹੀਨਿਆਂ ਤੋਂ ਇਸ ਨੂੰ ਰੋਕਣ ਦਾ ਦੋਸ਼ ਲਗਾਇਆ ਹੈ। ਆਤਿਸ਼ੀ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਪੋਸਟ 'ਚ ਕਿਹਾ—ਦਿੱਲੀ ਦੇ ਬਜ਼ੁਰਗਾਂ ਲਈ ਖੁਸ਼ਖਬਰੀ।

ਪਿਛਲੇ ਪੰਜ ਮਹੀਨਿਆਂ ਤੋਂ ਕੇਂਦਰ ਦੀ ਭਾਜਪਾ ਸਰਕਾਰ ਨੇ ਦਿੱਲੀ ਦੇ ਇੱਕ ਲੱਖ ਬਜ਼ੁਰਗਾਂ ਦੀ ਬੁਢਾਪਾ ਪੈਨਸ਼ਨ ਰੋਕੀ ਹੋਈ ਸੀ। ਬਜ਼ੁਰਗ ਬਹੁਤ ਚਿੰਤਤ ਸਨ। ਮੈਨੂੰ ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਕਾਫੀ ਜੱਦੋਜਹਿਦ ਤੋਂ ਬਾਅਦ ਕੇਜਰੀਵਾਲ ਸਰਕਾਰ ਨੇ ਬਜ਼ੁਰਗਾਂ ਦੀ ਬਕਾਇਆ ਪੈਨਸ਼ਨ ਸ਼ੁਰੂ ਕਰ ਦਿੱਤੀ ਹੈ। ਪੰਜ ਮਹੀਨਿਆਂ ਦੀ ਪੈਨਸ਼ਨ ਬਜ਼ੁਰਗਾਂ ਦੇ ਬੈਂਕ ਖਾਤਿਆਂ 'ਚ ਜਮ੍ਹਾਂ ਕਰਵਾਈ ਜਾ ਰਹੀ ਹੈ। ਇਹ ਪੈਨਸ਼ਨ 60 ਸਾਲ ਤੋਂ ਵੱਧ ਉਮਰ ਦੇ ਉਨ੍ਹਾਂ ਬਜ਼ੁਰਗਾਂ ਲਈ ਹੈ, ਜਿਨ੍ਹਾਂ ਦੀ ਸਾਲਾਨਾ ਪਰਿਵਾਰਕ ਆਮਦਨ 1 ਲੱਖ ਰੁਪਏ ਤੋਂ ਘੱਟ ਹੈ। ਇਸ ਸਕੀਮ ਤਹਿਤ 60 ਤੋਂ 69 ਸਾਲ ਦੀ ਉਮਰ ਦੇ ਲਾਭਪਾਤਰੀਆਂ ਨੂੰ 2,000 ਰੁਪਏ ਪ੍ਰਤੀ ਮਹੀਨਾ ਜਦਕਿ ਅਨੁਸੂਚਿਤ ਜਾਤੀ, ਅਨੁਸੂਚਿਤ ਜਨਜਾਤੀ ਅਤੇ ਘੱਟਗਿਣਤੀ ਭਾਈਚਾਰਿਆਂ ਦੇ ਲਾਭਪਾਤਰੀਆਂ ਨੂੰ 500 ਰੁਪਏ ਪ੍ਰਤੀ ਮਹੀਨਾ ਵਾਧੂ ਦਿੱਤੇ ਜਾਂਦੇ ਹਨ।

# ਰੋਮੀ ਨਿਆਂਇਕ ਹਿਰਾਸਤ 'ਚ



**ਚੰਡੀਗੜ੍ਹ :** ਨਾਭਾ ਜੇਲ੍ਹ ਬ੍ਰੇਕ ਕਾਂਡ ਦੇ ਮੁੱਖ ਸਾਜ਼ਿਸ਼ਘਾੜੇ ਰਮਨਜੀਤ ਸਿੰਘ ਉਰਫ ਰੋਮੀ ਨੂੰ ਭਾਰੀ ਸੁਰੱਖਿਆ ਹੇਠ ਸ਼ੁੱਕਰਵਾਰ ਤੜਕੇ 3 ਵਜੇ ਨਾਭਾ ਲਿਆ ਕੇ ਡਿਊਟੀ ਮੈਜਿਸਟਰੇਟ ਕੋਲ ਪੇਸ਼ ਕੀਤਾ ਗਿਆ।

ਜੱਜ ਨੇ ਉਸ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿਚ ਨਾਭਾ ਦੀ ਨਵੀਂ ਜ਼ਿਲ੍ਹਾ ਜੇਲ੍ਹ ਵਿਚ ਭੇਜ ਦਿੱਤਾ। ਇਸ ਤੋਂ ਪਹਿਲਾਂ ਨਾਭਾ ਦੇ ਸਰਕਾਰੀ ਹਸਪਤਾਲ ਵਿਚ ਉਸ ਦਾ ਮੈਡੀਕਲ ਵੀ ਕਰਵਾਇਆ ਗਿਆ।

# ਨੀਰਜ ਚੋਪੜਾ ਦੂਜੇ ਨੰਬਰ 'ਤੇ ਰਿਹਾ

**ਲੁਸਾਨ :** ਜੈਵਲਿਨ ਥਰੋਅ ਦਾ ਸਟਾਰ ਨੀਰਜ ਚੋਪੜਾ ਇੱਥੇ ਡਾਇਮੰਡ ਲੀਗ ਐਥਲੈਟਿਕਸ 'ਚ 89.49 ਮੀਟਰ ਥਰੋਅ ਕਰਕੇ ਦੂਜੇ ਸਥਾਨ 'ਤੇ ਰਿਹਾ। ਪੈਰਿਸ ਉਲੰਪਿਕ 'ਚ ਚਾਂਦੀ ਦਾ ਤਮਗਾ ਜਿੱਤਣ ਵਾਲਾ 26 ਸਾਲਾ ਨੀਰਜ ਚੌਥੇ ਦੌਰ ਤੱਕ ਚੌਥੇ ਸਥਾਨ 'ਤੇ ਚੱਲ ਰਿਹਾ ਸੀ। ਉਸ ਨੇ ਪੰਜਵੀਂ ਕੋਸ਼ਿਸ਼ 'ਚ 85.58 ਮੀਟਰ ਜੈਵਲਿਨ ਸੁੱਟਿਆ। ਆਖਰੀ ਕੋਸ਼ਿਸ਼ 'ਚ 89.49 ਮੀਟਰ ਜੈਵਲਿਨ ਸੁੱਟਿਆ, ਜੋ ਪੈਰਿਸ ਉਲੰਪਿਕ ਦੇ 89.45 ਮੀਟਰ ਤੋਂ ਥੋੜ੍ਹਾ ਬਿਹਤਰ ਹੈ। ਨੀਰਜ ਨੂੰ ਛੇਵੀਂ ਕੋਸ਼ਿਸ਼ ਤੋਂ ਪਹਿਲਾਂ ਹੀ ਬਾਹਰ ਹੋਣ ਦਾ ਖਤਰਾ ਸੀ, ਪਰ ਪੰਜਵੀਂ ਕੋਸ਼ਿਸ਼ 'ਚ ਬਿਹਤਰ ਪ੍ਰਦਰਸ਼ਨ ਕਾਰਨ ਉਹ ਮੁਕਾਬਲੇ 'ਚ ਰਿਹਾ। ਸਿਰਫ ਪਹਿਲੀਆਂ ਪੰਜ ਕੋਸ਼ਿਸ਼ਾਂ 'ਚ ਸਿਖਰਲੇ ਤਿੰਨ ਖਿਡਾਰੀਆਂ ਨੂੰ ਅੰਤਮ ਕੋਸ਼ਿਸ਼ 'ਚ ਹਿੱਸਾ ਲੈਣ ਦੀ ਇਜਾਜ਼ਤ ਦਿੱਤੀ ਜਾਂਦੀ ਹੈ। ਦੋ ਵਾਰ ਦਾ ਵਿਸ਼ਵ ਚੈਂਪੀਅਨ ਅਤੇ ਪੈਰਿਸ ਉਲੰਪਿਕ ਦਾ ਕਾਂਸੀ ਤਮਗਾ ਜੇਤੂ ਗ੍ਰੇਨਾਡਾ ਦਾ ਐਂਡਰਸਨ ਪੀਟਰਸ 90.61 ਮੀਟਰ ਦੀ ਕੋਸ਼ਿਸ਼ ਨਾਲ ਪਹਿਲੇ ਤੇ ਜਰਮਨੀ ਦਾ ਜੂਲੀਅਨ ਵੈਬਰ 87.08 ਮੀਟਰ ਨਾਲ ਤੀਜੇ ਸਥਾਨ 'ਤੇ ਰਿਹਾ।




# ਕੁੱਲੂ ਤੇ ਧਰਮਸ਼ਾਲਾ ਲਈ ਨਵੀਆਂ ਉਡਾਣਾਂ ਸ਼ੁਰੂ ਹੋਣਗੀਆਂ

**ਸ਼ਿਮਲਾ :** ਹਿਮਾਚਲ ਸਰਕਾਰ ਸੈਰਸਪਾਟੇ ਨੂੰ ਬੜ੍ਹਾਵਾ ਦੇਣ ਲਈ ਚੰਡੀਗੜ੍ਹ, ਕੁੱਲੂ ਤੇ ਧਰਮਸ਼ਾਲਾ ਲਈ ਨਵੀਆਂ ਉਡਾਣਾਂ ਸ਼ੁਰੂ ਕਰਨ ਜਾ ਰਹੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਏਅਰਲਾਈਨਾਂ ਨਾਲ ਇਸ ਬਾਰੇ ਗੱਲਬਾਤ ਹੋ ਚੁੱਕੀ ਹੈ।

ਸਰਕਾਰ ਨੂੰ ਆਸ ਹੈ ਕਿ ਕੁੱਲੂ ਤੇ ਧਰਮਸ਼ਾਲਾ ਲਈ ਸਿੱਧੀਆਂ ਉਡਾਣਾਂ ਦਾ ਸੈਰਸਪਾਟਾ ਖੇਤਰ ਨੂੰ ਕਾਫੀ ਫਾਇਦਾ ਹੋਵੇਗਾ। ਇਸ ਵੇਲੇ ਦਿੱਲੀ-ਸ਼ਿਮਲਾ-ਦਿੱਲੀ ਅਤੇ ਸ਼ਿਮਲਾ-ਧਰਮਸ਼ਾਲਾ-ਸ਼ਿਮਲਾ ਰੋਜ਼ਾਨਾ ਉਡਾਣਾਂ ਹਨ। ਅੰਮ੍ਰਿਤਸਰ-ਸ਼ਿਮਲਾ-ਅੰਮ੍ਰਿਤਸਰ ਅਤੇ ਅੰਮ੍ਰਿਤਸਰ-ਕੁੱਲੂ-ਅੰਮ੍ਰਿਤਸਰ ਹਫਤੇ ਵਿਚ ਤਿੰਨ ਉਡਾਣਾਂ ਹਨ। ਸਰਕਾਰ ਕਾਂਗੜਾ ਜ਼ਿਲ੍ਹੇ ਵਿਚ ਰੱਕੜ ਤੇ ਪਾਲਮਪੁਰ, ਕਿੰਨੌਰ ਜ਼ਿਲ੍ਹੇ ਵਿਚ ਰੇਕੋਂਗ ਪੇਓ ਅਤੇ ਚੰਬਾ ਵਿਚ ਹੈਲੀਪੋਰਟ ਵੀ ਬਣਾ ਰਹੀ ਹੈ।




# ਹਾਈ ਕੋਰਟ ਦੇ ਦਖਲ ਤੋਂ ਬਾਅਦ ਮਹਾਰਾਸ਼ਟਰ ਬੰਦ ਦਾ ਸੱਦਾ ਵਾਪਸ

**ਮੁੰਬਈ :** ਬੰਬੇ ਹਾਈ ਕੋਰਟ ਨੇ ਸ਼ੁੱਕਰਵਾਰ ਸਿਆਸੀ ਪਾਰਟੀਆਂ ਜਾਂ ਵਿਅਕਤੀਆਂ ਦੇ ਮਹਾਰਾਸ਼ਟਰ ਬੰਦ ਕਰਨ 'ਤੇ ਪਾਬੰਦੀ ਲਗਾ ਦਿੱਤੀ। ਚੀਫ ਜਸਟਿਸ ਡੀ ਕੇ ਉਪਾਧਿਆਏ ਅਤੇ ਜਸਟਿਸ ਅਮਿਤ ਬੋਰਕਰ ਦੀ ਡਿਵੀਜ਼ਨ ਬੈਂਚ ਨੇ ਮਹਾਰਾਸ਼ਟਰ ਸਰਕਾਰ ਨੂੰ ਬੰਦ ਨੂੰ ਰੋਕਣ ਲਈ ਸਾਰੇ ਜ਼ਰੂਰੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ।

ਮਹਾਂ ਵਿਕਾਸ ਅਗਾੜੀ ਨੇ ਠਾਣੇ ਜ਼ਿਲ੍ਹੇ ਦੇ ਬਦਲਾਪੁਰ ਦੇ ਸਕੂਲ 'ਚ ਦੋ ਕਿੰਡਰਗਾਰਟਨ ਲੜਕੀਆਂ ਦੇ ਕਥਿਤ ਜਿਨਸੀ ਸ਼ੋਸ਼ਣ ਦੇ ਵਿਰੋਧ 'ਚ 24 ਅਗਸਤ ਨੂੰ ਰਾਜਵਿਆਪੀ ਬੰਦ ਦਾ ਸੱਦਾ ਦਿੱਤਾ ਸੀ, ਜਿਹੜਾ ਹਾਈ ਕੋਰਟ ਦੇ ਹੁਕਮ ਤੋਂ ਬਾਅਦ ਵਾਪਸ ਲੈ ਲਿਆ ਗਿਆ।

ਅਦਾਲਤ ਨੇ ਕਿਹਾ—ਅਸੀਂ ਕਿਸੇ ਵੀ ਸਿਆਸੀ ਪਾਰਟੀ ਤੇ ਕਿਸੇ ਵੀ ਵਿਅਕਤੀ ਨੂੰ ਬੰਦ ਦਾ ਸੱਦਾ ਦੇਣ ਤੋਂ ਰੋਕ ਰਹੇ ਹਾਂ। ਰਾਜ ਸਰਕਾਰ ਸਾਰੇ ਇਹਤਿਆਤੀ ਕਦਮ ਚੁੱਕੇਗੀ।

ਸੂਬੇ ਦੇ ਐਡਵੋਕੇਟ ਜਨਰਲ ਬੀਰੇਂਦਰ ਸ਼ਰਾਫ ਨੇ ਅਦਾਲਤ ਨੂੰ ਦੱਸਿਆ ਕਿ ਆਮ ਹੜਤਾਲ ਦਾ ਸੱਦਾ ਗੈਰ-ਕਾਨੂੰਨੀ ਹੈ। ਉਨ੍ਹਾ ਕਿਹਾ—ਸੂਬਾ ਸਰਕਾਰ ਇਹ ਯਕੀਨੀ ਬਣਾਉਣ ਲਈ ਸਾਰੇ ਕਦਮ ਚੁੱਕੇਗੀ ਕਿ ਮਨੁੱਖੀ ਜਾਨ ਜਾਂ ਜਾਇਦਾਦ ਦਾ ਕੋਈ ਨੁਕਸਾਨ ਨਾ ਹੋਵੇ। ਸਰਕਾਰ ਆਪਣਾ ਫਰਜ਼ ਨਿਭਾਏਗੀ, ਪਰ ਹਰ ਕਿਸੇ ਦੀਆਂ ਸੰਵਿਧਾਨਕ ਜ਼ਿੰਮੇਵਾਰੀਆਂ ਹਨ, ਜਿਨ੍ਹਾਂ ਦੀ ਪਾਲਣਾ ਕਰਨੀ ਚਾਹੀਦੀ ਹੈ।

ਅਦਾਲਤ ਨੇ ਸ਼ਰਾਫ ਨੂੰ ਪੁੱਛਿਆ ਕਿ ਸਰਕਾਰ ਨੇ ਰੋਕਥਾਮ ਲਈ ਕੀ ਕਦਮ ਚੁੱਕੇ ਹਨ ਤੇ ਕੀ ਕੋਈ ਗ੍ਰਿਫਤਾਰੀ ਹੋਈ ਹੈ, ਸ਼ਰਾਫ ਨੇ ਕਿਹਾ ਕਿ ਕੁਝ ਲੋਕਾਂ ਨੂੰ ਨੋਟਿਸ ਜਾਰੀ ਕੀਤੇ ਗਏ ਹਨ ਪਰ ਅਜੇ ਤੱਕ ਕੋਈ ਗ੍ਰਿਫਤਾਰੀ ਨਹੀਂ ਹੋਈ ਹੈ। ਇਸ ਤੋਂ ਪਹਿਲਾਂ ਬੰਦ ਦੇ ਸੱਦੇ ਵਿਰੁੱਧ ਪਟੀਸ਼ਨ ਦਾਇਰ ਕਰਦਿਆਂ ਦੋ ਵਕੀਲਾਂ ਸੁਭਾਸ਼ ਝਾਅ ਅਤੇ ਸਦਾਵਰਤੇ ਨੇ ਕੇਰਲਾ ਹਾਈ ਕੋਰਟ ਦੇ ਫੈਸਲੇ ਦਾ ਹਵਾਲਾ ਦਿੰਦੇ ਹੋਏ ਇਸ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਸੀ।

## ਅੱਜ-ਨਾਮਾ

ਭ੍ਰਿਸ਼ਟਾਚਾਰ ਨੂੰ ਲੱਗ ਰਹੀ ਰੋਕ ਕੋਈ ਨਾ,
ਲਾਲਚੀ ਜਾਂਦੇ ਕਈ ਰੋਜ਼ ਆ ਫੜੇ ਮੀਆਂ।
ਪਹਿਲੇ ਹਾਲੇ ਅਦਾਲਤ ਵਿੱਚ ਪੇਸ਼ ਕਰਨੇ,
ਹੁੰਦੇ ਹਨ ਹੋਰ ਸ਼ਿਕੰਜੇ ਵਿੱਚ ਅੜੇ ਮੀਆਂ।
ਹੱਥੀਂ ਮਾਇਆ ਵੀ ਕਈ ਨਾ ਆਪ ਫੜਦੇ,
ਕਰਦੇ ਹਨ ਦੂਰ ਦਲਾਲ ਕੁਝ ਖੜੇ ਮੀਆਂ।
ਤਦ ਵੀ ਲੱਭਾ ਨਾ ਬਚਣ ਲਈ ਰਾਹ ਕੋਈ,
ਹੁੰਦੇ ਈ ਸੀਖਾਂ ਦੇ ਪਿੱਛੇ ਉਹ ਤੜੇ ਮੀਆਂ।
ਫਿਰ ਵੀ ਬਾਕੀ ਦੇ ਚੋਰ ਨਹੀਂ ਹੋਸ਼ ਕਰਦੇ,
ਲਾਲਚ ਏਹੋ ਜਿਹੀ ਮਾਰ ਦਏ ਮੱਤ ਮੀਆਂ।
ਖੁੱਸ ਜਾਏ ਨੌਕਰੀ, ਜੇਲ੍ਹ ਵੱਲ ਪਵੇ ਜਾਣਾ,
ਰੁਲੇ ਪਈ ਸਾਰੇ ਪਰਵਾਰ ਦੀ ਪੱਤ ਮੀਆਂ।

-ਤੀਸ ਮਾਰ ਖਾਂ

# ਸੁਨੀਤਾ ਵਿਲੀਅਮਜ਼ ਦੀ ਵਾਪਸੀ ਬਾਰੇ ਫੈਸਲਾ ਅੱਜ ਸੰਭਵ

**ਕੇਪ ਕੈਨਵਰਲ (ਅਮਰੀਕਾ) :** ਅਮਰੀਕਾ ਦੀ ਪੁਲਾੜ ਏਜੰਸੀ ਨੈਸ਼ਨਲ ਐਰੋਨਾਟਿਕਸ ਐਂਡ ਸਪੇਸ ਐਡਮਿਨਿਸਟ੍ਰੇਸ਼ਨ (ਨਾਸਾ) ਇਸ ਹਫਤੇ ਦੇ ਅੰਤ ਵਿੱਚ ਫੈਸਲਾ ਕਰੇਗੀ ਕਿ ਕੀ ਬੋਇੰਗ ਦੇ ਨਵੇਂ ਕੈਪਸੂਲ ਦੀ ਵਰਤੋਂ ਕੌਮਾਂਤਰੀ ਪੁਲਾੜ ਸਟੇਸ਼ਨ ਤੋਂ ਸੁਨੀਤਾ ਵਿਲੀਅਮਜ਼ ਸਮੇਤ ਦੋ ਪੁਲਾੜ ਯਾਤਰੀਆਂ ਦੀ ਵਾਪਸੀ ਲਈ ਕੀਤੀ ਜਾਵੇ ਜਾਂ ਨਾ। ਕੀ ਇਹ ਉਨ੍ਹਾਂ ਲਈ ਸੁਰੱਖਿਅਤ ਹੈ ਜਾਂ ਨਹੀਂ। ਇਹ ਦੋਵੇਂ ਜੂਨ ਤੋਂ ਧਰਤੀ 'ਤੇ ਵਾਪਸ ਆਉਣ ਦੀ ਉਡੀਕ ਕਰ ਰਹੇ ਹਨ। ਨਾਸਾ ਦੇ ਪ੍ਰਸ਼ਾਸਕ ਬਿਲ ਨੈਲਸਨ ਅਤੇ ਹੋਰ ਉੱਚ ਅਧਿਕਾਰੀ ਸ਼ਨਿਚਰਵਾਰ ਨੂੰ ਮਿਲਣਗੇ, ਜਿਸ ਤੋਂ ਬਾਅਦ ਇਸ ਸੰਬੰਧ 'ਚ ਐਲਾਨ ਕੀਤੇ ਜਾਣ ਦੀ ਸੰਭਾਵਨਾ ਹੈ। ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਅਤੇ ਬੁਚ ਵਿਲਮੋਰ ਨੇ 5 ਜੂਨ ਨੂੰ ਬੋਇੰਗ ਦੇ ਸਟਾਰਲਾਈਨਰ 'ਚ ਪੁਲਾੜ 'ਚ ਉਡਾਣ ਭਰੀ ਸੀ। ਇਸ ਟੈਸਟ ਫਲਾਈਟ ਦੌਰਾਨ ਥੱਰਸਟਰ ਖਰਾਬ ਹੋ ਗਿਆ ਅਤੇ ਹੀਲੀਅਮ ਲੀਕ ਹੋਣ ਕਾਰਨ ਨਾਸਾ ਨੇ ਕੈਪਸੂਲ ਨੂੰ ਸਟੇਸ਼ਨ 'ਤੇ ਖੜ੍ਹਾ ਦਿੱਤਾ। ਸਪੇਸਐਕਸ ਪੁਲਾੜ ਯਾਤਰੀਆਂ ਨੂੰ ਵਾਪਸ ਲਿਆ ਸਕਦਾ ਹੈ ਪਰ ਇਸ ਲਈ ਉਨ੍ਹਾਂ ਨੂੰ ਅਗਲੇ ਸਾਲ ਫਰਵਰੀ ਤੱਕ ਉੱਥੇ ਰਹਿਣਾ ਹੋਵੇਗਾ। ਉਨ੍ਹਾਂ ਨੇ ਸਟੇਸ਼ਨ 'ਤੇ ਪਹੁੰਚਣ ਤੋਂ ਇਕ-ਦੋ ਹਫਤੇ ਬਾਅਦ ਵਾਪਸ ਆਉਣਾ ਸੀ।



# 9268 ਲਾਭਪਾਤਰੀਆਂ ਲਈ 47.26 ਕਰੋੜ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ :** ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀਆਂ ਦੇ 9268 ਲਾਭਪਾਤਰੀਆਂ ਨੂੰ 47.26 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ। ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬਾ ਸਰਕਾਰ ਸੂਬੇ ਦੇ ਅਨੁਸੂਚਿਤ ਜਾਤੀਆਂ ਦੇ ਲੋਕਾਂ ਦੀ ਭਲਾਈ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਸਾਲ 2023-24 ਅਤੇ 2024-25 ਲਈ ਅਸ਼ੀਰਵਾਦ ਫਾਰ ਐਸਸੀਜ਼ ਸਕੀਮ ਅਧੀਨ ਅੰਮ੍ਰਿਤਸਰ, ਬਰਨਾਲਾ, ਫਰੀਦਕੋਟ, ਫਤਿਹਗੜ੍ਹ ਸਾਹਿਬ, ਫਾਜ਼ਿਲਕਾ, ਗੁਰਦਾਸਪੁਰ, ਹੁਸ਼ਿਆਰਪੁਰ, ਕਪੂਰਥਲਾ, ਲੁਧਿਆਣਾ, ਮਾਨਸਾ, ਮੋਗਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਪਠਾਨਕੋਟ, ਸੰਗਰੂਰ ਅਤੇ ਮਲੇਰਕੋਟਲਾ ਜਿਲ੍ਹਿਆਂ ਦੇ 9268 ਲਾਭਪਾਤਰੀਆਂ ਨੂੰ ਵਿੱਤੀ ਲਾਭ ਦਿੱਤਾ ਗਿਆ ਹੈ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਉਸ ਦਾ ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ, ਬਿਨੈਕਾਰ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸੰਬੰਧਤ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾਂ ਤੋਂ ਸਲਾਨਾ ਆਮਦਨ 32,790 ਰੁਪਏ ਤੋ ਘੱਟ ਹੋਵੇ, ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਲੈਣ ਦੇ ਯੋਗ ਹਨ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਭਲਾਈ ਲਈ ਲਗਾਤਾਰ ਕਾਰਜ਼ਸ਼ੀਲ ਹੈ। ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ 'ਚ ਕੀਤੀ ਜਾਂਦੀ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਕਰਨ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ।

24-AUG-PAGE-1.qxd 8/23/2024 10:27 PM Page 2



## ਬਸਪਾ ਆਗੂਆਂ ਵੱਲੋਂ ਐੱਸ ਡੀ ਐੱਮ ਦਫ਼ਤਰ ਨੂੰ ਮੰਗ ਪੱਤਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਰਿਜ਼ਰਵੇਸ਼ਨ ਬਚਾਓ ਸੰਘਰਸ਼ ਕਮੇਟੀ ਦੇ ਭਾਰਤ ਬੰਦ ਦੇ ਸੱਦੇ 'ਤੇ ਬਹੁਜਨ ਸਮਾਜ ਪਾਰਟੀ ਵੱਲੋਂ ਸਮਰਥਨ ਕਰਦਿਆਂ ਐੱਸ ਡੀ ਐੱਮ ਦਫ਼ਤਰ ਮਹਿਲ ਕਲਾਂ ਦੇ ਅਧਿਕਾਰੀਆਂ ਨੂੰ ਰਾਸ਼ਟਰਪਤੀ ਦੇ ਨਾਂਅ ਇੱਕ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਡਾ: ਸਰਬਜੀਤ ਸਿੰਘ, ਸੋਮਾ ਸਿੰਘ ਗੰਡੇਵਾਲ, ਜਗਜੀਵਨ ਸਿੰਘ, ਹਰਬੰਸ ਸਿੰਘ ਛੀਨੀਵਾਲ, ਦਰਸ਼ਨ ਸਿੰਘ ਬਾਜਵਾ ਨੇ ਕਿਹਾ ਕਿ ਉਹ ਸ਼ਾਂਤਮਈ ਪ੍ਰਦਰਸ਼ਨ ਰਾਹੀਂ ਮਾਨਯੋਗ ਸੁਪਰੀਮ ਕੋਰਟ ਦੇ 1 ਅਗਸਤ ਦੇ ਫੈਸਲੇ ਦਾ ਵਿਰੋਧ ਕਰਦੇ ਹਨ, ਜਿਸ ਰਾਹੀਂ ਸੰਵਿਧਾਨ ਵਿੱਚ ਰਾਖਵੇਂਕਰਨ ਸਬੰਧੀ ਤਜਵੀਜ਼ ਨੂੰ ਨੁਕਸਾਨ ਪਹੁੰਚਿਆ ਹੈ।ਆਗੂਆਂ ਨੇ ਕਿਹਾ ਕਿ ਬਸਪਾ ਮੁਖੀ ਕੁਮਾਰੀ ਮਾਇਆਵਤੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼ਾਂਤੀਪੂਰਨ ਪ੍ਰਦਰਸ਼ਨ ਜਾਰੀ ਰਹੇਗਾ, ਕਿਸੇ ਨੂੰ ਵੀ ਦੇਸ਼ ਦੇ ਸੰਵਿਧਾਨ ਨਾਲ ਛੇੜਛਾੜ ਕਰਨ ਦਾ ਕੋਈ ਹੱਕ ਨਹੀਂ, ਇਸ ਫੈਸਲੇ ਨੂੰ ਤੁਰੰਤ ਵਾਪਸ ਲਿਆ ਜਾਵੇ।ਇਸ ਮੌਕੇ ਕਰਮ ਸਿੰਘ ਬਦੇਸ਼ਾ, ਗੁਰਭਗਤ ਸਿੰਘ ਬੀਹਲਾ, ਚਮਕੌਰ ਸਿੰਘ ਟਿੱਬਾ, ਅੰਮ੍ਰਿਤਪਾਲ ਸਿੰਘ ਬੀਹਲਾ, ਬੂਟਾ ਸਿੰਘ ਗੰਡੇਵਾਲ, ਬਲਜੀਤ ਸਿੰਘ ਗੁੰਮਟੀ ਤੇ ਜਸਵੀਰ ਸਿੰਘ ਸ਼ੀਰਾ ਆਦਿ ਹਾਜ਼ਰ ਸਨ।

## ਨਰਮੇ ਦੇ ਖੇਤਾਂ ਦਾ ਰੋਜ਼ਾਨਾ ਕੀਤਾ ਜਾਵੇ ਸਰਵੇਖਣ : ਖੇਤੀਬਾੜੀ ਅਫ਼ਸਰ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਤੇ ਸ਼੍ਰੀ ਜਸਵੰਤ ਸਿੰਘ, ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਅਗਵਾਈ ਵਿੱਚ ਨਰਮੇ ਦੀ ਫ਼ਸਲ ਨੂੰ ਕਾਮਯਾਬ ਕਰਨ ਲਈ ਪਿੰਡ ਪੱਧਰ 'ਤੇ ਕਿਸਾਨ ਸਿਖ਼ਲਾਈ ਕੈਂਪ ਲਾਏ ਜਾ ਰਹੇ ਹਨ। ਇਹ ਜਾਣਕਾਰੀ ਸ਼੍ਰੀ ਗੁਰਨਾਮ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਸਾਂਝੀ ਕੀਤੀ ਗਈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਕਿਸਾਨਾਂ ਵੱਲੋਂ ਸਾਉਣੀ ਦੀਆਂ ਫ਼ਸਲਾਂ ਖਾਸ ਕਰਕੇ ਨਰਮੇ ਦੀ ਫ਼ਸਲ ਉੱਪਰ ਆ ਰਹੀਆਂ ਸਮੱਸਿਆਵਾਂ ਅਤੇ ਇਨ੍ਹਾਂ ਦੇ ਹੱਲ ਲਈ ਜਾਣਕਾਰੀ ਦਿੱਤੀ ਜਾ ਰਹੀ ਹੈ।ਇਨ੍ਹਾਂ ਕੈਂਪ ਦੌਰਾਨ ਹੀ ਕਿਸਾਨਾਂ ਨੂੰ ਝੋਨੇ ਤੇ ਬਾਸਮਤੀ ਦੀ ਫ਼ਸਲ ਉਪਰ ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਦੀ ਰੋਕਥਾਮ ਸਬੰਧੀ ਵੀ ਜਾਣੂ ਕਰਾਉਣ ਦੇ ਨਾਲ-ਨਾਲ ਬਾਸਮਤੀ ਦੀ ਮਿਆਰੀ ਪੈਦਾਵਾਰ ਲਈ ਪੰਜਾਬ ਸਰਕਾਰ ਵੱਲੋਂ ਬੈਨ ਕੀਤੀਆਂ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਨਾ ਕਰਨ ਸਬੰਧੀ ਵੀ ਅਪੀਲ ਕੀਤੀ ਜਾਂਦੀ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨਰਮੇ ਵਾਲੇ ਖੇਤਾਂ ਦਾ ਰੋਜ਼ਾਨਾ ਸਰਵੇਖਣ ਕਰਨ।ਜੇਕਰ ਨਰਮੇ ਦੀ ਫ਼ਸਲ ਉਪਰ ਰਸ ਚੂਸਣ ਵਾਲੇ ਕੀੜੇ ਜਾਂ ਗੁਲਾਬੀ ਸੁੰਡੀ ਦਾ ਹਮਲਾ ਈ.ਟੀ.ਐਲ ਤੋਂ ਵੱਧ ਆਉਂਦਾ ਹੈ ਤਾਂ ਉਹ ਖੇਤੀਬਾੜੀ ਵਿਭਾਗ ਨਾਲ ਤਾਲਮੇਲ ਕਰਕੇ ਹੀ ਸਪਰੇਅ ਕਰਨ।

## ਬੀ ਕੇ ਯੂ ਲੱਖੋਵਾਲ ਵੱਲੋਂ ਡੇਮਰੂ ਇਕਾਈ ਦਾ ਗਠਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਪਿੰਡ ਡੇਮਰੂ ਵਿਖੇ ਸੂਬਾ ਮੀਤ ਪ੍ਰਧਾਨ ਦਵਿੰਦਰ ਸਿੰਘ ਜੀ.ਟੀ.ਬੀ. ਗੜ੍ਹ ਦੀ ਪ੍ਰੇਰਨਾ ਸਦਕਾ ਇਕਾਈ ਦਾ ਗਠਨ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ, ਸੂਬਾ ਮੀਤ ਪ੍ਰਧਾਨ ਗੁਲਜਾਰ ਸਿੰਘ ਘੱਲ ਕਲਾਂ, ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ ਜ਼ਿਲ੍ਹਾ ਮੀਤ ਪ੍ਰਧਾਨ, ਮੰਦਰਜੀਤ ਸਿੰਘ ਮਨਾਵਾਂ ਸਟੇਟ ਮੈਂਬਰ, ਗੁਰਮੇਲ ਸਿੰਘ ਡਰੋਲੀ ਜ਼ਿਲ੍ਹਾ ਮੀਤ ਪ੍ਰਧਾਨ, ਜਗਸੀਰ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਹਰਪਾਲ ਸਿੰਘ, ਅਮਰੀਕ ਸਿੰਘ ਦੀ ਮੌਜੂਦਗੀ ਹੇਠ ਗਠਨ ਕਰਨ ਉਪਰੰਤ ਪਵਨਦੀਪ ਸਿੰਘ ਬਰਾੜ ਇਕਾਈ ਪ੍ਰਧਾਨ, ਅਜੀਤ ਸਿੰਘ ਇਕਾਈ ਜਨਰਲ ਸਕੱਤਰ, ਬਲਵੀਰ ਸਿੰਘ ਧੀਰਾ ਇਕਾਈ ਮੀਤ ਪ੍ਰਧਾਨ, ਡਾਕਟਰ ਦਰਸ਼ਨ ਸਿੰਘ ਇਕਾਈ ਪ੍ਰੈੱਸ ਸਕੱਤਰ, ਜ਼ਿਲ੍ਹਾ ਪ੍ਰੈੱਸ ਸਕੱਤਰ ਬਲਕਰਨ ਸਿੰਘ ਢਿੱਲੋਂ, ਅਜੀਤ ਸਿੰਘ ਇਕਾਈ ਸਲਾਹਕਾਰ, ਗੁਰਪ੍ਰੀਤ ਸਿੰਘ ਸੰਘਾ ਸਲਾਹਕਾਰ ਨੂੰ ਅਹੁਦੇ ਦੇ ਕੇ ਚੁਣਿਆ ਤੇ ਨਾਲ ਹੀ ਪਿੰਡ ਡੇਮਰੂ ਕਲਾਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਇਸਤਰੀ ਵਿੰਗ ਦੀ ਇਕਾਈ ਦੀ ਚੋਣ ਹੋਈ, ਜਿਸ ਵਿੱਚ ਨਿਰਮਲ ਕੌਰ ਇਕਾਈ ਪ੍ਰਧਾਨ, ਗੁਰਵਿੰਦਰ ਕੌਰ ਇਕਾਈ ਮੀਤ ਪ੍ਰਧਾਨ, ਸਵਰਨਜੀਤ ਕੌਰ ਇਕਾਈ ਜਨਰਲ ਸਕੱਤਰ, ਰੁਪਿੰਦਰ ਕੌਰ ਇਕਾਈ ਖਜ਼ਾਨਚੀ, ਮਨਦੀਪ ਕੌਰ ਇਕਾਈ ਸਲਾਹਕਾਰ ਦੀ ਚੋਣ ਹੋਈ। ਇਸ ਸਮੇਂ ਨਵੀਂ ਚੁਣੀ ਇਕਾਈ ਦੇ ਪ੍ਰਧਾਨ ਪਵਨਦੀਪ ਸਿੰਘ ਬਰਾੜ ਤੇ ਇਸਤਰੀ ਵਿੰਗ ਦੀ ਇਕਾਈ ਪ੍ਰਧਾਨ ਤੇ ਸਮੂਹ ਟੀਮ ਨੇ ਕਿਹਾ ਕਿ ਅਸੀਂ ਲੱਖੋਵਾਲ ਯੂਨੀਅਨ ਲਈ ਦਿਨ-ਰਾਤ ਮਿਹਨਤ ਕਰਾਂਗੇ ਤੇ ਕਿਸਾਨਾਂ ਦੇ ਹਿੱਤਾਂ ਲਈ ਲੜਾਈ ਲੜਦੇ ਰਹਾਂਗੇ।

## ਰੀਆ ਨੇ ਤੀਰਅੰਦਾਜ਼ੀ 'ਚ ਜ਼ਿਲ੍ਹੇ 'ਚੋਂ ਗੋਲਡ ਮੈਡਲ ਕੀਤਾ ਪ੍ਰਾਪਤ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਦੀ ਰੀਆ ਨੇ 70 ਮੀਟਰ ਤੀਰਅੰਦਾਜ਼ੀ ਦੀਆਂ ਜ਼ਿਲ੍ਹਾ ਪੱਧਰ ਦੀਆਂ ਜੀ.ਐਚ.ਜੀ ਗੁਰੂਸਰ ਸੁਧਾਰ ਕਾਲਜ ਵਿਖੇ ਹੋਈਆਂ ਖੇਡਾਂ ਦੌਰਾਨ ਆਪਣੀ ਪ੍ਰਤਿਭਾ ਦਿਖਾਉਂਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ ਤੇ ਗੋਲਡ ਮੈਡਲ 'ਤੇ ਆਪਣਾ ਕਬਜ਼ਾ ਕੀਤਾ।ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼ ਨੇ ਵਿਦਿਆਰਥਣ ਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੰਦੇ ਕਿਹਾ ਕਿ ਬੱਚੀ ਦੀ ਮਿਹਨਤ ਸਦਕਾ ਨਤੀਜੇ ਸਾਡੇ ਸਾਹਮਣੇ ਹਨ, ਜਿੱਥੇ ਰੀਆ ਪੜ੍ਹਾਈ ਵਿੱਚ ਵੀ ਕਿਸੇ ਤੋਂ ਪਿੱਛੇ ਨਹੀਂ, ਉੱਥੇ ਆਪਣੀ ਤੀਰਅੰਦਾਜ਼ੀ ਦੀ ਖੇਡ ਵਿਚ ਵੀ ਕਿਸੇ ਗੱਲੋਂ ਘੱਟ ਨਹੀਂ। ਅਜਿਹੇ ਵਿਦਿਆਰਥੀ ਆਪਣੇ ਮਾਪਿਆਂ ਹੀ ਨਹੀਂ, ਸਗੋਂ ਦੇਸ਼ ਦਾ ਮਾਣ ਹੁੰਦੇ ਹਨ, ਜੋ ਕੁਝ ਵੱਖਰਾ ਕਰਨ ਦਾ ਜਜ਼ਬਾ ਲੈ ਕੇ ਘਰੋਂ ਨਿਕਲਦੇ ਅਤੇ ਕੁਝ ਕਰ ਦਿਖਾਉਂਦੇ ਹਨ।ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਬੱਚੀ ਨੂੰ ਵਧਾਈ ਦਿੱਤੀ।ਇਸ ਦੇ ਨਾਲ ਹੀ ਸਕੂਲ ਦੇ ਵਾਈਸ ਪ੍ਰਿੰਸੀਪਲ ਮਿਸਿਜ਼ ਰੰਜਨਾ ਕੌਸ਼ਲ ਨੇ ਬੱਚੀ ਨਾਲ ਯਾਦਗਾਰ ਤਸਵੀਰ ਕਰਾਈ।

## ਗੁਰੂ ਨਾਨਕ ਕਾਲਜ ਦੇ ਐਨ ਸੀ ਸੀ ਯੂਨਿਟ ਵੱਲੋਂ ਐਕਸਟੈਂਸ਼ਨ ਲੈਕਚਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਗੁਰੂ ਨਾਨਕ ਕਾਲਜ ਦੇ ਐਨ.ਸੀ.ਸੀ. ਯੂਨਿਟ ਵੱਲੋਂ ਪਹਿਲੇ ਸਾਲ ਦੇ ਵਿਦਿਆਰਥੀਆਂ ਲਈ ਐਨ.ਸੀ.ਸੀ. ਦੇ ਮਹੱਤਵ ਬਾਰੇ ਜਾਗਰੂਕ ਕਰਨ ਲਈ ਐਕਸਟੈਨਸ਼ਨ ਲੈਕਚਰ ਦਾ ਆਯੋਜਨ ਕੀਤਾ।ਇਸ ਮੌਕੇ ਕਰਨਲ ਰਣਬੀਰ ਸਿੰਘ, ਕਮਾਂਡਿੰਗ ਅਫਸਰ, 6 ਪੰਜਾਬ ਗਰਲਜ਼ ਬਟਾਲੀਅਨ, ਐਨ.ਸੀ.ਸੀ. ਮਲੋਟ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਤੇ ਨੌਜਵਾਨਾਂ ਦੇ ਜੀਵਨ 'ਤੇ ਐਨ.ਸੀ.ਸੀ. ਦੇ ਪਰਿਵਰਤਨਸ਼ੀਲ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਦੱਸਿਆ।ਐਨ. ਸੀ. ਸੀ ਦੀ ਪ੍ਰਮਾਣਿਕਤਾ, ਵਿੱਦਿਅਕ ਤੇ ਰੁਜ਼ਗਾਰ ਮਹੱਤਤਾ ਸਬੰਧੀ ਵਿਸ਼ੇਸ਼ ਤੌਰ 'ਤੇ ਗੱਲ ਕੀਤੀ, ਜਿਸ ਵਿੱਚ ਸਕਾਲਰਸ਼ਿਪ, ਸੈਨਾ ਭਰਤੀ ਵਿੱਚ ਤਰਜੀਹ ਤੇ ਸਰਕਾਰੀ ਨੌਕਰੀਆਂ ਵਿੱਚ ਵਧੀਆ ਸੰਭਾਵਨਾਵਾਂ ਸ਼ਾਮਲ ਹਨ।ਕਾਲਜ ਪ੍ਰਿੰਸੀਪਲ ਡਾ. ਰਾਣਾ ਬਲਜਿੰਦਰ ਕੌਰ ਨੇ ਕਰਨਲ ਰਣਬੀਰ ਸਿੰਘ ਦਾ ਧੰਨਵਾਦ ਕੀਤਾ ਅਤੇ ਏ.ਐਨ.ਓ ਲੈਫਟੀਨੈਂਟ ਕਮਲਜੀਤ ਕੌਰ ਨੂੰ ਸਮਾਗਮ ਕਰਾਉਣ ਲਈ ਵਧਾਈ ਦਿੱਤੀ।

## ਹੈਪੀ ਹਰਟਜ਼ ਪਲੇਅ ਸਕੂਲ ਦਾ ਉਦਘਾਟਨ



**ਮਾਨਸਾ (ਆਤਮਾ ਸਿੰਘ ਪਮਾਰ)**-ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਵੱਲੋਂ ਅਫ਼ਸਰ ਕਲੋਨੀ, ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਬਣਾਏ 'ਹੈਪੀ ਹਰਟਜ਼ ਪਲੇਅ ਸਕੂਲ' ਦਾ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਨਾਲ ਐਸ.ਐਸ.ਪੀ. ਸ੍ਰੀ ਭਾਗੀਰਥ ਸਿੰਘ ਮੀਨਾ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਨਿਰਮਲ ਓਸੇਪਚਨ ਤੇ ਐਸ.ਡੀ.ਐਮ. ਸਰਦੂਲਗੜ੍ਹ ਸ੍ਰੀ ਨਿਤੇਸ਼ ਕੁਮਾਰ ਜੈਨ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਕਰੈਚ ਆਮ ਲੋਕਾਂ ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਕੰਮ ਕਰਦੇ ਮੁਲਾਜ਼ਮਾਂ ਦੇ ਛੋਟੇ ਬੱਚਿਆਂ ਦੀ ਸਹੂਲਤ ਲਈ ਬਣਾਇਆ ਗਿਆ ਹੈ, ਜਿੱਥੇ ਰਜਿਸਟ੍ਰੇਸ਼ਨ ਸ਼ੁਰੂ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ 06 ਮਹੀਨੇ ਤੋਂ 06 ਸਾਲ ਤੱਕ ਦੇ ਬੱਚਿਆਂ ਨੂੰ ਇਸ ਕਰੈਚ ਵਿਚ ਭਰਤੀ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਕਰੈਚ ਵਿਚ ਬੱਚਿਆਂ ਦੀ ਸਹੂਲਤ ਲਈ ਆਕਰਸ਼ਕ ਮਾਹੌਲ, ਖਿਡੌਣੇ, ਬੈਠਣ ਦਾ ਸੁਚੱਜਾ ਪ੍ਰਬੰਧ, ਏਅਰ ਕੰਡੀਸ਼ਨਰ ਤੇ ਬਾਥਰੂਮ ਦੀ ਸੁਵਿਧਾ ਮੁਹੱਈਆ ਕਰਾਈ ਗਈ ਹੈ।ਉਨ੍ਹਾਂ ਕਿਹਾ ਕਿ ਕਰੈਚ ਵਿੱਚ 20 ਬੱਚਿਆਂ ਦੇ ਬੈਠਣ ਦਾ ਪ੍ਰਬੰਧ ਰਹੇਗਾ।ਕਰੈਚ ਦਾ ਸਮਾਂ ਸਵੇਰੇ 09 ਵਜੇ ਤੋਂ ਸ਼ਾਮ 05 ਵਜੇ ਤੱਕ ਰਹੇਗਾ ਤੇ ਫ਼ੀਸ 01 ਹਜ਼ਾਰ ਰੁਪਏ ਪ੍ਰਤੀ ਮਹੀਨਾ ਰੱਖੀ ਗਈ ਹੈ।ਉਨ੍ਹਾਂ ਕਿਹਾ ਕਿ ਇਸ 'ਹੈਪੀ ਹਰਟਜ਼ ਪਲੇਅ ਸਕੂਲ' ਰਾਹੀਂ ਜਿੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਕੰਮ ਕਰਦੇ ਮੁਲਾਜ਼ਮਾਂ ਦੇ ਛੋਟੇ ਬੱਚਿਆਂ ਨੂੰ ਸੁਵਿਧਾ ਮਿਲੇਗੀ, ਉਥੇ ਨੇੜਲੀ ਰਿਹਾਇਸ਼ ਦੇ ਲੋਕਾਂ ਨੂੰ ਵੀ ਇਸ ਦਾ ਲਾਭ ਹੋਵੇਗਾ।

## ਪਲਾਂਟ ਡਾਕਟਰਜ਼ ਸਰਵਿਸਜ਼ ਐਸੋਸੀਏਸ਼ਨ ਵੱਲੋਂ ਖੁੱਡੀਆਂ ਦਾ ਧੰਨਵਾਦ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵਿੱਚ ਲੰਮੇ ਸਮੇਂ ਤੋਂ ਰੁਕੀਆਂ ਵਿਭਾਗੀ ਪਦਉੱਨਤੀਆਂ ਨੇਪਰੇ ਚਾੜ੍ਹਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਰਹਿਨੁਮਾਈ ਹੇਠ ਖੇਤੀਬਾੜੀ ਵਿਕਾਸ ਅਫ਼ਸਰ ਤੋਂ ਖੇਤੀਬਾੜੀ ਅਫ਼ਸਰ ਦੇ ਅਹੁਦੇ ਤੇ ਅਧਿਕਾਰੀਆਂ ਨੂੰ ਪਦਉੱਨਤ ਕੀਤਾ ਗਿਆ।ਖੁਸ਼ੀ ਜ਼ਾਹਰ ਕਰਦੇ ਹੋਏ ਪੀ.ਡੀ.ਐਸ.ਏ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਜਥੇਬੰਦੀ ਦੀ ਇਹ ਮੰਗ ਬੜੇ ਲੰਮੇ ਸਮੇਂ ਤੋਂ ਸੀ, ਜਿਸ ਨੂੰ ਖੇਤੀਬਾੜੀ ਮੰਤਰੀ ਦੇ ਉਪਰਾਲਿਆਂ ਸਦਕਾ ਨੇਪਰੇ ਚਾੜ੍ਹਿਆ ਜਾ ਸਕਿਆ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਪਦਉੱਨਤੀਆਂ ਨਾਲ ਸਾਰੇ ਅਧਿਕਾਰੀਆਂ ਨੂੰ ਜਿੱਥੇ ਬਣਦੀ ਤਰੱਕੀ ਮਿਲੀ ਹੈ, ਉੱਥੇ ਹੀ ਉਨ੍ਹਾਂ ਵਿੱਚ ਵਿਭਾਗੀ ਜ਼ਿੰਮੇਵਾਰੀਆਂ ਨੂੰ ਹੋਰ ਬਿਹਤਰ ਢੰਗ ਨਾਲ ਨਿਭਾਉਣ ਤੇ ਕਿਸਾਨੀ ਸੇਵਾ ਵਿੱਚ ਹਮੇਸ਼ਾ ਅੱਗੇ ਰਹਿਣ ਦਾ ਹੋਰ ਹੌਸਲਾ ਮਿਲਿਆ ਹੈ।ਉਨ੍ਹਾਂ ਖੇਤੀਬਾੜੀ ਮੰਤਰੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵਿਭਾਗੀ ਮੰਗਾਂ ਤੇ ਬਣਦੀਆਂ ਪਦਉੱਨਤੀਆਂ ਨੂੰ ਨੇਪਰੇ ਚਾੜ੍ਹਨ ਦਾ ਦੌਰ ਇਸੇ ਤਰ੍ਹਾਂ ਜਾਰੀ ਰਹੇਗਾ।ਪਲਾਂਟ ਡਾਕਟਰਜ਼ ਸਰਵਿਸਜ਼ ਐਸੋਸੀਏਸ਼ਨ ਜ਼ਿਲ੍ਹਾ ਫ਼ਾਜ਼ਿਲਕਾ ਦੇ ਪ੍ਰਧਾਨ ਵਿਕਰਾਂਤ ਤੇ ਜਨਰਲ ਸਕੱਤਰ ਲਵਪ੍ਰੀਤ ਸਿੰਘ ਤੇ ਸਮੂਹ ਜਥੇਬੰਦੀ ਵੱਲੋਂ ਵੀ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਭਗਵੰਤ ਸਿੰਘ ਮਾਨ ਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦਾ ਧੰਨਵਾਦ ਕੀਤਾ ਗਿਆ ਹੈ।

# ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਅਰਥੀ ਫੂਕ ਮੁਜ਼ਾਹਰਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਪੰਜਾਬ ਮੁਲਾਜ਼ਮ ਫਰੰਟ ਵੱਲੋਂ ਦਿੱਤੇ ਗਏ ਸੱਦੇ ਮੁਤਾਬਕ ਪੈਨਸ਼ਨਰ ਮੁਲਾਜ਼ਮਾਂ ਵੱਲੋਂ ਐਕਸੀਅਨ ਦਫਤਰ ਪਾਤੜਾਂ ਸਾਹਮਣੇ ਵਿਸ਼ਾਲ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ।ਇਸ ਦੌਰਾਨ ਪੈਨਸ਼ਨਰ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਖ਼ਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।

ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਪੈਨਸ਼ਨਰ ਐਸੋਸੀਏਸ਼ਨ ਡਵੀਜ਼ਨ ਪਾਤੜਾਂ ਦੇ ਪ੍ਰਧਾਨ ਖਿਆਲੀ ਰਾਮ ਨੇ ਕਿਹਾ ਕਿ ਪਾਵਰਕਾਮ ਨੂੰ ਮੈਨੇਜਮੈਂਟ ਤੇ ਪੰਜਾਬ ਸਰਕਾਰ ਸੇਵਾ ਮੁਕਤ ਹੋ ਚੁੱਕੇ ਕਰਮਚਾਰੀਆਂ ਨਾਲ ਕੀਤੇ ਗਏ ਵਾਅਦਿਆਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੀ ਜਾ ਰਹੀ ਟੋਲ ਦੀ ਨੀਤੀ ਤੋਂ ਸੇਵਾ ਮੁਕਤ ਕਰਮਚਾਰੀ ਬੇਹੱਦ ਪਰੇਸ਼ਾਨ ਹਨ, ਕਿਉਂਕਿ ਰਿਟਾਇਰ ਹੋ ਚੁੱਕੇ ਮੁਲਾਜ਼ਮਾਂ ਕੋਲ ਆਪਣਾ ਜੀਵਨ ਬਸਰ ਕਰਨ ਲਈ ਪੈਨਸ਼ਨ ਤੋਂ ਸਿਵਾਏ ਹੋਰ ਕੋਈ ਚਾਰਾ ਨਹੀਂ ਹੁੰਦਾ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਪੈਨਸ਼ਨਰ ਮੁਲਾਜ਼ਮਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਸੀ, ਪਰ ਹੁਣ ਸਰਕਾਰ ਕੀਤੇ ਗਏ ਵਾਅਦਿਆਂ ਨੂੰ ਅਮਲੀ ਜਾਮਾ ਪਹਿਨਾਉਣ ਤੋਂ ਲਗਾਤਾਰ ਟਾਲਾ ਵੱਟ ਰਹੀ ਹੈ।ਉਨ੍ਹਾਂ ਪਾਵਰਕਾਮ ਮੈਨੇਜਮੈਂਟ ਤੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੈਨਸ਼ਨਰ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਸਰਕਾਰ ਨੇ ਧਿਆਨ ਨਾ ਦਿੱਤਾ ਤਾਂ ਮੁਲਾਜ਼ਮ ਫਰੰਟ ਵੱਲੋਂ ਜੋ ਵੀ ਸੰਘਰਸ਼ ਸੱਦਾ ਹੋਵੇਗਾ, ਉਸ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਪ੍ਰਧਾਨ ਨਿਸ਼ਾਨ ਸਿੰਘ, ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ, ਕਰਨੈਲ ਸਿੰਘ ਸਾਬਕਾ ਸਰਕਲ ਆਗੂ ਤੇ ਬਲਵੰਤ ਸ਼ਰਮਾ ਆਦਿ ਨੇ ਸੰਬੋਧਨ ਕੀਤਾ।

# ਸਬ ਹੈਲਥ ਸੈਂਟਰ ਰੋਡੇ ਦੀ ਇਮਾਰਤ ਖਸਤਾ, ਛੱਤ ਤੋਂ ਡਿੱਗ ਰਹੇ ਇੱਟਾਂ ਤੇ ਸੀਮੈਂਟ ਦੇ ਖਲੇਪੜ

### ਡਰ ਦੇ ਸਾਏ 'ਚ ਇਲਾਜ ਕਰਵਾ ਰਹੇ ਹਨ ਮਰੀਜ਼ ਤੇ ਕਰ ਰਹੇ ਹਨ ਡਾਕਟਰ




**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਦੇ ਪਿੰਡ ਰੋਡੇ 'ਚ ਉਸ ਸਮੇਂ ਖੌਫ ਦਾ ਮਾਹੌਲ ਬਣ ਗਿਆ, ਜਦੋਂ ਪਿੰਡ ਰੋਡੇ ਦੇ ਸਬ ਹੈਲਥ ਸੈਂਟਰ ਦੇ ਇਕ ਕਮਰੇ ਵਿੱਚ ਬੱਚਿਆਂ ਨੂੰ ਟੀਕਾਕਰਨ ਦੀ ਮੁਹਿੰਮ ਚੱਲ ਰਹੀ ਸੀ ਤਾਂ ਜਰਜਰ ਹੋਈ ਇਸ ਹੈਲਥ ਸੈਂਟਰ ਦੀ ਇਮਾਰਤ ਦੀਆਂ ਛੱਤਾਂ ਤੋਂ ਟੀਕਾ ਲਵਾਉਣ ਆਏ ਬੱਚਿਆਂ, ਔਰਤਾਂ ਤੇ ਸਟਾਫ 'ਤੇ ਸੀਮੈਂਟ ਤੇ ਇੱਟਾਂ ਦੇ ਖਲੇਪੜ ਡਿੱਗਣੇ ਸ਼ੁਰੂ ਹੋ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਹਤ ਵਿਭਾਗ ਦੀ ਕਰਮਚਾਰੀ ਗੁਰਜੋਤ ਕੌਰ ਨੇ ਦੱਸਿਆ ਕਿ ਬੀਤੇ ਦਿਨਾਂ ਤੋਂ ਕੇਂਦਰ ਵਿੱਚ ਟੀਕਾਕਰਨ ਦਾ ਕੰਮ ਚੱਲ ਰਿਹਾ ਸੀ ਤਾਂ ਅਚਾਨਕ ਕਮਰੇ 'ਚ ਸੀਮੈਂਟ ਤੇ ਇੱਟਾਂ ਦੇ ਖਲੇਪੜ ਡਿੱਗਣ ਲੱਗੇ, ਜਿਸ ਕਾਰਨ ਹੈਲਥ ਸਟਾਫ ਤੇ ਇਲਾਜ ਕਰਵਾਉਣ ਵਾਲੇ ਮਰੀਜ਼ਾਂ ਵਿੱਚ ਡਰ ਤੇ ਸਹਿਮ ਦਾ ਮਾਹੌਲ ਹੈ।ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਉਨ੍ਹਾਂ ਵੱਲੋਂ ਜਿੱਥੇ ਸਿਹਤ ਵਿਭਾਗ ਨੂੰ ਇਸ ਕੰਡਮ ਹੋ ਚੁੱਕੀ ਇਮਾਰਤ ਤੋਂ ਜਾਣੂੰ ਕਰਵਾਇਆ ਗਿਆ ਹੈ।ਉਥੇ ਹੀ ਪਿੰਡ ਦੀ ਪੰਚਾਇਤ ਤੇ ਬਾਘਾ ਪੁਰਾਣਾ ਦੇ ਵਿਧਾਇਕ ਨੂੰ ਕਈ ਵਾਰ ਲਿਖ ਕੇ ਇਸ ਹੈਲਥ ਸੈਂਟਰ ਇਮਾਰਤ ਦੀ ਖਸਤਾ ਹਾਲਤ ਤੋਂ ਜਾਣੂੰ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪਿਛਲੇ ਦੋ ਸਾਲਾਂ ਤੋਂ ਇਹ ਹੀ ਸੁਨਣ ਨੂੰ ਮਿਲ ਰਿਹਾ ਹੈ ਕਿ ਦਸ ਲੱਖ ਦੀ ਗਰਾਂਟ ਪਾਸ ਹੋ ਚੁੱਕੀ ਹੈ, ਪਰ ਪਾੜਸ਼ਾ ਜਿਉਂ ਦਾ ਤਿਉਂ ਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਇੱਥੇ ਕੋਈ ਘਟਨਾ ਵਾਪਰਦੀ ਹੈ ਤਾਂ ਇਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਤੇ ਪ੍ਰਸ਼ਾਸਨ ਦੀ ਹੋਵੇਗੀ। ਇਸ ਸਬੰਧੀ ਜਦੋਂ ਹਲਕਾ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁੱਖਾਨੰਦ ਨਾਲ ਫੋਨ 'ਤੇ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਪਿੰਡ ਰੋਡੇ ਦੇ ਸਬ ਹੈਲਥ ਸੈਂਟਰ ਲਈ ਗ੍ਰਾਂਟ ਪਾਸ ਹੋ ਚੁੱਕੀ ਹੈ ਅਤੇ ਜਲਦ ਹੀ ਇਸ ਇਮਾਰਤ ਦੀ ਮੁਰੰਮਤ ਦਾ ਕੰਮ ਆਰੰਭ ਹੋ ਜਾਵੇਗਾ।

## ਅਮਰੀਕ ਸਿੰਘ ਨੇ ਥਾਣਾ ਮੁਖੀ ਬਰੇਟਾ ਦਾ ਚਾਰਜ ਸੰਭਾਲਿਆ



**ਬਰੇਟਾ (ਰੀਤਵਾਲ)**-ਐਸ.ਐਚ.ਓ. ਅਮਰੀਕ ਸਿੰਘ ਨੇ ਪੁਲਸ ਥਾਣਾ ਬਰੇਟਾ ਵਿਖੇ ਨਵੇਂ ਥਾਣਾ ਮੁਖੀ ਵਜੋਂ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ। ਅਮਰੀਕ ਸਿੰਘ ਨੇ ਕਿਹਾ ਕਿ ਪੁਲਸ ਵਿਭਾਗ ਵੱਲੋਂ ਜੋ ਮੈਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਵਾਂਗਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ ਤੇ ਲੋਕਾਂ ਨੂੰ ਇਨਸਾਫ ਦਿੱਤਾ ਜਾਵੇਗਾ। ਥਾਣੇ ਦੇ ਅਧਿਕਾਰ ਖੇਤਰ ਅਧੀਨ ਪੈਂਦੇ ਸਾਰੇ ਪਿੰਡਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਹੁਕਮਾਂ 'ਤੇ ਨਸ਼ਿਖ਼ਿਲਾਫ਼ ਵਿੱਢੀ ਗਈ ਮੁਹਿੰਮ ਤਹਿਤ ਨਸ਼ਿਆਂ ਦੇ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ ਤੇ ਅਮਨ ਕਾਨੂੰਨ ਨੂੰ ਦੀ ਸਥਿਤੀ ਨੂੰ ਹਰ ਹੀਲੇ ਬਰਕਰਾਰ ਰੱਖਿਆ ਜਾਵੇਗਾ। ਉਨ੍ਹਾਂ ਇਲਾਕੇ ਦੀਆਂ ਸਮੂਹ ਨਗਰ ਪੰਚਾਇਤਾਂ, ਯੂਥ ਕਲੱਬਾਂ, ਮੋਹਤਬਰਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ।

# ਪ੍ਰਿੰਸੀਪਲ ਧਵਨ ਕੁਮਾਰ ਨੇ ਕਪੈਸਿਟੀ ਬਿਲਡਿੰਗ ਪ੍ਰੋਗਰਾਮ 'ਚ ਅਧਿਆਪਕਾਂ ਨੂੰ ਕੀਤਾ ਸੰਬੋਧਨ

**ਕੋਟਕਪੂਰਾ (ਰਛਪਾਲ ਭੁੱਲਰ)**-ਸੀ.ਬੀ.ਐਸ.ਈ. ਵੱਲੋਂ ਕੈਂਬਰਿਜ ਇਨੋਵੇਟਿਵ ਸਕੂਲ ਫੇਜ-2 ਜਲੰਧਰ ਵਿਖੇ ਇਕਰੋਜ਼ਾ ਕਪੈਸਿਟੀ ਬਿਲਡਿੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਦੀ ਅਗਵਾਈ ਸੀ.ਬੀ.ਐਸ.ਈ. ਦੇ ਰਿਸੋਰਸ ਪਰਸਨ ਸ਼੍ਰੀਮਤੀ ਰਾਜਵਿੰਦਰ ਪਾਲ ਤੇ ਸ਼੍ਰੀਮਤੀ ਰਸਮੀ ਆਹਲੂਵਾਲੀਆ ਨੇ ਕੀਤੀ, ਜਿਸ ਦਾ ਮੁੱਖ ਏਜੰਡਾ ਥਿਊਰੀ ਆਫ ਨੋਲੇਜ ਰੱਖਿਆ ਗਿਆ। ਸਟੇਟ ਦੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਤੇ ਅਧਿਆਪਕਾਂ ਨੂੰ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਦਾ ਮੌਕਾ ਮਿਲਿਆ। ਐਸ.ਬੀ.ਆਰ.ਐਸ. ਗੁਰੂਕੁਲ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਧਵਨ ਕੁਮਾਰ ਨੇ ਵੀ ਇਸ ਪ੍ਰੋਗਰਾਮ 'ਚ ਸ਼ਿਰਕਤ ਕੀਤੀ।ਉਨ੍ਹਾਂ ਅਧਿਆਪਕਾਂ ਨਾਲ ਚਰਚਾ ਕਰਦਿਆਂ ਦੱਸਿਆ ਕਿ ਗਿਆਨ- ਸਿਧਾਂਤ' ਵਿਸ਼ਾ ਇੱਕ ਵਿਆਪਕ ਵਿਸ਼ਾ ਹੈ।ਇਸ ਵਿਆਪਕ ਵਿਸ਼ੇ ਦੇ ਸਿਖਲਾਈ ਸੈਸ਼ਨ ਨੇ ਗਿਆਨ ਦੀਆਂ ਸਿਧਾਂਤਕ ਬੁਨਿਆਦਾਂ ਤੇ ਅਸਲ-ਸੰਸਾਰ ਦੇ ਦ੍ਰਿਸ਼ਾਂ 'ਚ ਉਨ੍ਹਾਂ ਦੇ ਉਪਯੋਗਾਂ ਬਾਰੇ ਸਮਝ ਨੂੰ ਡੂੰਘਾ ਕਰਨ ਵਿੱਚ ਸਾਡੀ ਮੱਦਦ ਕਰਦਾ ਹੈ।ਪ੍ਰੋਗਰਾਮ ਦਾ ਮੁੱਖ ਉਦੇਸ਼ ਪ੍ਰਿੰਸੀਪਲਾਂ ਤੇ ਅਧਿਆਪਕਾਂ ਨੂੰ 'ਗਿਆਨ ਦੇ ਸਿਧਾਂਤ' ਦੀ ਗਹਿਰਾਈ ਨਾਲ ਸਮਝ ਉੱਤੇ ਕੇਂਦ੍ਰਿਤ ਕਰਨਾ ਸੀ। ਇਸ ਪ੍ਰੋਗਰਾਮ ਵਿੱਚ ਪ੍ਰਮੁੱਖ ਵਕਤਾਵਾਂ ਤੇ ਵਿਸ਼ੇਸ਼ ਗਿਆਨ ਦੇ ਤਰੀਕਿਆਂ, ਭਾਵਨਾ, ਭਾਸ਼ਾ ਤੇ ਗਿਆਨ ਦੇ ਖੇਤਰਾਂ 'ਤੇ ਆਪਣੀ ਵਿਚਾਰਧਾਰਾ ਸਾਂਝੀ ਕੀਤੀ।ਸਿੱਖਿਅਕਾਂ ਨੂੰ ਗਿਆਨ ਦੇ ਸਵਾਲਾਂ ਨੂੰ ਸਮਝਣ ਲਈ ਹੋਰ ਵੀ ਵੱਖ-ਵੱਖ ਤਰੀਕੇ ਸਿਖਾਏ ਗਏ।ਅਧਿਆਪਕਾਂ ਅਤੇ ਸਿੱਖਿਅਕਾਂ ਲਈ ਇਸ ਕਾਰਜਕ੍ਰਮ ਵਿੱਚ ਨਾਲੇਜ ਦਾ ਸਿਧਾਂਤ ਦੇ ਮੁੱਖ ਸੰਕਲਪਾਂ ਦੀ ਗਹਿਰਾਈ ਨਾਲ ਸਮਝ ਵਿਕਸਿਤ ਕੀਤੀ ਗਈ।'ਗਿਆਨ ਦੇ ਤਰੀਕਿਆਂ' ਜਿਵੇਂ ਸੈਂਸ ਪ੍ਰਸੈਪਸ਼ਨ, ਤਰਕ, ਭਾਵਨਾ ਅਤੇ ਕਲਪਨਾ ਆਦਿ 'ਤੇ ਵਿਸਤ੍ਰਿਤ ਵਿਚਾਰ-ਵਟਾਂਦਰਾ ਕੀਤਾ ਗਿਆ।

## ਭਗਤਾ ਪਿੰਡ ਦੀਆਂ ਔਰਤਾਂ ਨੇ ਤੀਆਂ ਦਾ ਤਿਉਹਾਰ ਮਨਾਇਆ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਪਿਛਲੇ ਮਹੀਨੇ ਸਾਉਣ ਤੋਂ ਚੱਲ ਰਹੇ ਔਰਤਾਂ ਦੇ ਮੁੱਖ ਤਿਉਹਾਰ ਦੀਆਂ ਵੱਖ-ਵੱਖ ਥਾਂਈਂ ਰੌਣਕਾਂ ਦੇਖਣ ਨੂੰ ਮਿਲ ਰਹੀਆਂ ਹਨ ਤੇ ਭਗਤਾ ਪਿੰਡ ਦੀਆਂ ਔਰਤਾਂ ਵੱਲੋਂ ਇਕੱਠੀਆਂ ਹੋ ਤੀਆਂ ਦਾ ਤਿਉਹਾਰ ਮਨਾਇਆ। ਇਕੱਤਰ ਹੋਈਆਂ ਔਰਤਾਂ ਵੱਲੋਂ ਖੂਬ ਆਨੰਦ ਮਾਣਿਆ ਗਿਆ। ਔਰਤਾਂ ਨੇ ਕਿਹਾ ਕਿ ਔਰਤ ਹਮੇਸ਼ਾਂ ਹੀ ਜਾਂ ਤਾਂ ਰਸੋਈ ਤੇ ਜਾਂ ਫਿਰ ਆਪਣੇ ਪਰਿਵਾਰ ਵਿੱਚ ਉਲਝੀ ਰਹਿੰਦੀ ਹੈ, ਪਰ ਜਦੋਂ ਕਦੇ ਅਜਿਹਾ ਸਮਾਂ ਆਉਂਦਾ ਹੈ ਕਿ ਪਰਵਾਰਕ ਰੁਝੇਵਿਆਂ ਵਿੱਚ ਉਲਝੀ ਔਰਤ ਨੂੰ ਇਸ ਤਰ੍ਹਾਂ ਆਪਣੀ ਜ਼ਿੰਦਗੀ ਦਾ ਆਨੰਦ ਮਾਨਣ ਦਾ ਮੌਕਾ ਮਿਲਦਾ ਹੈ ਤਾਂ ਉਸ ਔਰਤ ਦੀ ਖੁਸ਼ੀ ਦੇਖਣ ਵਾਲੀ ਹੁੰਦੀ ਹੈ ਅਤੇ ਇਹ ਸਾਲ ਬਾਅਦ ਸਾਉਣ ਮਹੀਨੇ ਤੀਆਂ ਦੇ ਤਿਉਹਾਰ ਨੂੰ ਔਰਤਾਂ ਉਡੀਕਦੀਆਂ ਹੀ ਰਹਿੰਦੀਆਂ ਹਨ।

# ਸੁਸਾਇਟੀ ਦੇ ਕਲਰਕ ਦੀ ਅਸਾਮੀ 'ਚ ਨਿਯਮਾਂ ਨੂੰ ਛਿੱਕੇ ਟੰਗਣ ਦਾ ਦੋਸ਼

### ਉਮਰ ਹੱਦ ਵਧਾਉਣ ਦੀ ਉੱਠੀ ਮੰਗ

**ਬਰੇਟਾ (ਰੀਤਵਾਲ)**-ਕੋਆ. ਮਾਰਕੀਟਿੰਗ ਕਮ-ਪ੍ਰੋਸੈਸਿੰਗ ਸੁਸਾਇਟੀ ਬਰੇਟਾ ਵੱਲੋਂ ਸੇਲਜ਼ਮੈਨ-ਕਮ-ਕਲਰਕ ਦੀ ਅਸਾਮੀ ਦੀ ਭਰਤੀ 'ਤੇ ਵਿਵਾਦ ਸ਼ੁਰੂ ਹੋ ਗਿਆ ਹੈ। ਜਾਣਕਾਰੀ ਅਨੁਸਾਰ ਪਿਛਲੇ ਦਿਨੀਂ ਸੁਸਾਇਟੀ ਵੱਲੋਂ ਸੇਲਜ਼ਮੈਨ-ਕਮ-ਕਲਰਕ ਦੀ ਅਸਾਮੀ ਲਈ ਵੱਖ ਵੱਖ ਅਖ਼ਬਾਰਾਂ ਵਿੱਚ ਇਸ਼ਤਿਹਾਰ ਜਾਰੀ ਕੀਤਾ ਗਿਆ ਸੀ, ਜਿਸ ਵਿੱਚ ਉਮਰ ਹੱਦ 18 ਸਾਲ ਤੋਂ 30 ਰੱਖੀ ਗਈ ਹੈ। ਇਸ ਦਾ ਵਿਰੋਧ ਕਰਦਿਆਂ ਨੌਜਵਾਨ ਨਰਿੰਦਰ ਕੁਮਾਰ, ਪਰਮਿੰਦਰ ਸਿੰਘ, ਰਤਨਦੀਪ ਸ਼ਰਮਾ, ਪਿੰਕੀ ਰਾਣੀ, ਨੀਤੂ ਸ਼ਰਮਾ, ਅਮਨਦੀਪ ਸ਼ਰਮਾ, ਗੁਰਪ੍ਰੀਤ ਸਿੰਘ, ਸੰਨੀ ਕੁਮਾਰ ਨੇ ਕਿਹਾ ਕਿ ਇਹ ਨੌਜਵਾਨਾਂ ਨਾਲ ਸਰਾਸਰ ਧੱਕਾ ਹੈ, ਕਿਉਂਕਿ ਪੰਜਾਬ ਸਰਕਾਰ ਦੇ ਨਿਯਮਾਂ ਅਨੁਸਾਰ ਭਰਤੀ ਦੀ ਉਮਰ 18 ਤੋਂ 37 ਸਾਲ ਹੈ, ਪਰ ਇਸ ਅਸਾਮੀ ਲਈ 30 ਸਾਲ ਉਮਰ ਰੱਖ ਕੇ ਬਹੁਤੇ ਉਮੀਦਵਾਰਾਂ ਦਾ ਹੱਕ ਮਾਰਿਆ ਜਾ ਰਿਹਾ ਹੈ। ਉਮੀਦਵਾਰਾਂ ਵੱਲੋਂ ਇਹ ਵੀ ਦੋਸ਼ ਲਗਾਇਆ ਗਿਆ ਕਿ ਸੁਸਾਇਟੀ ਦੇ ਚੇਅਰਮੈਨ ਸਮੇਤ ਸਾਰੀ ਕਮੇਟੀ ਮਹਿਕਮੇ ਨਾਲ ਮਿਲੀਭੁਗਤ ਕਰਕੇ ਆਪਣੇ ਕਿਸੇ ਚਹੇਤੇ ਨੂੰ ਇਹ ਨੌਕਰੀ ਦੇਣਾ ਚਾਹੁੰਦੀ ਹੈ। ਉਮੀਦਵਾਰਾਂ ਨੇ ਕਿਹਾ ਕਿ ਕਈ ਉਮੀਦਵਾਰਾਂ ਕੋਲ ਇਸ ਸੁਸਾਇਟੀ ਦੇ ਕੰਮ ਦਾ ਲੰਬੇ ਸਮੇਂ ਦਾ ਤਜਰਬਾ ਹੈ, ਪਰ ਪੰਜਾਬ ਸਰਕਾਰ ਦੇ ਨਿਯਮਾਂ ਨੂੰ ਛਿੱਕੇ ਟੰਗ ਕੇ ਇਹ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਹਿਕਾਰਤਾ ਦੇ ਹੋਰ ਵਿਭਾਗਾਂ ਵਿੱਚ ਵੀ ਅਸਾਮੀਆਂ ਦੀ ਉਮਰ 37 ਸਾਲ ਹੀ ਹੈ। ਉਮੀਦਵਾਰਾਂ ਨੇ ਮੁੱਖ ਮੰਤਰੀ ਪੰਜਾਬ ਤੇ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਲਿਖਤੀ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਉਪਰੋਕਤ ਭਰਤੀ ਦੇ ਮੌਜੂਦਾ ਇਸ਼ਤਿਹਾਰ ਨੂੰ ਰੱਦ ਕਰਕੇ ਉਮਰ 18 ਸਾਲ ਤੋਂ 37 ਸਾਲ ਕੀਤੀ ਜਾਵੇ ਤਾਂ ਜੋ ਹੋਰ ਉਮੀਦਵਾਰਾਂ ਦਾ ਹੱਕ ਨਾ ਮਾਰਿਆ ਜਾਵੇ।

# ਸ਼ਿਵਪੁਰੀ ਮੰਦਰ 'ਚ ਹੋਈ ਚੋਰੀ ਦਾ ਮਾਮਲਾ ਇੱਕ ਹਫ਼ਤੇ ਤੋਂ ਵੀ ਘੱਟ ਸਮੇਂ 'ਚ ਸੁਲਝਾਇਆ



**ਲੁਧਿਆਣਾ (ਰਾਜ ਸਿੰਗਲਾ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਤਹਿਤ ਇੱਕ ਵੱਡੀ ਸਫ਼ਲਤਾ ਦਰਜ ਕਰਦੇ ਹੋਏ ਖੰਨਾ ਪੁਲਸ ਨੇ ਇੱਕ ਹਫ਼ਤੇ ਤੋਂ ਵੀ ਘੱਟ ਸਮੇਂ ਵਿੱਚ ਮੰਦਰ, ਗੁਰਦੁਆਰਿਆਂ ਜਿਹੇ ਧਾਰਮਿਕ ਸਥਾਨਾਂ 'ਤੇ ਚੋਰੀਆਂ ਕਰਨ ਵਾਲੇ ਇੱਕ ਅੰਤਰਰਾਜੀ ਗਿਰੋਹ ਦੇ ਚਾਰ ਕਾਰਕੁੰਨਾਂ ਨੂੰ ਕਾਬੂ ਕਰਕੇ ਸਨਸਨੀਖੇਜ਼ ਸ਼ਿਵ ਮੰਦਰ ਚੋਰੀ ਮਾਮਲੇ ਨੂੰ ਸੁਲਝਾ ਲਿਆ ਹੈ।ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਦਿੱਤੀ।ਇਹ ਅਪ੍ਰੇਸ਼ਨ ਚੰਡੀਗੜ੍ਹ ਪੁਲਿਸ, ਬਟਾਲਾ ਪੁਲਿਸ, ਊਧਮ ਸਿੰਘ ਨਗਰ ਪੁਲਿਸ, ਉੱਤਰਾਖੰਡ ਅਤੇ ਲਖਨਊ ਪੁਲਿਸ ਦੇ ਸਹਿਯੋਗ ਨਾਲ ਨੇਪਰੇ ਚੜ੍ਹਿਆ।ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਰੇਸ਼ਮ ਸਿੰਘ ਉਰਫ਼ ਰਿੰਕੂ ਵਾਸੀ ਸਿੰਧੀ ਝਾਲਾ ਜ਼ਿਲ੍ਹਾ ਊਧਮ ਸਿੰਘ ਨਗਰ, ਉੱਤਰਾਖੰਡ ਰਵੀ ਕੁਮਾਰ ਵਾਸੀ ਮਹਿੰਦਪੁਰ, ਰੋਪੜ ਹਨੀ ਵਾਸੀ ਮਹਿੰਦਪੁਰ, ਰੋਪੜ ਤੇ ਰਾਜੀਵ ਕੁਮਾਰ ਉਰਫ਼ ਸੋਨੀ ਵਾਸੀ ਕੁਮਾਰਪੁਰਮ, ਲਖਨਊ, ਉੱਤਰ ਪ੍ਰਦੇਸ਼ ਵਜੋਂ ਹੋਈ ਹੈ।

ਜਾਣਕਾਰੀ ਅਨੁਸਾਰ 15 ਅਗਸਤ ਨੂੰ ਤੜਕਸਾਰ 4:30 ਵਜੇ ਅਣਪਛਾਤੇ ਵਿਅਕਤੀ ਸ਼ਿਵਪੁਰੀ ਮੰਦਰ ਦੀ ਛੱਤ ਤੋਂ ਖਿੜਕੀਆਂ ਰਾਹੀਂ ਦਾਖ਼ਲ ਹੋਏ ਤੇ ਵੱਖ-ਵੱਖ ਸੋਨੇ-ਚਾਂਦੀ ਦੇ ਗਹਿਣੇ, ਜਿਨ੍ਹਾਂ ਵਿੱਚ ਚਾਂਦੀ ਦੀ ਗਾਗਰ (ਜੋ ਸ਼ਿਵਲਿੰਗ ਮਹਾਰਾਜ ਦੇ ਉੱਪਰ ਰੱਖੀ ਹੋਈ ਸੀ), ਸ਼ਿਵਲਿੰਗ ਮਹਾਰਾਜ 'ਤੇ ਪਾਈ ਮਾਲਾ, ਕ੍ਰਿਸ਼ਨ ਮਹਾਰਾਜ ਦੀ ਚਾਂਦੀ ਦੀ ਬਾਂਸਰੀ, ਚਾਂਦੀ ਦੇ ਮੁਕਟ ਅਤੇ ਮੰਦਰ ਦੀਆਂ ਸਾਰੀਆਂ ਮੂਰਤੀਆਂ ਦੇ ਸੋਨੇ ਦੇ ਗਹਿਣੇ ਚੋਰੀ ਕਰਕੇ ਫਰਾਰ ਹੋ ਗਏ।ਇਸ ਤੋਂ ਇਲਾਵਾ ਉਨ੍ਹਾਂ ਨੇ ਸ਼ਿਵਲਿੰਗ ਮਹਾਰਾਜ ਦੀ ਬੇਅਦਬੀ ਵੀ ਕੀਤੀ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਖੰਨਾ ਦੀਆਂ ਪੁਲਸ ਟੀਮਾਂ ਨੇ ਇਸ ਮਾਮਲੇ ਵਿੱਚ ਸ਼ਾਮਲ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਮੰਦਰ ਵਿੱਚੋਂ ਚੋਰੀ ਕੀਤੀ 3.63 ਕਿਲੋ ਚਾਂਦੀ ਬਰਾਮਦ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਗਿਰੋਹ ਤਾਮਿਲਨਾਡੂ ਅਤੇ ਤੇਲੰਗਾਨਾ ਦੇ ਮੰਦਰਾਂ ਵਿਚ ਲੁੱਟਾਂ-ਖੋਹਾਂ ਕਰਨ ਦੀ ਯੋਜਨਾ ਬਣਾ ਰਿਹਾ ਸੀ, ਜਿਸ ਨੂੰ ਨਾਕਾਮ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੁੱਛਗਿੱਛ ਜਾਰੀ ਹੈ ਤੇ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਆਸ ਹੈ।ਐਸ.ਐਸ.ਪੀ. ਖੰਨਾ ਅਸ਼ਵਿਨੀ ਗੋਟਿਆਲ ਨੇ ਦੱਸਿਆ ਕਿ ਇਸ ਕੇਸ 'ਤੇ ਤੁਰੰਤ ਕਾਰਵਾਈ ਕਰਦਿਆਂ ਮਾਮਲੇ ਦੀ ਤਫ਼ਤੀਸ਼ ਲਈ ਐਸ.ਪੀ. (ਇਨਵੈਸਟੀਗੇਸ਼ਨ) ਸੌਰਵ ਜਿੰਦਲ ਦੀ ਅਗਵਾਈ ਹੇਠ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਤੇ ਕੇਸ ਦੀ ਜਾਂਚ ਨਵੀਨਤਮ ਵਿਗਿਆਨਕ-ਤਕਨੀਕੀ ਤੇ ਮਨੁੱਖੀ ਦਿਆਨਤਦਾਰੀ ਨਾਲ ਕੀਤੀ ਗਈ ਹੈ। ਮਾਮਲੇ ਦੀ ਜਾਂਚ ਦੌਰਾਨ ਇਹ ਗੱਲ ਵੀ ਸਾਹਮਣੇ ਆਈ ਸੀ ਕਿ ਚੋਰਾਂ ਦਾ ਇਹ ਗਿਰੋਹ ਚੋਰੀ ਦੀ ਚਾਂਦੀ ਅਤੇ ਸੋਨੇ ਦੇ ਗਹਿਣੇ ਇੱਕ ਜਵੈਲਰ ਰਾਜੀਵ ਕੁਮਾਰ ਉਰਫ਼ ਸੋਨੀ ਨੂੰ ਵੇਚਦਾ ਸੀ, ਜਿਸ ਨੂੰ ਤੁਰੰਤ ਇਸ ਮਾਮਲੇ ਵਿੱਚ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਅਤੇ ਬਾਅਦ ਵਿੱਚ ਲਖਨਊ (ਯੂ.ਪੀ.)ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਦੇ ਕਬਜ਼ੇ 'ਚੋਂ ਚੋਰੀ ਦੇ ਗਹਿਣੇ ਬਰਾਮਦ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਦੋਸ਼ੀ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ, ਜਿਸ ਪਾਸੋਂ ਚੋਰੀ ਦੀਆਂ ਵਾਰਦਾਤਾਂ ਸਬੰਧੀ ਖੁਲਾਸਾ ਹੋਣ ਦੀ ਵੀ ਸੰਭਾਵਨਾ ਹੈ । ਜ਼ਿਕਰਯੋਗ ਹੈ ਕਿ ਉਕਤ ਜਵੈਲਰ 'ਤੇ ਪਹਿਲਾਂ ਵੀ ਚੋਰੀ ਦੇ 12 ਅਪਰਾਧਿਕ ਮਾਮਲੇ ਦਰਜ ਹਨ।

# ਸਿੱਖ ਵਿਰੋਧੀ ਫਿਲਮ 'ਐਮਰਜੈਂਸੀ' ਦੀ ਰਿਲੀਜ਼ 'ਤੇ ਪਾਬੰਦੀ ਦੀ ਮੰਗ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਚੀਫ਼ ਖ਼ਾਲਸਾ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਸਿੱਖਾਂ ਦੇ ਕਿਰਦਾਰ ਨੂੰ ਗਲਤ ਢੰਗ ਨਾਲ ਪੇਸ਼ ਕਰਨ ਵਾਲੀ ਫਿਲਮ ਐਮਰਜੈਂਸੀ ਦੀ ਰਿਲੀਜ਼ ਦਾ ਵਿਰੋਧ ਕੀਤਾ ਗਿਆ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਸਿੱਖ ਇਤਿਹਾਸ ਦੇ ਸੁਨਹਿਰੀ ਪੰਨੇ ਗੁਰੂਆਂ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ ਭਰੇ ਹਨ।ਸਰਬੰਸ ਦਾਨੀ ਅਤੇ ਤਿਲਕ ਜੰਞੂ ਦੇ ਰਾਖੇ ਗੁਰੂਆਂ ਦੇ ਸਿਧਾਂਤਾਂ ਤੇ ਚੱਲਣ ਵਾਲੇ ਸਿੱਖਾਂ ਨੂੰ ਪਰਦੇ ਤੇ ਨਫ਼ਰਤ ਦਾ ਪਾਤਰ ਬਣਾਉਣਾ ਗਹਿਰੀ ਸਾਜ਼ਿਸ਼ ਦਾ ਹਿੱਸਾ ਹੈ।ਉਨ੍ਹਾਂ ਨੇ ਕਿਹਾ ਕਿ ਦੇਸ਼ਾਂ-ਵਿਦੇਸ਼ਾਂ ਵਿੱਚ ਸਿੱਖ ਕੌਮ ਵੱਲੋਂ ਸੰਕਟ ਸਮੇਂ ਮੋਹਰੀ ਬਣ ਕੇ ਸਰੱਬਤ ਦਾ ਭਲਾ ਮੰਗਦਿਆਂ ਹੋਇਆਂ ਮਨੁੱਖਤਾ ਦੀ ਸੇਵਾ ਕੀਤੀ ਗਈ ਹੈ ਜਿਸ ਲਈ ਸਮੇਂ ਦੀਆਂ ਸਰਕਾਰਾਂ ਵੱਲੋਂ ਸ਼ਲਾਘਾ ਕੀਤੀ ਜਾਂਦੀ ਰਹੀ ਹੈ।ਦੇਸ਼ ਦੀ ਆਜ਼ਾਦੀ ਲਈ ਵੀ ਸਿੱਖਾਂ ਵੱਲੋਂ ਵਧੇਰੇ ਕੁਰਬਾਨੀਆਂ ਕੀਤੀ ਗਈ ਹੈ, ਜਿਸ ਨਾਲ ਸਿੱਖ ਭਾਈਚਾਰੇ ਵਿਚ ਰੋਸ ਅਤੇ ਸਖ਼ਤ ਗੁੱਸੇ ਦੀ ਲਹਿਰ ਹੈ।ਮੀਤ ਪ੍ਰਧਾਨ ਜਗਜੀਤ ਸਿੰਘ ਅਤੇ ਕਾਰਜਕਾਰੀ ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ ਨੇ ਕਿਹਾ ਕਿ ਅਜਿਹੀ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ ਵਾਲੀ ਫਿਲਮ ਰਾਹੀਂ ਪੰਜਾਬ ਵਿਚ ਭਾਈਚਾਰਕ ਸਾਂਝ ਅਤੇ ਅਮਨ-ਸ਼ਾਂਤੀ ਦੀ ਸਥਿਤੀ ਵੀ ਵਿਗੜ ਸਕਦੀ ਹੈ।ਸੋ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਨੇ ਹਾਲਾਤ ਦੇ ਮੱਦੇਨਜ਼ਰ ਅਜਿਹੀ ਸਿੱਖ ਵਿਰੋਧੀ ਅਤੇ ਸਮਾਜ ਵਿਰੋਧੀ 'ਐਮਰਜੈਂਸੀ' ਫਿਲਮ ਦੀ ਰਿਲੀਜ 'ਤੇ ਤੁਰੰਤ ਪਾਬੰਦੀ ਦੀ ਮੰਗ ਕੀਤੀ।ਮੀਟਿੰਗ ਦੌਰਾਨ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਕਾਰਜਕਾਰੀ ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਮੈਂਬਰ ਅਮਰਦੀਪ ਸਿੰਘ ਰਾਜੇਵਾਲ, ਸਵਰਾਜ ਸਿੰਘ ਸ਼ਾਮ, ਇਕਬਾਲ ਸਿੰਘ ਸ਼ੈਰੀ ਅਤੇ ਡਾ. ਜਸਬੀਰ ਸਿੰਘ ਹਾਜ਼ਰ ਸਨ।

ਕੀਤੀਆਂ ਗਈਆਂ ਹਨ।ਪ੍ਰੰਤੂ ਹਮੇਸ਼ਾ ਤੋਂ ਹੀ ਸਿੱਖ ਵਿਰੋਧੀ ਅਤੇ ਪੰਜਾਬ ਵਿਰੋਧੀ ਬਿਆਨਾਂ ਕਾਰਨ ਵਿਵਾਦਾਂ ਵਿਚ ਰਹਿਣ ਵਾਲੀ ਕੰਗਨਾ ਰਣੌਤ ਦੀ ਰਿਲੀਜ਼ ਹੋਣ ਵਾਲੀ ਫਿਲਮ ਐਮਰਜੈਂਸੀ ਵਿਚ ਇਕ ਵਾਰੀ ਫਿਰ ਤੋਂ ਇਤਿਹਾਸ ਦੀ ਗਲਤ ਪੇਸ਼ਕਾਰੀ ਕਰਕੇ ਸਿੱਖਾਂ ਦੇ ਕਿਰਦਾਰ ਨੂੰ ਬਦਨਾਮ ਕਰਨ ਅਤੇ ਹੋਰਨਾਂ ਅੰਦਰ ਸਿੱਖਾਂ ਪ੍ਰਤੀ ਨਫ਼ਰਤ ਪੈਦਾ ਕਰਨ ਦੀ ਗਹਿਰੀ ਸਾਜਿਸ਼

## ਨਗਰ ਸੁਧਾਰ ਸਭਾ ਦੀ ਐਸ ਡੀ ਐਮ ਨਾਲ ਮੀਟਿੰਗ 27 ਨੂੰ

**ਬੁਢਲਾਡਾ (ਅਸ਼ੋਕ ਲਾਕੜਾ)**-ਨਗਰ ਸੁਧਾਰ ਸਭਾ ਨੇ ਐਸ.ਡੀ.ਐਮ. ਵੱਲੋਂ ਸ਼ਹਿਰ ਦੀਆਂ ਮੰਗਾਂ-ਸਮੱਸਿਆਵਾਂ ਸਬੰਧੀ ਨਗਰ ਕੌਂਸਲ ਸੀਵਰੇਜ ਵਿਭਾਗ, ਵਾਟਰ ਸਪਲਾਈ ਵਿਭਾਗ ਆਦਿ ਦੇ ਉੱਚ ਅਧਿਕਾਰੀਆਂ ਨਾਲ 27 ਅਗਸਤ ਨੂੰ ਸ਼ਾਮ 4 ਵਜੇ ਮੀਟਿੰਗ ਤੈਅ ਕਰਨ ਤੇ ਸੀਵਰੇਜ ਸਮੇਤ ਸਾਰੀਆਂ ਸਮੱਸਿਆਵਾਂ ਹੱਲ ਕਰਨ ਦੇ ਵਿਸ਼ਵਾਸ ਤੋਂ ਬਾਅਦ ਸੰਘਰਸ਼ ਵਿੱਢਣ ਦਾ ਫੈਸਲਾ ਟਾਲ ਦਿੱਤਾ ਹੈ।ਸੰਸਥਾ ਦੀ ਕੋਰ ਕਮੇਟੀ ਦੀ ਮੀਟਿੰਗ ਤੋਂ ਬਾਅਦ ਕੁਆਰਡੀਨੇਟਰ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਦੱਸਿਆ ਕਿ ਮੀਟਿੰਗ ਵਿੱਚ ਇਸ ਗੱਲ ਨੂੰ ਗੰਭੀਰਤਾ ਨਾਲ ਲਿਆ ਗਿਆ ਕਿ ਪ੍ਰਸ਼ਾਸਨ ਦੁਆਰਾ ਦਿੱਤੇ ਵਿਸ਼ਵਾਸ ਦੇ ਬਾਵਜੂਦ ਸ਼ਹਿਰ ਵਿੱਚ ਸੀਵਰੇਜ, ਮਿਕਸ ਗੰਦੇ ਪਾਣੀ ਦੀ ਸਪਲਾਈ, ਅਵਾਰਾ ਪਸ਼ੂਆਂ ਜਿਹੀਆਂ ਸਮੱਸਿਆਵਾਂ ਜਿਉਂ ਦੀ ਤਿਉਂ ਹਨ।ਸ਼ਹਿਰ ਦੇ ਸਾਰੇ ਵਾਰਡਾਂ ਵਿੱਚ ਬੁਰਾ ਹਾਲ ਹੈ।ਵਾਰਡ ਨੰਬਰ 5, ਵਾਰਡ ਨੰਬਰ 6 ਅਤੇ ਵਾਰਡ ਨੰਬਰ 7 ਦੇ ਵਸਨੀਕ ਸੜਕਾਂ 'ਤੇ ਉਤਰ ਕੇ ਸੰਘਰਸ਼ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਡੇਂਗੂ ਦੀ ਬਿਮਾਰੀ ਦੇ ਵੀ ਕੇਸ ਸਾਹਮਣੇ ਆ ਰਹੇ ਹਨ।ਜੇਕਰ ਉਪਰੋਕਤ ਸਮੱਸਿਆਵਾਂ ਦਾ ਛੇਤੀ ਹੱਲ ਨਾ ਕੀਤਾ ਗਿਆ ਤਾਂ ਆਉਂਦੇ ਦਿਨਾਂ ਵਿੱਚ ਸਥਿਤੀ ਕਾਬੂ ਤੋਂ ਬਾਹਰ ਹੋ ਸਕਦੀ ਹੈ।ਐਡਵੋਕੇਟ ਦਲਿਓ ਨੇ ਸੱਤਾਧਾਰੀ ਧਿਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਇਨ੍ਹਾਂ ਦੀ ਸਥਿਤੀ ਅੱਗਾ ਦੌੜ ਪਿੱਛਾ ਚੌੜ ਵਾਲੀ ਬਣੀ ਹੋਈ ਹੈ।

# ਭਗਤ ਨਾਮਦੇਵ ਦੇ ਸੂਬਾ ਪੱਧਰੀ ਪ੍ਰਕਾਸ਼ ਪੁਰਬ ਸੰਬੰਧੀ ਮੀਟਿੰਗ ਭਲਕੇ

**ਸੰਗਰੂਰ (ਪ੍ਰਵੀਨ ਕੁਮਾਰ)**-ਗੁਰਦੁਆਰਾ ਬ੍ਰਹਮ ਗਿਆਨੀ ਭਗਤ ਨਾਮਦੇਵ ਜੀ ਵਿਖੇ ਧਾਰਮਿਕ ਸਮਾਗਮ ਕਰਾਇਆ ਗਿਆ।ਇਸ ਮੌਕੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਉੱਚ ਕੋਟੀ ਦੇ ਇੰਟਰਨੈਸ਼ਨਲ ਢਾਡੀ ਭਾਈ ਬਲਦੇਵ ਸਿੰਘ ਲੌਂਗੋਵਾਲ ਦੇ ਜਥੇ ਨੇ ਸੰਗਤਾਂ ਨੂੰ ਢਾਡੀ ਵਾਰਾਂ ਨਾਲ ਭਗਤ ਨਾਮਦੇਵ ਜੀ ਦੇ ਜੀਵਨ ਸਬੰਧੀ ਵਿਸਥਾਰ ਪੂਰਵਕ ਚਾਨਣਾ ਪਾ ਕੇ ਨਿਹਾਲ ਕੀਤਾ।ਮੋਹਤਬਰ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਨ ਉਪਰੰਤ ਵਿਸ਼ੇਸ਼ ਮੀਟਿੰਗ ਆਲ ਇੰਡੀਆ ਕਸ਼ੱਤਰੀਆ ਟਾਂਕ ਪ੍ਰਤੀਨਿਧੀ ਸਭਾ ਦੇ ਮੁੱਖ ਸੇਵਾਦਾਰ ਸਤਨਾਮ ਸਿੰਘ ਦਮਦਮੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਇਕਾਈ ਪ੍ਰਧਾਨ ਸੂਬੇਦਾਰ ਸੁਖਦੇਵ ਸਿੰਘ ਰਤਨ ਤੋਂ ਇਲਾਵਾ ਕੁਲਦੀਪ ਸਿੰਘ ਬਾਗੀ, ਦੇਸ ਰਾਜ ਸਿੰਘ ਰੱਖਰਾਓ, ਜਸਵਿੰਦਰ ਸਿੰਘ ਖਿੱਲਰੀਆਂ, ਮਲਕੀਤ ਸਿੰਘ ਸਾਗੂ, ਗੋਵਿੰਦਰ ਸਿੰਘ ਜੱਸਲ, ਰਜਿੰਦਰ ਸਿੰਘ ਤੱਗੜ, ਕੈਪਟਨ ਅਮਰਜੀਤ ਸਿੰਘ, ਸੂਬੇਦਾਰ ਰੁਪਿੰਦਰ ਸਿੰਘ ਤੱਗੜ, ਰਣਜੀਤ ਸਿੰਘ ਚੰਗਾਲ, ਦਰਸ਼ਨ ਸਿੰਘ ਰਤਨ, ਬਲਦੇਵ ਸਿੰਘ ਰਤਨ, ਮਲਕੀਤ ਸਿੰਘ ਵਰਨ, ਕਰਮ ਸਿੰਘ ਨਮੋਲ, ਮੈਨੇਜਰ ਸ਼ਾਮ ਲਾਲ, ਜਸਵਿੰਦਰ ਸਿੰਘ ਜੱਸੀ, ਦਲਵੀਰ ਸਿੰਘ ਬਾਬਾ ਅਤੇ ਹੋਰ ਵੱਡੀ ਗਿਣਤੀ ਵਿੱਚ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ ਸ਼ਾਮਲ ਹੋਏ।ਭਾਈ ਦਮਦਮੀ ਨੇ ਜਿੱਥੇ ਗੁਰਦੁਆਰਾ ਸਾਹਿਬ ਭਗਤ ਨਾਮਦੇਵ ਸੰਗਰੂਰ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਬਣਾਈ ਜਾ ਰਹੀ ਲੱਕੜ ਦੀ ਆਲੀਸ਼ਾਨ ਪਾਲਕੀ ਦੀ ਕਾਰ ਸੇਵਾ ਦੀ ਪ੍ਰਸ਼ੰਸਾ ਕੀਤੀ, ਉੱਥੇ ਉਨ੍ਹਾਂ ਸੰਗਤਾਂ ਨੂੰ ਅਪੀਲ ਵੀ ਕੀਤੀ ਕਿ ਸੰਗਤਾਂ ਇਸ ਕਾਰ ਸੇਵਾ ਵਿੱਚ ਵੱਧ ਤੋਂ ਵੱਧ ਆਪਣਾ ਹਿੱਸਾ ਪਾ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।ਇਸ ਤੋਂ ਇਲਾਵਾ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਭਾਈ ਸਤਨਾਮ ਸਿੰਘ ਦਮਦਮੀ ਨੇ ਦੱਸਿਆ ਕਿ ਬ੍ਰਹਮ ਗਿਆਨੀ ਭਗਤ ਨਾਮਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸੂਬਾ ਪੱਧਰੀ ਸਮਾਗਮ 10, 11 ਤੇ 12 ਨਵੰਬਰ (ਇਕਾਦਸ਼ੀ ਵਾਲੇ ਦਿਨ) ਗੁਰਦੁਆਰਾ ਤਪਿਆਣਾ ਸਾਹਿਬ ਘੁਮਾਣ ਜ਼ਿਲ੍ਹਾ ਗੁਰਦਾਸਪੁਰ ਵਿਖੇ ਮਨਾਏ ਜਾਣ ਦੀਆਂ ਤਿਆਰੀਆਂ ਨੂੰ ਲੈਕੇ ਸਭਾ ਦੀ ਵਿਸ਼ੇਸ਼ ਮੀਟਿੰਗ ਸਮੂਹ ਮੈਂਬਰਾਂ ਤੇ ਅਹੁਦੇਦਾਰਾਂ ਦੇ ਸਹਿਯੋਗ ਨਾਲ ਗੁਰਦੁਆਰਾ ਚਰਨ ਕਮਲ ਸਾਹਿਬ ਘੁਮਾਣ ਜ਼ਿਲ੍ਹਾ ਗੁਰਦਾਸਪੁਰ ਵਿਖੇ 25 ਅਗਸਤ ਦਿਨ ਐਤਵਾਰ ਨੂੰ ਸਵੇਰੇ ਗਿਆਰਾਂ ਵਜੇ ਰੱਖੀ ਗਈ ਹੈ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ.-770-W/169/WA-1/FZR-154-2024-25-ADEN-JRC, 155-2024-25-ADEN-JRC & 156-2024-25-ADEN-LDH ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 11.09.2024 ਸਮਾਂ 15:00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ 'ਨਿਵਿਦਾ ਸੁਰੱਖਿਆ ਘੋਸ਼ਣਾ ਪੱਤਰ' ਤੈਅ ਫਾਰਮੈਟ ਵਿਚ ਨਿਵਿਦਾ ਦੇ ਨਾਲ ਈ-ਪੋਰਟਲ ਤੇ ਨਥੀ ਕਰੇਗਾ:-

| ਲੜੀ ਨੰਬਰ | ਨਿਵਿਦਾ ਸੰਖਿਆ, ਮਿਤੀ | ਨਿਵਿਦਾ ਦਾ ਵੇਰਵਾ | | |
|---|---|---|---|---|
| 1 | 154-2024-25-ADEN-JRC | ਸਹਾਇਕ ਮੰਡਲ ਇੰਜੀਨੀਅਰ-ਜਲੰਧਰ ਦੇ ਅਧਿਕਾਰ ਖੇਤਰ ਵਿਚ ਅਨੁਭਾਗ ਵਿਚ ਸਾਲ 2024-25 ਦੇ ਲਈ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਸੰਰਚਨਾਵਾਂ ਵਿਚ ਪਰਿਵਰਧਨ ਅਤੇ ਪਰਿਵਰਤਨ, ਸੇਵਾ ਭਵਨ ਅਤੇ ਸਟਾਫ ਕਵਾਟਰ ਦੇ ਐਮਰਜੈਂਸੀ ਕੰਮ। | | |
| | | ਵਿਗਿਆਪਨ ਮੂਲ ਰੁ. | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 1,49,95,920.11 | 60 ਦਿਨ | 12 ਮਹੀਨੇ |
| 2 | 155-2024-25-ADEN-JRC | ਸਹਾਇਕ ਮੰਡਲ ਇੰਜੀਨੀਅਰ-ਜਲੰਧਰ ਦੇ ਅਧਿਕਾਰ ਖੇਤਰ ਵਿਚ ਯਾਰਡਾਂ ਵਿਚ ਪਟੜੀਆਂ ਦੇ ਵਿਚ CC ਚੈਨਲ ਦੀ ਉਸਾਰੀ। | | |
| | | ਵਿਗਿਆਪਨ ਮੂਲ ਰੁ. | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 14,99,959.66 | 60 ਦਿਨ | 06 ਮਹੀਨੇ |
| 3 | 156-2024-25-ADEN-LDH | ਸਹਾਇਕ ਮੰਡਲ ਇੰਜੀਨੀਅਰ-ਲੁਧਿਆਣਾ ਦੇ ਅਧਿਕਾਰ ਖੇਤਰ ਵਿਚ LDH-JRC (Up ਅਤੇ DN ਲਾਈਨ) ਦੇ ਵਿਚ ਟ੍ਰਿਮਬਲ ਗੇਡੋ ਵੋਸ੍ਰਿਸ ਟ੍ਰਾਲੀ ਸਿਸਟਮ ਦਾ ਉਪਯੋਗ ਕਰਕੇ ਪ੍ਰੀ ਅਤੇ ਪੋਸਟ-ਟੈਂਪਿੰਗ ਟ੍ਰੈਕ ਮਾਪ ਸਰਵੇਖਣ। | | |
| | | ਵਿਗਿਆਪਨ ਮੂਲ ਰੁ. | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 19,77,233 | 60 ਦਿਨ | 06 ਮਹੀਨੇ |

ਨੋਟ 1. ਨਿਵਿਦਾ ਪਾਉਣ ਤੋਂ ਪਹਿਲਾਂ, ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2627/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਪੰਜਾਬ ਨੈਸ਼ਨਲ ਬੈਂਕ
punjab national bank

ਆਦਰਸ਼ ਨਗਰ, ਜਲੰਧਰ (036810) ਪੰਜਾਬ 144001

ਪਹਿਲਾਂ : ਓਰੀਐਂਟਲ ਬੈਂਕ ਆਫ ਕਾਮਰਸ

ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆਂ ਲਈ ਨੋਟਿਸ

ਪੰਜਾਬ ਨੈਸ਼ਨਲ ਬੈਂਕ, ਬਰਾਂਚ ਦਫਤਰ ਆਦਰਸ਼ ਨਗਰ, ਜਲੰਧਰ (ਈ ਓ ਬੀ ਸੀ) ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੇ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ ਅਤੇ ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

| SR NO. | LOCKER NO. | ਨਾਂਅ | ਬਰਾਂਚ |
|---|---|---|---|
| 1. | BB112 | ਰਾਜੇਸ਼ ਦੂਆ ਅਤੇ ਸੋਨਾਲੀ ਦੂਆ | ਆਦਰਸ਼ ਨਗਰ, ਜਲੰਧਰ |
| 2. | BB116 | ਹਰੀਸ਼ ਕੁਮਾਰ ਅਤੇ ਸੁਨੀਤਾ | ਆਦਰਸ਼ ਨਗਰ, ਜਲੰਧਰ |
| 3. | EE403 | ਇੰਦਰਾ ਕੰਧਾਰੀ ਅਤੇ ਸਵਿਤਾ ਟੰਡਨ | ਆਦਰਸ਼ ਨਗਰ, ਜਲੰਧਰ |
| 4. | EE412 | ਪੁਸ਼ਪਾ ਜੈਨ ਅਤੇ ਨਿਰਮਲ ਕੁਮਾਰ ਜੈਨ | ਆਦਰਸ਼ ਨਗਰ, ਜਲੰਧਰ |
| 5. | GG29 | ਨੀਤੂ ਠਾਕੁਰ | ਆਦਰਸ਼ ਨਗਰ, ਜਲੰਧਰ |
| 6. | CC193 | ਊਸ਼ਾ ਰਾਣੀ ਬੱਬਰ ਅਤੇ ਰਮੇਸ਼ ਬੱਬਰ | ਆਦਰਸ਼ ਨਗਰ, ਜਲੰਧਰ |
| 7. | BB137 | ਪ੍ਰੀਤ ਧਨੋਆ ਪਤਨੀ ਬਲਦੇਵ ਸਿੰਘ | ਆਦਰਸ਼ ਨਗਰ, ਜਲੰਧਰ |
| 8. | CC253 | ਦਰਸ਼ਨਾ ਪਤਨੀ ਗੁਰਪ੍ਰਤਾਪ ਸਿੰਘ | ਆਦਰਸ਼ ਨਗਰ, ਜਲੰਧਰ |
| 9. | EE380 | ਇੰਦੂ ਚੁੱਘ ਅਤੇ ਮਨਜੀਤ ਸਿੰਘ | ਆਦਰਸ਼ ਨਗਰ, ਜਲੰਧਰ |
| 10. | CC243 | ਸੰਜੇ ਜੈਨ ਅਤੇ ਰੀਨਾ ਜੈਨ | ਆਦਰਸ਼ ਨਗਰ, ਜਲੰਧਰ |
| 11. | AA58 | ਤਮੰਨਾ ਸ਼ਰਮਾ ਅਤੇ ਓਂਕਾਰ ਨਾਥ ਸ਼ਰਮਾ | ਆਦਰਸ਼ ਨਗਰ, ਜਲੰਧਰ |
| 12. | EE368 | ਹਰਭਜਨ ਸਿੰਘ ਅਤੇ ਕੁਲਦੀਪ ਸਿੰਘ | ਆਦਰਸ਼ ਨਗਰ, ਜਲੰਧਰ |

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜਿਨ੍ਹਾਂ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਅਜੇ ਤੱਕ ਅਦਾ ਨਹੀਂ ਕੀਤੇ ਕਿ ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਬੈਂਕ ਵੱਲੋਂ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ ਜੋ ਬਾਕੀ ਬਚੀ ਹੈ, ਲਾਕਰ ਕਿਰਾਏ ਦੇ ਲੈਣ-ਦੇਣ ਦੇ ਪੂਰੇ ਜੋਖ਼ਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 23.08.2024 ਸਥਾਨ : ਜਲੰਧਰ ਪੰਜਾਬ ਨੈਸ਼ਨਲ ਬੈਂਕ



## ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ

SBFC

ਰਜਿਸਟਰਡ ਦਫਤਰ : ਯੂਨਿਟ ਨੰ. 103, ਪਹਿਲੀ ਮੰਜ਼ਲ, ਸੀ ਅਤੇ ਬੀ ਸੁਕੇਅਰ, ਸੰਗਮ ਕੰਪਲੈਕਸ, ਪਿੰਡ ਚਕਾਲਾ, ਅੰਧੇਰੀ-ਕੁਰਲਾ ਰੋਡ, ਅੰਧੇਰੀ (ਈਸਟ), ਮੁੰਬਈ-400059

ਸ਼ਾਖਾ ਦਾ ਪਤਾ : ਦੁਕਾਨ ਨੰ. 13, ਤੀਜੀ ਮੰਜ਼ਲ, ਯਮੁਨਾ ਤਰਗ ਕੰਪਲੈਕਸ, ਮੁਰਤਿਜ਼ਾਪੁਰ ਰੋਡ, ਨੇੜੇ ਵਿਪਰਬ ਹਸਪਤਾਲ, ਵਿਧਿਆ ਨਗਰ, ਅਕੋਲਾ-444004

### ਨਿਲਾਮੀ ਅਤੇ ਵਿਕਰੀ ਵਾਸਤੇ ਜਨਤਕ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ ਦਾ ਅਧਿਕਾਰਤ ਅਫਸਰ ਵਜੋਂ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਕਿਉਰਟਡ ਐੱਸਟਸ ਦਾ ਕਬਜ਼ਾ ਲੈ ਲਿਆ ਹੈ ਅਤੇ ਜਾਇਦਾਦ ਦਾ ਭੌਤਿਕ ਕਬਜ਼ਾ ਲੈਂਦੇ ਸਮੇਂ "ਘਰੇਲੂ ਵਸਤਾਂ" ਵੀ ਬਰਾਮਦ ਕੀਤੀਆਂ ਗਈਆਂ ਹਨ। ਹੁਣ, ਇਸ ਨੋਟਿਸ ਅਤੇ ਪ੍ਰਕਾਸ਼ਨਾ ਰਾਹੀਂ ਅਸੀਂ ਕਰਜ਼ਦਾਰ/ਸਹਿ-ਕਰਜ਼ਦਾਰਾਂ/ਰਹਿਣਕਾਰ/ਗਰੰਟਰ ਅਤੇ ਆਮ ਜਨਤਾ ਨੂੰ ਇਸ ਪ੍ਰਕਾਸ਼ਨਾ ਦੀ ਮਿਤੀ ਤੋਂ 7 ਦਿਨਾਂ ਦੇ ਅੰਦਰ ਇਨ੍ਹਾਂ ਵਸਤੂਆਂ ਦਾ ਦਾਅਵਾ ਕਰਨ ਦੀ ਜਾਣਕਾਰੀ ਦੇ ਰਹੇ ਹਾਂ, ਅਸਫਲ ਰਹਿਣ 'ਤੇ ਅਸੀਂ ਇਨ੍ਹਾਂ ਚੱਲ ਵਸਤੂਆਂ ਦੇ ਨਿਪਟਾਰੇ ਲਈ ਪੇਸ਼ਕਸ਼ਾਂ/ਬੋਲੀਆਂ ਦਾ ਸੱਦਾ ਦੇਣ ਦਾ ਅਧਿਕਾਰ ਰੱਖਦੇ ਹਾਂ ਅਤੇ ਇਨ੍ਹਾਂ ਵਸਤੂਆਂ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ ਅਧਾਰ", "ਜੋ ਹੈ ਜਿਵੇਂ ਹੈ ਅਧਾਰ" ਅਤੇ "ਉਥੇ ਜੋ ਵੀ ਹੈ ਅਧਾਰ" 'ਤੇ ਕੀਤੀ ਜਾਵੇਗੀ ਤੋਂ ਪ੍ਰਾਪਤ ਹੋਣ ਵਾਲੀ ਰਕਮ ਹੇਠਾਂ ਦਰਸਾਈ ਕਰਜ਼ਾ ਰਕਮ 'ਚ ਵਿਸਥਾਪਤ ਕਰ ਦਿੱਤੀ ਜਾਵੇਗੀ ਜੋ ਸਕਿਉਰਡ ਕ੍ਰੈਡਿਟਰ ਦੇ ਕਬਜ਼ੇ 'ਚ ਹਨ, ਜਿਨ੍ਹਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ :-

| ਕਰਜ਼ਦਾਰਾਂ/ ਸਹਿ-ਕਰਜ਼ਦਾਰਾਂ ਦਾ ਪਤਾ | ਅਚੱਲ ਜਾਇਦਾਦ ਦਾ ਵੇਰਵਾ/ ਕਬਜ਼ੇ ਦੀ ਮਿਤੀ |
|---|---|
| 1. ਪ੍ਰਕਾਸ਼ ਗਾਰਮੈਂਟਸ<br>2. ਨੀਲਮ ਰਾਣੀ<br>3. ਕਮਲ ਚੋਪੜਾ<br>ਮਕਾਨ ਨੰ. 69, ਜਸਵਾਲ ਕਾਲੋਨੀ, ਕੈਲਾਸ਼ ਨਗਰ ਰੋਡ, ਲੁਧਿਆਣਾ, ਪੰਜਾਬ-141007 | ਘਰੇਲੂ ਵਸਤੂਆਂ |

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਸਥਾਨ : ਲੁਧਿਆਣਾ,
ਮਿਤੀ 23 ਅਗਸਤ 2024

ਸਹੀ/-(ਅਧਿਕਾਰਤ ਅਫਸਰ)
ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

24-Aug-PAGE-3.qxd 8/23/2024 10:29 PM Page 1



# ਮਾਂਗਾ ਸਰਾਏ ਕਬੱਡੀ ਟੂਰਨਾਮੈਂਟ 'ਚ ਸੱਚਰ ਨੇ ਜੇਤੂਆਂ ਨੂੰ ਇਨਾਮ ਵੰਡੇ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਮਾਂਗਾ ਸਰਾਏ ਵਿੱਚ ਹਰ ਸਾਲ ਦੀ ਤਰਾਂ ਮਹਾਂਪੁਰਸ਼ ਸੰਤ ਬਾਬਾ ਗੁਰਬਚਨ ਸਿੰਘ ਡੱਡੇਵਾਲਿਆਂ ਦੀ ਯਾਦ ਵਿੱਚ 43ਵੀਂ ਬਰਸੀ ਮੌਕੇ ਕਬੱਡੀ ਟੂਰਨਾਮੈਂਟ ਵਿੱਚ ਪਹੁੰਚੇ ਮੁੱਖ ਮਹਿਮਾਨ ਮਜੀਠਾ ਹਲਕੇ ਦੇ ਕਾਂਗਰਸ ਦੇ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਨੇ ਜੇਤੂਆਂ ਨੂੰ ਇਨਾਮ ਵੰਡੇ ।ਪਿੰਡ ਮਾਂਗਾ ਸਰਾਏ ਦੇ ਨੰਬਰਦਾਰ ਪਰਿਵਾਰ ਵੱਲੋ ਕਰਵਾਏ ਗਏ ਟੂਰਨਾਮੈਂਟ ਵਿੱਚ ਏਸੇ ਪਿੰਡ ਦੇ ਗਰੀਬ ਪਰਿਵਾਰ ਦੇ ਕਬੱਡੀ ਦੇ ਖਿਡਾਰੀ ਗੁਰਜੰਟ ਸਿੰਘ ਨੂੰ ਨੰਬਰਦਾਰ ਪਰਿਵਾਰ ਬਿਕਰਮਜੀਤ ਸਿੰਘ ਵੱਲੋਂ ਪਲਟੀਨਾ ਮੋਟਰਸਾਈਕਲ ਇਨਾਮ ਵਜੋ ਦੇ ਕੇ ਇੱਕ ਚੰਗੀ ਮਿਸਾਲ ਕਾਇਮ ਕੀਤੀ ਨੰਬਰਦਾਰ ਪ੍ਰਭਪਾਲ ਸਿੰਘ ਨੇ ਕਿਹਾ ਕਿ ਇਹ ਸਾਰੀ ਕਿਰਪਾ ਮਹਾਂਪੁਰਖ ਸੰਤ ਬਾਬਾ ਗੁਰਬਚਨ ਸਿੰਘ ਜੀ ਡੰਡੇ ਵਾਲਿਆਂ ਦੀ ਹੀ ਹੈ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਅੱਜ ਨੰਬਰਦਾਰ ਪਰਿਵਾਰ ਦਾ ਬਹੁਤ ਹੀ ਚੰਗਾ ਉਪਰਾਲਾ ਨੰਬਰਦਾਰ ਬਿਕਰਮਜੀਤ ਸਿੰਘ ਜਿਨ੍ਹਾਂ ਨੇ ਨੌ ਨੌਜਵਾਨ ਗੁਰਜੰਟ ਸਿੰਘ ਨੂੰ ਇਨਾਮ ਵਜੋਂ ਮੋਟਰਸਾਈਕਲ ਦਿੱਤਾ ਤੇ ਹੋਰ ਵੱਡੀਆਂ ਰਾਸ਼ੀਆਂ ਨਕਦ ਇਨਾਮ 75000 ਰੁਪਏ ਜੇਤੂ ਟੀਮ ਫਰੰਦੀਪੁਰ ਨੂੰ ਦਿੱਤੇ ਤੇ ਦੂਜੇ ਨੰਬਰ ਵਾਲੀ ਘਰਿਆਲਾ ਟੀਮ ਨੂੰ 65000 ਰੁਪਏ ਨਕਦ ਇਨਾਮ ਦਿੱਤੇ ਇਸ ਨਾਲ ਇਲਾਕੇ ਦੇ ਨੌਜਵਾਨਾਂ ਨੂੰ ਚੰਗਾ ਸੁਨੇਹਾ ਜਾਵੇਗਾ ਕਿ ਅਸੀਂ ਆਪਣੀ ਚੰਗੀ ਸਿਹਤ ਬਣਾਈਏ ਤੇ ਖੇਡਾਂ ਵਿੱਚ ਮੱਲਾਂ ਮਾਰੀਏ। ਇਸ ਨਾਲ ਨੌਜਵਾਨ ਬੱਚਿਆਂ ਦਾ ਧਿਆਨ ਕੋਹੜ ਰੂਪੀ ਨਸ਼ਿਆਂ ਵੱਲ ਨਹੀਂ ਜਾਵੇਗਾ ਤੇ ਸਾਡੇ ਬੱਚੇ ਇਸ ਦਲਦਲ ਤੋਂ ਦੂਰ ਰਹਿਣਗੇ। ਇਸ ਮੌਕੇ ਸਾਬਕਾ ਚੇਅਰਮੈਨ ਬਲਾਕ ਸੰਮਤੀ ਗੁਰਮੀਤ ਸਿੰਘ ਭੀਲੋਵਾਲ , ਨੰਬਰਦਾਰ ਪ੍ਰਭਪਾਲ ਸਿੰਘ ਮਾਂਗਾ ਸਰਾਏ, ਸੰਦੀਪ ਸਿੰਘ, ਸਰਪੰਚ ਸੁੱਖਦੇਵ ਸਿੰਘ, ਹਰਪਾਲ ਸਿੰਘ, ਬਿਕਰਮਜੀਤ ਸਿੰਘ, ਜਸਕਰਨ ਸਿੰਘ, ਸ਼ਮਸ਼ੇਰ ਸਿੰਘ, ਗੁਰਮੇਜ ਸਿੰਘ, ਆਗਿਆ ਪਾਲ ਸਿੰਘ, ਮੈਂਬਰ ਛਿੰਦ ਚਾਟੀਵਿੰਡ, ਦਲੇਰ ਸਿੰਘ ਸਾਧਪੁਰ, ਮੈਂਬਰ ਸਰਬਜੀਤ ਸਿੰਘ, ਭੁਪਿੰਦਰ ਸਿੰਘ, ਲਵਦੀਪ ਸਿੰਘ, ਸਾਹਿਬ ਸਿੰਘ, ਗੁਰਜੰਟ ਸਿੰਘ ਆਦਿ ਆਗੂ ਵੀ ਹਾਜ਼ਰ ਸਨ ।

# ਮਜੀਠੀਆ ਨੇ ਅੱਜ ਤੱਕ ਦੀ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਨੂੰ ਦੱਸਿਆ ਜ਼ੀਰੋ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਦਿਲਾਂ ਤੋਂ ਲੱਥ ਚੁੱਕੀ ਹੈ ਮੁੱਖ ਮੰਤਰੀ ਭਗਵੰਤ ਮਾਨ ਝੂਠੀ ਬਿਆਨਬਾਜ਼ੀ ਕਰਕੇ ਲੋਕਾਂ ਨੂੰ ਗੁਮਰਾਹ ਕਰਨ ਦੇ ਯਤਨ ਕਰ ਰਹੇ ਹਨ ਜਿਸ ਵਿੱਚ ਉਹ ਕਦੇ ਕਾਮਯਾਬ ਨਹੀਂ ਹੋਣਗੇ। ਇਹ ਪ੍ਰਗਟਾਵਾ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਹਲਕਾ ਮਜੀਠਾ ਦੇ ਵੱਖ-ਵੱਖ ਆਗੂਆਂ ਨਾਲ ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਗੱਲਬਾਤ ਕਰਦਿਆਂ ਕੀਤਾ। ਮਜੀਠੀਆ ਨੇ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਕਹਿੰਦੀ ਹੈ ਕਿ ਉਹ ਇੱਕ ਇੱਕ ਪੈਸੇ ਦਾ ਹਿਸਾਬ ਰੱਖ ਰਹੀ ਹੈ ਪਰ ਆਪਣੀ ਬਜਟ ਵਿੱਚ ਕੋਈ ਤਜਵੀਜ਼ ਨਹੀਂ ਲੈ ਕੇ ਨਹੀ ਆਈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਸੁੱਖ ਸਹੂਲਤਾਂ ਦੇਣ ਦੇ ਦਾਅਵੇ ਕਰਨ ਵਾਲੀ ਸਰਕਾਰ ਵੱਲੋਂ ਨਵੇਂ ਟੈਕਸ ਜਿਵੇ ਅਸ਼ਟਾਮ ਫੀਸ ਵਧਾਉਣ ਅਤੇ ਹੁਣ ਦੋਪਹੀਆ ਅਤੇ ਚਾਰ ਪਹੀਆ ਵਾਹਨਾਂ ਤੇ ਭਾਰੀ ਟੈਕਸ ਲਗਾ ਦਿੱਤੇ ਗਏ ਹਨ ਜਿਸ ਕਾਰਨ ਹੁਣ ਲੋਕਾਂ ਨੂੰ ਇਹ ਵਾਹਨ ਮਹਿੰਗੇ ਰੇਟ ਤੇ ਖਰੀਦਣੇ ਪੈਣਗੇ। ਉਨ੍ਹਾਂ ਕਿਹਾ ਕਿ ਅੱਜ ਤੱਕ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਜੀਰੋ ਸਾਬਿਤ ਹੋਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ ,ਸੋਨੂ ਬੋਪਾਰਾਏ, ਗਾਂਧੀ ਨਿਬਰਵਿੰਡ, ਐਡਵੋਕੇਟ ਬਿਕਰਮਜੀਤ ਸਿੰਘ ਭੋਇ, ਰਣਧੀਰ ਸਿੰਘ ਧੀਰਾ ਭੋਏ ਅਤੇ ਹੋਰ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਅੰਬਾਨੀਆਂ ਅਡਾਨੀਆਂ ਦੀ ਕੇਂਦਰ ਸਰਕਾਰ ਨਾਲ ਪੂਰੀ ਮਿਲੀਭੁਗਤ : ਰਾਜਾ ਵੜਿੰਗ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਤੇ ਮੈਂਬਰ ਲੋਕ ਸਭਾ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਅੰਬਾਨੀ ਤੇ ਅੰਡਾਨੀ ਨਾਲ ਗੂੜੇ ਸੰਬੰਧ ਹਨ ਜਿਨਾਂ ਦੇ ਰਿਸ਼ਤੇ ਕਾਂਗਰਸ ਪਾਰਟੀ ਉਜਾਗਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੇਬੀ ਦੀ ਚੇਅਰਪਰਸਨ ਮੈਡਮ ਮਾਧੁਰੀ ਪੂਰੀ ਦੀ ਸ਼ੇਅਰ ਮਾਰਕੀਟ ਦੇ ਗੋਰਖਧੰਧੇ ਦਾ ਪਰਦਾ ਜਲਦ ਫਾਸ਼ ਕਰਾਂਗੇ ਕਿ ਇਹ ਕਿਵੇਂ ਅਡਾਨੀਆਂ ਨੂੰ ਲੱਖਾਂ ਕਰੋੜ ਰੁਪੈ ਦਾ ਫਾਇਦਾ ਪਹੁੰਚਾਉਂਦੇ ਹਨ। ਇਸ ਮੌਕੇ ਰਾਜਾ ਵੜਿੰਗ ਨੇ ਕਿਹਾ ਕਿ ਸਾਡੇ ਮਹਿਬੂਬ ਨੇਤਾ ਰਾਹੁਲ ਗਾਂਧੀ ਨੇ ਤਾਂ ਪਾਰਲੀਮੈਂਟ ਵਿੱਚ ਵੀ ਮੋਦੀ ਸਰਕਾਰ ਨੂੰ ਪੁੱਛਿਆ ਸੀ ਕਿ ਮੋਦੀ ਜੀ ਤੁਹਾਡੇ ਅਡਾਨੀ ਤੇ ਅੰਬਾਨੀਆਂ ਨਾਲ ਕੀ ਰਿਸ਼ਤੇ ਹਨ? ਹੁਣ ਤਾਂ ਅੰਕੜਿਆਂ ਤੇ ਸਬੂਤਾਂ ਸਮੇਤ ਪਤਾ ਲੱਗ ਜਾਵੇਗਾ। ਇਸ ਮੌਕੇ ਸਾਬਕਾ ਮੰਤਰੀ ਤੇ ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਸਾਬਕਾ ਮੰਤਰੀ ਤੇ ਵਿਧਾਇਕ ਰਾਣਾ ਗੁਰਜੀਤ ਸਿੰਘ, ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ, ਮਜੀਠਾ ਹਲਕੇ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ, ਵਿਧਾਇਕ ਹਰਦੇਵ ਸਿੰਘ ਸ਼ੇਰੋਵਾਲੀਆ, ਸਾਬਕਾ ਵਿਧਾਇਕ ਲਖਬੀਰ ਸਿੰਘ ਪਾਇਲ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਸਾਬਕਾ ਐਮ ਪੀ ਜਸਬੀਰ ਸਿੰਘ ਗਿੱਲ, ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਗੜ, ਰਾਜਾ ਗਿੱਲ ਹਲਕਾ ਇੰਚਾਰਜ , ਸਾਬਕਾ ਵਿਧਾਇਕ ਕੁਲਬੀਰ ਸਿੰਘ ਜੀਰਾ, ਸਾਬਕਾ ਵਿਧਾਇਕ ਦਰਸ਼ਨ ਸਿੰਘ, ਕੈਪਟਨ ਸੰਦੀਪ ਸਿੰਘ ਸੰਧੂ, ਰਾਜਬੀਰ ਸਿੰਘ ਵਰਨਾਲਾ , ਮੇਅਰ ਸੁੱਖਦੀਪ ਸਿੰਘ ਬਟਾਲਾ, ਗੁੱਡੂ ਬਟਾਲਾ, ਵਿੱਕੀ ਭਿੰਡਰ, ਟਿੱਬੀ ਜੀ, ਟੀਟੂ ਯੂ ਐਸ ਏ ਤੇ ਹੋਰ ਵੀ ਆਗੂ ਹਾਜ਼ਰ ਸਨ।

# ਠੱਗੀ ਮਾਰਨ ਦੇ ਦੋਸ਼ਾਂ ਹੇਠ ਤਿੰਨ ਵਿਅਕਤੀਆਂ ਖਿਲਾਫ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਸਿਟੀ ਪੁਲਸ ਗੁਰਦਾਸਪੁਰ ਨੇ ਠੱਗੀ ਮਾਰਨ ਦੇ ਦੋਸ਼ਾਂ ਹੇਠ ਤਿੰਨ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਕੁਲਜਿੰਦਰ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਨਾਨਕ ਸਹਾਇ ਕਲੋਨੀ ਤੇਗ ਬਹਾਦਰ ਨਾਨਕ ਰੋਡ ਗੁਰਦਾਸਪੁਰ ਨੇ ਲਿਖਤੀ ਸ਼ਿਕਾਇਤ ਵਿੱਚ ਉਪ ਕਪਤਾਨ ਪੁਲਸ ਸਪੈਸ਼ਲ ਬ੍ਰਾਂਚ ਗੁਰਦਾਸਪੁਰ ਨੂੰ ਦੱਸਿਆ ਕਿ 12 ਅਕਤੂਬਰ 2022 ਨੂੰ ਇਲੈਕਟਰੋਨਿਕ ਮੀਟਰ ਚਿਪ ਵਾਲੇ ਅਤੇ ਸਟਰੀਟ ਲਾਈਟ ਠੀਕ ਕਰਨ ਤੇ ਨਵੀਆਂ ਲਗਾਉਣ ਲਈ ਮਿਊਂਸੀਪਲ ਕਮੇਟੀ ਗੁਰਦਾਸਪੁਰ ਦੀ ਹੱਦ ਅੰਦਰ ਟੈਂਡਰ ਲੈਣ ਸਬੰਧੀ ਦੱਸ ਕੇ ਸਰਕਾਰ ਦੇ ਖਾਤੇ ਵਿੱਚ ਸਿਕਿਉਰਟੀ ਜਮਾਂ ਕਰਵਾਉਣ ਦੇ ਬਹਾਨੇ ਨਾਲ 10 ਲੱਖ 20 ਹਜ਼ਾਰ ਰੁਪਏ ਨਕਦ ਲਏ ਸਨ। ਜਾਂਚ ਪੜਤਾਲ ਵਿਚ ਸ਼ਾਮ ਲਾਲ ਪੁੱਤਰ ਜਸਪਾਲ, ਪੰਕਜ ਕੁਮਾਰ, ਦੀਪਕ ਕੁਮਾਰ ਪੁੱਤਰਾਨ ਸ਼ਾਮ ਲਾਲ ਵਾਸੀ ਗੀਤਾ ਭਵਨ ਰੋਡ ਗੁਰਦਾਸਪੁਰ ਦੋਸ਼ੀ ਪਾਏ ਗਏ। ਇਨ੍ਹਾਂ ਖਿਲਾਫ ਥਾਣਾ ਸਿਟੀ ਗੁਰਦਾਸਪੁਰ ਪੁਲਿਸ ਨੇ 420, 406, 320ਬੀ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## 30 ਹਜ਼ਾਰ ਮਿਲੀਲੀਟਰ ਨਜਾਇਜ਼ ਸ਼ਰਾਬ ਸਮੇਤ ਇਕ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**-ਸਦਰ ਪੁਲਸ ਗੁਰਦਾਸਪੁਰ ਦੇ ਏ.ਐੱਸ.ਆਈ. ਬਖ਼ਸ਼ੀਸ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਲਤ ਅਨਸਰਾਂ ਖ਼ਿਲਾਫ਼ ਵਿਢੀ ਮੁਹਿੰਮ ਤਹਿਤ ਮੁਖਬਰ ਦੀ ਇਤਲਾਹ 'ਤੇ ਇਕ ਔਰਤ ਵਾਸੀ ਕੋਟਲੀ ਸ਼ਾਹਪੁਰ ਦੇ ਘਰ ਛਾਪਾਮਾਰੀ ਕਰਕੇ ਉਸ ਨੂੰ 30 ਹਜ਼ਾਰ ਮਿਲੀ ਲੀਟਰ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸ਼ਰਾਬ ਸਮੇਤ ਦੋਸ਼ਣ ਔਰਤ ਨੂੰ ਕਾਬੂ ਕਰਕੇ ਉਸ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਬੀ ਈ ਈ ਦਾ ਚਾਰਜ ਮਿਲਣ 'ਤੇ ਬਲਰਾਜ ਸਿੰਘ ਗਿੱਲ ਨੂੰ ਕੀਤਾ ਸਨਮਾਨਿਤ



**ਚੋਹਲਾ ਸਾਹਿਬ (ਰਮਨ ਚੱਢਾ)**—ਡਾ. ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਵੱਲੋਂ ਹੈਲਥ ਵਰਕਰ ਬਲਰਾਜ ਸਿੰਘ ਗਿੱਲ ਨੂੰ ਬੀ ਈ ਈ ਦਾ ਚਾਰਜ ਦੇਣ ਸਮੇਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਦੱਸਿਆਂ ਕਿ ਕਮਿਉਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰ ਰਿਹਾ ਹੈ ਅਤੇ ਇਥੋਂ ਦਾ ਮਿਹਨਤੀ ਸਟਾਫ ਲੋਕਾਂ ਨੂੰ ਸਿਹਤ ਸਬੰਧੀ ਸਮੇਂ ਸਮੇਂ ਤੇ ਜਾਗਰੂਕ ਕਰਦਾ ਰਹਿੰਦਾ ਹੈ ਅਤੇ ਜ਼ਰੂਰਤ ਪੈਣ ਤੇ ਤੁਰੰਤ ਮਰੀਜ਼ਾਂ ਦੀ ਸਿਹਤਯਾਬੀ ਲਈ ਯਤਨ ਕਰਦਾ ਹੈ ਉਨ੍ਹਾਂ ਦੱਸਿਆ ਕਿ ਅੱਜ ਬਲਰਾਜ ਸਿੰਘ ਗਿੱਲ ਹੈਲਥ ਵਰਕਰ ਨੂੰ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਦਾ ਚਾਰਜ ਦਿੱਤਾ ਗਿਆ ਤਾਂ ਜੋ ਬਲਾਕ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਵਿੱਚ ਸਹੀ ਸਮੇਂ ਤੇ ਲੋਕਾਂ ਨੂੰ ਭਿਆਨਕ ਬਿਮਾਰੀਆਂ ਸਬੰਧੀ ਜਾਗਰੂਕ ਕੀਤਾ ਜਾ ਸਕੇ ਅਤੇ ਸਰਕਾਰ ਵੱਲੋਂ ਜਾਰੀ ਕੀਤੀਆਂ ਜਾਂਦੀਆਂ ਵੱਖ ਵੱਖ ਸਕੀਮਾਂ ਬਾਰੇ ਵੀ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਸਕੇ। ਇਸ ਸਮੇਂ ਵਿਸ਼ਾਲ ਕੁਮਾਰ ਬੀ ਐਸ ਏ,ਮਨਦੀਪ ਸਿੰਘ ਆਈ ਏ,ਐਸ ਆਈ ਅੰਗਰੇਜ਼ ਸਿੰਘ,ਐਸ ਆਈ ਬਿਕਰਮਜੀਤ ਸਿੰਘ,ਐਸ ਆਈ ਸਤਨਾਮ ਸਿੰਘ,ਰਾਜੀਵ ਕੁਮਾਰ ਹੈਲਥ ਵਰਕਰ ਅਤੇ ਲਖਵਿੰਦਰ ਸਿੰਘ ਲੱਖਾ ਪ੍ਰਧਾਨ ਆਦਿ ਹਾਜ਼ਰ ਸਨ।

# 27 ਨੂੰ ਡੇਰਾ ਬਾਬਾ ਨਾਨਕ ਵਿਖੇ ਲੱਗੇਗਾ ਲੜਕੀਆਂ ਲਈ ਸਵੈ-ਰੋਜ਼ਗਾਰ ਮੇਲਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ 27 ਅਗਸਤ ਨੂੰ ਡੇਰਾ ਬਾਬਾ ਨਾਨਕ ਵਿਖੇ ਵਿਸ਼ੇਸ਼ ਰੋਜ਼ਗਾਰ ਤੇ ਸਵੈ ਰੋਜ਼ਗਾਰ ਮੇਲਾ ਲਗਾਇਆ ਜਾ ਰਿਹਾ ਹੈ। ਇਸ ਰੋਜ਼ਗਾਰ ਤੇ ਸਵੈ ਰੋਜ਼ਗਾਰ ਮੇਲੇ ਦੀਆਂ ਤਿਆਰੀਆਂ ਸਬੰਧੀ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ), ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਦੌਰਾਨ ਰੋਜ਼ਗਾਰ ਤੇ ਸਵੈ ਰੋਜ਼ਗਾਰ ਮੇਲੇ ਨੂੰ ਸੁਚਾਰੂ ਢੰਗ ਨਾਲ ਸਫਲ ਬਣਾਉਣ ਲਈ ਵੱਖ-ਵੱਖ ਵਿਭਾਗਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੁਰਿੰਦਰ ਸਿੰਘ ਨੇ ਦੱਸਿਆ ਕਿ ਮਿਤੀ 27 ਅਗਸਤ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ), ਡੇਰਾ ਬਾਬਾ ਨਾਨਕ ਵਿਖੇ ਇਕ ਵਿਸ਼ੇਸ਼ ਪਲੇਸਮੈਂਟ ਕੈਂਪ ਲੜਕੀਆਂ ਲਈ ਲਗਾਇਆ ਜਾਵੇਗਾ।ਉਨ੍ਹਾਂ ਦੱਸਿਆ ਗਿਆ ਕਿ ਸਵੈ ਰੋਜ਼ਗਾਰ ਨਾਲ ਸਬੰਧਿਤ ਚੀਫ਼ ਮੈਨੇਜਰ ਲੀਡ ਬੈਂਕ, ਗੁਰਦਾਸਪੁਰ, ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਬਟਾਲਾ, ਡਿਪਟੀ ਡਾਇਰੈਕਟਰ ਡੇਅਰੀ ਵਿਭਾਗ, ਗੁਰਦਾਸਪੁਰ, ਡਿਪਟੀ ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਗੁਰਦਾਸਪੁਰ, ਸਹਾਇਕ ਡਾਇਰੈਕਟਰ, ਮੱਛੀ ਪਾਲਣ, ਗੁਰਦਾਸਪੁਰ, ਜ਼ਿਲ੍ਹਾ ਮੈਨੇਜਰ , ਐੱਸ.ਸੀ. ਕਾਰਪੋਰੇਸ਼ਨ, ਗੁਰਦਾਸਪੁਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਗੁਰਦਾਸਪੁਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਗੁਰਦਾਸਪੁਰ, ਜ਼ਿਲ੍ਹਾ ਮੈਨੇਜਰ, ਬੈਕਫਿਨਕੋ, ਗੁਰਦਾਸਪੁਰ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ, ਗੁਰਦਾਸਪੁਰ ,ਸਰਕਾਰੀ ਅਤੇ ਪ੍ਰਾਈਵੇਟ ਬੈਂਕਾਂ ਵੱਲੋਂ ਸਵੈ ਰੋਜ਼ਗਾਰ ਦੇ ਸਟਾਲ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਜਿਹੜੀਆਂ ਲੜਕੀਆਂ ਸਵੈ ਰੋਜ਼ਗਾਰ ਕਰਨ ਲਈ ਲੋਨ ਲੈਣ ਦੀਆਂ ਚਾਹਵਾਨ ਹਨ, ਉਹ ਪ੍ਰਧਾਨ ਮੰਤਰੀ ਮੁਦਰਾ ਸਕੀਮ, ਪ੍ਰਧਾਨ ਮੰਤਰੀ ਰੋਜ਼ਗਾਰ ਜਨਰੇਸ਼ਨ ਪ੍ਰੋਗਰਾਮ ਅਤੇ ਸਟੈਂਡ ਅੱਪ ਇੰਡੀਆ ਸਕੀਮਾਂ ਦੇ ਤਹਿਤ ਆਪਣਾ ਸਵੈ-ਰੋਜ਼ਗਾਰ ਸ਼ੁਰੂ ਕਰਨ ਲਈ ਲੋਨ ਲੈ ਸਕਦੀਆਂ ਹਨ।ਜ਼ਿਲ੍ਹਾ ਰੋਜ਼ਗਾਰ ਅਫ਼ਸਰ ਸ੍ਰੀ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਦੌਰਾਨ ਰੈਕਸਾ ਸਕਿਉਰਿਟੀ, ਸਿਵਫਟ ਸਕਿਉਰਿਟੀ, ਕੇ.ਵੀ. ਇੰਟਰਪਰਾਈਜ਼ਰ, ਨੈੱਟ ਸਪਾਟ ਸਰਵਿਸ ਪ੍ਰਾਈਵੇਟ ਲਿਮਟਿਡ, ਏਅਰਟੈੱਲ, ਆਈ.ਸੀ.ਆਈ.ਸੀ, ਐੱਸ.ਟੀ. ਕੋਟੈਕਸ ਐਕਸਪੋਰਟ, ਐੱਲ.ਆਈ.ਸੀ, ਐੱਸ.ਬੀ.ਆਈ. ਇੰਸ਼ੋਰੈਂਸ, ਐੱਚ.ਐੱਸ.ਬੀ.ਸੀ, ਬਜਾਜ ਫਾਈਨੈਂਸ, ਪੁਖਰਾਜ ਹਰਬਲ ਅਤੇ ਐਜੀਲਾ ਹਰਬਲ ਸਮੇਤ ਵੱਖ-ਵੱਖ ਕੰਪਨੀਆਂ ਵੱਲੋਂ ਸਕਿਉਰਿਟੀ ਗਾਰਡ, ਵੇਅਰ ਹਾਊਸ ਪੈਕਰ, ਇੰਸ਼ੋਰੈਂਸ ਐਡਵਾਈਜ਼ਰ, ਲੋਨ ਐਡਵਾਈਜ਼ਰ ਅਤੇ ਵੈਲਨੈੱਸ ਐਡਵਾਈਜ਼ਰ ਦੀਆਂ ਆਸਮੀਆਂ ਲਈ ਲੜਕੀਆਂ ਦੀ ਚੋਣ ਕੀਤੀ ਜਾਵੇਗੀ। ਇਹਨਾਂ ਵੱਖ-ਵੱਖ ਅਸਾਮੀਆਂ ਲਈ ਯੋਗਤਾ 10ਵੀਂ, 12ਵੀਂ ਪਾਸ ਅਤੇ ਗਰੈਜੂਏਸ਼ਨ ਹੋਣੀ ਚਾਹੀਦੀ ਹੈ ਅਤੇ ਇੰਟਰਵਿਊ ਦੇਣ ਲਈ ਉਮਰ ਦੀ ਹੱਦ 18-37 ਸਾਲ ਹੈ। ਉਨ੍ਹਾਂ ਕਿਹਾ ਕਿ ਪ੍ਰਾਰਥੀਆਂ ਨੂੰ ਵੱਖ-ਵੱਖ ਕੰਪਨੀਆਂ ਵੱਲੋਂ ਯੋਗਤਾ ਅਨੁਸਾਰ 10000 ਤੋਂ 15000 ਤੱਕ ਸੈਲਰੀ ਦਾ ਪੈਕੇਜ ਦਿੱਤਾ ਜਾਵੇਗਾ ।

# ਜੂਡੋ 'ਚ ਹਾਈ ਸਕੂਲ ਸਰਨਾ ਦੇ ਖਿਡਾਰੀਆਂ ਨੇ ਮਾਰੀਆਂ ਮੱਲਾਂ



**ਪਠਾਨਕੋਟ (ਦਵਿੰਦਰ ਸਿੰਘ)**-ਜ਼ਿਲ੍ਹਾ ਸਿੱਖਿਆ ਅਫ਼ਸਰ ਪਠਾਨਕੋਟ ਸੈਕੰਡਰੀ ਰਾਜੇਸ਼ ਕੁਮਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਅਰੁਣ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਗਿਆਰ੍ਹਵੀਂਆਂ ਜ਼ਿਲ੍ਹਾ ਸਕੂਲ ਖੇਡਾਂ ਵਿੱਦਿਆ ਮੰਦਿਰ ਸਕੂਲ ਪਠਾਨਕੋਟ ਵਿਖੇ ਜ਼ਿਲ੍ਹਾ ਖੇਡ ਇੰਚਾਰਜ ਡੀਪੀਈ ਪਵਨ ਸਵਾਮੀ ਅਤੇ ਪੂਜਾ ਪਠਾਨੀਆ ਵਲੋਂ ਕਰਵਾਈਆਂ ਗਈਆਂ ਜਿਸ ਦੌਰਾਨ ਜੂਡੋ ਵਿੱਚ ਸਰਕਾਰੀ ਹਾਈ ਸਕੂਲ ਸਰਨਾ ਦੇ ਖਿਡਾਰੀਆਂ ਮੱਲਾਂ ਮਾਰੀਆਂ।

ਜਾਣਕਾਰੀ ਦਿੰਦਿਆਂ ਸਰਕਾਰੀ ਹਾਈ ਸਕੂਲ ਸਰਨਾ ਦੇ ਡੀਪੀਈ ਪਵਨ ਸਵਾਮੀ ਨੇ ਦੱਸਿਆ ਕਿ ਸਕੂਲ ਵਿੱਚ ਚੱਲ ਰਹੇ ਡੇ-ਸਕਾਲਰ ਵਿੰਗ ਦੇ 22 ਖ਼ਿਡਾਰੀਆਂ ਨੇ ਭਾਗ ਲਿਆ ਅਤੇ ਪਾਵਨੀ, ਭਾਰਤੀ, ਗੁੰਜਨ, ਸੇਜਲ, ਸ਼ਨੋਈ, ਅਦਿੱਤਿਆ, ਵਿਰਦੀ, ਰਾਜਨ, ਪ੍ਰਥਮ, ਮੁਨੀਸ਼, ਕ੍ਰਿਸ਼ਨਾ ਨੇ ਗੋਲਡ ਮੈਡਲ ਨਵਲੀਨ, ਮੰਨਤ, ਰਾਧਿਕਾ, ਸੁਖਮਣੀ, ਲੱਕੀ, ਦਿਮਾਂਸ਼ੂ ਅਤੇ ਰਾਹੁਲ ਨੇ ਸਿਲਵਰ ਮੈਡਲ ਅਤੇ ਰਿਸ਼ਭ, ਸ਼ਿਵ ਕੁਮਾਰ, ਵਿਸ਼ਾਲ ਚੌਧਰੀ, ਵੰਸ਼ਿਕਾ ਅਤੇ ਮਾਹੀ ਪਠਾਨੀਆ ਨੇ ਬਰੌਂਜ਼ ਮੈਡਲ ਹਾਸਲ ਕੀਤੇ ਅਤੇ ਪਹਿਲੇ, ਦੂਜੇ, ਸਥਾਨ ਹਾਸਲ ਕਰਨ ਵਾਲੇ ਖਿਡਾਰੀ ਕੈਂਪ ਲਈ ਸਲੈਕਟ ਹੋਏ।ਸਕੂਲ ਦੇ ਹੈਡਮਾਸਟਰ ਰਵੀਕਾਂਤਅਤੇ ਸਮੂਹ ਸਟਾਫ ਵੱਲੋਂ ਜਿੱਤੇ ਹੋਏ ਖ਼ਿਡਾਰੀਆਂ ਮੈਡਲ ਅਤੇ ਸਰਟੀਫਿਕੇਟ ਦਿੰਦੇ ਹੋਏ ਵਧਾਈ ਦਿੱਤੀ ਅਤੇ ਉਜਵਲ ਭਵਿੱਖ ਦੀ ਕਾਮਨਾ ਕੀਤੀ

# ਪਿੰਡਾਂ 'ਚ ਬੀਬੀਆਂ ਦੀਆਂ ਕਮੇਟੀਆਂ ਗਠਿਤ, ਜਥੇਬੰਦੀ ਨੂੰ ਮਿਲਿਆ ਵੱਡਾ ਹੁੰਗਾਰਾ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਧੀਨ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਦੀਪ ਸਿੰਘ ਜੀ ਦੇ ਚਾਰ ਪਿੰਡਾਂ ਪੰਡੋਰੀ ਸਿੱਧਵਾਂ, ਖੈਰਦੀਨ ਕੇ, ਠੱਠਗੜ੍ਹ ਤੇ ਐਮਾਂ ਕਲਾਂ ਵਿੱਚ ਬੀਬੀਆਂ ਦੀਆਂ ਕਮੇਟੀਆਂ ਦਾ ਕੀਤਾ ਗਠਨ।ਇਸ ਮੌਕੇ ਜ਼ਿਲਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ, ਜ਼ੋਨ ਖਜਾਨਚੀ ਹਰਜਿੰਦਰ ਸਿੰਘ ਪੰਡੋਰੀ ਸਿੱਧਵਾਂ ਨੇ ਕਿਹਾ ਕਿ ਜ਼ੋਨ ਦੇ ਸਾਰੇ ਪਿੰਡਾਂ ਵਿੱਚ ਬੀਬੀਆਂ ਦੀਆ ਕਮੇਟੀਆਂ ਬਣਾਈਆਂ ਜਾਣਗੀਆਂ, ਜਿਸ ਦੀ ਸ਼ੁਰੂਆਤ ਵਿੱਚ ਬੀਬੀਆਂ ਵੱਲੋਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੂੰ ਵੱਡਾ ਹੁੰਗਾਰਾ ਮਿਲਿਆ ਅਤੇ ਬੀਬੀਆਂ ਦੀਆਂ ਕਮੇਟੀਆਂ ਬਣਾਈਆਂ ਗਈ।

ਇਸੇ ਤਰ੍ਹਾਂ ਜੋਨ ਦੇ ਰਹਿੰਦੇ ਪਿੰਡਾਂ ਵਿੱਚ ਬੀਬੀਆਂ ਦੀਆਂ ਕਮੇਟੀਆਂ ਬਣਾਈਆਂ ਜਾਣਗੀਆਂ, ਬੀਬੀਆਂ ਦੀਆਂ ਬਣੀਆਂ ਕਮੇਟੀਆਂ ਵਿੱਚੋਂ ਚੰਗੀ ਨੀਤੀਕਾਰ ਬੀਬੀਆਂ ਨੂੰ ਜੋਨ ਦੀ ਕਮੇਟੀ ਵਿੱਚ ਵੱਡੀ ਜਿੰਮੇਵਾਰੀ ਦਿੱਤੀ ਜਾਵੇਗੀ,f ਜਸ ਦਾ ਐਲਾਨ 27 ਅਗਸਤ ਨੂੰ ਜੋਨ ਬਾਬਾ ਦੀਪ ਸਿੰਘ ਜੀ ਦੀ ਮੀਟਿੰਗ ਵਿੱਚ ਕਰ ਦਿੱਤਾ ਜਾਵੇਗਾ, 31 ਅਗਸਤ ਨੂੰ ਜੋਨ ਬਾਬਾ ਦੀਪ ਸਿੰਘ ਜੀ ਵੱਲੋਂ ਵੱਡੀ ਗਿਣਤੀ ਵਿੱਚ ਬੀਬੀਆਂ ਦਾ ਜੱਥਾ ਜਾਵੇਗਾ।ਇਸ ਮੌਕੇ ਪਿੰਡ ਠੱਠਗੜ੍ਹ ਵਿੱਚ ਪ੍ਰਧਾਨ ਕਸ਼ਮੀਰ ਕੌਰ, ਬਲਬੀਰ ਕੌਰ, ਅਮਰੀਕ ਕੌਰ,ਦਰਸ਼ਨ ਕੌਰ,ਪਿੰਡ ਪੰਡੋਰੀ ਸਿੱਧਵਾਂ ਵਿੱਚ,ਪ੍ਰਧਾਨ ਸੰਪੂਰਨ ਕੌਰ, ਸਕੱਤਰ ਰਾਜ ਕੌਰ, ਸੀਨੀਅਰ ਮੀਤ ਪ੍ਰਧਾਨ ਪਿੰਦਰ ਕੌਰ, ਮੀਤ ਪ੍ਰਧਾਨ ਕਸ਼ਮੀਰ ਕੌਰ, ਮੀਤ ਸਕੱਤਰ ਨਿੰਦਰ ਕੌਰ, ਖਜਾਨਚੀ ਜਸਪ੍ਰੀਤ ਕੌਰ, ਸਹਾਇਕ ਖਜਾਨਚੀ ਬਲਵਿੰਦਰ ਕੌਰ, ਮੀਤ ਪ੍ਰਧਾਨ ਮਲਕੀਤ ਕੌਰ, ਚਰਨਜੀਤ ਕੌਰ, ਪ੍ਰੈਸ ਸਕੱਤਰ ਸੰਦੀਪ ਕੌਰ, ਪ੍ਰਭਜੀਤ ਕੌਰ, ਪ੍ਰਧਾਨ ਜਸਵੰਤ ਕੌਰ, ਗੁਰਿੰਦਰ ਕੌਰ, ਸਰਬਜੀਤ ਕੌਰ, ਦਿਲਜੀਤ ਕੌਰ,ਕੁਲਵੰਤ ਕੌਰ, ਅਮਰਜੀਤ ਕੌਰ,ਰਾਜਵੰਤ ਕੌਰ, ਸਤਿੰਦਰ ਕੌਰ, ਰਜਵੰਤ ਕੌਰ, ਗੁਰਮੀਤ ਕੌਰ, ਬਲਵਿੰਦਰ ਕੌਰ, ਬੀਬੀਆਂ ਦੀਆਂ ਨਵੀ ਕਮੇਟੀਆਂ ਗਠਿਤ ਕੀਤੀਆ।

# ਨੌਜਵਾਨੀ 'ਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



**ਪਠਾਨਕੋਟ (ਦਵਿੰਦਰ ਸਿੰਘ)**-ਮਾਣਯੋਗ ਡਾਇਰੈਕਟਰ ਐੱਸ. ਸੀ. ਆਰ. ਟੀ. ਈ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਧਾਨੀ ਜ਼ਿਲ੍ਹਾ ਪਠਾਨਕੋਟ ਵਿਖੇ ਸਕੂਲੀ ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਅਤੇ ਇਸ ਤੋਂ ਪੈਦਾ ਹੋਣ ਵਾਲੀਆਂ ਕੁਰੀਤੀਆਂ ਬਾਰੇ ਜਾਣਕਾਰੀ ਦੇ ਕੇ ਜਾਗਰੂਕ ਕੀਤਾ ਗਿਆ। ਇਸ ਮੌਕੇ ਤੇ ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਠਾਨਕੋਟ ਤੋਂ ਆਏ ਲੀਗਲ ਸਹਾਇਕ ਜੋਗਿੰਦਰ ਪਾਲ ਨੇ ਨਸ਼ੇ ਵੇਚਣ ਅਤੇ ਕਰਨ ਵਾਲੀਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਬਾਰੇ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਆਪ ਸਭ ਦੇ ਸਹਿਯੋਗ ਨਾਲ ਨਸ਼ਿਆਂ ਖਿਲਾਫ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਯਕੀਨ ਹੈ ਕਿ ਇਸ ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆਉਣਗੇ। ਉਨ੍ਹਾਂ ਕਿਹਾ ਕਿ ਸਾਨੂੰ ਖੁੱਲ੍ਹੇਆਮ ਰੋਲ ਮਾਡਲ ਵਜੋਂ ਅੱਗੇ ਆਉਣਾ ਪਵੇਗਾ ਅਤੇ ਜੇਕਰ ਕੋਈ ਨਸ਼ਿਆਂ ਦੀ ਦਲਦਲ ਵਿੱਚ ਫਸ ਗਿਆ ਹੈ ਤਾਂ ਉਸ ਦੇ ਇਲਾਜ ਲਈ ਸਾਨੂੰ ਪਹਿਲਕਦਮੀ ਕਰਨੀ ਪਵੇਗੀ।ਸਕੂਲ ਪ੍ਰਿੰ. ਰਘਬੀਰ ਕੌਰ ਨੇ ਸੰਬੋਧਨ ਕਰਦਿਆਂ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਸਿਰਫ਼ ਪ੍ਰਸ਼ਾਸਨ ਅਤੇ ਪੁਲਸ ਦਾ ਕੰਮ ਨਹੀਂ ਹੈ, ਸਗੋਂ ਇਹ ਸਾਨੂੰ ਸਾਰਿਆਂ ਨੂੰ ਮਿਲ ਕੇ ਕਰਨਾ ਪਵੇਗਾ।ਇਸ ਪ੍ਰੋਗਰਾਮ ਵਿੱਚ ਬੱਡੀ ਗਰੁੱਪ ਦੇ ਇੰਚਾਰਜ ਚੱਤਰ ਸਿੰਘ ਅਤੇ ਸਕੂਲ ਦੇ ਅਧਿਆਪਕਾਂ ਨੇ ਭਾਗ ਲਿਆ।

# ਰਾਸ਼ਟਰੀ ਪੁਲਾੜ ਦਿਵਸ-2024 ਮੌਕੇ ਕੁਇਜ਼ ਮੁਕਾਬਲਾ ਆਯੋਜਿਤ




**ਬਟਾਲਾ (ਤਰਲੋਕ ਬੱਗਾ)** ਚੰਦਰਯਾਨ-3 ਮਿਸ਼ਨ ਦੀ ਸਫਲਤਾ ਦੀ ਯਾਦ ਵਿਚ, ਜਿਸ ਨੇ 23 ਅਗਸਤ ਨੂੰ ਸ਼ਿਵ ਸ਼ਕਤੀ ਬਿੰਦੂ 'ਤੇ ਵਿਕਰਮ ਲੈਂਡਰ ਦੀ ਸੁਰੱਖਿਅਤ ਲੈਂਡਿੰਗ ਨੂੰ ਪੂਰਾ ਕੀਤਾ ਅਤੇ ਚੰਦਰਮਾ ਦੀ ਸਤ੍ਹਾ ਤੇ ਪ੍ਰਗਿਆਨ ਰੋਵਰ ਦੀ ਤਾਇਨਾਤੀ ਨੂੰ ਪੂਰਾ ਕੀਤਾ, ਰਾਸ਼ਟਰੀ ਪੁਲਾੜ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵੱਲੋਂ ਕੁਇਜ਼ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ 20 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਰੋਹਿਣੀ, ਸਪੂਤਨਿਕ, ਆਰੀਆਭੱਟ ਅਤੇ ਇਨਸੈਟ-ਆਈਏ ਨਾਮ ਦੀਆਂ ਚਾਰ ਟੀਮਾਂ ਬਣਾਈਆਂ ਗਈਆਂ ਸਨ। ਹਰ ਟੀਮ ਵਿੱਚ 5 ਵਿਦਿਆਰਥੀ ਸਨ। ਇਸ ਸਮਾਰੋਹ ਦਾ ਉਦੇਸ਼ ਵਿਦਿਆਰਥੀਆਂ ਨੂੰ ਪੁਲਾੜ ਟੈਕਨਾਲੋਜੀ ਦੀਆਂ ਨਵੀਆਂ ਕਾਢਾਂ ਅਤੇ ਪ੍ਰਾਪਤੀਆਂ ਤੋਂ ਜਾਣੂ ਕਰਵਾਉਣਾ ਸੀ। ਵਿਦਿਆਰਥੀਆਂ ਦਾ ਉਤਸ਼ਾਹ ਅਤੇ ਸ਼ਮੂਲੀਅਤ ਸ਼ਲਾਘਾਯੋਗ ਸੀ। ਇਸ ਮੌਕੇ ਤੇ ਚੇਅਰਮੈਨ ਸ਼੍ਰੀ ਅਰਵਿੰਦ ਖੋਸਲਾ, ਪ੍ਰਧਾਨ ਸ਼੍ਰੀ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਵਧਾਈ ਦੇ ਨਾਲ ਵਿਦਿਆਰਥੀਆਂ ਨੂੰ ਸਪੇਸ ਟੈਕਨਾਲੋਜੀ ਅਤੇ ਇਸ ਦੇ ਉਪਯੋਗ ਬਾਰੇ ਹੋਰ ਜਾਣਨ ਲਈ ਪ੍ਰੇਰਿਤ ਕੀਤਾ।

## ਦਾਜ ਦੀ ਮੰਗ ਕਰਨ ਵਾਲੇ ਪਤੀ, ਸਹੁਰਾ ਤੇ ਸੱਸ ਵਿਰੁੱਧ ਕੇਸ ਦਰਜ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਥਾਣਾ ਧਾਰੀਵਾਲ ਦੀ ਪੁਲਸ ਨੇ ਦਹੇਜ ਦੀ ਖਾਤਰ ਵਿਆਹੁਤਾ ਨੂੰ ਤੰਗ ਪ੍ਰੇਸ਼ਾਨ ਕਰਨ ਅਤੇ ਦਹੇਜ ਵਿੱਚ ਵੱਡੀ ਗੱਡੀ ਦੀ ਮੰਗ ਕਰਨ ਵਾਲੇ ਪਤੀ, ਸਹੁਰਾ ਅਤੇ ਸੱਸ ਵਿਰੁੱਧ ਕੇਸ ਦਰਜ ਕੀਤਾ ਹੈ। ਰਾਜਦੀਪ ਕੌਰ ਪੁੱਤਰੀ ਗੁਰਚੈਨ ਸਿੰਘ ਵਾਸੀ ਬੇਦੀ ਕਲੋਨੀ ਧਾਰੀਵਾਲ ਨੇ ਇਨਸਾਫ ਦੀ ਮੰਗ ਕਰਦਿਆਂ ਉੱਚ ਪੁਲਸ ਅਧਿਕਾਰੀਆਂ ਨੂੰ ਦੱਸਿਆ ਕਿ ਉਸਦੀ ਸ਼ਾਦੀ 13.12.2023 ਨੂੰ ਜਸਕਰਨ ਸਿੰਘ ਪੁੱਤਰ ਮਨਜੀਤ ਸਿੰਘ ਵਾਸੀ ਮੂਲਿਆਂਵਾਲੀ ਨਾਲ ਹੋਈ ਸੀ। ਵਿਆਹ ਤੋਂ ਬਾਅਦ ਉਸਦਾ ਪਤੀ ਜਸਕਰਨ ਸਿੰਘ, ਸਹੁਰਾ ਮਨਜੀਤ ਸਿੰਘ ਅਤੇ ਸੱਸ ਸੁਰਿੰਦਰ ਕੌਰ ਦਹੇਜ ਦੀ ਖਾਤਰ ਉਸ ਨੂੰ ਤੰਗ ਪ੍ਰੇਸ਼ਾਨ ਕਰਨ ਲੱਗ ਪਏ ਅਤੇ ਦਹੇਜ ਵਿੱਚ ਵੱਡੀ ਗੱਡੀ ਦੀ ਮੰਗ ਕਰਦੇ ਸਨ। ਉਸਦੇ ਮਾਪਿਆਂ ਵਲੋਂ ਦਿੱਤਾ ਇਸਤਰੀ ਧਨ ਵੀ ਇਨ੍ਹਾਂ ਨੇ ਆਪਣੀ ਵਰਤੋਂ ਵਿੱਚ ਲਿਆ ਕੇ ਖੁਰਦ ਬੁਰਦ ਕਰ ਦਿੱਤਾ ਹੈ। ਉਕਤ ਤਿੰਨਾਂ ਜਣਿਆਂ ਨੇ ਉਸਦੀ ਦੀ ਮਾਰ ਕੁਟਾਈ ਕਰਕੇ ਉਸਨੂੰ ਘਰੋ ਕੱਢ ਦਿੱਤਾ ਹੈ ਅਤੇ ਹੁਣ ਉਹ ਆਪਣੇ ਪੇਕੇ ਘਰ ਆਪਣੇ ਮਾਤਾ ਪਿਤਾ ਕੋਲ ਰਹਿ ਰਹੀ ਹੈ। ਇਸ ਸਬੰਧੀ ਥਾਣਾ ਧਾਰੀਵਾਲ ਦੇ ਐੱਸ ਐੱਚ ਓ ਇੰਸਪੈਕਟਰ ਬਲਜੀਤ ਕੌਰ ਨੇ ਦੱਸਿਆ ਕਿ ਇਸ ਮਾਮਲੇ ਦੀ ਇਨਕੁਆਰੀ ਉਪ ਕਪਤਾਨ ਪੁਲਿਸ ਕਰਾਇਮ ਵਿਰੁੱਧ ਔਰਤਾਂ ਅਤੇ ਬੱਚੇ ਗੁਰਦਾਸਪੁਰ ਦੁਆਰਾ ਕਰਨ ਦੇ ਬਾਅਦ ਸਬ ਇੰਸਪੈਕਟਰ ਜਗਦੀਸ ਸਿੰਘ ਨੇ ਰਾਜਦੀਪ ਕੌਰ ਦੇ ਬਿਆਨਾਂ ਅਨੁਸਾਰ ਉਸਦੇ ਪਤੀ ਜਸਕਰਨ ਸਿੰਘ, ਸਹੁਰਾ ਮਨਜੀਤ ਸਿੰਘ ਅਤੇ ਸੁਰਿੰਦਰ ਕੌਰ ਵਿਰੁੱਧ ਜੁਰਮ 498-ਏ, 406,34 ਭ.ਦ ਤਹਿਤ ਮੁਕੱਦਮਾ ਦਰਜ ਕੀਤਾ ਹੈ।

# ਯੂ ਏ ਪੀ ਏ ਤੇ ਤਿੰਨ ਨਵੇਂ ਫੌਜਦਾਰੀ ਕਾਨੂੰਨਾਂ ਖਿਲਾਫ਼ ਕਨਵੈਨਸ਼ਨ 6 ਸਤੰਬਰ ਨੂੰ

## ਕੋਲਕਾਤਾ, ਮਹਾਂਰਾਸ਼ਟਰ ਤੇ ਬਿਹਾਰ ਵਿਖੇ ਜਬਰ-ਜਨਾਹ ਤੇ ਕਤਲ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੀ ਮੰਗ



**ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਦੀਆਂ ਤਿੰਨ ਦਰਜਨ ਜਨਤਕ, ਜਮਹੂਰੀ, ਤਰਕਸ਼ੀਲ, ਸਾਹਿਤਕ ਜਥੇਬੰਦੀਆਂ ਤੇ ਅਧਾਰਿਤ ਸਾਂਝੀ ਸੂਬਾਈ ਕਮੇਟੀ ਵੱਲੋਂ ਲੋਕ ਪੱਖੀ ਬੁੱਧੀਜੀਵੀ ਤੇ ਸਾਹਿਤਕਾਰ ਅਰੁੰਧਤੀ ਰਾਏ ਅਤੇ ਪ੍ਰੋ.ਸ਼ੇਖ ਸ਼ੌਕਤ ਹੁਸੈਨ ਵਿਰੁੱਧ ਯੂਏਪੀਏ ਹੇਠ ਦਰਜ ਨਜਾਇਜ਼ ਕੇਸ ਰੱਦ ਕਰਵਾਉਣ ਅਤੇ 1 ਜੁਲਾਈ 2024 ਤੋਂ ਲਾਗੂ ਤਿੰਨ ਨਵੇਂ ਫੌਜਦਾਰੀ ਕਾਨੂੰਨਾਂ ਉਤੇ ਰੋਕ ਲਵਾਉਣ ਲਈ ਪੰਜਾਬ ਵਿੱਚ ਸਾਰੇ ਜ਼ਿਲ੍ਹਿਆਂ ਦੇ ਪੱਧਰ ਤੇ ਜ਼ਿਲਾ ਕਨਵੈਨਸ਼ਨਾਂ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਸਬੰਧ ਵਿੱਚ ਅੰਮ੍ਰਿਤਸਰ ਦੀਆਂ ਸਮੂਹ ਜਨਤਕ ਜਮਹੂਰੀ, ਸਾਹਿਤਕ, ਸਭਿਆਚਾਰਕ ਜੱਥੇਬੰਦੀਆਂ ਦੀ ਇਕ ਸਾਂਝੀ ਮੀਟਿੰਗ ਸਥਾਨਕ ਕੰਪਨੀ ਬਾਗ਼ ਵਿਖੇ ਹੋਈ ਜਿਸ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਜ਼ਿਲਾ ਅੰਮ੍ਰਿਤਸਰ ਦੀ ਸਾਂਝੀ ਕਨਵੈਨਸ਼ਨ 6 ਸਤੰਬਰ ਨੂੰ ਸਵੇਰੇ ਸਾਢੇ ਦਸ ਵਜੇ ਸਥਾਨਕ ਕੰਪਨੀ ਬਾਗ਼ ਵਿਖੇ ਕਰਵਾਈ ਜਾਵੇਗੀ। ਇਸ ਮੌਕੇ ਜਮਹੂਰੀ ਅਧਿਕਾਰ ਸਭਾ ਪੰਜਾਬ, ਤਰਕਸ਼ੀਲ ਸੁਸਾਇਟੀ ਪੰਜਾਬ, ਜਮਹੂਰੀ ਕਿਸਾਨ ਸਭਾ, ਸੀ ਟੀ ਯੂ ਪੰਜਾਬ, ਬੀ ਕੇ ਯੂ (ਏਕਤਾ ਉਗਰਾਹਾਂ), ਆਲ ਇੰਡੀਆ ਕਿਸਾਨ ਸਭਾ, ਕਿਰਤੀ ਕਿਸਾਨ ਯੂਨੀਅਨ, ਕਿਰਤੀ ਕਿਸਾਨ ਯੂਨੀਅਨ ਪੰਜਾਬ, ਪੰਜਾਬ ਕਿਸਾਨ ਯੂਨੀਅਨ, ਰਾਬਤਾ ਮੁਕਾਲਮਾ ਕਾਵਿ ਮੰਚ, ਪੰਜਾਬ ਸਟੇਟ ਪੈਨਸ਼ਨਰਜ਼ ਅਤੇ ਸੀਨੀਅਰ ਸਿਟੀਜਨਜ਼ ਐਸੋਸੀਏਸ਼ਨ ਆਦਿ ਜੱਥੇਬੰਦੀਆਂ ਤੋਂ ਡਾ.ਪਰਮਿੰਦਰ,ਸੁਮੀਤ ਅੰਮ੍ਰਿਤਸਰ,ਕਾ.ਰਤਨ ਸਿੰਘ ਰੰਧਾਵਾ, ਕਾ. ਜਗਤਾਰ ਸਿੰਘ ਕਰਮਪੁਰਾ, ਯਸ਼ਪਾਲ ਝਬਾਲ, ਅਮਰਜੀਤ ਸਿੰਘ ਭੱਲਾ, ਕਾ. ਬਲਕਾਰ ਦੁਧਾਲਾ, ਅਮਰੀਕ ਸਿੰਘ ਸੰਗਤਪੁਰਾ,ਬਲਬੀਰ ਮੂਧਲ,ਜਤਿੰਦਰ ਸਿੰਘ ਛੀਨਾ, ਹਰਜੀਤ ਸੰਧੂ, ਹਰਚਰਨ ਮੱਦੀਪੁਰ, ਬਲਵਿੰਦਰ ਸਿੰਘ, ਪ੍ਰਿੰ. ਮੇਲਾ ਰਾਮ, ਮਾਸਟਰ ਬਲਦੇਵ ਰਾਜ ਵੇਰਕਾ, ਕਰਤਾਰ ਸਿੰਘ ਐੱਮ ਏ ਅਤੇ ਗੁਰਪਿੰਦਰ ਸਿੰਘ ਆਦਿ ਨੇ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਕਿਸੇ ਕਾਰਨ ਮੀਟਿੰਗ ਵਿੱਚ ਹਾਜ਼ਰ ਨਾ ਹੋ ਸਕੀਆਂ ਜਨਤਕ ਜੱਥੇਬੰਦੀਆਂ ਵੱਲੋਂ ਇਸ ਕਨਵੈਨਸ਼ਨ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਵਿਸ਼ੇਸ਼ ਸੁਨੇਹਾ ਭੇਜਿਆ ਗਿਆ। ਇਸ ਮੌਕੇ ਸਾਂਝੀ ਕਮੇਟੀ ਦੇ ਆਗੂਆਂ ਨੇ ਸਮੂਹ ਲੋਕ ਪੱਖੀ ਜਮਹੂਰੀ ਤੇ ਜਨਤਕ ਜਥੇਬੰਦੀਆਂ ਅਤੇ ਸਮਾਜ ਦੇ ਚੇਤਨ ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਕਿ 6 ਸਤੰਬਰ ਨੂੰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਇਸ ਕਨਵੈਨਸ਼ਨ ਨੂੰ ਸਫਲ ਬਣਾਉਣ ਤਾਂ ਕਿ ਮੋਦੀ ਸਰਕਾਰ ਦੇ ਫਾਸ਼ੀਵਾਦੀ ਹਮਲਿਆਂ ਦਾ ਡਟਵਾਂ ਟਾਕਰਾ ਕੀਤਾ ਜਾ ਸਕੇ।

## ਮਸ਼ਾਲ ਰਿਲੇਅ ਦੇ ਰੂਟ ਬਾਰੇ ਕੀਤਾ ਵਿਚਾਰ-ਵਟਾਂਦਰਾ

**ਨਵਾਂਸ਼ਹਿਰ (ਮਨੋਜ ਲਾਡੀ)**-ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ, ਐਸ.ਬੀ.ਐਸ. ਨਗਰ, ਐਸ.ਡੀ.ਐਮ. ਬੰਗਾ, ਐਸ.ਡੀ.ਐਮ. ਬਲਾਚੌਰ, ਐਸ.ਡੀ.ਐਮ. ਨਵਾਂਸ਼ਹਿਰ ਦੇ ਨਾਲ ਜ਼ਿਲ੍ਹਾ ਖੇਡ ਅਫ਼ਸਰ ਸ੍ਰੀਮਤੀ ਵੰਦਨਾ ਚੌਹਾਨ, ਐਸ.ਬੀ.ਐਸ. ਨਗਰ ਵਲੋਂ ਮਸ਼ਾਲ (ਟਾਰਚ) ਰਿਲੇਅ ਦੇ ਰੂਟ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਮਸ਼ਾਲ ਦੇ ਪਹੁੰਚਣ ਸਬੰਧੀ ਤਿਆਰੀਆਂ ਮੁਕੰਮਲ ਕਰਨ ਨੂੰ ਯਕੀਨੀ ਬਨਾਉਣ। ਜਿਸ ਵਿੱਚ ਰੂਟ ਬਾਰੇ ਜਾਣਕਾਰੀ ਦਿੰਦਿਆ ਦੱਸਿਆ ਗਿਆ ਕਿ ਮਸ਼ਾਲ 24 ਅਗਸਤ 2024 ਨੂੰ ਜਲੰਧਰ ਤੋਂ ਚੱਲ ਕੇ ਕਪੂਰਥਲਾ ਤੋਂ ਹੁੰਦੀ ਹੋਈ ਬੰਗਾ, ਖੱਟਕੜ ਕਲਾਂ ਵਿਖੇ ਰੀਸੀਵ ਕੀਤੀ ਜਾਵੇਗੀ। ਪ੍ਰੋਗਰਾਮ ਉਪਰੰਤ ਮਸ਼ਾਲ ਨੂੰ ਨਵਾਂਸ਼ਹਿਰ ਲਈ ਰਵਾਨਾ ਕੀਤੀ ਜਾਵੇਗੀ ਅਤੇ ਮਸ਼ਾਲ ਆਈ.ਟੀ.ਆਈ. ਨਵਾਂਸ਼ਹਿਰ ਵਿਖੇ ਠਹਿਰੇਗੀ। ਮਿਤੀ 25.08.2024 ਨੂੰ ਸਵੇਰੇ 7.30 ਵਜੇ ਮਸ਼ਾਲ ਆਈ.ਟੀ.ਆਈ. ਨਵਾਂਸ਼ਹਿਰ ਤੋਂ ਬਲਾਚੌਰ ਹੁੰਦੇ ਹੋਏ ਰੂਪਨਗਰ ਨੂੰ ਰਵਾਨਾ ਕੀਤੀ ਜਾਵੇਗੀ। ਮੀਟਿੰਗ ਵਿੱਚ ਇਹ ਵੀ ਦੱਸਿਆ ਗਿਆ ਕਿ ਮਸ਼ਾਲ ਰਿਲੇਅ ਦੌਰਾਨ ਜ਼ਿਲ੍ਹੇ ਦੇ ਅੰਤਰਰਾਸ਼ਟਰੀ ਖਿਡਾਰੀ ਅਤੇ ਹੋਰ ਵੀ ਕਈ ਪ੍ਰਮੁੱਖ ਸਖਸ਼ੀਅਤਾਂ ਆਪਣਾ ਯੋਗਦਾਨ ਦੇਣ ਲਈ ਸ਼ਿਰਕਤ ਕਰਨਗੇ।

# ਐੱਸ ਟੀ ਐੱਸ ਵਰਲਡ ਸਕੂਲ 'ਚ ਵਿਸ਼ੇਸ਼ ਪ੍ਰਾਰਥਨਾ ਸਭਾ

**ਗੁਰਾਇਆ (ਬਿੰਦਰ ਸੁਮਨ )**-ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਮੌਕੇ 'ਤੇ ਐੱਸ.ਟੀ.ਐੱਸ ਵਰਲਡ ਸਕੂਲ ਵਿਖੇ ਪਹਿਲੀ (ਬੀ) ਜਮਾਤ ਦੇ ਵਿਦਿਆਰਥੀਆਂ ਵੱਲੋਂ ਆਪਣੀ ਜਮਾਤ ਇੰਚਾਰਜ ਮੈਡਮ ਗੀਮਾ ਕਾਲੜਾ ਦੀ ਦੇਖ-ਰੇਖ ਹੇਠ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ। ਇਸ ਪ੍ਰਾਰਥਨਾ ਸਭਾ ਦਾ ਸੰਚਾਲਨ ਸਿਮਰਤ ਕੌਰ ਨੇ ਕੀਤਾ। ਅੱਜ ਦਾ ਵਿਚਾਰ ਜਕਸ਼ ਨੇ ਪੇਸ਼ ਕੀਤਾ । ਇਵਾਨ ਵੱਲੋਂ ਵਿਦਿਆਰਥੀਆਂ ਨੂੰ ਨਵਾਂ ਸ਼ਬਦ ਦੱਸ ਕੇ ਉਨ੍ਹਾਂ ਦੇ ਗਿਆਨ ਭੰਡਾਰ ਵਿੱਚ ਵਾਧਾ ਕੀਤਾ ਗਿਆ। ਇਸ ਮੌਕੇ 'ਤੇ ਸਾਰੇ ਵਿਦਿਆਰਥੀਆਂ ਵੱਲੋਂ ਸ਼੍ਰੀ ਕ੍ਰਿਸ਼ਨ ਤੇ ਰਾਧਾ ਰਾਣੀ ਦੇ ਸਵਰੂਪ ਨੂੰ ਦਰਸਾਉਂਦਾ ਨਾਚ ਪੇਸ਼ ਕੀਤਾ ਗਿਆ। ਪਨਵ ਮੈਨੀ ਵਲੋਂ ਕਵਿਤਾ ਪੇਸ਼ ਕੀਤੀ ਗਈ। ਹਰਕੀਰਤ ਕੌਰ ਵੱਲੋਂ ਸ਼੍ਰੀ ਕ੍ਰਿਸ਼ਨ ਜੀ ਦੇ ਜੀਵਨ ਬਾਰੇ ਦੱਸਿਆ ਗਿਆ। ਜੋਬਨ ਸਿੰਘ, ਜਸਲੀਨ ਕੌਰ, ਜੈਸਮੀਨ ਕੌਰ, ਮਨਜੋਤ ਸਿੰਘ, ਮਨਰਾਜ ਸਿੰਘ ਵਲੋਂ ਸ਼੍ਰੀ ਕ੍ਰਿਸ਼ਨ ਦੁਆਰਾ ਦਿੱਤੀਆਂ ਸਿੱਖਿਆਵਾਂ ਬਾਰੇ ਦੱਸਿਆ ਗਿਆ।ਇਸ ਮੌਕੇ 'ਤੇ ਪ੍ਰਿੰਸੀਪਲ ਮੈਡਮ ਪ੍ਰਭਜੋਤ ਕੌਰ ਗਿੱਲ ਨੇ ਵਿਦਿਆਰਥੀਆਂ ਨੂੰ ਸ਼੍ਰੀ ਕ੍ਰਿਸ਼ਨ ਜੀ ਦੇ ਜਨਮ ਦਿਹਾੜੇ ਦੀਆਂ ਮੁਬਾਰਕਾਂ ਦਿੰਦੇ ਹੋਏ ਉਨ੍ਹਾਂ ਦੁਆਰਾਂ ਦਿੱਤੀਆਂ ਗਈਆਂ ਸਿੱਖਿਆਵਾਂ 'ਤੇ ਚੱਲਣ ਲਈ ਕਿਹਾ ।

# ਦੋਹਾ ਪੁਲਸ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਆਪਣੇ ਕੋਲ ਰੱਖਣਾ ਵੱਡਾ ਨਿਰਾਦਰ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੋਹਾ ਕਤਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦੋ ਪਾਵਨ ਸਰੂਪ ਸਥਾਨਕ ਪੁਲਸ ਵੱਲੋਂ ਆਪਣੇ ਕੋਲ ਰੱਖਣ ਦਾ ਸਖ਼ਤ ਨੋਟਿਸ ਲੈਂਦਿਆਂ ਭਾਰਤ ਦੇ ਵਿਦੇਸ਼ ਮੰਤਰੀ ਅਤੇ ਕਤਰ ਵਿਖੇ ਭਾਰਤੀ ਅੰਬੈਸਡਰ ਨੂੰ ਇਸ ਮਾਮਲੇ ਵਿਚ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਕੌਮ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਸਭ ਤੋਂ ਉੱਪਰ ਹੈ ਅਤੇ ਪੁਲਸ ਵੱਲੋਂ ਗੁਰੂ ਸਾਹਿਬ ਦੇ ਪਾਵਨ ਸਰੂਪ ਨੂੰ ਆਪਣੇ ਕੋਲ ਰੱਖਣਾ ਵੱਡਾ ਨਿਰਾਦਰ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਇਹ ਮਾਮਲਾ ਬੀਤੇ ਦਿਨੀਂ ਬਰਤਾਨੀਆ ਦੀ ਸਿੱਖ ਸੰਸਥਾ ਭਾਈ ਘਨ੍ਹਈਆ ਹਿਊਮੈਨੀਟੇਰੀਅਨ ਏਡ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ, ਜਿਨ੍ਹਾਂ ਨੇ ਸ਼੍ਰੋਮਣੀ ਕਮੇਟੀ ਨੂੰ ਇਸ ਮਾਮਲੇ ਦੀ ਪੈਰਵਾਈ ਕਰਨ ਲਈ ਆਦੇਸ਼ ਜਾਰੀ ਕੀਤੇ ਸਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਹੋਏ ਆਦੇਸ਼ ਦੀ ਰੌ ਸ਼ਨੀ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਭਾਰਤ ਦੇ ਵਿਦੇਸ਼ ਮੰਤਰੀ ਅਤੇ ਦੋਹਾ ਕਤਰ ਵਿਖੇ ਭਾਰਤੀ ਅੰਬੈਸਡਰ ਨੂੰ ਪੱਤਰ ਵੀ ਲਿਖੇ ਗਏ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਮਾਮਲੇ ਸਬੰਧੀ ਭਾਈ ਘਨ੍ਹਈਆ ਹਿਊਮੈਨੀਟੇਰੀਅਨ ਏਡ ਵੱਲੋਂ ਇਹ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ ਦਸੰਬਰ 2023 ਵਿੱਚ ਕਤਰ ਦੀ ਦੋਹਾ ਪੁਲਸ ਵੱਲੋਂ ਇੱਕ ਸਿੱਖ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ, ਜਿਸ ਨੂੰ ਬਾਅਦ ਵਿੱਚ ਛੱਡ ਦਿੱਤਾ ਗਿਆ, ਪਰੰਤੂ ਉਸ ਪਾਸੋਂ ਪ੍ਰਾਪਤ ਕੀਤੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 2 ਪਾਵਨ ਸਰੂਪਾਂ ਨੂੰ ਉੱਥੋਂ ਦੇ ਪੁਲਿਸ ਪ੍ਰਸ਼ਾਸਨ ਨੇ ਥਾਣੇ ਵਿੱਚ ਹੀ ਰੱਖਿਆ ਹੋਇਆ ਹੈ, ਜੋ ਕਿ ਗੁਰੂ ਸਾਹਿਬ ਦਾ ਵੱਡਾ ਨਿਰਾਦਰ ਹੈ। ਉਨ੍ਹਾਂ ਕਿਹਾ ਕਿ ਦੋਹਾ ਵਿਖੇ ਗ੍ਰਿਫ਼ਤਾਰ ਕੀਤਾ ਗਿਆ ਸਿੱਖ ਬਿਰਕਤ ਅਲ-ਅਵਾਮੇਰ ਵਿਖੇ ਆਪਣੀ ਜਾਇਦਾਦ ਵਿੱਚ ਸਥਾਪਿਤ ਕੀਤੇ ਗੁਰਦੁਆਰਾ ਸਾਹਿਬ 'ਚ ਪ੍ਰਾਈਵੇਟ (ਨਿੱਜੀ) ਰੂਪ ਵਿੱਚ ਗੁਰੂ ਸਾਹਿਬ ਦਾ ਪ੍ਰਕਾਸ਼ ਕਰਕੇ ਰੋਜ਼ਾਨਾ ਮਰਯਾਦਾ ਅਨੁਸਾਰ ਲੋਕਲ ਸਿੱਖਾਂ ਨਾਲ ਸੰਗਤ ਕਰਦਾ ਸੀ, ਪਰੰਤੂ ਕਤਰ ਸਰਕਾਰ ਦੀਆਂ ਗ਼ੈਰ-ਇਸਲਾਮੀ ਧਰਮਾਂ ਉੱਤੇ ਸਖ਼ਤ ਪਾਬੰਦੀਆਂ ਕਾਰਨ ਉਸ ਨੂੰ ਅਜਿਹਾ ਕਰਨ ਲਈ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਛੱਡ ਦਿੱਤਾ ਗਿਆ। ਇਸੇ ਦੌਰਾਨ ਉਸ ਪਾਸੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵੀ ਪ੍ਰਾਪਤ ਕੀਤੇ ਗਏ ਸਨ ਅਤੇ ਦੋਹਾ ਦੇ ਅਲ ਵਕਾਰਾ ਪੁਲਸ ਥਾਣੇ ਵਿਖੇ ਰੱਖ ਦਿੱਤੇ ਗਏ ਸਨ, ਜੋ ਕਿ ਹੁਣ ਤੱਕ ਉੱਥੇ ਹੀ ਮੌਜੂਦ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਭਾਰਤ ਦੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਅਤੇ ਦੋਹਾ ਕਤਰ ਵਿਖੇ ਭਾਰਤ ਦੇ ਅੰਬੈਸਡਰ ਵਿਪੁਲ ਨੂੰ ਪੱਤਰ ਲਿਖ ਕਿ ਮੰਗ ਕੀਤੀ ਗਈ ਹੈ ਕਿ ਉਹ ਦੋਹਾ ਦੇ ਅਲ ਵਕਾਰਾ ਪੁਲਸ ਥਾਣੇ ਵਿੱਚੋਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਨੂੰ ਅਦਬ ਅਤੇ ਸਿੱਖ ਮਰਯਾਦਾ ਅਨੁਸਾਰ ਨੇੜਲੇ ਗੁਰਦੁਆਰਾ ਸਾਹਿਬ ਵਿਖੇ ਸੁਭਾਇਮਾਨ ਕਰਵਾਉਣ ਲਈ ਤੁਰੰਤ ਕਾਰਵਾਈ ਕਰਨ।

## ਜੂਨੀਅਰ ਮਿਸ ਇੰਡੀਆ 2025 ਸੀਜ਼ਨ-3 ਦੇ ਆਡੀਸ਼ਨ 25 ਨੂੰ ਲੁਧਿਆਣਾ 'ਚ

**ਲੁਧਿਆਣਾ** : ਜੂਨੀਅਰ ਮਿਸ ਇੰਡੀਆ 2025 ਸੀਜ਼ਨ 3 ਜੋ ਜੂਨੀਅਰ ਲੜਕੀਆਂ ਵਿੱਚ ਆਤਮ ਵਿਸ਼ਵਾਸ ਪੈਦਾ ਕਰਦਾ ਹੈ ਅਤੇ ਉਨ੍ਹਾਂ ਦੇ ਮਨੋਬਲ ਨੂੰ ਵਧਾਉਂਦਾ ਹੈ, ਜਲਦੀ ਹੀ ਆਯੋਜਿਤ ਹੋਣ ਜਾ ਰਿਹਾ ਹੈ। 5 ਤੋਂ 16 ਸਾਲ ਦੀ ਉਮਰ ਦੀਆਂ ਲੜਕੀਆਂ ਦੇ ਇਸ ਸ਼ਾਨਦਾਰ ਫੈਸ਼ਨ ਈਵੇਂਟ ਲਈ ਆਡੀਸ਼ਨ ਸ਼ੁਰੂ ਕੀਤੇ ਗਏ ਹਨ। ਲੁਧਿਆਣਾ ਵਿਖੇ 25 ਅਗਸਤ ਦਿਨ ਐਤਵਾਰ ਨੂੰ ਸਵੇਰੇ 11 ਵਜੇ ਤੋਂ ਸ਼ਾਮ 3 ਵਜੇ ਤੱਕ ਪੈਵੇਲੀਅਨ ਮਾਲ ਵਿਖੇ ਆਡੀਸ਼ਨ ਹੋਣਗੇ।ਇਨਾਂ ਵਿੱਚ ਹਿੱਸਾ ਲੈਣ ਲਈ, ਕਿਸੇ ਨੂੰ ਜੂਨੀਅਰਮਿਸਇੰਡੀਆ.ਕਾਮ ਤੇ ਰਜਿਸਟਰ ਕਰਨਾ ਹੋਵੇਗਾ।ਆਨਲਾਈਨ ਰਜਿਸਟ੍ਰੇਸ਼ਨ ਤੋਂ ਇਲਾਵਾ ਆਨ-ਸਪਾਟ ਆਫਲਾਈਨ ਰਜਿਸਟ੍ਰੇਸ਼ਨ ਦੀ ਸਹੂਲਤ ਵੀ ਦਿੱਤੀ ਗਈ ਹੈ। ਜੂਨੀਅਰ ਮਿਸ ਇੰਡੀਆ 2025 ਸੀਜ਼ਨ 3 ਮਾਈ ਸਿਟੀ ਈਵੈਂਟਸ ਇੰਡੀਆ ਕਾਰਪੋਰੇਸ਼ਨ ਦੁਆਰਾ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਦੀ ਸੀਈਓ ਮ੍ਰਿਦੁਲਾ ਸੋਨੀ ਨੇ ਦੱਸਿਆ ਕਿ ਸੀਜ਼ਨ 3 ਦੇ ਆਡੀਸ਼ਨ 25 ਸ਼ਹਿਰਾਂ ਵਿੱਚ ਕਰਵਾਏ ਜਾ ਰਹੇ ਹਨ।

# ਸਿਹਤ ਜਾਗਰੂਕਤਾ ਸੈਮੀਨਾਰ ਤੇ ਮੁਫਤ ਹੋਮਿਉਪੈਥਿਕ ਮੈਡੀਕਲ ਕੈਂਪ ਲੱਗਾ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਡਾ ਭਾਰਤ ਭੂਸ਼ਨ ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ ਨਿਰਦੇਸਾਂ ਅਤੇ ਸੀ ਐੱਚ ਸੀ ਧਾਰੀਵਾਲ ਦੇ ਐੱਸ ਐੱਮ ਓ ਡਾ. ਰਵਿੰਦਰ ਸਿੰਘ ਦੀ ਨਿਗਰਾਨੀ ਵਿੱਚ ਡਾ ਅਮਰਿੰਦਰ ਸਿੰਘ ਕਲੇਰ ਮੈਡੀਕਲ ਅਫਸਰ ਹੋਮਿਓਪੈਥੀ, ਐੱਨ ਸੀ ਡੀ ਵਿਭਾਗ ਧਾਰੀਵਾਲ, ਸਬ ਸੈਂਟਰ ਲੇਹਲ ਦੇ ਆਪਸੀ ਸਹਿਯੋਗ ਨਾਲ ਮਲੇਰੀਆ, ਡੇਂਗੂ, ਸਿਹਤ ਜਾਗਰੂਕਤਾ ਸੈਮੀਨਾਰ ਅਤੇ ਮੁਫਤ ਹੋਮਿਓਪੈਥਿਕ ਮੈਡੀਕਲ ਕੈਂਪ ਪਿੰਡ ਲੇਹਲ ਵਿੱਚ ਸਥਿਤ ਮੰਦਰ ਬਾਬਾ ਕਮਲ ਦਾਸ ਜੀ ਵਿਖੇ ਲਗਾਇਆ ਗਿਆ। ਕੈਂਪ ਦਾ ਉਦਘਾਟਨ ਬਾਬਾ ਕਮਲ ਦਾਸ ਗੱਦੀ ਲੇਹਲ ਦੇ ਮਹੰਤ ਬਾਬਾ ਜਾਨਕੀ ਦਾਸ ਨੇ ਕੀਤਾ। ਇਸ ਮੌਕੇ ਐੱਸਐੱਮਓ ਡਾ. ਰਵਿੰਦਰ ਸਿੰਘ ਨੇ ਮਲੇਰੀਆ, ਡੇਂਗੂ ਅਤੇ ਸਿਹਤ ਸੰਭਾਲ ਬਾਰੇ ਜਾਗਰੂਕ ਕਰਦਿਆਂ ਕਿਹਾ ਸਿਹਤ ਵਿਭਾਗ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲੋਕਾਂ ਨੂੰ ਵਧੇਰੇ ਲਾਭ ਲੈਣਾ ਚਾਹੀਦਾ ਹੈ। ਹੋਮਿਓਪੈਥੀ ਮੈਡੀਕਲ ਅਫਸਰ ਡਾ: ਅਮਰਿੰਦਰ ਸਿੰਘ ਕਲੇਰ ਨੇ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ ਲਈ ਤੰਦਰੁਸਤ ਸਿਹਤ ਸਬੰਧੀ ਜਾਗਰੂਕ ਕਰਦਿਆਂ ਸਾਵਧਾਨੀਆਂ ਅਤੇ ਸੰਤੁਲਨ ਅਹਾਰ ਬਾਰੇ ਜਾਣਕਾਰੀ ਦਿੱਤੀ। ਡਾ: ਕਲੇਰ ਨੇ ਦੱਸਿਆ ਕੈਂਪ ਦੌਰਾਨ 135 ਮਰੀਜ਼ਾਂ ਨੇ ਪਹੁੰਚ ਕੇ ਫਾਇਦਾ ਲਿਆ। ਇਸ ਮੌਕੇ ਚਮੜੀ ਰੋਗ, ਜੋੜ ਦਰਦ, ਮਾਨਸਿਕ ਤਨਾਓ, ਬਲੱਡ ਪ੍ਰੈਸ਼ਰ (ਬੀ.ਪੀ), ਸ਼ੂਗਰ, ਪੱਥਰੀਆਂ, ਦਿਲ ਅਤੇ ਜਿਗਰ ਦੇ ਰੋਗੀਆਂ ਦਾ ਨਿਰੀਖਣ ਕਰਕੇ ਮੁਫਤ ਦਵਾਈਆਂ ਦਿੱਤੀਆਂ ਗਈਆਂ। ਕੈਂਪ ਵਿੱਚ ਸਿਹਤ ਵਿਭਾਗ ਵਲੋਂ ਡਾ: ਅਮਰਿੰਦਰ ਸਿੰਘ ਕਲੇਰ ਦੇ ਨਾਲ ਸੀਐੱਚਓ ਰਜਵੰਤ ਕੌਰ, ਹੋਮਿਓਪੈਥੀ ਫਾਰਮਾਸਿਸਟ ਰਾਜ ਕੁਮਾਰ, ਐੱਨਸੀਡੀ ਸਟਾਫ ਮਿਨਾਕਸ਼ੀ ਤੇ ਬਲਜੀਤ ਕੌਰ, ਆਸ਼ਾ ਵਰਕਰਾਂ ਤੋਂ ਇਲਾਵਾ ਸੇਵਾ ਮੁਕਤ ਕੈਪਟਨ ਵਰਿਆਮ ਸਿੰਘ ਕਾਹਲੋਂ (ਸਮਾਜਸੇਵੀ) ਅਤੇ ਹੋਰ ਪਤਵੰਤੇ ਅਤੇ ਲਾਭਪਾਤਰੀ ਹਾਜ਼ਰ ਸਨ।

24-Aug-PAGE-4.qxd 8/23/2024 10:28 PM Page 1

# ਨਵਾਂ ਜ਼ਮਾਨਾ

ਸ਼ਨੀਵਾਰ, 24 ਅਗਸਤ 2024

## ਕਾਨੂੰਨਘਾੜੇ ਹੀ ਬਲਾਤਕਾਰ ਦੇ ਮੁਲਜ਼ਮ

*ਕੋਲਕਾਤਾ ਦੇ ਇੱਕ ਹਸਪਤਾਲ ਵਿੱਚ ਇੱਕ ਟਰੇਨੀ ਡਾਕਟਰ ਨਾਲ ਹੋਏ ਬਲਾਤਕਾਰ ਤੇ ਹੱਤਿਆ ਨੇ ਮਹਿਲਾ ਸੁਰੱਖਿਆ ਦਾ ਮਾਮਲਾ ਇੱਕ ਵਾਰ ਏਜੰਡੇ 'ਤੇ ਲੈ ਆਂਦਾ ਹੈ। ਪ੍ਰਾਪਤ ਅੰਕੜਿਆਂ ਅਨੁਸਾਰ ਹਰ ਦਿਨ ਦੇਸ਼ ਭਰ ਵਿੱਚ ਬਲਾਤਕਾਰ ਦੇ ਔਸਤਨ 90 ਮਾਮਲੇ ਹੋ ਰਹੇ ਹਨ। ਇਸ ਤੋਂ ਪਹਿਲਾਂ 2012 ਵਿੱਚ ਦਿੱਲੀ ਵਿੱਚ ਹੋਏ ਨਿਰਭੈਆ ਬਲਾਤਕਾਰ ਤੇ ਹੱਤਿਆ ਦੇ ਮਾਮਲੇ ਨੇ ਸਾਰੇ ਦੇਸ਼ ਨੂੰ ਹਿਲਾ ਦਿੱਤਾ ਸੀ। ਸਮੁੱਚੇ ਸ਼ਹਿਰਾਂ ਵਿੱਚ ਹੋਏ ਰੋਸ ਮੁਜ਼ਾਹਰਿਆਂ ਤੋਂ ਬਾਅਦ ਡਾ. ਮਨਮੋਹਨ ਸਿੰਘ ਸਰਕਾਰ ਨੇ ਮਹਿਲਾ ਸੁਰੱਖਿਆ ਸੰਬੰਧੀ ਕਾਨੂੰਨ ਕਾਫ਼ੀ ਸਖ਼ਤ ਬਣਾ ਦਿੱਤਾ ਸੀ। ਇਸ ਨਵੇਂ ਕਾਨੂੰਨ ਦੇ ਬਾਅਦ ਵੀ ਸਥਿਤੀ ਵਿੱਚ ਕੋਈ ਬਦਲਾਅ ਨਹੀਂ ਆਇਆ। ਉਲਟਾ ਸਜ਼ਾ ਤੋਂ ਬਚਣ ਲਈ ਬਲਾਤਕਾਰ ਤੋਂ ਬਾਅਦ ਹੱਤਿਆ ਕਰਕੇ ਸਬੂਤ ਮਿਟਾ ਦੇਣ ਦਾ ਨਵਾਂ ਚਲਣ ਸ਼ੁਰੂ ਹੋ ਗਿਆ।*

*ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ, ਜਿਸ ਦੀ ਇਸ ਘਟਨਾ ਨੂੰ ਠੀਕ ਢੰਗ ਨਾਲ ਨਜਿੱਠਣ ਵਿੱਚ ਅਸਫਲਤਾ ਕਾਰਨ ਤਿੱਖੀ ਅਲੋਚਨਾ ਹੋ ਰਹੀ ਹੈ, ਨੇ ਪ੍ਰਧਾਨ ਮੰਤਰੀ ਨੂੰ ਲਿਖੇ ਪੱਤਰ ਵਿੱਚ ਮੰਗ ਕੀਤੀ ਹੈ ਕਿ ਅਜਿਹੇ ਗੰਭੀਰ ਅਪਰਾਧਾਂ ਲਈ ਕਾਨੂੰਨ ਨੂੰ ਹੋਰ ਸਖ਼ਤ ਕਰਨ ਦੀ ਲੋੜ ਹੈ। ਅਜਿਹੇ ਕੇਸਾਂ ਲਈ ਫਾਸਟ ਟਰੈਕ ਵਿਸ਼ੇਸ਼ ਅਦਾਲਤਾਂ ਬਣਾ ਕੇ ਤੁਰੰਤ ਨਿਆਂ ਦੇਣ ਲਈ ਕਾਰਵਾਈ 15 ਦਿਨਾਂ ਵਿੱਚ ਪੂਰੀ ਕੀਤੀ ਜਾਣੀ ਚਾਹੀਦੀ ਹੈ।*

*ਹਰ ਕੋਈ ਇਸ ਗੱਲ ਨਾਲ ਸਹਿਮਤ ਹੋਵੇਗਾ ਕਿ ਔਰਤਾਂ ਵਿਰੁੱਧ ਅਪਰਾਧਾਂ ਨੂੰ ਰੋਕਣ ਲਈ ਹਰ ਹੀਲਾ ਵਰਤਣਾ ਚਾਹੀਦਾ ਹੈ। ਪਰ ਇਹ ਕਰੇਗਾ ਕੌਣ ? ਕਾਨੂੰਨਘਾੜੇ ਉਹ ਸਾਂਸਦ ਕਰਨਗੇ, ਜਿਨ੍ਹਾਂ ਆਪਣੇ ਚੋਣ ਹਲਫਨਾਮਿਆਂ ਵਿੱਚ ਸਵੀਕਾਰ ਕੀਤਾ ਹੈ ਕਿ ਉਨ੍ਹਾਂ ਵਿਰੁੱਧ ਔਰਤਾਂ ਖ਼ਿਲਾਫ਼ ਅਪਰਾਧਾਂ ਦੇ ਮਾਮਲੇ ਦਰਜ ਹਨ।*

*ਐਸੋਸੀਏਸ਼ਨ ਫਾਰ ਡੈਮੋਕਰੇਟਿਕ ਰਿਫਾਰਮਜ਼ ਨੇ 2019 ਤੋਂ 2024 ਦਰਮਿਆਨ ਭਾਰਤ ਦੇ ਚੋਣ ਕਮਿਸ਼ਨ ਨੂੰ ਸੌਂਪੇ ਗਏ ਸਾਂਸਦਾਂ ਤੇ ਵਿਧਾਇਕਾਂ ਦੇ 4809 ਹਲਫ਼ਨਾਮਿਆਂ ਵਿੱਚੋਂ 4693 ਦੀ ਜਾਂਚ ਕੀਤੀ ਹੈ। ਸੰਗਠਨ ਨੇ ਇਸ ਦੌਰਾਨ ਔਰਤਾਂ ਵਿਰੁੱਧ ਅਪਰਾਧਾਂ ਨਾਲ ਸੰਬੰਧਤ ਮਾਮਲਿਆਂ ਦਾ ਸਾਹਮਣਾ ਕਰ ਰਹੇ 16 ਸਾਂਸਦਾਂ ਤੇ 135 ਵਿਧਾਇਕਾਂ ਦੀ ਪਛਾਣ ਕੀਤੀ ਹੈ। ਇਨ੍ਹਾਂ ਵਿੱਚ ਸਭ ਤੋਂ ਵੱਧ ਮੌਜੂਦਾ 25 ਸਾਂਸਦ ਤੇ ਵਿਧਾਇਕ ਪੱਛਮੀ ਬੰਗਾਲ ਦੇ ਹਨ। ਇਸ ਤੋਂ ਬਾਅਦ ਆਂਧਰਾ ਪ੍ਰਦੇਸ਼ ਦੇ 21 ਤੇ ਓਡੀਸ਼ਾ ਦੇ 17 ਸਾਂਸਦ ਤੇ ਵਿਧਾਇਕ ਔਰਤਾਂ ਵਿਰੁੱਧ ਅਪਰਾਧਾਂ ਦੇ ਮਾਮਲਿਆਂ ਵਿੱਚ ਮੁਲਜ਼ਮ ਬਣਾਏ ਗਏ ਹਨ।*

*ਰਿਪੋਰਟ ਅਨੁਸਾਰ ਮੌਜੂਦਾ 16 ਸਾਂਸਦ ਤੇ ਵਿਧਾਇਕ ਅਜਿਹੇ ਹਨ, ਜਿਨ੍ਹਾਂ ਉੱਤੇ ਆਈ ਪੀ ਸੀ ਦੀ ਧਾਰਾ 376 ਤਹਿਤ ਬਲਾਤਕਾਰ ਦੇ ਕੇਸ ਦਰਜ ਹਨ, ਜਿਸ ਵਿੱਚ ਘੱਟੋ-ਘੱਟ 10 ਸਾਲ ਦੀ ਸਜ਼ਾ ਹੋ ਸਕਦੀ ਹੈ। ਇਨ੍ਹਾਂ ਵਿੱਚ ਇਕ ਮਾਮਲਾ ਅਜਿਹਾ ਵੀ ਹੈ, ਜਿਸ ਵਿੱਚ ਪੀੜਤਾ ਨਾਲ ਵਾਰ-ਵਾਰ ਅਪਰਾਧ ਕੀਤਾ ਗਿਆ ਸੀ। ਇਨ੍ਹਾਂ ਅਪਰਾਧੀ ਸਾਂਸਦਾਂ ਤੇ ਵਿਧਾਇਕਾਂ ਦੀਆਂ ਸਿਆਸੀ ਪਾਰਟੀਆਂ ਦੀ ਗੱਲ ਕੀਤੀ ਜਾਵੇ ਤਾਂ ਸਭ ਤੋਂ ਵੱਧ 54 ਸਾਂਸਦ ਤੇ ਵਿਧਾਇਕ ਭਾਜਪਾ ਦੇ ਹਨ। ਇਸ ਤੋਂ ਬਾਅਦ ਕਾਂਗਰਸ ਦੇ 23 ਤੇ ਤੇਲਗੂ ਦੇਸਮ ਦੇ 17 ਹਨ, ਜਿਨ੍ਹਾਂ ਉੱਤੇ ਔਰਤਾਂ ਵਿਰੁੱਧ ਅਪਰਾਧਾਂ ਦੇ ਕੇਸ ਦਰਜ ਹਨ। ਭਾਜਪਾ ਤੇ ਕਾਂਗਰਸ ਦੋਵਾਂ ਦੇ 5-5 ਵਿਧਾਇਕ ਬਲਾਤਕਾਰ ਦੇ ਕੇਸਾਂ ਦਾ ਸਾਹਮਣਾ ਕਰ ਰਹੇ ਹਨ।*

*ਇਸ ਲਈ ਔਰਤਾਂ ਵਿਰੁੱਧ ਅਪਰਾਧਾਂ ਦੇ ਮਾਮਲੇ ਰੋਕਣ ਲਈ ਸਾਨੂੰ ਸਭ ਤੋਂ ਪਹਿਲਾਂ ਉੱਪਰੋਂ ਸ਼ੁਰੂ ਕਰਨਾ ਚਾਹੀਦਾ ਹੈ। ਸਿਆਸੀ ਦਲਾਂ ਤੋਂ ਇਹ ਆਸ ਰੱਖਣੀ ਨਿਰਾਰਥਕ ਹੈ ਕਿ ਉਹ ਅਜਿਹੇ ਉਮੀਦਵਾਰਾਂ ਨੂੰ ਟਿਕਟ ਨਾ ਦੇਣ, ਸਗੋਂ ਕਾਨੂੰਨ ਰਾਹੀਂ ਚੋਣ ਕਮਿਸ਼ਨ ਨੂੰ ਇਹ ਸ਼ਕਤੀਆਂ ਦੇਣੀਆਂ ਚਾਹੀਦੀਆਂ ਹਨ ਕਿ ਉਹ ਅਜਿਹੇ ਉਮੀਦਵਾਰਾਂ ਦੀ ਉਮੀਦਵਾਰੀ ਰੱਦ ਕਰ ਦੇਵੇ।*

*ਔਰਤਾਂ ਵਿਰੁੱਧ ਅਪਰਾਧਾਂ ਦਾ ਮਸਲਾ ਸਿਰਫ਼ ਅਮਨ-ਕਾਨੂੰਨ ਦਾ ਮਸਲਾ ਹੀ ਨਹੀਂ, ਸਮਾਜਿਕ ਮਸਲਾ ਵੀ ਹੈ। ਇਸ ਬਾਰੇ ਡੂੰਘਾ ਸਮਾਜਿਕ ਵਿਸ਼ਲੇਸ਼ਣ ਕਰਕੇ ਜਾਗਰੂਕਤਾ ਫੈਲਾਉਣ ਦੀ ਸਭ ਤੋਂ ਵੱਡੀ ਲੋੜ ਹੈ। ਸਰਮਾਏਦਾਰੀ ਪ੍ਰਬੰਧ ਨੇ ਔਰਤ ਨੂੰ ਭੋਗਣ ਦੀ ਵਸਤੂ ਬਣਾ ਦਿੱਤਾ ਹੈ। ਫਿਲਮ ਦੀ ਸਫ਼ਲਤਾ ਲਈ ਸਭ ਤੋਂ ਵੱਡਾ ਫਾਰਮੂਲਾ ਉਸ ਵਿੱਚ ਬਲਾਤਕਾਰ ਦਾ ਸੀਨ ਪਾਉਣਾ ਹੁੰਦਾ ਹੈ। ਇਹ ਸਿਰਫ਼ ਇੱਕ ਉਦਾਹਰਣ ਹੈ, ਵਿਸ਼ਾ ਇਹ ਬਹੁਤ ਲੰਮਾ ਹੈ ਤੇ ਇਸ ਦੇ ਹਰ ਪਹਿਲੂ ਨੂੰ ਜਾਂਚਣ ਦੀ ਜ਼ਰੂਰਤ ਹੈ। ਸਿਰਫ਼ ਕਾਨੂੰਨ ਬਣਾ ਕੇ ਜੇ ਇਸ ਨੂੰ ਰੋਕਿਆ ਜਾ ਸਕਦਾ ਹੁੰਦਾ ਤਾਂ ਨਿਰਭੈਆ ਕਾਂਡ ਬਾਅਦ ਬਣੇ ਕਾਨੂੰਨ ਨਾਲ ਇਹ ਰੁਕ ਜਾਂਦਾ। ਉਲਟਾ ਹਾਲਾਤ ਹੋਰ ਖਰਾਬ ਹੋਏ ਹਨ। ਨਸ਼ੇ ਵਾਂਗ ਹੀ ਇਹ ਮੁੱਦਾ ਵੀ ਇੱਕ ਸੱਭਿਆ ਸਮਾਜ ਲਈ ਚੁਣੌਤੀ ਹੈ। ਸਿਸਟਮ ਨੂੰ ਇਹ ਚੁਣੌਤੀ ਸਵੀਕਾਰ ਕਰਨੀ ਚਾਹੀਦੀ ਹੈ।*

# ਮੁਲਕ 'ਚ ਵਧਦੀ ਕੱਟੜਤਾ ਅਤੇ ਸੰਪਰਦਾਇਕਤਾ ਨੂੰ ਨੱਥ ਪਾਉਣ ਦੀ ਲੋੜ

**ਪ੍ਰੋ: ਪਰਮਜੀਤ ਸਿੰਘ ਨਿੱਕੇ ਘੁੰਮਣ**

ਉਂਜ ਤਾਂ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਕਹੇ ਜਾਂਦੇ ਸਾਡੇ ਮੁਲਕ ਭਾਰਤ ਨੂੰ ਵਿਸ਼ਵ ਮੰਚ 'ਤੇ ਇੱਕ 'ਧਰਮ ਨਿਰਪੱਖ' ਦੇਸ਼ ਵਜੋਂ ਬੜਾ ਹੀ ਹੁੱਬ-ਹੁੱਬ ਕੇ ਪ੍ਰਚਾਰਿਆ ਜਾਂਦਾ ਹੈ, ਪਰ ਕੌੜਾ ਸੱਚ ਇਹ ਹੈ ਕਿ ਇੱਥੇ ਸਦੀਆਂ ਤੋਂ ਧਰਮਾਂ, ਨਸਲਾਂ ਅਤੇ ਜਾਤਾਂ ਦਾ ਨਾ ਕੇਵਲ ਬੋਲਬਾਲਾ ਚੱਲਦਾ ਆ ਰਿਹਾ ਹੈ, ਸਗੋਂ ਇਨ੍ਹਾਂ ਸੌੜੇ ਵਿਤਕਰਿਆਂ ਕਰਕੇ ਹੋਣ ਵਾਲੇ ਅਣਮਨੁੱਖੀ ਵਿਹਾਰ ਦੀ ਕਹਾਣੀ ਵਾਰ-ਵਾਰ ਦੁਹਰਾਈ ਜਾਂਦੀ ਰਹੀ ਹੈ। ਭਾਰਤ ਵਿੱਚ ਪ੍ਰਾਚੀਨ ਕਾਲ ਤੋਂ ਲੈ ਕੇ ਹੁਣ ਤੱਕ 'ਧਰਮ' ਦੇ ਨਾਂਅ 'ਤੇ ਜਿੰਨਾ 'ਅਧਰਮ' ਹੋਇਆ ਹੈ, ਭਾਈਚਾਰੇ ਦੇ ਨਾਂਅ 'ਤੇ ਭਾਈਆਂ ਦੇ ਜਿੰਨੇ ਕਤਲ ਹੋਏ ਹਨ ਤੇ 'ਕਾਨੂੰਨ ਸਾਹਮਣੇ ਸਭ ਦੀ ਬਰਾਬਰੀ' ਦੇ ਨਾਂਅ 'ਤੇ ਜਿੰਨੀ ਨਾਬਰਾਬਰੀ ਕੀਤੀ ਗਈ ਹੈ, ਉਹ ਲਫ਼ਜ਼ਾਂ ਵਿੱਚ ਬਿਆਨ ਤੋਂ ਪਰੇ ਹੈ । ਇਸ ਤੋਂ ਵੱਡਾ ਪ੍ਰਮਾਣ ਹੋਰ ਕੀ ਹੋ ਸਕਦਾ ਹੈ ਕਿ ਇਸ ਧਰਮ ਨਿਰਪੱਖ ਮੁਲਕ ਦਾ ਤਾਂ ਬਟਵਾਰਾ ਵੀ 'ਧਰਮ' ਦੇ ਆਧਾਰ 'ਤੇ ਹੀ ਕੀਤਾ ਗਿਆ ਸੀ।

ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਅਤੇ ਹੋਰ ਵਿਦਵਾਨਾਂ ਦੀ ਕਰੜੀ ਘਾਲਣਾ ਪਿੱਛੋਂ ਤਿਆਰ ਕੀਤਾ ਭਾਰਤ ਦਾ ਸੰਵਿਧਾਨ ਸਾਨੂੰ ਆਪਣੀ ਮਰਜ਼ੀ ਦਾ ਧਰਮ ਅਪਨਾਉਣ ਤੇ ਕਾਨੂੰਨੀ ਦਾਇਰੇ 'ਚ ਰਹਿ ਕੇ ਧਾਰਮਿਕ ਚਿੰਨ੍ਹ ਪਹਿਨਣ ਜਾਂ ਧਰਮ ਪ੍ਰਚਾਰ ਤੇ ਹੋਰ ਧਾਰਮਿਕ ਕਰਮ ਕਾਂਡ ਕਰਨ ਦੀ ਇਜਾਜ਼ਤ ਦਿੰਦਾ ਹੈ। ਕਿੰਨੇ ਦੁੱਖ ਦੀ ਗੱਲ ਹੈ ਕਿ ਸਦੀਆਂ ਪਹਿਲਾਂ ਇੱਥੇ 'ਧਰਮ ' ਅਤੇ 'ਵਰਣ ਵੰਡ' ਦੇ ਨਾਂਅ 'ਤੇ ਚਾਰ ਵਰਣਾਂ ਦੀ ਸਿਰਜਣਾ ਕਰ ਦਿੱਤੀ ਗਈ ਤੇ ਪਰਮਾਤਮਾ ਵੱਲੋਂ ਪ੍ਰਦਾਨ ਕੀਤੀ ਗਈ 'ਮਨੁੱਖੀ ਬਰਾਬਰੀ' ਨੂੰ ਨੇਸਤਨਾਬੂਦ ਕਰਦਿਆਂ ਹੋਇਆਂ ਕਿਸੇ ਨੂੰ 'ਉੱਚੀ ਜਾਤ' ਤੇ ਕਿਸੇ ਨੂੰ 'ਨੀਚ ਜਾਤੀ' ਦਾ ਮਨੁੱਖ ਬਣਾ ਦਿੱਤਾ ਗਿਆ। ਗੱਲ ਕੇਵਲ ਇੱਥੇ ਹੀ ਨਹੀਂ ਮੁੱਕ ਗਈ, ਅਖੌਤੀ ਉੱਚੀ ਜਾਤ ਵਾਲਿਆਂ ਨੇ ਨੀਵੀਂ ਜਾਤ ਵਾਲਿਆਂ ਨਾਲ ਜੋ ਜ਼ੁਲਮ, ਅਪਮਾਨ ਅਤੇ ਅਨਿਆਂ ਦੀ ਨੀਤੀ ਅਪਣਾਈ, ਉਸ ਦੇ ਪ੍ਰਮਾਣ ਇਤਿਹਾਸ ਦੀਆਂ ਪੁਸਤਕਾਂ ਵਿੱਚ ਦਰਜ ਹਨ।

ਸੰਨ 1947 ਤੋਂ ਪਹਿਲਾਂ ਹੀ ਬੇਸ਼ੱਕ ਅੰਗਰੇਜ਼ ਹਾਕਮਾਂ ਨੇ ਧਰਮ ਆਧਾਰਤ ਨਫ਼ਰਤ ਦੇ ਬੀਜਾਂ ਨੂੰ ਬੀਜ ਕੇ ਭਾਈ-ਭਾਈ ਵਿੱਚ ਫੁੱਟ ਪਾਉਣੀ ਸ਼ੁਰੂ ਕਰ ਦਿੱਤੀ ਸੀ, ਪਰ ਹਰੇਕ ਧਰਮ ਦੇ ਸਿਰਮੌਰ ਗੁਣ 'ਸਤਿਕਾਰ, ਸੇਵਾ, ਸਹਿਣਸ਼ੀਲਤਾ ਤੇ ਸਭਨਾਂ ਵਿੱਚੋਂ ਇੱਕੋ ਪਰਮੇਸ਼ਰ ਦੇ ਵਾਸ' ਹੋਣ ਦੇ ਬਾਵਜੂਦ ਲੋਕ ਨਫ਼ਰਤ ਦੇ ਜ਼ਹਿਰ ਦੇ ਸ਼ਿਕਾਰ ਹੋ ਗਏ ਤੇ ਮੁਲਕ ਵੰਡ ਦੀਆਂ ਲੀਕਾਂ ਧਰਤੀ 'ਤੇ ਪਾਉਣ ਦੇ ਨਾਲ-ਨਾਲ ਦਿਲਾਂ ਵਿੱਚ ਵੀ ਲੀਕਾਂ ਪਾ ਗਏ। ਧਰਮ ਦੇ ਆਧਾਰ 'ਤੇ ਕੀਤੀ ਗਈ ਸੰਤਾਲੀ ਦੀ ਮੁਲਕ ਵੰਡ ਨੇ ਕੇਵਲ ਜ਼ਮੀਨ ਹੀ ਨਹੀਂ ਵੰਡੀ ਸੀ, ਸਗੋਂ ਮਜ਼ਹਬੀ ਫ਼ਸਾਦਾਂ ਵਿੱਚ ਮਨੁੱਖਤਾ ਦਾ ਦਿਨ-ਦੀਵੀਂ ਘਾਣ ਵੀ ਕੀਤਾ ਸੀ। ਬੱਚਿਆਂ, ਔਰਤਾਂ ਤੇ ਬਜ਼ੁਰਗਾਂ 'ਤੇ ਵੀ ਤਰਸ ਨਾ ਖਾਂਦਿਆਂ ਹੋਇਆਂ ਉਨ੍ਹਾ ਦੇ ਟੋਟੇ ਕਰ ਦਿੱਤੇ ਗਏ ਤੇ ਹਰ ਪਾਸੇ ਵਹਿਸ਼ਤ ਦਾ ਮੰਜ਼ਰ ਫੈਲਾਅ ਦਿੱਤਾ ਗਿਆ। ਆਜ਼ਾਦੀ ਤੋਂ ਬਾਅਦ ਵੀ ਧਰਮ ਦੇ ਨਾਂਅ 'ਤੇ ਤੁਅੱਸਬੀ ਲੋਕਾਂ ਵੱਲੋਂ ਕੀਤੇ ਜਾਣ ਵਾਲੇ 'ਅਧਰਮ' ਨੂੰ ਨੱਥ ਨਾ ਪਈ ਤੇ ਸਾਡੇ ਧਰਮ ਨਿਰਪੱਖ ਮੁਲਕ ਵਿੱਚ 'ਦਿੱਲੀ, ਭਾਗਲਪੁਰ, ਗੁਜਰਾਤ, ਮੁਜ਼ੱਫ਼ਰ ਨਗਰ' ਅਤੇ ਹੋਰ ਨਗਰਾਂ ਵਿੱਚ ਅਖੌਤੀ ਧਰਮਾਂ ਵਾਲਿਆਂ ਨੇ ਇਨਸਾਨੀਅਤ ਦੇ ਕਤਲ ਦਾ ਨੰਗਾ ਨਾਚ ਖੇਡਿਆ, ਗਲਾਂ ਵਿਚ ਬਲਦੇ ਟਾਇਰ ਪਾ ਕੇ ਲੋਕਾਂ ਨੂੰ ਜ਼ਿੰਦਾ ਸਾੜ ਦਿੱਤਾ, ਲੁੱਟਾਂ-ਖੋਹਾਂ ਕੀਤੀਆਂ, ਅਗਜ਼ਨੀ ਕੀਤੀ ਅਤੇ ਔਰਤਾਂ ਦੀ ਪੱਤ ਲੁੱਟ ਲਈ ਗਈ।

ਵਰਤਮਾਨ ਹਾਲਾਤ ਵਿੱਚ ਇੱਕ ਧਰਮ ਵਿਸ਼ੇਸ਼ ਪ੍ਰਤੀ ਮੀਡੀਆ ਰਾਹੀਂ ਸਿਆਸੀ ਬਿਆਨਬਾਜ਼ੀ ਰਾਹੀਂ ਤੇ ਧਾਰਮਿਕ ਵਿਰੋਧਾਭਾਸੀ ਗਤੀਵਿਧੀਆਂ ਰਾਹੀਂ ਦਿਨ-ਰਾਤ ਨਫ਼ਰਤ ਦਾ ਜ਼ਹਿਰ ਫ਼ੈਲਾਇਆ ਜਾ ਰਿਹਾ ਹੈ ਤੇ ਇੱਕ ਫ਼ਿਰਕੇ ਨੂੰ ਕੁਝ ਗ਼ਲਤ ਕਰਨ ਲਈ ਉਕਸਾਅ ਕੇ ਮਾਹੌਲ ਵਿਗਾੜਨ ਤੇ ਤੁਸ਼ਟੀਕਰਨ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਚੋਣਾਂ ਜਿੱਤਣ ਦੀ ਹਵਸ ਨੇ ਮਾਨਵਤਾ, ਬਰਾਬਰੀ, ਸਹਿਣਸ਼ੀਲਤਾ ਤੇ ਧਰਮ ਨਿਰਪੱਖਤਾ ਨੂੰ ਤਾਰ-ਤਾਰ ਕਰ ਦਿੱਤਾ ਹੈ। ਇੱਕੋ ਦੇਸ਼ ਵਿੱਚ ਦੋ ਕਾਨੂੰਨ ਚੱਲਣ ਦਾ ਦ੍ਰਿਸ਼ ਅੱਜ ਵੇਖਣ ਨੂੰ ਮਿਲ ਰਿਹਾ ਹੈ। ਇੱਕ ਚਾਰ ਸਾਲ ਪੁਰਾਣੇ ਟਵੀਟ ਨੂੰ ਲੈ ਕੇ ਜ਼ੁਬੈਰ ਨੂੰ ਤਾਂ ਗ੍ਰਿਫ਼ਤਾਰ ਕਰ ਕੇ ਜੇਲ੍ਹ ਭੇਜ ਦਿੱਤਾ ਗਿਆ ਤੇ ਸ਼ਰੇਆਮ ਹਜ਼ਰਤ ਮੁਹੰਮਦ ਸਾਹਿਬ ਦਾ ਅਪਮਾਨ ਕਰਨ ਵਾਲੀ ਨੂਪੁਰ ਸ਼ਰਮਾ ਨੂੰ ਕਾਬੂ ਕਰਨ ਦੀ ਥਾਂ ਉਸ ਨੂੰ ਬਚਾਉਣ ਲਈ ਹਰ ਹੀਲਾ ਵਰਤਿਆ ਗਿਆ ਤੇ ਬਿਲਕਿਸ ਬਾਨੋ ਦੇ ਗੁਨਾਹਗਾਰਾਂ ਨੂੰ ਰਿਹਾਅ ਕਰ ਦਿੱਤਾ ਗਿਆ ਤੇ ਡੇਰਾ ਸੱਚਾ ਸੌਦਾ ਮੁਖੀ ਨੂੰ ਵਾਰ-ਵਾਰ ਪੈਰੋਲ ਦਿੱਤੀ ਗਈ ਤੇ ਦੂਜੇ ਪਾਸੇ ਕੇਵਲ ਬਿਆਨਬਾਜ਼ੀ ਕਰਨ ਦੇ ਆਧਾਰ 'ਤੇ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਜੇਲ੍ਹਾਂ ਵਿੱਚ ਸੁੱਟ ਦਿੱਤਾ ਗਿਆ ਅਤੇ ਜ਼ਮਾਨਤਾਂ ਤੱਕ ਨਹੀਂ ਹੋਣ ਦਿੱਤੀਆਂ ਗਈਆਂ। ਇਕ ਧਰਮ ਵਿਸ਼ੇਸ਼ ਨਾਲ ਜੁੜੇ 'ਲਵ-ਜਿਹਾਦ, ਹਿਜਾਬ, ਟ੍ਰਿਪਲ ਤਲਾਕ, ਧਾਰਾ 376, ਗਿਆਨਵਾਪੀ ਮਸਜਿਦ, ਸ਼ਹਿਰਾਂ ਦੇ ਨਾਂਵਾਂ ਦੀ ਬਦਲੀ, ਜਨਤਕ ਥਾਵਾਂ 'ਤੇ ਨਮਾਜ਼ ਪੜ੍ਹਨ' ਆਦਿ ਨੂੰ ਇੱਕ ਵੱਡੇ ਜੁਰਮ ਵਜੋਂ ਮੀਡੀਆ ਰਾਹੀਂ ਪ੍ਰਚਾਰਨਾ ਆਦਿ ਅਨੇਕਾਂ ਪ੍ਰਮਾਣ ਨਫ਼ਰਤੀ ਜ਼ਹਿਰ ਫ਼ੈਲਾਏ ਜਾਣ ਵੱਲ ਇਸ਼ਾਰਾ ਕਰਦੇ ਹਨ।

ਅੱਜ ਮੁਲਕ ਵਿੱਚ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਅੱਤਵਾਦ, ਗੈਂਗਸਟਰਵਾਦ, ਫ਼ਿਰੌਤੀਆਂ, ਲੁੱਟਾਂ-ਖੋਹਾਂ, ਕਤਲਾਂ, ਖ਼ੁਦਕੁਸ਼ੀਆਂ, ਕਾਲਾ ਧਨ, ਨਸ਼ਿਆਂ ਦਾ ਵੱਡੇ ਪੱਧਰ 'ਤੇ ਬੋਲਬਾਲਾ ਹੈ, ਪਰ ਸਾਡੇ ਨਿਊਜ਼ ਚੈਨਲਾਂ ਨੂੰ ਇਹ ਵੱਡੀਆਂ ਤੇ ਗੰਭੀਰ ਸਮੱਸਿਆਵਾਂ ਨਜ਼ਰ ਹੀ ਨਹੀਂ ਆਉਂਦੀਆਂ ਹਨ। ਹਰ ਚੈਨਲ ਅੱਜ ਧਾਰਮਿਕ ਸੰਕੀਰਨਤਾ ਫ਼ੈਲਾਉਣ ਵਾਲਾ ਕੰਟੈਂਟ ਚਲਾਉਣ, ਧਰਮ ਆਧਾਰਤ ਮੁੱਦਿਆਂ 'ਤੇ ਬਹਿਸ ਵਿਖਾਉਣ ਜਾਂ ਧਾਰਮਿਕ ਵਿਵਾਦ ਵਾਲੇ ਮਾਮਲਿਆਂ ਦੀਆਂ ਖ਼ਬਰਾਂ ਨੂੰ ਦਿਨ-ਰਾਤ ਪ੍ਰਸਾਰਿਤ ਕਰਕੇ ਸਮਾਜ ਵਿੱਚ ਉਲਾਰ ਪੈਦਾ ਕਰਨ ਦੀ ਅਤੇ ਸੱਤਾਧਾਰੀ ਧਿਰ ਦੀਆਂ ਖ਼ਾਮੀਆਂ ਦੀ ਪਰਦਾਪੋਸ਼ੀ ਕਰਕੇ ਲੋਕਾਂ ਦਾ ਧਿਆਨ ਭਟਕਾਉਣ ਵਿੱਚ ਲੱਗਾ ਹੋਇਆ ਹੈ। ਜੇਕਰ ਇੱਕ ਅੱਧਾ ਚੈਨਲ ਸੱਚ ਵਿਖਾਉਣ ਜਾਂ ਸੁਣਾਉਣ ਦੀ ਜੁਰਅੱਤ ਕਰ ਵੀ ਰਿਹਾ ਹੈ ਤਾਂ ਉਸ ਦੀ ਹੈਸੀਅਤ 'ਨਗਾਰਖ਼ਾਨੇ ਵਿੱਚ ਵੱਜਦੀ ਤੂਤੀ' ਤੋਂ ਵਧ ਕੇ ਨਹੀਂ ਹੈ।

ਸਾਡੀ ਅਜੋਕੀ ਨੌਜਵਾਨ ਪੀੜ੍ਹੀ ਅਤੇ ਬੱਚਿਆਂ ਨੂੰ ਧਾਰਮਿਕ ਕੱਟੜਵਾਦ ਦੇ ਜ਼ਹਿਰ ਤੋਂ ਬਚਾਉਣ ਦੀ ਅੱਜ ਭਾਰੀ ਲੋੜ ਹੈ। ਜੇ ਭਾਰਤ ਨੇ ਵਿਸ਼ਵ ਪੱਧਰ 'ਤੇ ਹੋ ਰਹੇ ਵੱਡੇ ਪਰਿਵਰਤਨਾਂ ਤੇ ਤਰੱਕੀ ਨਾਲ ਕਦਮ-ਦਰ-ਕਦਮ ਮਿਲਾ ਕੇ ਚੱਲਣਾ ਹੈ ਤਾਂ ਸਾਡੇ ਨੌਜਵਾਨਾਂ ਤੇ ਬੱਚਿਆਂ ਨੂੰ ਧਾਰਮਿਕ ਸੰਕੀਰਨਤਾ ਅਤੇ ਜਾਤ-ਪਾਤ ਦੀਆਂ ਵਲਗਣਾਂ 'ਚੋਂ ਨਿਕਲਣਾ ਪਏਗਾ ਤੇ ਆਪਣੀ ਕਾਬਲੀਅਤ ਅਤੇ ਵਿਦਿਅਕ ਯੋਗਤਾ ਦੇ ਆਧਾਰ 'ਤੇ ਕੰਮ ਹਾਸਲ ਕਰਕੇ ਮੁਲਕ ਨੂੰ ਬੁਲੰਦੀਆਂ 'ਤੇ ਲੈ ਕੇ ਜਾਣ ਬਾਰੇ ਸੋਚਣਾ ਪਵੇਗਾ, ਨਾ ਕਿ ਧਰਮਾਂ ਤੇ ਜਾਤਾਂ ਦੇ ਨਾਂਅ 'ਤੇ ਖੜ੍ਹੇ ਕੀਤੇ ਜਾਂਦੇ ਬਖੇੜਿਆਂ ਵਿੱਚ ਹੁੰਗਾਰਾ ਭਰ ਕੇ ਆਪਣੇ ਤੇ ਮੁਲਕ ਦੇ ਭਵਿੱਖ ਨੂੰ ਬਰਬਾਦ ਕਰਨ ਵੱਲ ਵਧਣਾ ਹੋਵੇਗਾ। ਅੱਜ ਸਿਆਸੀ ਨੇਤਾਵਾਂ ਦੀਆਂ ਲੂੰਬੜਚਾਲਾਂ ਤੋਂ ਸੁਚੇਤ ਹੋਣ ਦੀ ਲੋੜ ਹੈ। ਧਰਮ ਹਰ ਕਿਸੇ ਦੀ ਨਿੱਜੀ ਚੋਣ ਹੈ। ਆਪਣੀ ਮਰਜ਼ੀ ਦਾ ਧਰਮ ਅਪਨਾਉਣਾ ਤੇ ਪ੍ਰਚਾਰਨਾ ਹਰ ਕਿਸੇ ਦਾ ਸੰਵਿਧਾਨਕ ਹੱਕ ਹੈ। ਵਿਗਿਆਨ ਅਤੇ ਵਿੱਦਿਆ ਦੇ ਇਸ ਯੁੱਗ ਵਿੱਚ ਗੱਲ ਬਰਾਬਰੀ ਦੀ ਹੋਣੀ ਚਾਹੀਦੀ ਹੈ, ਊਚ-ਨੀਚ ਜਾਂ ਜਾਤ-ਪਾਤ ਜਾਂ ਹਿੰਦੂ-ਮੁਸਲਿਮ ਦੀ ਨਹੀਂ।

ਅਜ਼ੀਮ ਸ਼ਾਇਰ ਡਾ. ਇਕਬਾਲ ਨੇ ਸੱਚ ਹੀ ਕਿਹਾ ਸੀ -"ਮਜ਼ਹਬ ਨਹੀਂ ਸਿਖਾਤਾ ਆਪਸ ਮੇਂ ਬੈਰ ਰਖਨਾ"। ਜੋ ਤੋੜਨ, ਮਾਰਨ, ਮਿਟਾਉਣ, ਸਾੜਨ, ਮਾਸੂਮਾਂ ਦਾ ਖ਼ੂਨ ਵਹਾਉਣ ਦੀ ਗੱਲ ਕਰੇ, ਉਹ ਧਰਮ ਹੋ ਹੀ ਨਹੀਂ ਸਕਦਾ। ਅਸਲ ਵਿੱਚ ਧਰਮ ਤਾਂ ਜੀਵਨ-ਜਾਚ ਦਾ ਨਾਂਅ ਹੈ, ਨਾ ਕਿ ਧਾਰਮਿਕ ਚਿੰਨ੍ਹਾਂ ਜਾਂ ਰੀਤੀ-ਰਿਵਾਜਾਂ ਦਾ। ਜੇ ਕਿਸੇ ਮਨੁੱਖ ਦੇ ਮਨ ਵਿੱਚ ਦੂਜਿਆਂ ਪ੍ਰਤੀ ਸੇਵਾ, ਸਮਰਪਣ, ਸਨਮਾਨ ਤੇ ਸਹਿਣਸ਼ੀਲਤਾ ਅਤੇ ਸਰਬੱਤ ਦੇ ਭਲੇ ਦਾ ਭਾਵ ਨਹੀਂ ਹੈ ਤਾਂ ਉਹ ਮਨੁੱਖ ਹਰਗਿਜ਼ ਵੀ ਧਰਮੀ ਨਹੀਂ ਹੈ। ਸਾਨੂੰ ਸਮਝ ਲੈਣਾ ਚਾਹੀਦਾ ਹੈ ਕਿ -

*"ਧਰਮੀ ਨਹੀਂ ਹੈ, ਉਹ ਤਾਂ ਡਾਢਾ ਕਾਫ਼ਰ ਬੰਦਾ ਏ*
*'ਪੂਜਾਘਰ' ਲਈ ਜਿਹੜਾ 'ਘਰ ਅੱਲ੍ਹਾ ਦਾ' ਢਾਹੁੰਦਾ ਏ।"*

**# ਸੰਪਰਕ : 97816-46008**

# ਬਲਾਤਕਾਰ, ਬਲਾਤਕਾਰੀ ਅਤੇ ਭਾਰਤ

**ਸੰਦੀਪ ਕੁਮਾਰ**

ਕੋਲਕਾਤਾ ਬਲਾਤਕਾਰ ਕੇਸ ਨੇ ਇੱਕ ਵਾਰ ਫਿਰ ਭਾਰਤ ਦੀ ਕਾਨੂੰਨ ਵਿਵਸਥਾ 'ਤੇ ਇੱਕ ਵੱਡਾ ਸਵਾਲੀਆ ਨਿਸ਼ਾਨ ਲਗਾ ਦਿੱਤਾ ਹੈ। ਜੂਨੀਅਰ ਡਾਕਟਰ ਮੋਮਿਤਾ ਦੇਵਨਾਥ ਜੋ ਕਿ ਇਸ ਕੇਸ ਵਿੱਚ ਪੀੜਤ ਸੀ, ਆਰੋਪੀ ਨੇ ਬਲਾਤਕਾਰ ਤਾਂ ਕੀਤਾ ਅਤੇ ਉਸ ਦੇ ਬਾਅਦ ਉਸ ਨੂੰ ਮੌਤ ਦੇ ਘਾਟ ਵੀ ਉਤਾਰ ਦਿੱਤਾ। ਇਹ ਮਨੁੱਖੀ ਹੈਵਾਨੀਅਤ ਦੀ ਸਭ ਤੋਂ ਵੱਡੀ ਮਿਸਾਲ ਮੰਨੀ ਜਾ ਸਕਦੀ ਹੈ। ਪੂਰੇ ਭਾਰਤ ਵਿੱਚ ਇਸ ਘਟੀਆ ਅਪਰਾਧ ਦੇ ਵਿਰੁੱਧ ਇਨਸਾਫ ਲਈ ਰੋਸ ਵਜੋਂ ਵੱਖ-ਵੱਖ ਥਾਵਾਂ 'ਤੇ ਰੋਸ ਪ੍ਰਦਰਸ਼ਨ ਅਤੇ ਧਰਨੇ ਕੀਤੇ ਜਾ ਰਹੇ ਹਨ। ਭਾਰਤ ਵਿੱਚ ਬਲਾਤਕਾਰ ਹੋਣ ਦੀ ਇਹ ਪਹਿਲੀ ਹੈਵਾਨੀਅਤ ਨਾਲ ਭਰੀ ਘਟਨਾ ਨਹੀਂ ਸੀ! ਮਾਰਚ 2024 ਵਿੱਚ ਬ੍ਰਾਜੀਲੀਅਨ-ਸਪੇਨਿਸ਼ ਬਾਈਕਰ ਜੋੜਾ ਜੋ ਭਾਰਤ ਘੁੰਮਣ ਲਈ ਆਇਆ ਸੀ, ਉੱਥੋਂ ਦੇ ਲੋਕਲ ਪੁਰਸ਼ਾਂ ਨੇ ਉਸ ਜੋੜੇ ਨਾਲ ਮਾਰ-ਕੁੱਟ ਕੀਤੀ ਅਤੇ ਉਸ ਇਸਤਰੀ ਨਾਲ ਗੈਂਗਰੇਪ ਕੀਤਾ। ਸਾਲ 2012 ਵਿੱਚ ਦਿੱਲੀ ਵਿੱਚ ਵਾਪਰੀ ਨਿਰਭੈ ਗੈਂਗਰੇਪ ਅਤੇ ਇਸ ਵਰਗੀਆਂ ਅਨੇਕਾਂ ਹੋਰ ਬਹੁਤ ਸਾਰੀਆਂ ਘਟਨਾਵਾਂ ਭਾਰਤ ਵਿੱਚ ਵਾਪਰ ਰਹੀਆਂ ਹਨ । ਇਹਨਾਂ ਘਟਨਾਵਾਂ ਦਾ ਲਗਾਤਾਰ ਹੁੰਦੇ ਰਹਿਣਾ ਭਾਰਤੀ ਨਿਆਂ ਵਿਵਸਥਾ ਜਾਂ ਕਾਨੂੰਨ ਵਿਵਸਥਾ 'ਤੇ ਇੱਕ ਵੱਡਾ ਪ੍ਰਸ਼ਨ ਚਿੰਨ੍ਹ ਹੈ ? ਅੱਜ ਦਾ ਇਹ ਲੇਖ ਭਾਰਤ ਵਿੱਚ ਹੋਣ ਵਾਲੇ ਬਲਾਤਕਾਰ ਵਰਗੇ ਘਟੀਆ ਅਪਰਾਧ, ਇਸ ਦੇ ਕਾਰਨ ਅਤੇ ਇਸ ਤਰ੍ਹਾਂ ਦੀ ਘਟੀਆ ਮਾਨਸਿਕਤਾ ਉੱਪਰ ਕਿਵੇਂ ਕਾਬੂ ਪਾਇਆ ਜਾ ਸਕਦਾ ਹੈ, ਉਸ ਉਪਰ ਆਧਾਰਤ ਹੈ।

ਬਲਾਤਕਾਰੀ ਦੀ ਮਾਨਸਿਕਤਾ ਬਹੁਤ ਹੀ ਗੰਦੀ ਅਤੇ ਵਿਕ੍ਰਿਤ ਹੁੰਦੀ ਹੈ। ਉਹ ਲੋਕ ਜੋ ਬਲਾਤਕਾਰ ਕਰਦੇ ਹਨ, ਉਹ ਅਕਸਰ ਸ਼ਕਤੀ ਦਾ ਦੁਰਉਪਯੋਗ ਕਰਨ ਦੀ ਖ਼ਵਾਇਸ਼ ਰੱਖਦੇ ਹਨ । ਉਹ ਆਪਣੇ ਸ਼ਿਕਾਰ ਨੂੰ ਨੁਕਸਾਨ ਪਹੁੰਚਾ ਕੇ ਖੁਦ ਨੂੰ ਸ਼ਕਤੀਸ਼ਾਲੀ ਸਮਝਦੇ ਹਨ। ਇਹ ਲੋਕ ਜ਼ਿਆਦਾਤਰ ਹਿੰਸਕ ਅਤੇ ਅਣਕਾਬੂ ਹੋਣ ਦੇ ਨਾਲ-ਨਾਲ ਜਜ਼ਬਾਤੀ ਅਤੇ ਮਾਨਸਿਕ ਤੌਰ 'ਤੇ ਵੀ ਬੇਹੱਦ ਕਮਜ਼ੋਰ ਹੁੰਦੇ ਹਨ। ਇਸ ਦੇ ਨਾਲ ਹੀ ਕਈ ਵਾਰ ਕੁੱਝ ਪੁਰਸ਼ਾਂ ਵੱਲੋਂ ਬਲਾਤਕਾਰ ਵਰਗਾ ਅਪਰਾਧ ਸੋਚ-ਸਮਝ ਕੇ ਕੀਤਾ ਵੀ ਜਾਂਦਾ ਹੈ, ਕਿਉਂਕਿ ਜਾਂ ਤਾਂ ਇਹੋ ਜਿਹੇ ਇਨਸਾਨਾਂ ਨੂੰ ਸਮਾਜ ਅਤੇ ਕਾਨੂੰਨ ਦਾ ਡਰ ਨਹੀਂ ਹੁੰਦਾ ਜਾਂ ਪੈਸੇ ਦੀ ਪੁਹੰਚ ਕਾਰਨ ਇਹਨਾਂ ਦੀ ਰਾਜਨੀਤਿਕ ਪਹੁੰਚ ਇੰਨੀ ਜ਼ਿਆਦਾ ਹੁੰਦੀ ਹੈ ਕਿ ਉਹ ਇਹੋ ਜਿਹਾ ਘਟੀਆ ਅਪਰਾਧ ਕਰਕੇ ਵੀ ਬਚ ਜਾਂਦੇ ਹਨ। ਜਿਸ ਨਾਲ ਸਮਾਜ ਵਿੱਚ ਨਿਆਂ ਵਿਵਸਥਾ ਜਾਂ ਕਾਨੂੰਨ ਵਿਵਸਥਾ ਦਾ ਗਲਤ ਸੰਦੇਸ਼ ਜਾਂਦਾ ਹੈ। ਉਹਨਾਂ ਦੀ ਮਾਨਸਿਕਤਾ ਵਿੱਚ ਮਹਿਲਾਵਾਂ ਅਤੇ ਬੱਚਿਆਂ ਨੂੰ ਘਟੀਆ ਸਮਝਣ ਦੀ ਪ੍ਰਵਿਰਤੀ ਹੁੰਦੀ ਹੈ। ਇਹ ਬਹੁਤ ਜ਼ਰੂਰੀ ਹੈ ਕਿ ਸਮਾਜ ਵਿੱਚ ਵਿਆਪਕ ਤੌਰ 'ਤੇ ਮੰਨੇ ਜਾਣ ਵਾਲੇ ਕਈ ਗਲਤ ਤਰਕਾਂ ਨੂੰ ਸਹੀ ਢੰਗ ਨਾਲ ਸਮਝਿਆ ਜਾਵੇ।

ਬਲਾਤਕਾਰ ਦੇ ਤਰਕਾਂ ਵਿੱਚੋਂ ਇੱਕ ਇਹ ਹੈ ਕਿ ਮਹਿਲਾਵਾਂ ਦੀ ਪੋਸ਼ਾਕ ਇਸ ਦਾ ਮੁੱਖ ਕਾਰਨ ਹੁੰਦੀ ਹੈ। ਇਹ ਤਰਕ ਪੂਰੀ ਤਰ੍ਹਾਂ ਗਲਤ ਅਤੇ ਅਸੰਗਤ ਹੈ। ਇਹ ਤਰਕ ਇਹ ਸਮਝਾਉਣ ਦੀ ਕੋਸ਼ਿਸ਼ ਕਰਦਾ ਹੈ ਕਿ ਇਸਤਰੀ ਦੀ ਪੋਸ਼ਾਕ ਅਤੇ ਉਸ ਦੇ ਪਹਿਨਣ ਦਾ ਤਰੀਕਾ, ਬਲਾਤਕਾਰੀ ਨੂੰ ਉਤੇਜਿਤ ਕਰਨ ਵਿੱਚ ਭੂਮਿਕਾ ਨਿਭਾਉਂਦਾ ਹੈ, ਪਰ ਇਹ ਤਰਕ ਵਾਰ-ਵਾਰ ਗਲਤ ਸਾਬਤ ਹੁੰਦਾ ਹੈ। ਜਦੋਂ ਅਸੀਂ ਤਿੰਨ-ਚਾਰ ਸਾਲ ਦੀਆਂ ਬੱਚੀਆਂ ਦੇ ਬਲਾਤਕਾਰ ਦੇ ਕੇਸਾਂ ਬਾਰੇ ਸੁਣਦੇ ਹਾਂ ਤਾਂ ਇਹ ਸਾਫ ਹੈ ਕਿ ਪੋਸ਼ਾਕ ਦਾ ਇਸ ਵਿੱਚ ਕੋਈ ਲੈਣਾ-ਦੇਣਾ ਨਹੀਂ। ਤਿੰਨ-ਚਾਰ ਸਾਲ ਦੀਆਂ ਬੱਚੀਆਂ ਦੀ ਪੋਸ਼ਾਕ ਬਿਲਕੁਲ ਸਾਦੀ ਹੁੰਦੀ ਹੈ, ਫਿਰ ਵੀ ਉਹਨਾਂ ਨਾਲ ਇਸ ਤਰ੍ਹਾਂ ਦੀ ਘਟੀਆ ਘਟਨਾ ਕਿਵੇਂ ਹੋ ਜਾਂਦੀ ਹੈ ? ਇਹ ਸਬੂਤ ਹੈ ਕਿ ਬਲਾਤਕਾਰ ਕਿਸੇ ਦੀ ਪੋਸ਼ਾਕ ਕਰਕੇ ਨਹੀਂ ਹੁੰਦਾ, ਬਲਕਿ ਬਲਾਤਕਾਰੀ ਦੀ ਵਿਕ੍ਰਿਤ ਮਾਨਸਿਕਤਾ ਦੇ ਕਾਰਨ ਹੁੰਦਾ ਹੈ। ਸਮਾਜ ਵਿੱਚ ਮਹਿਲਾਵਾਂ ਨੂੰ ਬਲਾਤਕਾਰ ਦਾ ਦੋਸ਼ੀ ਠਹਿਰਾਉਣ ਦੀ ਪੁਰਸ਼ ਪ੍ਰਧਾਨ ਸਮਾਜ ਨੂੰ ਆਦਤ ਪੈ ਗਈ ਹੈ। ਇਹ ਤਰਕ ਮਹਿਲਾਵਾਂ ਨੂੰ ਸ਼ਰਮਿੰਦਾ ਕਰਨ ਅਤੇ ਉਨ੍ਹਾਂ ਦੇ ਹੱਕਾਂ ਨੂੰ ਦਬਾਉਣ ਦਾ ਇੱਕ ਹਥਿਆਰ ਬਣ ਗਿਆ ਹੈ। ਇਸ ਤਰਕ ਨੂੰ ਮੰਨਣ ਨਾਲ ਸਿਰਫ ਬਲਾਤਕਾਰੀ ਨੂੰ ਹੀ ਹੌਸਲਾ ਮਿਲਦਾ ਹੈ ਅਤੇ ਉਹ ਆਪਣੇ ਬੁਰੇ ਕਰਮਾਂ ਲਈ ਜ਼ਿੰਮੇਵਾਰੀ ਤੋਂ ਬਚ ਜਾਂਦੇ ਹਨ। ਇਹ ਤਰਕ ਬਲਾਤਕਾਰੀ ਦੀ ਗੰਦੀ ਮਾਨਸਿਕਤਾ ਨੂੰ ਛੁਪਾਉਣ ਦਾ ਇੱਕ ਜ਼ਰੀਆ ਹੈ। ਬਲਾਤਕਾਰੀ ਦੀ ਮਾਨਸਿਕਤਾ ਵਿੱਚ ਹਿੰਸਕਤਾ, ਸ਼ਕਤੀ ਦੀ ਭਾਵਨਾ ਅਤੇ ਘਟੀਆ ਸੋਚ ਦੀ ਪ੍ਰਵਿਰਤੀ ਹੁੰਦੀ ਹੈ। ਇਹ ਲੋਕ ਅਕਸਰ ਆਪਣੇ ਜੀਵਨ 'ਚ ਕਮਜ਼ੋਰੀ ਅਤੇ ਅਸਫਲਤਾ ਦਾ ਸਾਹਮਣਾ ਕਰਦੇ ਹਨ ਅਤੇ ਉਹਨਾਂ ਦੀ ਕਮਜ਼ੋਰੀ ਨੂੰ ਦੂਜੇ 'ਤੇ ਜ਼ੋਰ ਅਜ਼ਮਾਇਸ ਕਰਕੇ ਛੁਪਾਉਣ ਦੀ ਕੋਸ਼ਿਸ਼ ਕਰਦੇ ਹਨ। ਉਹ ਸਮਾਜ ਦੇ ਨਿਯਮਾਂ ਅਤੇ ਕਾਨੂੰਨਾਂ ਦੀ ਪਰਖ ਕਰਨ ਵਾਲੇ ਨਹੀਂ ਹੁੰਦੇ ਅਤੇ ਉਹਨਾਂ ਦੀ ਸੋਚ ਵਿੱਚ ਹਿੰਸਕਤਾ ਅਤੇ ਅਣਕਾਬੂਤਾ ਪ੍ਰਮੁੱਖ ਹੁੰਦੀ ਹੈ। ਇਸ ਲਈ ਇਸ ਤਰਕ ਨੂੰ ਪੂਰੀ ਤਰ੍ਹਾਂ ਰੱਦ ਕਰਨਾ ਜ਼ਰੂਰੀ ਹੈ ਕਿ ਪੋਸ਼ਾਕ ਬਲਾਤਕਾਰ ਦਾ ਕਾਰਨ ਹੁੰਦੀ ਹੈ। ਇਸ ਨੂੰ ਸਮਾਜ ਵਿੱਚ ਵਿਆਪਕ ਤੌਰ ਤੇ ਸਮਝਣਾ ਹੋਵੇਗਾ ਅਤੇ ਬਲਾਤਕਾਰ ਦੇ ਮੁਲਜਮਾਂ ਨੂੰ ਕਾਨੂੰਨੀ ਤੌਰ 'ਤੇ ਸਖਤ ਸਜ਼ਾ ਮਿਲਣੀ ਚਾਹੀਦੀ ਹੈ। ਇਸ ਨਾਲ ਹੀ ਮਹਿਲਾਵਾਂ ਨੂੰ ਆਪਣੇ ਹੱਕਾਂ ਅਤੇ ਸੁਰੱਖਿਆ ਬਾਰੇ ਜਾਗਰੂਕ ਕੀਤਾ ਜਾਣਾ ਚਾਹੀਦਾ ਹੈ। ਬਲਾਤਕਾਰੀ ਦੀ ਮਾਨਸਿਕਤਾ ਦਾ ਅਧਿਐਨ ਕਰਨ ਨਾਲ ਸਮਾਜ ਅਤੇ ਕਾਨੂੰਨ ਬਣਾਉਣ ਵਾਲਿਆਂ ਨੂੰ ਇਹ ਸਮਝ ਆ ਸਕਦੀ ਹੈ ਕਿ ਇਸ ਤਰ੍ਹਾਂ ਦੀ ਘਟਨਾ ਨੂੰ ਕਿਵੇਂ ਰੋਕਿਆ ਜਾ ਸਕਦਾ ਹੈ। ਬਲਾਤਕਾਰੀ ਦੇ ਪਿੱਛੇ ਦੀ ਮਾਨਸਿਕਤਾ ਨੂੰ ਸਮਝਣਾ ਬਹੁਤ ਹੀ ਮਹੱਤਵਪੂਰਨ ਹੈ ਤਾਂ ਜੋ ਅਸਲ ਕਾਰਨ ਨੂੰ ਸਮਝ ਕੇ, ਸਮਾਜ ਨੂੰ ਸੁਰੱਖਿਅਤ ਅਤੇ ਸੰਵੇਦਨਸ਼ੀਲ ਬਣਾ ਸਕੀਏ। ਸਰਕਾਰਾਂ ਨੂੰ ਵੀ ਬਲਾਤਕਾਰੀਆਂ ਲਈ ਸਖਤ ਕਾਨੂੰਨੀ ਪ੍ਰਵਿਰਤੀ ਲਾਗੂ ਕਰਨੀ ਚਾਹੀਦੀ ਹੈ। ਸਿਖਲਾਈ ਪ੍ਰੋਗਰਾਮਾਂ, ਜਾਗਰੂਕਤਾ ਮੁਹਿੰਮਾਂ ਅਤੇ ਸਮਾਜਿਕ ਸੁਧਾਰਾਂ ਰਾਹੀਂ ਬਲਾਤਕਾਰ ਨੂੰ ਘਟਾਉਣ ਲਈ ਕਾਰਗਰ ਕਦਮ ਚੁੱਕੇ ਜਾਣੇ ਚਾਹੀਦੇ ਹਨ। ਸਮਾਜਿਕ ਆਗੂਆਂ ਅਤੇ ਧਾਰਮਿਕ ਨੇਤਾਵਾਂ ਦੀ ਭੂਮਿਕਾ ਵੀ ਇਸ ਵਿੱਚ ਬਹੁਤ ਮਹੱਤਵਪੂਰਨ ਹੈ। ਸਰਕਾਰਾਂ ਅਤੇ ਸਮਾਜ ਨੂੰ ਮਿਲ ਕੇ ਬਲਾਤਕਾਰ ਦੀਆਂ ਘਟਨਾਵਾਂ ਨੂੰ ਘਟਾਉਣ ਲਈ ਸਖਤ ਕਦਮ ਚੁੱਕਣ ਦੀ ਲੋੜ ਹੈ। ਸਿਖਲਾਈ ਪ੍ਰੋਗਰਾਮਾਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਜਾ ਸਕਦਾ ਹੈ ਅਤੇ ਬਲਾਤਕਾਰੀ ਨੂੰ ਸਖਤ ਸਜ਼ਾਵਾਂ ਦੇਣ ਨਾਲ ਇਸ ਤਰ੍ਹਾਂ ਦੀਆਂ ਘਟਨਾਵਾਂ ਵਿੱਚ ਘਾਟ ਆ ਸਕਦੀ ਹੈ। ਸਮਾਜਿਕ ਸੁਧਾਰਾਂ ਰਾਹੀਂ ਲੋਕਾਂ ਦੀ ਮਾਨਸਿਕਤਾ ਵਿੱਚ ਤਬਦੀਲੀ ਲਿਆਂਦੀ ਜਾ ਸਕਦੀ ਹੈ। ਬਲਾਤਕਾਰ ਵਰਗੇ ਘਿਨਾਉਣੇ ਜੁਰਮ ਨੂੰ ਘਟਾਉਣ ਲਈ ਸਮਾਜ ਅਤੇ ਸਰਕਾਰਾਂ ਵੱਲੋਂ ਬਹੁਤ ਸਾਰੇ ਢੁਕਵੇਂ ਕਦਮ ਚੁੱਕੇ ਜਾ ਸਕਦੇ ਹਨ। ਇਹ ਜੁਰਮ ਬਹੁਤ ਹੀ ਘਟੀਆ ਅਤੇ ਦਿਲ ਦਹਿਲਾਉਣ ਵਾਲਾ ਹੁੰਦਾ ਹੈ ਅਤੇ ਇਸ ਨੂੰ ਰੋਕਣ ਲਈ ਬਹੁਤ ਸਖਤ ਪ੍ਰਵਿਰਤੀ ਦੀ ਲੋੜ ਹੈ। ਸਿੱਖਿਆ, ਕਾਨੂੰਨ, ਜਾਗਰੂਕਤਾ ਅਤੇ ਮਾਨਸਿਕਤਾ ਵਿਚ ਤਬਦੀਲੀ ਜ਼ਰੂਰੀ ਹੈ। ਅੱਗੇ ਦੱਸੀਆਂ ਤਬਦੀਲੀਆਂ ਨਾਲ ਇਹਨਾਂ ਘਟਨਾਵਾਂ ਵਿੱਚ ਸੁਧਾਰ ਕੀਤਾ ਜਾ ਸਕਦਾ ਹੈ। ਪਹਿਲਾਂ, ਸਿੱਖਿਆ ਸਭ ਤੋਂ ਮਹੱਤਵਪੂਰਨ ਭੂਮਿਕਾ ਨਿਭਾਅ ਸਕਦੀ ਹੈ। ਸਕੂਲਾਂ ਅਤੇ ਕਾਲਜਾਂ ਵਿੱਚ ਲਿੰਗ ਸਮਾਨਤਾ, ਸਿਹਤਮੰਦ ਸੰਬੰਧ ਅਤੇ ਸਹਿਮਤੀ ਦੇ ਮਹੱਤਵ ਬਾਰੇ ਸਿੱਖਿਆ ਦਿੱਤੀ ਜਾ ਸਕਦੀ ਹੈ। ਇਹ ਸਿੱਖਿਆ ਛੋਟੇ ਬੱਚਿਆਂ ਤੋਂ ਹੀ ਸ਼ੁਰੂ ਕੀਤੀ ਜਾ ਸਕਦੀ ਹੈ ਤਾਂ ਜੋ ਉਹ ਬਾਲਗ ਹੋਣ ਤੱਕ ਸਹੀ ਅਤੇ ਗਲਤ ਵਿੱਚ ਅੰਤਰ ਸਮਝ ਸਕਣ। ਦੂਜਾ, ਕਾਨੂੰਨੀ ਪ੍ਰਬੰਧਨਾਂ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਬਲਾਤਕਾਰੀਆਂ ਲਈ ਸਖਤ ਸਜ਼ਾਵਾਂ ਦਾ ਪ੍ਰਾਵਧਾਨ ਹੋਣਾ ਚਾਹੀਦਾ ਹੈ। ਬਲਾਤਕਾਰ ਕਰਨ ਵਾਲਾ ਅਪਰਾਧੀ ਭਾਵੇਂ ਅਮੀਰ ਹੋਵੇ ਜਾਂ ਗਰੀਬ ਹੋਵੇ, ਉਹ ਦੋਸ਼ੀ ਹੈ। ਇਸ ਲਈ ਸਜ਼ਾ ਦੇ ਤੌਰ 'ਤੇ ਬਲਾਤਕਾਰੀ ਨੂੰ ਹੋਰ ਦੇਸ਼ਾਂ ਦੀ ਤਰਜ਼ 'ਤੇ ਫਾਂਸੀ ਦੀ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ ਅਤੇ ਜ਼ਰੂਰੀ ਹੈ ਕਿ ਬਲਾਤਕਾਰ ਦੇ ਕੇਸਾਂ ਦੀ ਜਲਦ ਤੋਂ ਜਲਦ ਸੁਣਵਾਈ ਹੋਵੇ। ਇਸ ਲਈ ਵਿਸ਼ੇਸ਼ ਅਦਾਲਤਾਂ ਦੀ ਸਥਾਪਨਾ ਹੋ ਸਕਦੀ ਹੈ। ਤੁਰੰਤ ਅਤੇ ਸਖਤ ਕਾਰਵਾਈ ਤੋਂ ਇਲਾਵਾ ਬਲਾਤਕਾਰੀਆਂ ਦੇ ਨਾਂਅ ਅਤੇ ਤਸਵੀਰਾਂ ਨੂੰ ਸਰਵਜਨਿਕ ਕਰਨ ਦੀ ਵੀ ਨੀਤੀ ਬਣਾਈ ਜਾ ਸਕਦੀ ਹੈ ਤਾਂ ਜੋ ਲੋਕ ਸੁਰੱਖਿਅਤ ਰਹਿ ਸਕਣ।

ਤੀਜਾ, ਜਾਗਰੂਕਤਾ ਮੁਹਿੰਮਾਂ ਦਾ ਆਯੋਜਨ ਕੀਤਾ ਜਾ ਸਕਦਾ ਹੈ। ਟੀ ਵੀ, ਰੇਡੀਓ, ਸਮਾਜਿਕ ਮੀਡੀਆ ਅਤੇ ਹੋਰ ਮਾਧਿਅਮਾਂ ਰਾਹੀਂ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਸਕਦੀਆਂ ਹਨ। ਇਸਤਰੀਆਂ ਨੂੰ ਆਪਣੇ ਅਧਿਕਾਰਾਂ ਬਾਰੇ ਜਾਗਰੂਕ ਕੀਤਾ ਜਾ ਸਕਦਾ ਹੈ ਅਤੇ ਉਹਨਾਂ ਨੂੰ ਸਿਖਾਇਆ ਜਾ ਸਕਦਾ ਹੈ ਕਿ ਜੇਕਰ ਉਹ ਕਿਸੇ ਮੁਸ਼ਕਲ ਹਾਲਾਤ ਵਿੱਚ ਫਸ ਜਾਣ ਤਾਂ ਕਿਵੇਂ ਆਪਣੇ ਆਪ ਨੂੰ ਬਚਾ ਸਕਦੀਆਂ ਹਨ। ਇਸ ਦੇ ਨਾਲ-ਨਾਲ ਮਰਦਾਂ ਨੂੰ ਵੀ ਸਿਖਾਉਣਾ ਜ਼ਰੂਰੀ ਹੈ ਕਿ ਉਹ ਮਹਿਲਾਵਾਂ ਦੀ ਇੱਜ਼ਤ ਕਿਵੇਂ ਕਰਨ।

ਚੌਥਾ, ਮਾਨਸਿਕਤਾ ਵਿੱਚ ਤਬਦੀਲੀ ਲਿਆਉਣ ਲਈ ਸਮਾਜਿਕ ਸੁਧਾਰ ਅਨੁਸ਼ਾਸਨ ਦੀ ਲੋੜ ਹੈ। ਇਸਤਰੀਆਂ ਦੀ ਪ੍ਰਤੀਕਰਮਿਤਾ, ਇੱਜਤ ਅਤੇ ਹੱਕਾਂ ਨੂੰ ਮਾਨਤਾ ਦੇਣ ਦੀ ਲੋੜ ਹੈ। ਇਸ ਦੇ ਲਈ ਸਮਾਜਿਕ ਅਤੇ ਧਾਰਮਿਕ ਆਗੂਆਂ ਦੀ ਭੂਮਿਕਾ ਮਹੱਤਵਪੂਰਨ ਹੈ। ਉਹ ਲੋਕਾਂ ਵਿੱਚ ਸਹਿਮਤੀ ਅਤੇ ਸੁਰੱਖਿਆ ਦੇ ਮਹੱਤਵ ਨੂੰ ਬਹੁਤ ਹੀ ਅਸਾਨੀ ਨਾਲ ਪਹੁੰਚ ਸਕਦੇ ਹਨ।

ਸਰਕਾਰਾਂ ਨੂੰ ਵੀ ਇਸ ਮਾਮਲੇ ਵਿੱਚ ਪੂਰੀ ਸਹਾਇਤਾ ਦੇਣੀ ਚਾਹੀਦੀ ਹੈ। ਪੁਲਸ ਬਲਾਂ ਦੀ ਸਿਖਲਾਈ ਵਿੱਚ ਸੁਧਾਰ ਕੀਤਾ ਜਾ ਸਕਦਾ ਹੈ ਤਾਂ ਜੋ ਉਹ ਬਲਾਤਕਾਰ ਦੇ ਪੀੜਤਾਂ ਨਾਲ ਸੰਵੇਦਨਸ਼ੀਲਤਾ ਅਤੇ ਮਾਨਵਤਾ ਨਾਲ ਪੇਸ ਆ ਸਕਣ। ਇਸ ਤਰ੍ਹਾਂ ਬਲਾਤਕਾਰ ਵਰਗੇ ਘਿਨਾਉਣੇ ਜੁਰਮ ਨੂੰ ਘਟਾਉਣ ਲਈ ਸਿੱਖਿਆ, ਸਖਤ ਕਾਨੂੰਨੀ ਪ੍ਰਵਿਰਤੀ, ਜਾਗਰੂਕਤਾ ਮੁਹਿੰਮਾਂ ਅਤੇ ਮਾਨਸਿਕਤਾ ਵਿੱਚ ਤਬਦੀਲੀ ਦੀ ਬਹੁਤ ਹੀ ਮਹੱਤਵਪੂਰਨ ਭੂਮਿਕਾ ਹੈ। ਇਹ ਸਾਰੇ ਕਦਮ ਮਿਲ ਕੇ ਸਮਾਜ ਨੂੰ ਵਧੀਆ ਅਤੇ ਸੁਰੱਖਿਅਤ ਬਣਾ ਸਕਦੇ ਹਨ। ਇਸ ਦੇ ਅੰਤ ਵਿੱਚ ਇਹ ਦੱਸਣਾ ਵੀ ਜ਼ਰੂਰੀ ਹੋ ਜਾਂਦਾ ਹੈ ਕਿ ਅਗਰ ਸਰਕਾਰਾਂ ਦੁਆਰਾ ਸਮਾਜ ਵਿੱਚ ਸਥਿਰਤਾ ਲਿਆਉਣ ਲਈ ਵਿਸ਼ੇਸ਼ ਉਪਰਾਲੇ ਨਾ ਕੀਤੇ ਗਏ ਤਾਂ ਉਹ ਦਿਨ ਦੂਰ ਨਹੀਂ, ਜਿਸ ਦਿਨ ਆਮ ਜਨਤਾ ਦੇ ਹੱਥਾਂ ਵਿੱਚ ਫੜੀਆਂ ਮੋਮਬੱਤੀਆਂ ਮਸ਼ਾਲਾਂ ਦਾ ਰੂਪ ਧਾਰਨ ਕਰ ਲੈਣਗੀਆਂ।

**# ਸੰਪਰਕ : 70098-07121**

# ਆਓ, ਹੜ੍ਹ ਰਹੇ ਪੰਜਾਬ ਨੂੰ ਬੰਨ੍ਹ ਮਾਰ ਡੱਕੀਏ...

ਸਪਤ ਸਿੰਧੂ ਅਤੇ ਪੰਜ ਦਰਿਆਵਾਂ ਦੀ ਧਰਤ ਪੰਜਾਬ ਅੱਜ ਢਾਈ ਕੁ ਦਰਿਆਵਾਂ ਦਾ ਇੱਕ ਛੋਟਾ ਜਿਹਾ ਟੁਕੜਾ ਮਾਤਰ ਰਹਿ ਗਿਆ ਹੈ। ਇਸ 'ਤੇ ਸਦਾ ਗਰਮ ਹਵਾਵਾਂ ਦਾ ਪ੍ਰਵਾਹ ਚੱਲਦਾ ਰਿਹਾ। ਸਿਕੰਦਰ, ਗੌਰੀ, ਗਜ਼ਨਵੀ, ਨਾਦਰ, ਤੈਮੂਰ, ਅਬਦਾਲੀ ਅਤੇ ਬਾਬਰ ਇਸ ਨੂੰ ਲੁੱਟਦੇ-ਮਾਰਦੇ ਰਹੇ। ਪੰਜਾਬੀਆਂ ਇਨ੍ਹਾਂ ਹਮਲਾਵਰਾਂ ਨੂੰ ਡਟ ਕੇ ਟੱਕਰ ਦਿੱਤੀ। ਮਹਾਂਪੁਰਖਾਂ, ਪੈਗੰਬਰਾਂ, ਸੂਫੀਆਂ, ਸੰਤਾਂ ਅਤੇ ਬਹਾਦਰ ਯੋਧਿਆਂ ਦਾ ਪੰਜਾਬ ਹਰਿਆਲੀ, ਜੋਸ਼, ਉਤਸ਼ਾਹ, ਸਿਰੜੀ, ਮਿਹਨਤ, ਕਿਰਤ ਕਰਨ ਤੇ ਵੰਡ ਛਕਣ ਵਾਲੇ ਨਾਂਅ ਨਾਲ ਜਾਣਿਆ ਜਾਂਦਾ ਰਿਹਾ ਹੈ। ਇੱਥੋਂ ਦੇ ਨੌਜਵਾਨਾਂ ਨੇ ਜ਼ੰਜੀਰਾਂ ਵਿੱਚ ਜਕੜੀ ਧਰਤੀ ਮਾਂ ਲਈ ਫਾਂਸੀ ਦੇ ਰੱਸਿਆ ਨੂੰ ਹੱਸ ਕੇ ਚੁੰਮਿਆ ਤੇ ਸ਼ਹਾਦਤਾਂ ਦੇ ਜਾਮ ਪੀਤੇ। ਦੇਸ਼ ਦੀ ਆਜ਼ਾਦੀ ਨੇ ਪੰਜਾਬ ਦੇ ਲੱਖਾਂ ਪੰਜਾਬੀਆਂ ਦੇ ਵਢਾਂਗੇ ਅਤੇ ਇਸ ਧਰਤੀ ਦੇ ਦੋ ਟੁਕੜਿਆਂ ਵਿੱਚ ਵੰਡ ਨੇ ਪੰਜਾਬੀਆਂ ਨੂੰ ਕਦੇ ਨਾ ਭਰਨ ਵਾਲੇ ਜ਼ਖਮ ਦਿੱਤੇ। ਪੰਜਾਬ ਦੇ ਸਾਹ ਰਗ ਮੁਕੱਦਸ ਅਸਥਾਨ ਵੀ ਇਸ ਤੋਂ ਵਿੱਛੜ ਗਏ। ਦੇਸ਼ ਦੇ ਹਾਕਮਾਂ ਨੇ ਅੰਗਰੇਜ਼ਾਂ ਵੱਲੋਂ ਦਿੱਤੇ ਪ੍ਰਸਤਾਵ ਕਲਕੱਤਾ ਜਾਂ ਲਾਹੌਰ ਵਿੱਚੋਂ ਇੱਕ ਚੁਣਨ ਵਿੱਚੋਂ ਕਲਕੱਤਾ ਤਾਂ ਚੁਣ ਲਿਆ, ਪਰ ਪੰਜਾਬ ਦਾ ਦਿਲ ਲਾਹੌਰ ਇਸ ਤੋਂ ਦੂਰ ਹੋ ਗਿਆ। ਪੰਜਾਬ ਇਨ੍ਹਾਂ ਤੂਫਾਨਾਂ, ਗਰਮ ਹਵਾਵਾਂ ਅਤੇ ਰੋੜ੍ਹੂ ਲਹਿਰਾਂ ਦੇ ਬਾਵਜੂਦ ਉੱਠ ਖੜ੍ਹਾ, ਪਰ ਇਸ ਦੀ ਵੰਡ ਤੋਂ ਬਾਅਦ ਵੀ ਇਸ 'ਤੇ ਹਮਲੇ ਜਾਰੀ ਰਹੇ, ਕਿਉਂਕਿ ਪੈਰ ਵੱਢਣ ਵਾਲੇ ਇਸ ਦੇ ਵਿੱਚ ਹੀ ਬੈਠੇ ਸਨ। ਜਿਵੇਂ ਪੰਜਾਬ ਨੂੰ ਹਮੇਸ਼ਾ ਬਲਦੀ ਅੱਗ ਵਿੱਚ ਰੱਖਣ ਵਾਲੀ ਹੋਣੀ ਕਹਿ ਰਹੀ ਹੋਵੇ ਕਿ ਤੂੰ ਕਿਵੇਂ ਸੁੱਖ ਦਾ ਸਾਹ ਲੈ ਸਕਦਾ ਹੈਂ! ਅਜੇ ਤਾਂ ਮੈਂ ਤੇਰਾ ਇੰਨਾ ਲਹੂ ਪੀਣਾ ਹੈ ਕਿ ਤੇਰੇ ਵਿੱਚ ਕੋਈ ਸਾਹ ਬਾਕੀ ਨਾ ਰਹੇ!

ਫਿਰ ਪੰਜਾਬ ਨੂੰ ਲੁੱਟਣ ਵਾਲੇ ਇਸ ਦੇ ਵਿੱਚੋਂ ਹੀ ਉੱਠੇ। ਪੰਜਾਬ ਦੀ ਅਗਵਾਈ ਕਰਨ ਵਾਲਿਆਂ ਨੇ ਕੇਂਦਰੀ ਸਿਆਸਤ ਨਾਲ ਮਿਲ ਕੇ ਇਸ ਨੂੰ ਇੱਕ ਵਾਰ ਫਿਰ ਕਤਲੋਗਾਰਤ ਦੀ ਧਰਤੀ ਬਣਾ ਛੱਡਿਆ। ਪੰਜਾਬ ਫਿਰ ਉੱਜੜਿਆ ਅਤੇ ਲੰਘੇ ਮਾੜੇ ਸਮੇਂ ਤੋਂ ਅਜੇ ਉੱਭਰਨ ਲੱਗਾ ਹੀ ਸੀ ਕਿ ਵੈਰੀਆਂ ਨੇ ਨਸ਼ੇ ਦਾ ਦਰਿਆ ਚਲਾ ਦਿੱਤਾ। ਪੰਜਾਬ ਦੇ ਬਹੁਤ ਸਾਰੇ ਨੌਜਵਾਨ ਇਸ ਵਹਿਣ ਵਿੱਚ ਵਹਿਣ ਲੱਗੇ। ਫਿਰ ਪੰਜਾਬ ਨੂੰ ਨਾਂਅ ਦਿੱਤਾ 'ਉੜਤਾ ਪੰਜਾਬ।' ਜਿਹੜੇ ਸ਼ੇਰ ਦਾ ਸ਼ਿਕਾਰ ਕਰਨ ਵਾਲੇ ਸਨ ਉਨ੍ਹਾਂ ਦੇ ਵਾਰਿਸ ਨਸ਼ੇ ਕਾਰਨ ਮੌਤ ਦਾ ਸ਼ਿਕਾਰ ਹੋਣ ਲੱਗੇ। ਇਨ੍ਹਾਂ ਦੀਆਂ ਲਾਸ਼ਾਂ ਸੜਕਾਂ ਦੇ ਕੰਢਿਆਂ, ਖੋਲਿਆਂ ਤੇ ਕਦੇ ਕਿਤੇ ਝਾੜੀਆਂ 'ਚ ਪਈਆਂ ਮਿਲਦੀਆਂ। ਕਈ ਮਾਪੇ ਤਾਂ ਨਸ਼ਈ ਪੁੱਤਾਂ ਤੋਂ ਅਜਿਹੇ ਤੰਗ ਆਏ ਕਿ ਉਹ ਕਾਮਨਾ ਕਰਦੇ ਕਿ ਅਜਿਹੀ ਨਰਕ ਭਰੀ ਜ਼ਿੰਦਗੀ ਤੋਂ ਤਾਂ ਇਹ ਮਰ ਜਾਣ ਤਾਂ ਚੰਗਾ ਹੈ, ਨਸ਼ੇ ਦੇ ਛੇਵੇਂ ਦਰਿਆ 'ਚ ਵਹਿ ਰਹੇ ਪੰਜਾਬ ਦਾ ਭਵਿੱਖ ਲੂਣ ਦੀ ਡਲੀ ਵਾਂਗ ਖੁਰਨ ਲੱਗਾ।

ਨਸ਼ੇ ਵਰਗੀ ਅਲਾਮਤ ਤੋਂ ਦੂਰ ਰਹਿਣ ਵਾਲੇ ਨੌਜਵਾਨ ਵਿਦੇਸ਼ੀਂ ਉਡਾਰੀਆਂ ਮਾਰਨ ਲੱਗੇ। ਵਿਦੇਸ਼ ਜਾਣ ਦੀ ਅਜਿਹੀ ਹੋੜ ਲੱਗੀ ਕਿ ਆਰਥਿਕਤਾ ਪੱਖੋਂ ਕਮਜ਼ੋਰ ਤੇ ਮਜ਼ਬੂਤ ਦੋਨੋਂ ਪਰਵਾਰਾਂ ਦੇ ਬੱਚਿਆਂ ਨੇ ਬਾਹਰ ਰੁਖ ਕਰ ਲਿਆ। ਜਿਹੜੇ ਸਧਾਰਨ ਪਰਵਾਰ ਹਨ, ਉਨ੍ਹਾਂ ਆਪਣੀਆਂ ਜ਼ਮੀਨਾਂ ਵੇਚ ਜਾਂ ਕਰਜ਼ਾ ਚੁੱਕ, ਬੱਚਿਆਂ ਨੂੰ ਪੰਜਾਬ ਦੀ ਨਿੱਘਰ ਰਹੀ ਹਾਲਤ ਕਾਰਨ ਆਪਣੀਆਂ ਅੱਖਾਂ ਤੋਂ ਦੂਰ ਭੇਜਣ ਵਿੱਚ ਹੀ ਭਲਾ ਸਮਝਿਆ। ਅਟਕ ਦਾ ਕਿਲ੍ਹਾ ਬਣਾ ਕੇ ਹਮਲਾਵਰਾਂ ਤੋਂ ਪੰਜਾਬ ਨੂੰ ਬਚਾਉਣ ਅਤੇ ਅਬਦਾਲੀ ਨੂੰ ਅੱਗੇ ਲਗਾ ਕੇ ਭਜਾਉਣ ਵਾਲਿਆਂ ਦੀ ਪੀੜ੍ਹੀ ਅੱਜ ਪੰਜਾਬ ਛੱਡ ਦੌੜਨ ਲੱਗੀ। ਵਿਦੇਸ਼ੀ ਦੌੜ ਨੇ ਬਹੁਤ ਸਾਰੇ ਠੱਗ ਏਜੰਟਾਂ ਦਾ ਵਪਾਰ ਚਲਦਾ ਕਰ ਦਿੱਤਾ। ਜੋ ਨੌਜਵਾਨਾਂ ਨੂੰ ਹਨੇਰੇ ਰਾਹਾਂ ਦੇ ਪਾਂਧੀ ਬਣਾ ਆਪ ਐਸ਼ ਕਰਦੇ। ਬਹੁਤ ਸਾਰੇ ਨੌਜਵਾਨ ਵਿਦੇਸ਼ੀ ਸਰਹੱਦਾਂ ਤੱਕ ਪਹੁੰਚਣ ਲਈ ਸਮੁੰਦਰ ਵਿੱਚ ਸਮਾ ਗਏ, ਜਿਨ੍ਹਾਂ ਜੰਗਲਾਂ ਨੂੰ ਰਾਹ ਬਣਾਇਆ, ਉਹ ਭੁੱਖ, ਪਿਆਸ ਤੇ ਬਿਖੜੇ ਪੈਂਡੇ ਨਾ ਸਹਾਰਦੇ ਹੋਏ ਮਰ-ਖਪ ਗਏ ਜਾਂ ਜੰਗਲੀ ਜਾਨਵਰਾਂ ਦੀ ਖੁਰਾਕ ਬਣੇ। ਵਿਦੇਸ਼ੀ ਤੁਰ ਗਿਆਂ ਦੇ ਘਰਾਂ ਵਿੱਚ ਸੁੰਨ ਪੱਸਰ ਗਈ। ਬਜ਼ੁਰਗ ਮਾਂ-ਬਾਪ ਇਕੱਲੇ ਘਰ ਰਹਿੰਦੇ, ਜਿਨ੍ਹਾਂ ਲਈ ਘਰ-ਘਰ ਨਾ ਰਹਿ ਕੇ ਮਕਾਨ ਬਣ ਜਾਂਦਾ ਹੈ। ਘਰਾਂ ਦੇ ਖਾਲੀ ਕਮਰੇ ਵੱਢ ਖਾਣ ਨੂੰ ਆਉਂਦੇ ਜੋ ਚਹਿਲ-ਪਹਿਲ ਤੋਂ ਸੱਖਣੇ ਹੋ ਜਾਂਦੇ ਹਨ। ਬਾਪੂ ਖੇਤ ਦੀਆਂ ਪੈਲੀਆਂ ਨੂੰ ਲੱਗੇ ਵਢਾਂਗੇ ਕਾਰਨ ਵੀ ਦੁਖੀ ਹੁੰਦਾ ਹੈ; ਉਸ ਦੀ ਮਿਹਨਤ ਨਾਲ ਬਣਾਏ ਕਿੱਲੇ ਸੁੰਗੜ ਗਏ; ਅੱਜ ਉਹਦੀ ਇਕੱਲਤਾ ਤੇ ਵਿਰਾਨ ਖੇਤ ਉਸ ਲਈ ਹੌਕਿਆਂ ਤੋਂ ਸਿਵਾਏ ਕੁਝ ਨਹੀਂ। ਜਿਨ੍ਹਾਂ ਦੇ ਧੀਆਂ-ਪੁੱਤ ਵਿਦੇਸ਼ਾਂ ਵਿੱਚ ਪਹੁੰਚ ਕੇ ਕਮਾਉਣ ਲੱਗੇ, ਉਨ੍ਹਾਂ ਲਈ ਆਸ ਦੀ ਕਿਰਨ ਹੋ ਸਕਦੀ ਹੈ, ਪਰੰਤੂ ਜਿਹੜੇ ਪਹੁੰਚਣ ਦੇ ਬਾਵਜੂਦ ਧੱਕੇ ਖਾ ਰਹੇ ਹਨ ਜਾਂ ਰਸਤੇ 'ਚ ਹੀ ਮੁੱਕ ਗਏ, ਉਨ੍ਹਾਂ ਦੇ ਸੁੰਨੇ ਵਿਹੜਿਆਂ ਵਿੱਚ ਘਾਹ ਉੱਗ ਆਇਆ; ਮਾਂ-ਪਿਓ ਦੀਆਂ ਅੱਖਾਂ ਨੀਰ ਦੀ ਨਦੀ ਬਣ ਵਿਰਾਨ ਹੋ ਗਈਆਂ।



**ਹਰਨੰਦ ਸਿੰਘ ਬੱਲਿਆਂਵਾਲਾ**

ਜਦੋਂ ਕਿਸਾਨ, ਮਜ਼ਦੂਰ ਦੀ ਹਾਲਤ ਵੇਖਦੇ ਹਾਂ ਤਾਂ ਉਨ੍ਹਾਂ ਵੱਲ ਵੇਖ ਕੇ ਮਨ ਦੁਖੀ ਹੁੰਦਾ ਹੈ ਕਿ ਮਿਹਨਤ ਦਾ ਮੁੱਲ ਕੀ ਮਿਲ ਰਿਹਾ ਹੈ। ਫਸਲਾਂ ਲਈ ਹੱਦੋਂ ਵੱਧ ਕੀਟ ਤੇ ਨਦੀਨ ਨਾਸ਼ਕ ਦਵਾਈਆਂ ਦੀ ਵਰਤੋਂ 'ਤੇ ਖਰਚ, ਫਸਲ ਪਾਲਣ ਲਈ ਮਿਹਨਤ, ਕੁਦਰਤੀ ਆਫਤਾਂ ਕਾਰਨ ਨੁਕਸਾਨ ਅਤੇ ਘੱਟ ਫਸਲ ਦੇ ਨਿਗੂਣੇ ਮੁੱਲ ਕਾਰਨ ਕਿਸਾਨ ਦੀ ਹਾਲਤ ਦਿਨ-ਬ-ਦਿਨ ਨਿੱਘਰ ਰਹੀ ਹੈ। ਮਹਿੰਗਾਈ ਤੇ ਕਾਰਪੋਰੇਟ ਪੱਖੀ ਕਾਨੂੰਨਾਂ ਕਾਰਨ ਮਜ਼ਦੂਰ ਹਰ ਰੋਜ਼ ਪਿੱਸ ਰਿਹਾ ਹੈ। ਲੰਮੀ ਦਿਹਾੜੀ ਦੇ ਬਾਵਜੂਦ ਘੱਟ ਮਜ਼ਦੂਰੀ ਕਾਰਨ ਉਸ ਦੇ ਬੱਚੇ ਸਿੱਖਿਆ ਅਤੇ ਸਿਹਤ ਪੱਖੋਂ ਵਾਂਝੇ ਰਹਿ ਜਾਂਦੇ ਹਨ। ਇਸ ਤੋਂ ਅੱਗੇ ਰੁਜ਼ਗਾਰ ਦੀ ਗੱਲ ਕਰੀਏ ਤਾਂ ਅੱਜਕੱਲ੍ਹ ਠੇਕਾ ਪ੍ਰਣਾਲੀ ਚੱਲ ਪਈ ਹੈ, ਜਿਸ ਕਾਰਨ ਘੱਟ ਤਨਖਾਹ 'ਤੇ ਕਿਰਤੀ ਕਾਮਿਆਂ ਨੂੰ ਕੰਮ ਕਰਨਾ ਪੈ ਰਿਹਾ ਹੈ; ਬਹੁਤ ਸਾਰੇ ਬੇਰੁਜ਼ਗਾਰ ਰੁਜ਼ਗਾਰ ਖਾਤਰ ਹਰ ਰੋਜ਼ ਸੜਕਾਂ 'ਤੇ ਰੁਲਦੇ ਅਤੇ ਸਰਕਾਰੀ ਤਸ਼ੱਦਦ ਦਾ ਸ਼ਿਕਾਰ ਹੁੰਦੇ ਹਨ। ਵਾਰ-ਵਾਰ ਮੀਟਿੰਗਾਂ ਦੇ ਕੇ ਅਤੇ ਫਿਰ ਵਾਅਦੇ ਤੋਂ ਮੁੱਕਰ ਕੇ ਸਰਕਾਰ ਬੇਰੁਜ਼ਗਾਰਾਂ ਨਾਲ ਮਜ਼ਾਕ ਕਰ ਰਹੀ ਹੈ। ਉਧਰ ਸੋਨਾ ਉਗਲਣ ਵਾਲੀ ਪੰਜਾਬ ਦੀ ਮਿੱਟੀ ਜ਼ਹਿਰ ਉਗਲਣ ਲੱਗੀ ਹੈ। ਫੈਕਟਰੀਆਂ ਦੇ ਗੰਦੇ ਪਾਣੀ, ਹਵਾ ਪ੍ਰਦੂਸ਼ਣ ਅਤੇ ਫਸਲਾਂ ਲਈ ਅੰਨ੍ਹੇਵਾਹ ਰਸਾਇਣਕ ਦਵਾਈਆਂ ਦੀ ਵਰਤੋਂ ਕਾਰਨ ਪੰਜਾਬ ਦੀ ਮਿੱਟੀ ਅਤੇ ਆਬੋ-ਹਵਾ ਖਰਾਬ ਹੋਣ ਕਾਰਨ ਲੋਕ ਅਨੇਕਾਂ ਬੀਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਹਸਪਤਾਲਾਂ ਵਿੱਚ ਵੀ ਮਹਿੰਗਾ ਇਲਾਜ ਕਰਵਾਉਣਾ ਹਰ ਇੱਕ ਦੇ ਵੱਸ ਦੀ ਗੱਲ ਨਹੀਂ। ਸਰਕਾਰੀ ਹਸਪਤਾਲਾਂ ਵਿੱਚ ਪ੍ਰਾਈਵੇਟ ਵਾਲੀਆਂ ਸਹੂਲਤਾਂ ਨਹੀਂ। ਫਿਰ ਆਮ ਬੰਦਾ ਕੀ ਕਰੇ ? ਦੁੱਧ ਮੱਖਣਾਂ ਨਾਲ ਪਲਣ ਤੇ ਰੁਸਤਮ-ਏ-ਹਿੰਦ ਦਾ ਖਿਤਾਬ ਪ੍ਰਾਪਤ ਕਰਨ ਵਾਲੇ ਛੋਟੀਆਂ ਉਮਰਾਂ ਵਿੱਚ ਹੀ ਹਾਈ ਬਲੱਡ ਪ੍ਰੈਸ਼ਰ, ਕੈਂਸਰ, ਸ਼ੂਗਰ ਅਤੇ ਦਿਲ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋਣ ਲੱਗੇ ਹਨ।

ਜਦੋਂ ਅਸੀਂ ਪੰਜਾਬ ਦੀ ਹਾਲਤ ਕੀ ਤੋਂ ਕੀ ਬਣ ਗਈ ਵੱਲ ਗਹਿਰਾਈ ਨਾਲ ਵਾਚਦੇ ਹਾਂ ਤਾਂ ਅਨੇਕਾਂ ਕਾਰਨ ਉੱਭਰ ਕੇ ਸਾਡੇ ਸਾਹਮਣੇ ਆਉਂਦੇ ਹਨ। ਮਿਹਨਤੀ ਲੋਕ ਸਾਰਾ ਦਿਨ ਪਸੀਨਾ ਵਹਾਉਂਦੇ, ਹੱਡ ਤੋੜਵੀਂ ਮੁਸ਼ੱਕਤ ਕਰਦੇ ਅਤੇ ਔਖੇ ਕੰਮਾਂ ਲਈ ਖਤਰੇ ਵੀ ਸਹੇੜਦੇ ਹਨ, ਪਰ ਵਿਹਲੜ ਰਾਜਨੇਤਾ ਲੋਕਾਂ ਦੇ ਹੱਕ ਅਧਿਕਾਰ ਖੋਹ, ਦੇਸ਼ਾਂ-ਵਿਦੇਸ਼ਾਂ ਵਿੱਚ ਵੱਡੇ ਫਾਰਮ ਤੇ ਆਲੀਸ਼ਾਨ ਹੋਟਲ ਤੇ ਬੰਗਲੇ ਉਸਾਰਦੇ ਹਨ। ਲੋਕਾਂ ਨੂੰ ਭਰਮਾਉਣ ਲਈ ਇੱਕ ਬੰਨੇ ਮੁਫਤ ਸਹੂਲਤਾਂ ਦਿੰਦੇ ਹਨ, ਦੂਸਰੇ ਹੱਥ ਦੁੱਗਣਾ ਲੁੱਟਦੇ ਹਨ। ਜਿਨ੍ਹਾਂ ਵੋਟਾਂ ਦਿੱਤੀਆਂ, ਉਨ੍ਹਾਂ ਨੂੰ ਹੱਕਾਂ ਲਈ ਸੰਘਰਸ਼ ਕਰਨੇ ਪੈਂਦੇ, ਪਰ ਪੂੰਜੀਪਤੀਆਂ ਨੂੰ ਬਿਨ ਮੰਗਿਆਂ ਹੀ ਲੋਕਾਂ ਦੀ ਮਿਹਨਤ ਦਾ ਸਰਮਾਇਆ ਕੌਡੀਆਂ ਦੇ ਭਾਅ ਲੁਟਾਇਆ ਜਾਂਦਾ ਹੈ। ਆਰਥਿਕ ਨਾ-ਬਰਾਬਰੀ ਕਾਰਨ ਲੋਕਾਂ ਦੀ ਹਾਲਤ ਬਦਤਰ ਹੋ ਗਈ। ਪੰਜਾਬੀਆਂ ਨੂੰ ਆਰਥਿਕ ਮੁਸ਼ਕਲਾਂ 'ਚ ਪਾ, ਨਸ਼ਿਆਂ ਵਿੱਚ ਰੋੜ੍ਹਨ ਅਤੇ ਵਿਦੇਸ਼ ਭੇਜਣ ਪਿੱਛੇ ਪੰਜਾਬ ਦੀਆਂ ਉਪਜਾਊ ਜ਼ਮੀਨਾਂ ਨੂੰ ਹੜੱਪਣ ਦੀਆਂ ਗਹਿਰੀਆਂ ਸਾਜ਼ਿਸ਼ਾਂ ਹਨ।

ਗੁਰਬਾਣੀ ਵਿੱਚ ਦਰਜ ਹੈ "ਇਹ ਸਰੀਰ ਸਭੁ ਧਰਮ ਹੈ, ਜਿਸ ਅੰਦਰਿ ਸਚੇ ਕੀ ਵਿਚਿ ਜੋਤਿ" ਭਾਵ ਸਰੀਰ ਹੀ ਧਰਮ ਹੈ, ਜਿਸ ਅੰਦਰ ਸੱਚ ਦੀ ਜੋਤ ਹੈ। ਇਨਸਾਫ, ਫਰਜ਼, ਨੈਤਿਕਤਾ, ਸਹਿਣਸ਼ੀਲਤਾ, ਮਨੁੱਖਤਾ ਪ੍ਰਤੀ ਸਨੇਹ ਆਦਿ ਸਭ ਸੱਚੇ ਧਰਮ ਦੇ ਅੰਗ ਹਨ। ਸੱਚਾ ਧਰਮ ਮਨੁੱਖ ਦੀਆਂ ਜ਼ੰਜੀਰਾਂ ਤੋੜ ਕੇ ਗਹਿਰੇ ਤੇ ਵਿਸ਼ਾਲ ਜੀਵਨ ਸਾਗਰ ਦੀ ਯਾਤਰਾ ਕਰਵਾਉਂਦਾ ਹੈ, ਪਰ ਸਾਡੇ ਸਮਾਜ ਵਿੱਚ ਰਾਜਨੀਤੀ ਤੋਂ ਬਾਅਦ ਜੇਕਰ ਲੁੱਟਣ ਵਾਲਿਆਂ ਦੀ ਗੱਲ ਕੀਤੀ ਜਾਵੇ ਤਾਂ ਅਖੌਤੀ ਧਰਮੀ ਆਗੂ ਹੀ ਹਨ, ਜਿਨ੍ਹਾਂ ਸਮਾਜ ਨੂੰ ਅੰਧ-ਵਿਸ਼ਵਾਸਾਂ ਵਿੱਚ ਜਕੜ ਕੇ ਲੋਕਾਂ ਦੀ ਆਰਥਿਕ ਤੇ ਮਾਨਸਿਕ ਲੁੱਟ ਕੀਤੀ ਹੈ। ਕਿਰਤ ਕਰਨ ਤੇ ਵੰਡ ਛਕਣ ਦੇ ਸੰਦੇਸ਼ ਨੂੰ ਛੱਡ ਇਨ੍ਹਾਂ ਡੇਰਾਵਾਦੀਆਂ ਨੇ ਲੋਕਾਂ ਤੋਂ ਸੇਵਾ ਦੇ ਨਾਂਅ 'ਤੇ ਧਨ ਇਕੱਠਾ ਕਰਕੇ ਮਹਿੰਗੀਆਂ ਕਾਰਾਂ, ਖੁੱਲ੍ਹੀਆਂ ਜ਼ਮੀਨਾਂ, ਆਲੀਸ਼ਾਨ ਇਮਾਰਤਾਂ ਬਣਾਈਆਂ ਹਨ। ਲੋਕਾਂ ਦੀ ਮਿਹਨਤ ਦੀ ਕਮਾਈ ਵੱਡੇ-ਵੱਡੇ ਧਾਰਮਿਕ ਸਥਾਨ ਉਸਾਰਨ ਲਈ ਸੇਵਾ ਦੇ ਨਾਂਅ 'ਤੇ ਇਕੱਤਰ ਕੀਤੀ ਜਾਂਦੀ ਹੈ। ਅੱਜਕੱਲ੍ਹ ਪਿੰਡਾਂ ਤੇ ਸ਼ਹਿਰਾਂ ਵਿੱਚ ਇੱਕ ਧਰਮ ਦੇ ਦੋ ਜਾਂ ਚਾਰ ਸਥਾਨ ਬਣ ਚੁੱਕੇ ਹਨ; ਕੋਈ ਵੀ ਬਾਬੇ ਦਾ ਰੂਪ ਧਾਰ ਡੇਰਾ ਚਲਾਉਣ ਲੱਗਦਾ ਹੈ ਅਤੇ ਕੁਝ ਸਮੇਂ ਵਿੱਚ ਹੀ ਦੌਲਤ ਦੇ ਅੰਬਾਰ ਇਕੱਠੇ ਕਰ ਲੈਂਦਾ ਹੈ। ਕਈ ਲੋਕਾਂ ਕੋਲ ਰਹਿਣ ਲਈ ਘਰ ਨਹੀਂ, ਪਰ ਰੱਬ ਦੇ ਘਰ ਉਸਾਰਨ ਲਈ ਅੰਨ੍ਹਾ ਪੈਸਾ ਵਹਾਇਆ ਜਾਂਦਾ ਹੈ। ਦੂਜੇ ਪਾਸੇ ਇਨ੍ਹਾਂ ਦੇ ਕਾਫਲੇ ਮੰਤਰੀਆਂ ਨੂੰ ਵੀ ਮਾਤ ਪਾਉਂਦੇ ਹਨ। ਕਦੇ ਕਿਸੇ ਲੋੜਵੰਦ ਦੀ ਮਦਦ ਇਨ੍ਹਾਂ ਵੱਲੋਂ ਨਹੀਂ ਕੀਤੀ ਜਾਂਦੀ। ਅੱਜ ਦੇ ਬਾਬੇ "ਗੁਰੂ ਦੀ ਗੋਲਕ ਗਰੀਬ ਦਾ ਮੂੰਹ" ਦੇ ਵਿਚਾਰ ਤੋਂ ਬੇਮੁੱਖ ਹਨ। ਦੂਜਾ, ਜਿਸ ਸਰੀਰ ਨੂੰ ਅਸਲ ਧਰਮ ਦੱਸਿਆ ਗਿਆ, ਉਸ ਨੂੰ ਹੀ ਇਨ੍ਹਾਂ ਆਗੂਆਂ ਨੇ ਜਾਤ-ਧਰਮ ਦੀਆਂ ਵੰਡੀਆਂ ਪਾ, ਧਰਮ-ਕਰਮ ਦੇ ਨਾਂਅ 'ਤੇ ਕਤਲੇਆਮ, ਦੰਗੇ, ਬਲਾਤਕਾਰ, ਗੁੰਡਾਗਰਦੀ, ਨਾ-ਇਨਸਾਫੀ ਕਾਰਨ ਮਨੁੱਖਤਾ ਦਾ ਘਾਣ ਕੀਤਾ ਹੈ। ਪਤਾ ਨਹੀਂ ਕਿੰਨੇ ਲੋਕਾਂ ਦੀਆਂ ਲਾਸ਼ਾਂ, ਆਹਾਂ, ਤੜਪਾਂ, ਚੀਕਾਂ ਇਨ੍ਹਾਂ ਦੇ ਮਹਿਲਾ ਦੀਆਂ ਨੀਹਾਂ ਵਿੱਚ ਦੱਬੀਆਂ ਹਨ। ਇਨ੍ਹਾਂ ਵਿੱਚੋਂ ਅੱਜ ਬਹੁਤੇ ਜੇਲ੍ਹ ਵਿੱਚ ਬੰਦ ਹੋਣ ਦੇ ਬਾਵਜੂਦ ਸਾਡੀ ਸ਼ਰਧਾ ਇਨ੍ਹਾਂ ਪ੍ਰਤੀ ਨਹੀਂ ਘਟਦੀ। ਤੀਜਾ, ਜਨਮ-ਮਰਨ ਤੇ ਹੋਰ ਮਨਘੜਤ ਰਸਮਾਂ ਇੰਨੀਆਂ ਖਰਚੀਲੀਆਂ ਬਣਾ ਦਿੱਤੀਆਂ ਗਈਆਂ ਕਿ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਗਈਆਂ। ਫਿਰ ਵੀ ਲੋਕਾਂ ਚੰਗੇ ਭਵਿੱਖ ਦੇ ਲਾਏ ਜਾਂਦੇ ਲਾਰਿਆਂ ਕਾਰਨ ਕਰਜ ਚੁੱਕ ਕੇ ਅਜਿਹੀਆਂ ਰਸਮਾਂ ਕਰਦੇ ਹਨ। ਕੋਈ ਵੀ ਸ਼ੁੱਭ ਕੰਮ ਇਨ੍ਹਾਂ ਲੋਕ ਦੇ ਹੱਥ ਛੁਹਾਉਣ ਤੋਂ ਬਿਨਾਂ ਨੇਪਰੇ ਨਾ ਚੜ੍ਹਨ ਦਾ ਡਰ ਲੋਕਾਂ ਅੰਦਰ ਘਰ ਕਰ ਗਿਆ ਹੈ।

ਸਾਡਾ ਸੱਭਿਆਚਾਰ ਬੜਾ ਅਮੀਰ ਰਿਹਾ ਹੈ। ਸੱਭਿਆਚਾਰ ਦੀ ਝਲਕ ਪੇਸ਼ ਕਰਦੇ ਗੀਤ, ਫਿਲਮਾਂ, ਨਾਟਕ ਸਮਾਜਿਕ ਵਿਵਸਥਾ ਨਾਲ ਨੇੜਿਓਂ ਜੁੜੇ ਹੁੰਦੇ ਸਨ, ਪਰ ਅੱਜ ਸੱਭਿਆਚਾਰ ਨੂੰ ਵਿਗਾੜਨ ਵਾਲੇ ਕਲਾਕਾਰਾਂ ਤੇ ਗੀਤਕਾਰਾਂ ਦੀ ਭਰਮਾਰ ਹੈ। ਕੁਝ ਚੰਗੇ ਗੀਤਕਾਰ ਤੇ ਕਲਾਕਾਰਾਂ ਨੂੰ ਛੱਡ ਗਹਿਰੀ ਸਾਜ਼ਿਸ਼ ਅਧੀਨ ਬਹੁਗਿਣਤੀ ਤੱਤ ਸੱਭਿਆਚਾਰ ਨੂੰ ਖੋਰਾ ਲਗਾ ਰਹੇ ਹਨ, ਜੋ ਜੀਵਨ-ਜਾਚ ਦੇ ਨੇੜੇ ਨਹੀਂ ਢੁਕਦੇ। ਇਹ ਹਰਿਆਵਲ ਤੇ ਖੂਬਸੂਰਤ ਧਰਤੀ ਦੇ ਮਿਹਨਤੀ ਤੇ ਸਿਰੜੀ ਲੋਕਾਂ ਨੂੰ ਅਯਾਸ, ਗੈਂਗਸਟਰ, ਨਸ਼ੇ, ਹਥਿਆਰ, ਗੁੰਡਾਗਰਦੀ ਅਤੇ ਅਸ਼ਲੀਲਤਾ ਵੱਲ ਆਕਰਸ਼ਤ ਕਰ ਰਹੇ ਹਨ। ਅਜਿਹੇ ਗੁੰਮਰਾਹਕੁੰਨ ਲੋਕ ਪੰਜਾਬ ਦੀ ਫਿਜ਼ਾ ਵਿੱਚ ਜ਼ਹਿਰ ਘੋਲਦੇ ਹਨ। ਇਨ੍ਹਾਂ ਅਖੌਤੀ ਗੀਤਕਾਰਾਂ ਉੱਤੇ ਲੱਖਾਂ ਰੁਪਏ ਵਹਾਏ ਜਾਂਦੇ ਹਨ। ਨੌਜਵਾਨਾਂ ਨੂੰ ਅਜਿਹੇ ਭੜਕਾਊ ਤੱਤਾਂ ਤੋਂ ਸੁਚੇਤ ਹੋਣ ਦੀ ਲੋੜ ਹੈ। ਅਸੀਂ ਉਨ੍ਹਾਂ ਕਲਾਕਾਰਾਂ ਤੇ ਗੀਤਕਾਰਾਂ ਨੂੰ ਸਿਜਦਾ ਕਰਦੇ ਹਾਂ, ਜੋ ਸਾਡੀ ਵਿਰਾਸਤ ਦੀ ਸਹੀ ਤਸਵੀਰ ਪੇਸ਼ ਕਰ ਸੱਭਿਆਚਾਰ ਵਿਚ ਪੈਦਾ ਕੀਤੇ ਜਾ ਰਹੇ ਭੱਦੇਪਣ ਨੂੰ ਦੂਰ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਅੱਜ ਲੋੜ ਹੈ ਨੌਜਵਾਨਾਂ ਨੂੰ ਸਹੀ ਸੇਧ ਦੇਣ ਦੀ, ਕਿਉਂਕਿ ਆਰਥਿਕਤਾ ਤੇ ਬੇਰੁਜ਼ਗਾਰੀ ਦੇ ਝੰਬੇ ਨੌਜਵਾਨਾਂ ਦੇ ਚਿਹਰਿਆਂ 'ਤੇ ਪਤਝੜ ਛਾਈ ਹੋਈ ਹੈ। ਉਨ੍ਹਾਂ ਦੇ ਚਿਹਰਿਆਂ 'ਤੇ ਫੁੱਲਾਂ ਵਰਗੀ ਮਹਿਕ ਤੇ ਪੱਤਿਆਂ ਵਰਗੀ ਹਲਚਲ ਨਹੀਂ। ਸਵੇਰ ਦਾ ਸੂਰਜ ਤੇ ਰਾਤ ਦੀ ਚਾਨਣੀ ਉਨ੍ਹਾਂ ਤੋਂ ਦੂਰ ਜਾ ਰਹੀ ਹੈ। ਉਨ੍ਹਾਂ ਨੂੰ ਪੰਜਾਬ ਵਿੱਚ ਰੌਸ਼ਨੀ ਦੀ ਕਿਰਨ ਕਿਧਰੇ ਨਜ਼ਰ ਨਹੀਂ ਆ ਰਹੀ; ਇਸ ਲਈ ਪ੍ਰਵਾਸ ਉਨ੍ਹਾਂ ਲਈ ਮਜਬੂਰੀ ਬਣ ਚੁੱਕਾ ਹੈ। ਮਹਾਨ ਯੋਧਿਆਂ ਇਸ ਧਰਤੀ ਨੂੰ ਆਜ਼ਾਦ ਕਰਵਾਉਣ ਲਈ ਅੱਸੀ ਫੀਸਦੀ ਕੁਰਬਾਨੀਆਂ ਦਿੱਤੀਆਂ। ਹੈਰਤਅੰਗੇਜ਼ ਹੈ ਕਿ ਜਿਨ੍ਹਾਂ ਤੋਂ ਧਰਤੀ ਆਜ਼ਾਦ ਕਰਵਾਈ, ਅੱਜ ਉਨ੍ਹਾਂ ਦੇ ਗੁਲਾਮ ਬਣਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਸੋਚਣਾ ਬਣਦਾ ਹੈ ਕਿ ਜੇਕਰ ਦਰੱਖਤ ਦੇ ਮੁੱਢ ਦੀਆਂ ਜੜ੍ਹਾਂ ਬੇਜਾਨ ਹੋ ਗਈਆਂ ਤਾਂ ਪੰਜਾਬ ਦਾ ਭਵਿੱਖ ਕੀ ਹੋਵੇਗਾ।

ਲੋੜ ਹੈ ਸਮਾਜ ਵਿਚਲੇ ਸਾਜ਼ਿਸ਼ੀ ਤੱਤਾਂ ਨੂੰ ਪਛਾਣਨ ਦੀ; ਇਸ ਧਰਤੀ ਨੂੰ ਲੁੱਟਣ ਵਾਲੇ ਲੋਕਾਂ ਨੂੰ ਸਬਕ ਸਿਖਾਉਣ ਦੀ। ਕਿਸਾਨ-ਮਜ਼ਦੂਰ ਜਥੇਬੰਦੀਆਂ, ਲੇਖਕਾਂ, ਰੰਗਕਰਮੀਆਂ, ਤਰਕਸ਼ੀਲਾਂ, ਬੁੱਧੀਜੀਵੀਆਂ ਤੇ ਸੱਚੇ ਤੇ ਸੁਹਿਰਦ ਧਰਮੀ ਲੋਕਾਂ ਦਾ ਫਰਜ਼ ਬਣਦਾ ਹੈ ਕਿ ਹੜ੍ਹ ਰਹੇ ਪੰਜਾਬ ਨੂੰ ਬੰਨ੍ਹ ਮਾਰ ਡੱਕੀਏ। ਗੁਰੂਆਂ, ਭਗਤਾਂ, ਫਕੀਰਾਂ ਅਤੇ ਫਾਂਸੀ 'ਤੇ ਝੂਲਣ ਵਾਲੇ ਮਹਾਨ ਯੋਧਿਆਂ ਦੀ ਧਰਤੀ ਨੂੰ ਪਵਿੱਤਰ ਤੇ ਹਰਿਆਵਲ ਭਰਪੂਰ ਬਣਾਈਏ। ਜਿਸ ਤਰ੍ਹਾਂ ਦਾ ਸਮਾਜ ਸਿਰਜਣ ਲਈ ਸ਼ਹੀਦਾਂ ਕੁਰਬਾਨੀਆਂ ਦਿੱਤੀਆਂ, ਉਨ੍ਹਾਂ ਦੇ ਰਾਹਾਂ 'ਤੇ ਚੱਲ ਕੇ ਉਨ੍ਹਾਂ ਦੀ ਸੋਚ ਵਾਲਾ ਸਮਾਜ ਸਿਰਜੀਏ। ਇੱਕ ਵਾਰ ਫਿਰ ਸਾਡੀ ਧਰਤੀ ਭਾਂਤ-ਭਾਂਤ ਦੇ ਫੁੱਲਾਂ ਤੇ ਫਲਾਂ ਨਾਲ ਮਹਿਕਣ ਲੱਗ ਜਾਵੇ। ਇਸ 'ਤੇ ਛਾਈ ਪਤਝੜ ਬਹਾਰ ਬਣ ਝੂਲਣ ਲੱਗੇ। ਆਓ ਸਭ ਰਲ ਆਪਣੇ ਫਰਜ਼ ਪਛਾਣ ਪੰਜਾਬ ਦਾ 'ਸੋਨੇ ਦੀ ਚਿੜੀ' ਵਾਲਾ ਗੁਆਚ ਚੁੱਕਾ ਦਰਜਾ ਫਿਰ ਬਹਾਲ ਕਰੀਏ।

*# ਸੰਪਰਕ : 70870-70050*

CMYK

# ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ ਫੂਕੇ ਮੁੱਖ ਮੰਤਰੀ ਦੇ ਪੁਤਲੇ







**ਪਟਿਆਲਾ (ਬਿੰਦ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680) ਤੇ ਸਬੰਧਤ ਜਥੇਬੰਦੀਆਂ ਦੇ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਸਮੇਤ ਕੰਟਰੈਕਟ, ਆਊਟ ਸੋਰਸ, ਡੇਲੀਵੇਜਿਜ਼, ਸਫਾਈ ਸੇਵਕ ਮੁਲਾਜ਼ਮਾਂ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਟਕਰਾਓ ਨੀਤੀ ਵਿਰੁੱਧ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਖਰਾਬ ਮੌਸਮ ਦੇ ਬਾਵਜੂਦ ਇਨ੍ਹਾਂ ਦੀ ਅਰਥੀ ਫੂਕ ਰੋਹ ਭਰਪੂਰ ਰੈਲੀ ਕੀਤੀ। ਅਗਵਾਈ ਕਰ ਰਹੇ ਆਗੂਆਂ ਨਿਰਮਲ ਸਿੰਘ ਧਾਲੀਵਾਲ, ਦਰਸ਼ਨ ਸਿੰਘ ਲੁਬਾਣਾ, ਬਲਜਿੰਦਰ ਸਿੰਘ, ਜਗਮੋਹਨ ਨੋਲੱਖਾ, ਸਵਰਨ ਸਿੰਘ ਬੰਗਾ, ਨਾਰੰਗ ਸਿੰਘ, ਰਾਮ ਲਾਲ ਰਾਮਾ, ਇੰਜੀ: ਸੰਤੋਖ ਸਿੰਘ ਬੋਪਾਰਾਏ ਨੇ ਕਿਹਾ ਕਿ ਜੋ ਭਗਵੰਤ ਮਾਨ ਕਹਿੰਦਾ ਸੀ ਕਿ ਹੁਣ ਸਰਕਾਰਾਂ ਪਿੰਡਾਂ ਤੋਂ ਚੱਲਣਗੀਆਂ, ਅੰਗਰੇਜ਼ ਇੱਥੇ ਨੌਕਰੀਆਂ ਕਰਨ ਆਉਣਗੇ, ਹਰਾ ਪੈੱਨ ਕਰਾਂਤੀ ਲਿਆਵੇਗਾ, ਪੁਰਾਣੀ ਪੈਨਸ਼ਨ ਬਹਾਲ ਹੋਵੇਗੀ, ਸਾਰੇ ਕੱਚੇ ਕਰਮੀ ਪੱਕੇ ਹੋਣਗੇ, ਖਾਲੀ ਅਸਾਮੀਆਂ ਭਰੀਆਂ ਜਾਣਗੀਆਂ, ਘੱਟੋ-ਘੱਟ ਉਜ਼ਰਤਾਂ ਵਿੱਚ ਵਾਧਾ ਹੋਵੇਗਾ ਤੇ ਪੈਨਸ਼ਨਰਾਂ ਗੁਣਖੰਡ 2.59 ਮਿਲੇਗਾ, ਘਰ-ਘਰ ਨੌਕਰੀਆਂ ਮਿਲਣਗੀਆਂ, ਹੁਣ ਉਹੀ ਮੁੱਖ ਮੰਤਰੀ ਬੁਲਟ ਪਰੂਫ ਕੈਬਨ ਵਿੱਚੋਂ ਕੌਮ ਨੂੰ ਸੰਬੋਧਨ ਕਰ ਰਿਹਾ ਹੈ।ਮੁਲਾਜ਼ਮਾਂ, ਪੈਨਸ਼ਨਰਾਂ, ਕੱਚੇ ਮੁਲਾਜ਼ਮਾਂ ਦੀਆਂ ਯੋਗ ਤੇ ਹੱਕੀ ਮੰਗਾਂ 'ਤੇ ਸੱਤ ਮੀਟਿੰਗਾਂ ਦੇ ਕੇ ਟਾਲ ਮਟੋਲ ਕਰ ਰਿਹਾ ਮੁੱਖ ਮੰਤਰੀ ਮੁਲਾਜ਼ਮ, ਪੈਨਸ਼ਨਰ ਆਗੂਆਂ ਦਾ ਸਾਹਮਣਾ ਕਰਨ ਤੋਂ ਟਾਲਾ ਵਟ ਰਿਹਾ ਹੈ।

ਇਸ ਮੌਕੇ ਭਿੰਦਰ ਸਿੰਘ ਚਹਿਲ, ਵਿਪਨ ਕੁਮਾਰ, ਕਰਮ ਚੰਦ ਗਾਂਧੀ, ਪ੍ਰੀਤਮ ਚੰਦ ਠਾਕੁਰ, ਰਾਜਿੰਦਰ ਕੁਮਾਰ ਸਨੌਰ, ਉੱਤਮ ਸਿੰਘ ਬਾਗੜੀ, ਮੁਲਖ ਰਾਜ, ਹਰਸ਼ਰਨਜੀਤ ਕੌਰ, ਨਿਸ਼ਾ ਰਾਣੀ, ਬਲਵਿੰਦਰ ਕੌਰ, ਦੀਪ ਚੰਦ ਹੰਸ, ਅਸ਼ੋਕ ਕੁਮਾਰ ਬਿੱਟੂ, ਦਰਸ਼ੀ ਕਾਂਤ, ਰਾਮ ਕਿਸ਼ਨ, ਰਾਮ ਪ੍ਰਸਾਦ ਸਹੋਤਾ, ਰਾਜੇਸ਼ ਗੋਲੂ, ਲਖਵੀਰ ਸਿੰਘ, ਮੋਧ ਨਾਥ, ਹਰਬੰਸ ਸਿੰਘ, ਸੁਭਾਸ਼, ਪ੍ਰਕਾਸ਼ ਲੁਬਾਣਾ, ਸੂਰਜ ਯਾਦਵ, ਬਲਬੀਰ ਸਿੰਘ, ਕਰਮਜੀਤ ਸਿੰਘ, ਬੰਸੀ ਲਾਲ, ਸ਼ਿਵ ਚਰਨ, ਅਮਰਜੀਕ ਸਿੰਘ, ਸਤਿਨਰਾਇਣ ਗੋਨੀ, ਉੱਕਾਰ ਦਮਨ, ਸੁਖਦੇਵ ਸੁੱਖੀ, ਮੱਖਣ ਸਿੰਘ, ਲਖਵੀਰ ਲੱਕੀ, ਰਾਜੇਸ਼ ਕੁਮਾਰ, ਕਵਲਜੀਤ ਸਿੰਘ, ਅਮਰ ਨਾਥ, ਮੇਘ ਰਾਜ, ਸ਼ਿਵ ਕੁਮਾਰ ਮੋਨੀ ਆਦਿ ਆਗੂ ਤੇ ਮੈਂਬਰ ਹਾਜ਼ਰ ਸਨ।

**ਮੋਗਾ (ਇਕਬਾਲ ਸਿੰਘ ਖਹਿਰਾ)** : ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰਜ਼ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿੱਚ ਇਕੱਤਰ ਹੋਏ। ਇਸ ਮੌਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਚਿਹਰੇ 'ਤੇ ਭਗਵੰਤ ਮਾਨ ਦੀ ਸਰਕਾਰ ਪ੍ਰਤੀ ਗੁੱਸਾ ਤੇ ਰੋਹ ਬਹੁਤ ਜ਼ਿਆਦਾ ਸੀ। ਇਸ ਮੌਕੇ ਸੰਬੋਧਨ ਕਰਦਿਆਂ ਭਜਨ ਸਿੰਘ ਗਿੱਲ, ਗੁਰਮੇਲ ਸਿੰਘ ਨਾਹਰ, ਭੁਪਿੰਦਰ ਸਿੰਘ ਸੇਖੋਂ, ਅਮਰੀਕ ਸਿੰਘ ਮਸੀਤਾਂ, ਲੈਕ. ਸੁਖਮੰਦਰ ਸਿੰਘ, ਰਾਜਿੰਦਰ ਸਿੰਘ ਰਿਆੜ, ਕੁਲਬੀਰ ਸਿੰਘ ਢਿੱਲੋਂ, ਜਸਪਤ ਰਾਏ, ਗੁਰਜੰਟ ਸਿੰਘ ਕੋਕਰੀ, ਬਲੌਰ ਸਿੰਘ ਘਾਲੀ ਨੇ ਕਿਹਾ ਕਿ ਭਗਵੰਤ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਜਿੱਥੇ ਅਣਗੌਲਿਆਕਰ ਰਹੀ ਹੈ, ਉੱਥੇ ਲੋਕਾਂ ਨੂੰ ਵੀ ਕੁੱਝ ਨਹੀਂ ਦੇ ਰਹੀ। ਸਗੋਂ ਲੋਕਾਂ 'ਤੇ ਵੱਖ-ਵੱਖ ਤਰ੍ਹਾਂ ਦੇ ਟੈਕਸ ਲਾਏ ਜਾ ਰਹੇ ਹਨ। ਲੋਕਾਂ ਨੂੰ ਸਹੂਲਤਾਂ ਦੇਣ ਦਾ ਡਰਾਮਾ ਕੀਤਾ ਜਾ ਰਿਹਾ ਹੈ, ਜਦਕਿ ਪੰਜਾਬ ਦੇ ਲੋਕਾਂ ਸਿਰ ਕਰਜ਼ੇ ਦੀ ਪੰਡ ਭਾਰੀ ਕੀਤੀ ਜਾ ਰਹੀ ਹੈ। ਕਰਜ਼ਾ ਲੈ ਕੇ ਕੰਮ ਚਲਾਇਆ ਜਾ ਰਿਹਾ ਹੈ, ਸਰਕਾਰੀ ਫਜ਼ੂਲ ਖਰਚੀਆਂ 'ਤੇ ਕਰੋੜਾਂ ਰੁਪਏ ਰੋੜ੍ਹੇ ਜਾ ਰਹੇ ਹਨ। ਭਗਵੰਤ ਸਰਕਾਰ ਨੇ ਜਲੰਧਰ ਦੀ ਜ਼ਿਮਨੀ ਚੋਣ ਮੌਕੇ ਸਾਂਝੇ ਫਰੰਟ ਨਾਲ ਪਹਿਲੀ ਜੁਲਾਈ ਨੂੰ ਮੀਟਿੰਗ ਕੀਤੀ ਤੇ 25 ਜੁਲਾਈ ਨੂੰ ਦੁਬਾਰਾ ਮੀਟਿੰਗ ਕਰਨ ਦਾ ਵਾਅਦਾ ਕੀਤਾ ਸੀ, ਪਰ ਇਹ ਮੀਟਿੰਗ ਪਹਿਲਾਂ 2 ਅਗਸਤ, ਫੇਰ 22 ਅਗਸਤ ਤੇ ਹੁਣ 12 ਸਤੰਬਰ ਨੂੰ ਕਰਨ ਬਾਰੇ ਕਿਹਾ ਹੈ। ਸਪੱਸ਼ਟ ਹੈ ਕਿ ਮਾਨ ਸਰਕਾਰ ਮੀਟਿੰਗ ਕਰਕੇ ਕੋਈ ਮਸਲਾ ਹੱਲ ਨਹੀਂ ਕਰਨਾ ਚਾਹੁੰਦੀ। ਬੁਲਾਰਿਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਹੁਣ ਸਬਰ ਦਾ ਪਿਆਲਾ ਭਰ ਚੁੱਕਿਆ ਹੈ ਤੇ ਹੁਣ ਸਾਨੂੰ ਆਰ-ਪਾਰ ਦੀ ਲੜਾਈ ਲਈ ਤਿਆਰ ਰਹਿਣਾ ਚਾਹੀਦਾ ਹੈ। ਉਪਰੰਤ ਸਾਂਝੇ ਫਰੰਟ ਦੇ ਆਗੂਆਂ ਦੀ ਅਗਵਾਈ ਵਿੱਚ ਇਕੱਤਰ ਹੋਏ ਮੁਲਾਜ਼ਮਾਂ ਨੇ ਨਛੱਤਰ ਭਵਨ ਤੋਂ ਮਾਰਚ ਦੇ ਰੂਪ ਵਿੱਚ ਜਾ ਕੇ ਪੱਟ ਸਿਆਪਾ ਕਰਦੇ ਹੋਏ ਮੋਗਾ ਦੇ ਮੁੱਖ ਚੌਕ ਵਿੱਚ ਰੋਹ ਭਰਪੂਰ ਨਾਹਰੇਬਾਜ਼ੀ ਤੇ ਰੋਸ ਪ੍ਰਦਰਸ਼ਨ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ। ਉਨ੍ਹਾਂ ਮੰਗ ਕੀਤੀ ਕਿ ਪੰਜਾਬ/ਹਰਿਆਣਾ ਹਾਈ ਕੋਰਟ ਤੇ ਸੁਪਰੀਮ ਕੋਰਟ ਦੇ ਫੈਸਲਿਆਂ ਨੂੰ ਜਨਰਲਾਈਜ਼ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੇਮ ਕੁਮਾਰ, ਸੁਰਿੰਦਰ ਸਿੰਘ ਮੋਗਾ, ਗੁਰਮੇਲ ਸਿੰਘ ਖੋਟੇ, ਨਾਇਬ ਸਿੰਘ, ਜਗਰੂਪ ਸਿੰਘ, ਸਤਿਅਮ ਪ੍ਰਕਾਸ਼, ਕੇਹਰ ਸਿੰਘ ਕਿਸ਼ਨਪੁਰਾ, ਜਗਜੀਤ ਸਿੰਘ ਰੱਖੜਾ, ਭੁਪਿੰਦਰ ਸਿੰਘ ਜੋਗੇਵਾਲਾ, ਬੂਟਾ ਸਿੰਘ ਭੱਟੀ, ਅਮਰਜੀਤ ਮਾਣੂਕੇ ਤੇ ਹੋਰ ਆਗੂ ਹਾਜ਼ਰ ਸਨ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** : ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ, ਇੰਪਲਾਈਜ਼ ਜੁਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਇੰਪਲਾਈਜ਼ ਫੈਡਰੇਸ਼ਨ (ਚਾਹਲ) ਯੂਨਿਟ ਥਰਮਲ ਲਹਿਰਾ ਮੁਹੱਬਤ ਵੱਲੋਂ ਥਰਮਲ ਗੇਟ 'ਤੇ ਰੈਲੀ ਕਰਕੇ ਪੰਜਾਬ ਸਰਕਾਰ ਦੇ ਲਾਰਿਆਂ ਦੀ ਪੰਡ ਫੂਕੀ ਗਈ। ਇਸ ਮੌਕੇ ਮੁਲਾਜ਼ਮ ਆਗੂਆਂ ਬਲਜੀਤ ਸਿੰਘ ਬਰਾੜ, ਰਜਿੰਦਰ ਸਿੰਘ ਨਿੰਮਾ, ਰਵੀਪਾਲ ਸਿੰਘ ਸਿੱਧੂ, ਚੰਦਰ ਪ੍ਰਸਾਦ ਤੇ ਰਘਬੀਰ ਸਿੰਘ ਸੈਣੀ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਮੁੱਖ ਮੰਤਰੀ ਪੰਜਾਬ ਵਾਰ ਵਾਰ ਮੀਟਿੰਗਾ ਦੇ ਕੇ ਜਦੋਂ ਮੀਟਿੰਗ ਨੇੜੇ ਆ ਜਾਂਦੀ ਹੈ ਤਾਂ ਮੁਲਤਵੀ ਕਰਕੇ ਸਮਾਂ ਅੱਗੇ ਪਾ ਰਿਹਾ ਹੈ, ਜਿਸ ਤੋਂ ਜ਼ਾਹਰ ਹੁੰਦਾ ਹੈ ਕਿ ਮੁੱਖ ਮੰਤਰੀ ਮੁਲਾਜ਼ਮਾਂ, ਪੈਨਸ਼ਨਰਾਂ ਦੀਆਂ ਮੰਗਾਂ ਮਸਲੇ ਹੱਲ ਨਹੀਂ ਕਰਨਾ ਚਾਹੁੰਦੇ। ਹੁਣ 22 ਅਗਸਤ ਦੀ ਮੀਟਿੰਗ ਦਾ ਸਮਾਂ ਮੁਲਤਵੀ ਕਰਕੇ 12 ਸਤੰਬਰ ਕਰ ਦਿੱਤਾ ਗਿਆ ਹੈ। ਆਗੂਆਂ ਕਿਹਾ ਕਿ ਇਸ ਮੁੱਖ ਮੰਤਰੀ ਨੇ ਪੁਰਾਣੇ ਮੁੱਖ ਮੰਤਰੀਆਂ ਨੂੰ ਚੰਗੇ ਅਖਵਾ ਦਿੱਤਾ ਹੈ। ਇਸ ਤੋਂ ਇਲਾਵਾ ਬਿਜਲੀ ਮੰਤਰੀ ਤੇ ਪਾਵਰਕਾਮ ਦੀ ਮੈਨੇਜਮੈਂਟ ਵੀ ਮੁਲਾਜ਼ਮਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਨੂੰ ਲਾਗੂ ਨਹੀਂ ਕਰ ਰਹੀ। ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਬਣੀਆਂ ਸਹਿਮਤੀਆਂ ਨੂੰ ਲਾਗੂ ਕਰਵਾਉਣ ਲਈ ਹੁਣ 1 ਸਤੰਬਰ 2024 ਨੂੰ ਬਿਜਲੀ ਮੰਤਰੀ ਦੇ ਘਰ ਦਾ ਘਿਰਾਓ ਕਰਨ ਦੇ ਪ੍ਰੋਗਰਾਮ ਵਿੱਚ ਥਰਮਲ ਮੁਲਾਜ਼ਮ ਵੱਧ ਤੋਂ ਵੱਧ ਗਿਣਤੀ ਵਿੱਚ ਹਾਜ਼ਰ ਹੋਣਗੇ। ਆਗੂਆਂ ਨੇ ਪੰਜਾਬ ਸਰਕਾਰ ਤੋਂ 6ਵੇਂ ਪੇ-ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਡੀ. ਏ. ਦੀਆਂ ਬਕਾਇਆ 3 ਕਿਸ਼ਤਾਂ ਜਾਰੀ ਕਰਨ, ਪੇਂਡੂ ਭੱਤਾ ਬਹਾਲ ਕਰਨ, ਨਵੇਂ ਪੇ-ਸਕੇਲਾਂ 'ਤੇ ਭੱਤੇ ਜਾਰੀ ਕਰਨ, ਜੇ ਈ ਕੈਟਾਗਰੀ ਦੇ ਬਰਾਬਰ ਥਰਮਲ ਕੈਟਾਗਰੀਆਂ ਦੇ ਮੁਲਾਜ਼ਮਾਂ ਨੂੰ ਵੀ ਬਰਾਬਰ ਸਕੇਲ ਦੇਣ, ਤਰੱਕੀ ਵਾਲੇ ਕਾਮਿਆਂ ਨੂੰ ਸਿੱਧੀ ਭਰਤੀ ਵਾਲੇ ਕਾਮਿਆਂ ਦੇ ਬਰਾਬਰ ਸਕੇਲ ਦੇਣ, 09-16-23 ਸਾਲਾ ਸਮਾਂ ਬੱਧ ਸਕੇਲ ਜਾਰੀ ਕਰਨ, ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਕੇਂਦਰੀ ਤਨਖਾਹ ਸਕੇਲ ਲਾਗੂ ਕਰਨ ਦੀ ਬਜਾਏ ਪੰਜਾਬ ਸਰਕਾਰ ਵਾਲੇ ਸਕੇਲ ਜਾਰੀ ਕਰਨ ਤੇ ਕੱਚੇ ਕਾਮਿਆਂ ਨੂੰ ਰੈਗੂਲਰ ਕਰਨ ਦੀ ਮੰਗ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਭੇਜ ਸਿੰਘ, ਕੇਸ਼ਵ ਅਧਿਕਾਰੀ, ਅਜੈਬ ਸਿੰਘ, ਗੁਰਪ੍ਰੀਤ ਸਿੰਘ, ਦਮਨਜੀਤ ਸਿੰਘ, ਮਨਪ੍ਰੀਤ ਸਿੰਘ, ਗੁਰਦੀਪ ਸਿੰਘ, ਗੁਰਲਾਲ ਸਿੰਘ ਗਿੱਲ, ਸਤਿੰਦਰ ਸਿੰਘ ਬਿੰਦੀ, ਜਸ਼ਨਦੀਪ ਸਿੰਘ, ਜਸਵੀਰ ਸਿੰਘ, ਘਣੱਈਆ ਲਾਲ ਤੇ ਭਾਰਤ ਕਲੋਤਰਾ ਆਦਿ ਹਾਜ਼ਰ ਸਨ।

**ਸੰਗਰੂਰ (ਪ੍ਰਵੀਨ ਸਿੰਘ)** : ਸਥਾਨਕ ਤਹਿਸੀਲ ਕੰਪਲੈਕਸ ਵਿਖੇ ਮੁਲਾਜ਼ਮ ਤੇ ਪੈਨਸ਼ਨਰਜ਼ ਦੇ ਸਾਂਝੇ ਫਰੰਟ ਵੱਲੋਂ ਦਿੱਤੇ ਪ੍ਰੋਗਰਾਮ ਅਨੁਸਾਰ ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਪੰਜਾਬ ਸਰਕਾਰ ਵੱਲੋਂ ਵਾਰ ਵਾਰ ਮੀਟਿੰਗਾਂ ਨੂੰ ਅੱਗੇ ਪਾਉਣ ਦੀ ਟਾਲ ਮਟੋਲ ਨੀਤੀ ਵਿਰੁੱਧ ਰੋਸ ਪ੍ਰਦਰਸ਼ਨ ਸੰਸਥਾ ਦੇ ਕਾਰਜਕਾਰੀ ਪ੍ਰਧਾਨ ਹਰਵਿੰਦਰ ਸਿੰਘ ਭੱਠਲ, ਭੁਪਿੰਦਰ ਸਿੰਘ ਜੱਸੀ ਜਨਰਲ ਸਕੱਤਰ, ਜਗਜੀਤ ਇੰਦਰ ਸਿੰਘ ਚੇਅਰਮੈਨ, ਲਾਭ ਸਿੰਘ ਦੀ ਅਗਵਾਈ ਵਿੱਚ ਕੀਤਾ ਗਿਆ।ਵੱਖ ਵੱਖ ਬੁਲਾਰਿਆਂ ਰਾਮ ਲਾਲ ਪਾਂਧੀ ਜ਼ਿਲ੍ਹਾ ਸਕੱਤਰ, ਦਰਸ਼ਨ ਸਿੰਘ ਨੌਰਥ ਸਕੱਤਰ ਜਨਰਲ, ਰਵਿੰਦਰ ਸਿੰਘ ਗੁੱਡੂ ਸਰਪ੍ਰਸਤ, ਸਤਪਾਲ ਸਿੰਗਲਾ, ਸੁਰਿੰਦਰ ਪਾਲ ਸਿੰਘ ਸਿਦਕੀ, ਅਵਿਨਾਸ਼ ਸ਼ਰਮਾ ਆਦਿ ਨੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ 2.59 ਦਾ ਗੁਣਾਂ (ਜੋ ਕਿ ਛੇਵੇਂ ਪੇ ਕਮਿਸ਼ਨ ਨੇ ਮਨਜ਼ੂਰ ਕੀਤਾ ਹੋਇਆ ਹੈ), 12% ਡੀ ਏ ਦੀਆਂ ਕਿਸ਼ਤਾਂ, ਜਨਵਰੀ 2016 ਤੋਂ ਜੂਨ 2021 ਤੱਕ ਪੈਨਸ਼ਨ ਰਿਵਾਇਜ਼ ਦਾ ਬਕਾਇਆ, ਮੈਡੀਕਲ ਭੱਤਾ 2000 ਪ੍ਰਤੀ ਮਹੀਨਾ ਲਾਗੂ ਕਰਨ ਲਈ, ਕੈਸ਼ਲੈੱਸ ਹੈਲਥ ਸਕੀਮ ਨੂੰ ਸੋਧ ਕੇ ਲਾਗੂ ਕਰਨਾ ਤੋਂ ਇਲਾਵਾ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਬੰਦ ਕੀਤੇ ਭੱਤੇ ਬਹਾਲ ਕਰਨ ਦੀ ਮੰਗ ਨੂੰ ਲਾਗੂ ਨਾ ਕਰਨ ਤੇ ਸਖਤ ਰੋਸ ਦਾ ਪ੍ਰਗਟਾਵਾ ਕੀਤਾ।ਇਸ ਉਪਰੰਤ ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਨਾਲ ਸਾਂਝੇ ਤੌਰ 'ਤੇ ਰੋਸ ਮਾਰਚ ਕਰਦੇ ਹੋਏ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਹਰਪਾਲ ਸਿੰਘ ਸੰਗਰੂਰਵੀ, ਦਵਿੰਦਰ ਕੁਮਾਰ ਜਿੰਦਲ, ਰਾਜ ਸਿੰਘ, ਮੋਹਨ ਸਿੰਘ, ਬਲਦੇਵ ਸਿੰਘ ਰਤਨ, ਸੁਖਦੇਵ ਚੰਦ, ਸੰਸਾਰੀ ਲਾਲ ਗੁਪਤਾ, ਦਰਸ਼ਨ ਸਿੰਘ ਆਦਿ ਨੇ ਵੀ ਵਿਚਾਰ ਵਟਾਂਦਰਾ ਕੀਤਾ।ਹਰਵਿੰਦਰ ਸਿੰਘ ਭੱਠਲ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਪੈਨਸ਼ਨਰਜ਼ ਸਾਥੀ ਭਵਿੱਖ ਵਿੱਚ ਆਉਣ ਵਾਲੇ ਤਿੱਖੇ ਸੰਘਰਸ਼ ਲਈ ਤਿਆਰ ਰਹਿਣ।

## ਕਾਤਰਾਂ

### ਸ਼ੋਕ ਸਮਾਚਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਫਤਹਿਗੜ੍ਹ ਬੇਟ ਦੇ ਸਰਪੰਚ ਜਸਪਾਲ ਸਿੰਘ ਪਾਲਾ ਦੇ ਪਿਤਾ ਸਵ. ਲਛਮਣ ਦਾਸ ਨਮਿਤ ਭੋਗ ਤੇ ਅੰਤਿਮ ਅਰਦਾਸ 24 ਅਗਸਤ ਸ਼ਨੀਵਾਰ ਨੂੰ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਬਾਅਦ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ।

### ਪ੍ਰਿੰਸ ਕੁਮਾਰ ਨੇ ਪੀ ਟੀ ਈ 'ਚੋਂ 63 ਸਕੋਰ ਪ੍ਰਾਪਤ ਕੀਤੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਹੁਤ ਹੀ ਥੋੜ੍ਹੇ ਸਮੇਂ ਵਿੱਚ ਆਈਲਟਸ ਦੀ ਦੁਨੀਆ ਵਿੱਚ ਆਪਣਾ ਨਾਮ ਬਣਾ ਰਹੀ ਦਾ ਇਮੀਗ੍ਰੇਸ਼ਨ ਪਲੇਨਰ, ਜੋ ਕਿ ਕਾਲੇਕੇ ਰੋਡ ਸਿਟੀ ਮਾਰਕਿਟ ਵਿੱਚ ਸਥਿਤ ਹੈ, ਦੇ ਹੈੱਡ ਯੋਗੇਸ਼ ਗੋਇਲ ਨੇ ਕਿਹਾ ਕਿ ਸੰਸਥਾ ਵੱਲੋਂ ਪ੍ਰਿੰਸ ਕੁਮਾਰ ਵਾਸੀ ਬਾਘਾ ਪੁਰਾਣਾ ਨੇ ਪੀ.ਟੀ.ਈ. ਓਵਰਆਲ 63 ਸਕੋਰ ਪ੍ਰਾਪਤ ਕਰ ਕੇ ਸੰਸਥਾ ਤੇ ਆਪਣੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕੀਤਾ।ਇਸ ਮੌਕੇ ਸੰਸਥਾ ਦੇ ਸਟਾਫ ਨੇ ਪ੍ਰਮਾਣ ਪੱਤਰ ਦੇ ਕੇ ਵਧਾਈ ਦਿੱਤੀ।

### ਰੇਲ ਗੱਡੀ ਹੇਠ ਆਉਣ ਨਾਲ ਨੌਜਵਾਨ ਦੀ ਮੌਤ

**ਬਰੇਟਾ (ਰੀਤਵਾਲ)**-ਰੇਲਵੇ ਲਾਈਨ ਪਾਰ ਕਰਦੇ ਸਮੇਂ ਇੱਕ ਨੌਜਵਾਨ ਦੀ ਰੇਲ ਗੱਡੀ ਹੇਠ ਆਉਣ ਕਾਰਨ ਮੌਤ ਹੋ ਗਈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰੇਲਵੇ ਪੁਲਸ ਚੌਕੀ ਦੇ ਜਾਂਚ ਅਧਿਕਾਰੀ ਨਿਰਮਲ ਸਿੰਘ ਨੇ ਦੱਸਿਆ ਕਿ ਵੀਰਵਾਰ ਸਵੇਰ ਸਮੇਂ 9:45 ਵਜੇ ਦੇ ਕਰੀਬ ਸਿਰਸੀ ਵਾਲਾ ਦੇ ਰੇਲਵੇ ਫਾਟਕ ਨਜ਼ਦੀਕ ਲਾਈਨ ਪਾਰ ਕਰਦੇ ਸਮੇਂ ਗਗਨਦੀਪ ਸਿੰਘ 27 ਸਾਲ ਵਾਸੀ ਜਲਵੇੜਾ ਦੀ ਇੱਕ ਸੁਪਰ ਫਾਸਟ ਗੱਡੀ ਦੇ ਹੇਠ ਆਉਣ ਕਾਰਨ ਮੌਤ ਹੋ ਗਈ।ਮ੍ਰਿਤਕ ਨੌਜਵਾਨ ਖੇਤੀਬਾੜੀ ਦਾ ਕਿੱਤਾ ਕਰਦਾ ਸੀ। ਰੇਲਵੇ ਪੁਲਸ ਨੇ ਮ੍ਰਿਤਕ ਦੇ ਪਿਤਾ ਸੁਖਚੈਨ ਸਿੰਘ ਦੇ ਬਿਆਨਾਂ 'ਤੇ 1994 ਬੀ ਐੱਨ ਐੱਸ ਐੱਸ ਦੀ ਕਾਰਵਾਈ ਕਰਦੇ ਹੋਏ ਲਾਸ਼ ਵਾਰਿਸਾਂ ਨੂੰ ਸੌਂਪ ਦਿੱਤੀ ਹੈ।ਮ੍ਰਿਤਕ ਆਪਣੇ ਪਿੱਛੇ ਪਤਨੀ ਤੋਂ ਇਲਾਵਾ ਇੱਕ ਦੋ ਸਾਲ ਦਾ ਲੜਕਾ ਛੱਡ ਗਿਆ ਹੈ।

### ਮੁਫਤ ਡੇਅਰੀ ਸਿਖਲਾਈ ਕੋਰਸ 2 ਤੋਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਿਪਟੀ ਡਾਇਰੈਕਟਰ ਡੇਅਰੀ ਰਣਦੀਪ ਕੁਮਾਰ ਹਾਂਡਾ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਐੱਸ ਸੀ ਸਿਖਿਆਰਥੀਆਂ ਲਈ 2 ਹਫਤੇ ਦਾ ਮੁਫਤ ਡੇਅਰੀ ਸਿਖਲਾਈ ਕੋਰਸ 2 ਸਤੰਬਰ 2024 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦੇ ਨਾਲ ਉਨ੍ਹਾਂ ਨੂੰ 3500 ਰੁਪਏ ਦਾ ਵਜ਼ੀਫਾ ਵੀ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਦੋ ਹਫਤੇ ਦੀ ਸਫਲਤਾਪੂਰਵਕ ਸਿਖਲਾਈ ਲੈਣ ਉਪਰੰਤ ਸਿਖਿਆਰਥੀਆਂ ਨੂੰ ਵਿਭਾਗ ਵੱਲੋਂ ਸਰਟੀਫਿਕੇਟ ਵੀ ਦਿੱਤਾ ਜਾਵੇਗਾ ਤੇ ਡੇਅਰੀ ਨਾਲ ਸਬੰਧਤ ਲਿਟਰੇਚਰ ਵੀ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ ਨਾਲ ਸਬੰਧਤ ਲਾਭਪਾਤਰੀਆਂ ਦੀ ਕੌਂਸਲਿੰਗ 26 ਅਗਸਤ ਨੂੰ ਸਵੇਰੇ 10 ਵਜੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਫਿਰੋਜ਼ਪੁਰ ਬਲਾਕ ਏ, ਗਰਾਂਊਂਡ ਫਲੋਰ, ਕਮਰਾ ਨੰ. 3-4 ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਵੇਗੀ। ਚਾਹਵਾਨ ਉਮੀਦਵਾਰ ਉਪਰੋਕਤ ਮਿਤੀ ਤੋਂ ਪਹਿਲਾਂ ਪੜ੍ਹਾਈ ਸੰਬੰਧੀ ਸਰਟੀਫ਼ਿਕੇਟ, ਜਾਤੀ ਸੰਬੰਧੀ ਸਰਟੀਫਿਕੇਟ, ਆਧਾਰ ਕਾਰਡ, ਤਾਜ਼ਾ ਪਾਸਪੋਰਟ ਸਾਈਜ਼ ਫੋਟੋ ਸਮੇਤ ਦਫ਼ਤਰ ਡਿਪਟੀ ਡਾਇਰੈਕਟਰ ਫ਼ਿਰੋਜ਼ਪੁਰ ਵਿਖੇ ਕਾਗਜ਼ਾਤ ਜਮ੍ਹਾਂ ਕਰਵਾ ਸਕਦੇ ਹਨ।

### ਪੰਥਕ ਸ਼ਖਸੀਅਤਾਂ ਦਾ ਸਨਮਾਨ ਪਹਿਲੀ ਨੂੰ

**ਭੀਖੀ (ਧਰਮਵੀਰ ਸ਼ਰਮਾ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕ੍ਰਿਪਾ ਸਦਕਾ 1 ਸਤੰਬਰ ਨੂੰ ਮਾਨਸਾ ਜ਼ਿਲ੍ਹੇ ਦੀਆਂ ਸੰਗਤਾਂ ਵੱਲੋਂ ਜਥੇਦਾਰ ਜਗਤਾਰ ਸਿੰਘ ਹਲਵਾਰਾ ਦੇ ਪਿਤਾ ਬਾਪੂ ਗੁਰਚਰਨ ਸਿੰਘ, ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ, ਕਿਸਾਨ ਸੰਘਰਸ਼ ਦੇ ਹੀਰੋ ਬਾਬਾ ਜੱਗੀ ਪੰਧੇਰ, ਨਵਦੀਪ ਸਿੰਘ ਵਾਟਰ ਕੈਨਨ, ਮਨਦੀਪ ਸਿੰਘ ਸਿੱਧੂ ਭਰਾਤਾ ਸੰਦੀਪ ਸਿੰਘ (ਦੀਪ ਸਿੱਧੂ), ਭਾਈ ਗੁਰਦੀਪ ਸਿੰਘ ਬਠਿੰਡਾ, ਜਸਕਰਨ ਸਿੰਘ ਕਾਹਨ ਸਿੰਘ ਵਾਲਾ ਆਦਿ ਪੰਥਕ ਤੇ ਕਿਸਾਨ ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਵਤਾਰ ਸਿੰਘ ਅਤਲਾ ਤੇ ਭਾਈ ਸੁਖਚੈਨ ਸਿੰਘ ਅਤਲਾ ਨੇ ਦੱਸਿਆ ਕਿ ਪਿੰਡ ਅਤਲਾ ਖੁਰਦ ਦੀਆਂ ਸਮੂਹ ਗੁਰਦਵਾਰਾ ਪ੍ਰਬੰਧਕ ਕਮੇਟੀਆਂ, ਨਗਰ ਪੰਚਾਇਤ ਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ 1 ਸਤੰਬਰ ਨੂੰ ਸਵੇਰੇ 11 ਵਜੇ ਪਿੰਡ ਅਤਲਾ ਖੁਰਦ ਵਿਖੇ ਸਨਮਾਨ ਸਮਾਰੋਹ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਸੰਗਤਾਂ ਨੂੰ ਇਸ ਸਮਾਗਮ ਵਿੱਚ ਹਾਜ਼ਰੀਆਂ ਭਰਨ ਦੀ ਅਪੀਲ ਕੀਤੀ।

## ਬੀ ਡੀ ਪੀ ਓ ਦਫਤਰ ਪੱਕੇ ਧਰਨੇ ਦੇ ਚਲਦੇ ਮਨਰੇਗਾ ਮਜ਼ਦੂਰ ਬਾਜ਼ਾਰਾਂ 'ਚ ਉੱਤਰੇ

**ਮਨਰੇਗਾ ਮਜ਼ਦੂਰਾਂ ਨੇ 'ਸੁਣਵਾਈ ਤੋਂ ਵਿਰਵੇ' ਦੁਕਾਨਦਾਰਾਂ ਨਾਲ ਸਾਂਝ ਪਾਈ**



**ਨਾਭਾ (ਵਰਿੰਦਰ ਵਰਮਾ)**-ਹਲਕਾ ਨਾਭਾ ਵਿਖੇ 31 ਜੁਲਾਈ ਤੋਂ ਬੀਡੀਪੀਓ ਦਫਤਰ ਵਿਖੇ ਚਲਦੇ ਪੱਕੇ ਧਰਨੇ ਨੂੰ ਫੈਲਾਉਂਦੇ ਹੋਏ ਸ਼ੁੱਕਰਵਾਰ ਮਨਰੇਗਾ ਮਜ਼ਦੂਰ ਬਾਜ਼ਾਰਾਂ 'ਚ ਉੱਤਰੇ।ਉਨ੍ਹਾਂ ਨੇ ਵੱਖ ਵੱਖ ਕਾਰਨਾਂ ਤੋਂ ਕਥਿਤ ਸੁਣਵਾਈ ਨਾ ਹੋਣ ਕਾਰਨ ਔਖੇ ਦੁਕਾਨਦਾਰਾਂ ਨਾਲ ਇਸੇ ਮਸਲੇ 'ਤੇ ਸਾਂਝ ਪਾਈ।ਜ਼ਿਕਰਯੋਗ ਹੈ ਕਿ ਬੌੜਾਂ ਗੇਟ ਮਾਰਕੀਟ ਨੇ ਚੋਰੀਆਂ, ਲੁੱਟਾਂ ਖੋਹਾਂ ਦੀ ਸ਼ਿਕਾਇਤਾਂ ਦਰਜ ਨਾ ਹੋਣ ਤੇ ਵਧਦੀਆਂ ਵਾਰਦਾਤਾਂ ਖਿਲਾਫ ਦੋ ਦਿਨ ਪਹਿਲਾਂ ਚੱਕਾ ਜਾਮ ਕੀਤਾ ਸੀ।ਅੱਜ ਮਨਰੇਗਾ ਮਜ਼ਦੂਰਾਂ ਨੇ ਉਸੇ ਮਾਰਕੀਟ ਵਿੱਚੋਂ ਮਾਰਚ ਕੱਢਿਆ ਤੇ ਦੱਸਿਆ ਕਿ ਉਹ ਕਾਨੂੰਨ ਲਾਗੂ ਕਰਾਉਣ ਲਈ ਤਿੰਨ ਹਫਤੇ ਤੋਂ ਬੀਡੀਪੀਓ ਦਫਤਰ ਦੇ ਬਾਹਰ ਬੈਠੇ ਹਨ, ਪਰ ਸੁਣਵਾਈ ਨਹੀਂ ਹੋ ਰਹੀ।ਬਲਕਿ ਝੂਠੇ ਦੂਸ਼ਣ ਲਗਾ ਕੇ ਮਜ਼ਦੂਰ ਆਗੂਆਂ ਨੂੰ ਥਾਣਿਆਂ 'ਚੋਂ ਪਰਵਾਨੇ ਭੇਜੇ ਜਾ ਰਹੇ ਹਨ।ਇਸੇ ਤਰ੍ਹਾਂ ਸਿਨੇਮਾ ਰੋਡ ਵਾਲਿਆਂ ਨੂੰ ਸੜਕ ਦੀ ਮੁਰੰਮਤ ਨਾ ਕਰਵਾ ਕੇ ਭ੍ਰਿਸ਼ਟਾਚਾਰ ਰੋਕਣ ਦੀ ਸਜ਼ਾ ਦਿੱਤੀ ਜਾ ਰਹੀ ਹੈ ਤੇ ਕੋਈ ਸੁਣਵਾਈ ਨਹੀਂ ਹੋ ਰਹੀ।ਮਨਰੇਗਾ ਆਗੂ ਨੇ ਕੁਲਵਿੰਦਰ ਕੌਰ ਰਾਮਗੜ੍ਹ, ਕ੍ਰਿਸ਼ਨ ਲੁਬਾਣਾ, ਸੁਨੀਤਾ ਰਾਣੀ ਕੈਦੂਪੁਰ, ਕੁਲਵੰਤ ਕੌਰ ਥੂਹੀ ਨੇ ਦੱਸਿਆ ਕਿ ਮਜ਼ਦੂਰ ਮਨਰੇਗਾ ਵਿੱਚੋਂ ਸੂਬੇ ਲਈ ਲਾਹੇਵੰਦ ਪ੍ਰੋਜੈਕਟ ਬਣਵਾਉਣ, ਅਰਜ਼ੀ ਤੁਰੰਤ ਔਨਲਾਈਨ ਕਰਾਉਣ, ਭ੍ਰਿਸ਼ਟ ਮੁਲਾਜ਼ਮਾਂ ਉੱਪਰ ਕਾਰਵਾਈ, ਬੇਰੁਜ਼ਗਾਰੀ ਭੱਤੇ ਆਦਿ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ ਤੇ ਇਹ ਸਭ ਕਾਨੂੰਨ ਵੱਲੋਂ ਲਾਜ਼ਮੀ ਹੋਣ ਦੇ ਬਾਵਜੂਦ ਨਾਭਾ ਬੀਡੀਪੀਓ ਲਾਗੂ ਕਰਨ ਤੋਂ ਇਨਕਾਰੀ ਹੈ, ਜਿਸ ਕਰਕੇ ਹੁਣ ਉਹ ਕਾਨੂੰਨ ਤਹਿਤ ਸੈਕਸ਼ਨ 25 ਦੀ ਕਾਰਵਾਈ ਦੀ ਮੰਗ ਕਰ ਰਹੇ ਹਨ।

ਇਸ ਮੌਕੇ ਦੁਕਾਨਦਾਰਾਂ ਨੇ ਬਾਹਰ ਖੜੇ ਹੋਕੇ ਪ੍ਰਦਰਸ਼ਨਕਾਰੀ ਮਜ਼ਦੂਰਾਂ ਦੀ ਗੱਲ ਧਿਆਨ ਨਾਲ ਸੁਣੀ ਤੇ ਬਿਨਾਂ ਟ੍ਰੈਫਿਕ ਨੂੰ ਤੰਗ ਕੀਤੇ ਹਜ਼ਾਰਾਂ ਮਜ਼ਦੂਰ ਅਨੁਸ਼ਾਸਨ 'ਚ ਕਤਾਰ ਬਣਾ ਕੇ ਮੁਜ਼ਾਹਰਾ ਕਰਦੇ ਰਹੇ। ਦੁਕਾਨਦਾਰਾਂ ਨੇ ਆਗੂਆਂ ਦੇ ਫੋਨ ਨੰਬਰ ਲਏ ਤੇ ਚੋਰੀਆਂ ਦੇ ਮੁੱਦੇ 'ਤੇ ਹਮਾਇਤ ਕਰਨ ਲਈ ਧੰਨਵਾਦ ਕਰਦੇ ਹੋਏ, ਮਜ਼ਦੂਰਾਂ ਨੂੰ ਵੀ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਦੁਕਾਨਦਾਰਾਂ ਅੱਗੇ ਪ੍ਰਸਤਾਵ ਰੱਖਿਆ ਕਿ ਜੇਕਰ ਮਨਰੇਗਾ ਮਜ਼ਦੂਰ ਰਾਤ ਨੂੰ ਮਾਰਕੀਟ 'ਚ ਵੀ ਧਰਨਾ ਲਗਾ ਸਕਦੇ ਹਨ, ਜੇਕਰ ਉਨ੍ਹਾਂ ਨੂੰ ਕੁਝ ਵਾਸ਼ਰੂਮ ਮੁਹੱਈਆ ਹੋ ਜਾਣ, ਇਸ ਨਾਲ ਰਾਤ ਨੂੰ ਦੁਕਾਨਾਂ ਦੇ ਸ਼ਟਰ ਵੀ ਨਹੀਂ ਟੁੱਟਣਗੇ ਤੇ ਪਿੰਡ-ਸ਼ਹਿਰ ਮਿਲ ਕੇ ਇਹ ਵਿਚਾਰਾਂ ਕਰਨਗੇ ਕਿ ਲੋਕਪੱਖੀ ਕਾਨੂੰਨ ਲਾਗੂ ਕਰਾਉਣ ਲਈ ਪ੍ਰਸ਼ਾਸਨ ਨੂੰ ਜਵਾਬਦੇਹ ਕਿਵੇਂ ਬਣਾਇਆ ਜਾਵੇ। ਡੀ ਐੱਮ ਐੱਫ ਦੇ ਜ਼ਿਲ੍ਹਾ ਪ੍ਰਧਾਨ

## ਪਟੇਲ ਮੈਮੋਰੀਅਲ ਨੈਸ਼ਨਲ ਕਾਲਜ 'ਚ ਰਾਸ਼ਟਰੀ ਪੁਲਾੜ ਦਿਵਸ ਮਨਾਇਆ



**ਰਾਜਪੁਰਾ (ਰਮੇਸ਼ ਕਟਾਰੀਆ)**-ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਦੇ ਵਿਗਿਆਨ ਵਿਭਾਗ ਨੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਦੀ ਦੇਖ-ਰੇਖ ਹੇਠ ਭਾਰਤ ਦੀਆਂ ਪੁਲਾੜ ਖੋਜਾਂ ਬਾਰੇ ਜਾਗਰੂਕਤਾ ਫੈਲਾਉਣ ਤੇ ਮਨਾਉਣ ਲਈ 'ਚੰਨ ਨੂੰ ਛੂਹਣ ਦੌਰਾਨ ਜੀਵਨ ਨੂੰ ਛੂਹਣਾ: ਇੰਡੀਆਜ਼ ਸਪੇਸ ਸਾਗਾ' ਵਿਸ਼ੇ 'ਤੇ ਇੱਕ ਪ੍ਰਦਰਸ਼ਨੀ ਲਗਾਈ।23 ਅਗਸਤ 2024 ਨੂੰ ਰਾਸ਼ਟਰੀ ਪੁਲਾੜ ਦਿਵਸ ਮੌਕੇ ਡਾ: ਰਜਨੀ ਅਤੇ ਪ੍ਰੋ: ਸੋਮੀਆ ਦੀ ਦੇਖ-ਰੇਖ ਹੇਠ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ।

ਸਮਾਗਮ ਦੌਰਾਨ ਡਾ: ਗਾਂਧੀ ਨੇ ਪ੍ਰਸ਼ਨਾਵਲੀ ਰਾਹੀਂ ਵਿਦਿਆਰਥੀਆਂ ਦੇ ਗਿਆਨ ਦਾ ਨਿਰਣਾ ਕੀਤਾ ਤੇ ਉਨ੍ਹਾਂ ਨੂੰ ਅਜਿਹੇ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਕਾਜਲ ਨੇ ਪਹਿਲਾ ਇਨਾਮ ਜਿੱਤਿਆ, ਜਦਕਿ ਦੂਜਾ ਸਥਾਨ ਰਮਨਦੀਪ ਤੇ ਨੀਤਿਕਾ ਨੇ ਅਤੇ ਮੋਨਿਕਾ ਤੇ ਜੈਸਮੀਨ ਤੀਜੇ ਸਥਾਨ 'ਤੇ ਰਹੇ ਅਤੇ ਆਂਚਲ, ਜਗਜੀਤ, ਬ੍ਰਹਮਜੋਤ ਤੇ ਖੁਸ਼ਪ੍ਰੀਤ ਨੂੰ ਪ੍ਰਸੰਸਾ ਪੁਰਸਕਾਰ ਦਿੱਤੇ ਗਏ।ਮੁਕਾਬਲੇ ਦੀ ਜੱਜਮੈਂਟ ਵਿੱਚ ਡਾ: ਦਲਵੀਰ ਕੌਰ, ਡਾ: ਨੀਰਜ ਬਾਲਾ ਤੇ ਡਾ: ਜਸਨੀਤ ਕੌਰ ਸ਼ਾਮਲ ਸਨ।ਇਸ ਮੌਕੇ ਡਾ: ਵੰਦਨਾ ਗੁਪਤਾ, ਪ੍ਰੋ: ਮਨਦੀਪ ਕੌਰ ਤੇ ਡਾ: ਗੁਰਪ੍ਰੀਤ ਸਿੰਘ ਨੇ ਆਪਣੀ ਹਾਜ਼ਰੀ ਲਗਵਾਈ।

## ਹੜਤਾਲ ਦੌਰਾਨ 50 ਤੋਂ ਵੱਧ ਰੈਜ਼ੀਡੈਂਟ ਡਾਕਟਰਾਂ ਨੇ ਕੀਤਾ ਖ਼ੂਨ ਦਾਨ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ 'ਚ ਹੜਤਾਲ ਅੱਜ ਅੱਠਵੇਂ ਦਿਨ ਵਿੱਚ ਦਾਖਲ ਹੋ ਗਈ ਹੈ ਅਤੇ ਰੈਜ਼ੀਡੈਂਟ ਡਾਕਟਰਾਂ ਤੇ ਸਹਾਇਕਾਂ ਦੀ ਅਟੱਲ ਸਮਰਪਣਾ ਜਾਰੀ ਹੈ।ਹਸਪਤਾਲ ਦੇ ਬਾਹਰ ਲਗਾਇਆ ਗਿਆ 30 ਫੁੱਟ ਲੰਬਾ ਹੈਂਡ-ਪੇਂਟਡ ਬੈਨਰ ਬਹੁਤ ਧਿਆਨ



ਅਦਾਇਗੀ ਤੇ ਲੋਕਾਂ ਅਤੇ ਮੀਡੀਆ ਦੀ ਰੁਚੀ ਦਾ ਕੇਂਦਰ ਬਣ ਗਿਆ ਹੈ।

ਇਸ ਮੌਕੇ ਰੈਜ਼ੀਡੈਂਟ ਡਾਕਟਰ ਐਸੋਸੀਏਸ਼ਨ (ਆਰ ਡੀ ਏ) ਦੇ ਅਹੁਦੇਦਾਰਾਂ ਨੇ ਦੱਸਿਆ ਕਿ ਰੈਜ਼ੀਡੈਂਟ ਡਾਕਟਰ ਐਸੋਸੀਏਸ਼ਨ ਵੱਲੋਂ ਅੱਜ ਇੱਕ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ 50 ਤੋਂ ਵੱਧ ਰੈਜ਼ੀਡੈਂਟ ਡਾਕਟਰਾਂ ਨੇ ਖ਼ੂਨ ਦਾਨ ਕੀਤਾ।ਇਹ ਕਦਮ ਦਰਸਾਉਂਦਾ ਹੈ ਕਿ ਸਾਡੇ ਰੈਜ਼ੀਡੈਂਟ ਡਾਕਟਰ ਸਿਰਫ਼ ਜ਼ਰੂਰੀ ਸੇਵਾਵਾਂ ਲਈ ਹੀ ਤਿਆਰ ਨਹੀਂ ਹਨ, ਸਗੋਂ ਮਰੀਜ਼ਾਂ ਦੇ ਕਲਿਆਣ ਲਈ ਆਪਣਾ ਖ਼ੂਨ ਵੀ ਦਾਨ ਕਰਨ ਲਈ ਤਿਆਰ ਹਨ।ਇਹ ਸੈਲਫਲੈੱਸ ਐਕਟ ਸਾਡੇ ਮਰੀਜ਼ਾਂ ਦੀ ਦੇਖਭਾਲ ਲਈ ਸਾਡੀ ਸਮਰਪਣਾ ਨੂੰ ਦਰਸਾਉਂਦਾ ਹੈ, ਭਾਵੇਂ ਕਿ ਅਸੀਂ ਹੜਤਾਲ ਵਿੱਚ ਹਿੱਸਾ ਲੈ ਰਹੇ ਹਾਂ।ਇਸ ਤੋਂ ਇਲਾਵਾ ਵੱਖ-ਵੱਖ ਮੱਤਾਂ ਨੂੰ ਪ੍ਰਾਪਤ ਕਰਨ ਤੇ ਮੁੱਖ ਮੁੱਦਿਆਂ ਬਾਰੇ ਹੋਰ ਵੀਚਾਰ ਪ੍ਰਾਪਤ ਕਰਨ ਲਈ ਅੱਜ ਦਿਨ ਭਰ ਫੋਕਸਡ ਗਰੁੱਪ ਚਰਚਾਵਾਂ ਕੀਤੀਆਂ ਗਈਆਂ।

ਇਸ ਮੌਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ/ਹਸਪਤਾਲ ਫਰੀਦਕੋਟ ਦੇ ਪ੍ਰਿੰਸੀਪਲ ਡਾ: ਸੰਜੇ ਗੁਪਤਾ ਨੇ ਰੈਜ਼ੀਡੈਂਟ ਡਾਕਟਰਾਂ ਦੇ ਇਕੱਠ ਨੂੰ ਸੰਬੋਧਤ ਕਰਦੇ ਹੋਏ ਕਿਹਾ ਕਿ ਰੈਜ਼ੀਡੈਂਟਾਂ ਦੀਆਂ ਮੰਗਾਂ ਨੂੰ ਸਵੀਕਾਰਿਆ ਗਿਆ।ਪ੍ਰਿੰਸੀਪਲ ਨੇ ਇਹ ਯਕੀਨੀ ਬਣਾਇਆ ਕਿ ਇਹ ਮੰਗਾਂ ਪਹਿਲ ਦੇ ਅਧਾਰ 'ਤੇ ਪੂਰੀਆਂ ਕੀਤੀਆਂ ਜਾਣਗੀਆਂ› ਹਾਲਾਂਕਿ, ਰੈਜ਼ੀਡੈਂਟਾਂ ਨੇ ਅਧਿਕਾਰੀਆਂ ਤੋਂ ਲਿਖਤੀ ਭਰੋਸੇ ਦੀ ਮੰਗ ਕੀਤੀ ਹੈ, ਜਿਸ ਵਿੱਚ ਸਪੱਸ਼ਟ ਡੈੱਡਲਾਈਨਾਂ ਤੇ ਜ਼ਮੀਨੀ ਪੱਧਰ 'ਤੇ ਦਿਖਣਯੋਗ ਤਰੱਕੀ ਸ਼ਾਮਲ ਹੋਵੇ। ਇਸ ਤੋਂ ਇਲਾਵਾ ਅੱਜ ਵੀ ਓਪੀਡੀ ਸੇਵਾਵਾਂ ਮੁਲਤਵੀ ਰਹੀਆਂ, ਪਰ ਜ਼ਰੂਰੀ ਸੇਵਾਵਾਂ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਸਨ।ਆਰਡੀਏ ਆਪਣੀ ਮੰਗਾਂ ਲਈ ਪੱਕਾ ਹੋ ਕੇ ਖੜ੍ਹਾ ਹੈ ਤੇ ਹੜਤਾਲ ਜਦ ਤੱਕ ਜਾਰੀ ਰਹੇਗੀ, ਤਦ ਤੱਕ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਸਮਾਧਾਨਤ ਕਰਨ ਲਈ ਠੋਸ ਕਦਮ ਨਹੀਂ ਚੁੱਕੇ ਜਾਂਦੇ।

## ਮਹਿਲਾ ਡਾਕਟਰ ਨਾਲ ਗੈਂਗਰੇਪ ਤੇ ਕਤਲ ਖਿਲਾਫ ਕੈਂਡਲ ਮਾਰਚ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਕਲਕੱਤਾ ਦੇ ਮੈਡੀਕਲ ਕਾਲਜ ਤੇ ਹਸਪਤਾਲ ਵਿੱਚ ਮਹਿਲਾ ਡਾਕਟਰ ਨਾਲ ਹੋਏ ਗੈਂਗਰੇਪ ਤੇ ਕਤਲ ਜਿਹੇ ਅਣਮਨੁੱਖੀ ਅੱਤਿਆਚਾਰ ਖਿਲਾਫ ਨੌਜਵਾਨ ਭਾਰਤ ਸਭਾ ਤੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ ਚੱਕ ਗਾਂਧਾ ਸਿੰਘ ਵਾਲਾ ਵਿਖੇ ਕੈਂਡਲ ਮਾਰਚ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ ਔਰਤਾਂ, ਨੌਜਵਾਨਾਂ, ਪਿੰਡ ਦੇ ਹਰ ਤਬਕੇ ਵੱਲੋਂ ਸ਼ਮੂਲੀਅਤ ਕੀਤੀ ਗਈ।

ਪ੍ਰੈੱਸ ਬਿਆਨ ਜਾਰੀ ਕਰਦਿਆਂ ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਆਗੂ ਰਾਜਪ੍ਰੀਤ ਸਿੰਘ, ਵਿੱਕੀ ਸਿੰਘ, ਜਗਸੀਰ ਸਿੰਘ ਤੇ ਰਾਜਵੀਰ ਸਿੰਘ ਕਿਰਤੀ ਕਿਸਾਨ ਯੂਨੀਅਨ ਦੇ ਪ੍ਰਦੀਪ ਕੌਰ, ਕੰਵਰਜੀਤ ਸਿੰਘ ਨੇ ਕਿਹਾ ਕਿ ਦੇਸ਼ ਵਿੱਚ ਔਰਤਾਂ ਨਾਲ ਦੂਜੇ ਦਰਜੇ ਦੇ ਮਨੁੱਖਾਂ ਵਾਲਾ ਵਿਵਹਾਰ ਕੀਤਾ ਜਾਂਦਾ ਹੈ ਤੇ ਉਨ੍ਹਾਂ ਨੂੰ ਭੋਗਣ ਵਾਲੀਆਂ ਵਸਤੂਆਂ ਸਮਝਿਆ ਜਾਂਦਾ ਹੈ, ਜਿਸ ਕਰਕੇ ਮਾਨਸਿਕਤਾ ਵਿੱਚ ਲਿੰਗਕ ਸੰਵੇਦਨਸ਼ੀਲਤਾ ਪੈਦਾ ਨਹੀਂ ਹੋ ਰਹੀ। ਇਸੇ ਕਾਰਨ ਔਰਤਾਂ ਖਿਲਾਫ ਦਿਨੋਂ ਦਿਨ ਛੇੜਛਾੜ, ਬਲਾਤਕਾਰ ਤੇ ਕਤਲ ਵਰਗੀਆਂ ਘਟਨਾਵਾਂ ਵਧ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਮਮਤਾ ਸਰਕਾਰ ਤੇ ਕੇਂਦਰ ਦੀ ਭਾਜਪਾ ਸਰਕਾਰ ਔਰਤਾਂ ਦੀ ਸੁਰੱਖਿਆ ਲਈ ਬਿਲਕੁਲ ਵੀ ਸੀਰੀਅਸ ਨਹੀਂ ਹੈ। ਪਹਿਲਾਂ ਵੀ ਮਹਿਲਾ ਪਹਿਲਵਾਨਾਂ ਨਾਲ ਜੋ ਹੋਇਆ ਇਸ ਲਈ ਕੇਂਦਰ ਸਰਕਾਰ ਜ਼ਿੰਮੇਵਾਰ ਹੈ। ਉਨ੍ਹਾਂ ਨੇ ਹੀ ਬ੍ਰਿਜ ਭੂਸ਼ਣ ਵਰਗੇ ਗੁੰਡਾ ਅਨਸਰਾਂ ਨੂੰ ਸ਼ਹਿ ਦਿੱਤੀ, ਜਿਸ ਕਰਕੇ ਸਾਕਸ਼ੀ ਮਲਿਕ, ਵਿਨੇਸ਼ ਫੋਗਾਟ ਵਰਗੀਆਂ ਪਹਿਲਵਾਨ ਧੀਆਂ ਦਾ ਕੈਰੀਅਰ ਬਰਬਾਦ ਕਰਨ ਦੀ ਕੋਸ਼ਿਸ਼ ਕੀਤੀ ਗਈ।ਉਨ੍ਹਾਂ ਕਿਹਾ ਕਿ ਇਸ ਕੇਸ ਦੀ ਜਾਂਚ ਸੁਪਰੀਮ ਕੋਰਟ ਦੇ ਸੀਨੀਅਰ ਜੱਜਾਂ ਦੇ ਬੈਂਚ ਦੁਆਰਾ ਕੀਤੀ ਜਾਵੇ, ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣ ਤੇ ਮਮਤਾ ਬੈਨਰਜੀ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਵੇ।

ਇਸ ਮੌਕੇ ਜਗਦੀਸ਼ ਸਿੰਘ, ਮਜ਼ਦੂਰ ਆਗੂ ਸਤਵਿੰਦਰ ਸਿੰਘ, ਬਲਵਿੰਦਰ ਕੌਰ, ਕੁਲਦੀਪ ਕੌਰ, ਗਗਨਦੀਪ ਕੌਰ, ਰਣਜੀਤ ਸਿੰਘ, ਗੁਰਦਾਸ ਪਲੰਬਰ, ਜਸਵੀਰ ਸਿੰਘ, ਅੰਗਰੇਜ਼ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਮੁੱਖ ਮੰਤਰੀ ਦੇ ਝੂਠੇ ਲਾਰਿਆਂ ਦੀ ਫੂਕੀ ਪੋਟਲੀ



**ਲਹਿਰਾਗਾਗਾ (ਪਵਨ)**-ਸਥਾਨਕ ਮਿਉਂਸਪਲ ਪਾਰਕ ਮੂਹਰੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਾਂਝੇ ਤੌਰ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਝੂਠੇ ਲਾਰਿਆਂ ਦੀ ਪੋਟਲੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਤੇ ਮੁੱਖ ਮੰਤਰੀ, ਵਿੱਤ ਮੰਤਰੀ ਤੇ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕੀਤੀ।ਇਸ ਮੌਕੇ ਮੁਲਾਜ਼ਮ ਤੇ ਪੈਨਸ਼ਨਰ ਯੂਨੀਅਨਾਂ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਥਾਂ ਝੂਠੇ ਲਾਰੇ ਲਾ ਕੇ ਡੰਗ ਟਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ, ਪੈਨਸ਼ਨਰਾਂ, ਕੱਚੇ ਵਰਕਰਾਂ, ਮਾਣ ਭੱਤਾ ਵਰਕਰਾਂ ਤੇ ਆਊਟਸੋਰਸ ਮੁਲਾਜ਼ਮਾਂ ਦੀਆਂ ਪੈਂਡਿੰਗ ਪਈਆਂ ਮੰਗਾਂ ਪ੍ਰਤੀ ਪੰਜਾਬ ਸਰਕਾਰ ਵੱਲੋਂ ਅਪਣਾਏ ਜਾ ਰਹੇ ਅਵੇਸਲੇਪਣ ਦੀਆਂ ਸਭ ਹੱਦਾਂ ਮੁਕਾ ਦਿੱਤੀਆਂ ਹਨ।

ਬੁਲਾਰਿਆਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸਾਂਝੇ ਫਰੰਟ ਨਾਲ ਮੀਟਿੰਗ ਕਰਨ ਤੋਂ ਹਰ ਵਾਰ ਮੁੱਕਰ ਜਾਂਦੇ ਹਨ ਤੇ ਉਨ੍ਹਾਂ ਵੱਲੋਂ 22 ਅਗਸਤ ਨੂੰ ਦਿੱਤੀ ਗਈ ਮੀਟਿੰਗ ਵੀ 12 ਸਤੰਬਰ ਤੱਕ ਮੁਲਤਵੀ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਸਾਂਝੇ ਫਰੰਟ ਨਾਲ ਤਹਿ ਕੀਤੀ ਮੀਟਿੰਗ ਸੱਤਵੀਂ ਵਾਰ ਮੁਲਤਵੀ ਕੀਤੀ ਗਈ ਹੈ।ਪੈਨਸ਼ਨਰਜ਼ ਯੂਨੀਅਨ ਦੇ ਪ੍ਰਧਾਨ ਜਰਨੈਲ ਸਿੰਘ, ਰਣਜੀਤ ਲਹਿਰਾ, ਫੀਲਡ ਵਰਕਰਜ਼ ਯੂਨੀਅਨ ਦੇ ਆਗੂ ਸੁਖਦੇਵ ਚੰਗਾਲੀਵਾਲਾ, ਮਹਿੰਦਰ ਸਿੰਘ, ਮਨਜੀਤ ਸ਼ਰਮਾ ਜੇ ਈ, ਜਗਦੀਸ਼ ਪਾਪੜਾ, ਮੇਜਰ ਸਿੰਘ ਭੁਟਾਲ ਸਮੇਤ ਹੋਰ ਬੁਲਾਰਿਆਂ ਨੇ ਚਿਤਾਵਨੀ ਦਿੱਤੀ ਕਿ ਜੇ ਇਹੀ ਨੀਤੀ ਜਾਰੀ ਰਹੀ ਤਾਂ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਪੰਜਾਬ ਦੀਆਂ ਜ਼ਿਮਨੀ ਚੋਣਾਂ ਵਿੱਚ ਹੀ ਨਹੀਂ ਹਰਿਆਣਾ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਮੁੱਖ ਮੰਤਰੀ ਦਾ ਵਿਰੋਧ ਕਰਨ ਲਈ ਮਜਬੂਰ ਹੋਣਗੇ।

## ਕੋਲਕਾਤਾ ਜਬਰ ਜ਼ਨਾਹ ਤੇ ਕਤਲ ਕਾਂਡ ਦੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ

**ਵਕੀਲਾਂ ਨੇ ਡੀ ਸੀ ਨੂੰ ਸੌਂਪਿਆ ਮੰਗ ਪੱਤਰ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪਰਮਜੀਤ ਸਿੰਘ, ਚਾਵਲਾ, ਪੂਜਾ)**-ਜ਼ਿਲ੍ਹਾ ਬਾਰ ਐਸੋਸੀਏਸ਼ਨ ਵੱਲੋਂ ਕੇਂਦਰ ਸਰਕਾਰ ਪਾਸੋਂ 'ਕਲਕੱਤਾ ਜਬਰ-ਜ਼ਨਾਹ ਤੇ ਕਤਲ ਕਾਂਡ' ਦੇ ਦੋਸ਼ੀਆਂ ਲਈ ਸਖਤ ਕਾਨੂੰਨੀ ਕਾਰਵਾਈ ਤੇ ਮਿਸਾਲੀ ਸਜ਼ਾ ਦੀ ਮੰਗ ਕਰਦਿਆਂ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਰਾਹੀਂ ਇੱਕ ਮੰਗ ਪੱਤਰ ਭੇਜਿਆ ਹੈ।ਬਾਰ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਭੁਪਿੰਦਰ ਸਿੰਘ ਚੜ੍ਹੇਵਾਨ ਦੀ ਅਗਵਾਈ ਹੇਠ ਵਫ਼ਦ ਵਿੱਚ ਸ਼ਾਮਲ ਐਡਵੋਕੇਟ ਅਸ਼ੀਸ਼ ਗਰਗ, ਗੁਰਦੇਵ ਸਿੰਘ ਬਰਾੜ, ਸੁਰਿੰਦਰ ਸਿੰਘ ਬਰਾੜ, ਗੁਰਮੀਤ ਸਿੰਘ ਬਰਾੜ, ਮਨਜੀਤ ਕੌਰ ਬੇਦੀ ਤੇ ਰਾਜਵਿੰਦਰ ਕੌਰ ਬਰਾੜ ਨੇ ਦੱਸਿਆ ਕਿ ਕਲਕੱਤਾ ਵਿਖੇ ਹੋਏ ਰੈਜ਼ੀਡੈਂਟ ਡਾਕਟਰ ਦੇ ਬਲਾਤਕਾਰ ਤੇ ਕਤਲ ਨੇ ਰੂਹ ਕੰਬਾਊ 'ਨਿਰਭੈਆ ਕਾਂਡ' ਨੂੰ ਇਕ ਵਾਰ ਮੁੜ ਯਾਦ ਕਰਵਾ ਦਿੱਤਾ ਹੈ।ਅਠੱਤਰ ਸਾਲ ਦੀ ਅਜ਼ਾਦੀ ਦੇ ਬਾਅਦ ਵੀ ਜੇਕਰ ਭਾਰਤ ਵਿੱਚ ਔਰਤ ਦੀ ਆਬਰੂ ਮਹਿਫੂਜ਼ ਨਹੀਂ ਤਾਂ ਸਿੱਖਿਆ, ਸਿਹਤ ਤੇ ਤਰੱਕੀ ਦੀਆਂ ਗੱਲਾਂ ਬੇ-ਮਾਅਨੇ ਹਨ।ਉਨ੍ਹਾਂ ਕਿਹਾ ਕਿ ਇਸ ਸਬੰਧੀ ਕਾਨੂੰਨ ਵਿੱਚ ਵੱਡੀ ਤਬਦੀਲੀ ਕਰਕੇ, ਫੌਰੀ ਸਖਤ ਤੇ ਮਿਸਾਲੀ ਸਜ਼ਾਵਾਂ ਦੇਣ ਦੀ ਲੋੜ ਹੈ ਤਾਂ ਜੋ ਬਲਾਤਕਾਰ ਵਰਗੀ ਹੈਵਾਨੀਅਤ ਭਰੀ ਕਾਰਵਾਈ ਕਰਨ ਵਾਲੇ ਲੋਕਾਂ 'ਚ ਡਰ ਪੈਦਾ ਹੋਵੇ।ਇਸ ਦੇ ਨਾਲ ਹੀ ਔਰਤਾਂ ਦੇ ਕੰਮ ਸਥਾਨਾਂ 'ਤੇ ਸੁਰੱਖਿਆ ਦੀਆਂ ਉੱਚ ਤਕਨੀਕਾਂ ਦਾ ਪ੍ਰਬੰਧ ਕੀਤਾ ਜਾਵੇਗਾ।ਇਸ ਮੌਕੇ ਵੱਡੀ ਗਿਣਤੀ 'ਚ ਬਾਰ ਮੈਂਬਰ ਮੌਜੂਦ ਸਨ।ਵਫ਼ਦ ਪਾਸੋਂ ਮੰਗ ਪੱਤਰ ਲੈਣ ਉਪਰੰਤ ਇਸ ਘਟਨਾ 'ਤੇ ਅਫਸੋਸ ਜ਼ਾਹਰ ਕਰਦਿਆਂ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਕਿਹਾ ਕਿ ਉਹ ਮੰਗ ਪੱਤਰ ਸਰਕਾਰ ਤੱਕ ਪਹੁੰਚਦਾ ਕਰਨਗੇ।

## ਸੰਤ ਕਬੀਰ ਕਾਲਜ ਵਿਖੇ ਪੌਦੇ ਲਗਾਏ



**ਜ਼ੀਰਾ (ਪਰਮਜੀਤ ਸਿੰਘ ਧੰਜੂ)**-ਇੰਦਰਾ ਗਾਂਧੀ ਨੈਸ਼ਨਲ ਓਪਨ ਯੂਨੀਵਰਸਿਟੀ ਦੇ ਜ਼ੀਰਾ ਵਿਖੇ ਸਥਿਤ ਸਿੱਖਿਆ ਸਪੋਰਟ ਸੈਂਟਰ ਸੰਤ ਕਬੀਰ ਕਾਲਜ ਦੀ ਕੋਆਰਡੀਨੇਟਰ ਡਾ. ਵੀਰਪਾਲ ਤੇ ਸਮੂਹ ਸਟਾਫ ਵੱਲੋਂ ਕਾਲਜ ਦੇ ਵਿਹੜੇ ਵਿੱਚ ਵਾਤਾਵਰਨ ਨੂੰ ਹਰਿਆ ਭਰਿਆ ਕਰਨ ਲਈ ਵੱਡੀ ਗਿਣਤੀ ਵਿੱਚ ਪੌਦੇ ਲਗਾਏ ਗਏ।

ਇਸ ਮੌਕੇ ਨਰਿੰਦਰ ਸਿੰਘ ਸੇਵਾਮੁਕਤ ਲੈਕਚਰਾਰ ਪ੍ਰਧਾਨ ਐੱਨ ਜੀ ਓ ਕੋਆਰਡੀਨੇਸ਼ਨ ਕਮੇਟੀ ਜ਼ੀਰਾ ਉਚੇਚੇ ਤੌਰ 'ਤੇ ਹਾਜ਼ਰ ਹੋਏ।ਇਸ ਦੌਰਾਨ ਪੌਦੇ ਲਗਾਉਣ ਵਾਲਿਆਂ ਵਿੱਚ ਗੁਰਚਰਨ ਸਿੰਘ ਚੇਅਰਮੈਨ, ਡਾ. ਸੁਖਦੇਵ ਸਿੰਘ ਮੈਨੇਜਿੰਗ ਡਾਇਰੈਕਟਰ, ਸਵਰਣ ਸਿੰਘ, ਹਰਮਨਦੀਪ ਸਿੰਘ, ਪਰਮਿੰਦਰ ਸਿੰਘ, ਮੈਡਮ ਆਸ਼ਾ ਵਨਾਇਕ, ਹਰਪ੍ਰੀਤ ਕੌਰ, ਮਨਪ੍ਰੀਤ ਕੌਰ, ਅਰਚਨਾ ਰਾਣੀ, ਵਰਿੰਦਾ, ਸਿਮਰਨਦੀਪ ਕੌਰ, ਨਵਨੀਤ ਕੌਰ, ਜਗਰੂਪ ਕੌਰ ਆਦਿ ਹਾਜ਼ਰ ਸਨ।

## ਵਿਕਾਸ ਦੇ ਨਾਂਅ 'ਤੇ ਰੁੱਖਾਂ ਦਾ ਵਢਾਂਗਾ ਸਾਨੂੰ ਵਿਨਾਸ਼ ਵੱਲ ਧੱਕ ਰਿਹੈ : ਨਾਗਰਾ, ਬੇਦੀ

**ਮਾਤਾ ਹਰਦਈ ਸਕੂਲ ਵਿਖੇ ਹਾਕੀ ਕਲੱਬ ਸਮਰਾਲਾ ਨੇ ਲਗਾਏ ਪੌਦੇ**



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਜਿੱਥੇ ਅਜੋਕਾ ਇਨਸਾਨ ਵਾਤਾਵਰਨ ਨੂੰ ਪਲੀਤ ਕਰਨ 'ਤੇ ਤੁਲਿਆ ਹੋਇਆ ਹੈ, ਉਥੇ ਹੀ ਵਾਤਾਵਰਨ ਪ੍ਰੇਮੀ ਵੱਧ ਤੋਂ ਵੱਧ ਬੂਟੇ ਲਗਾ ਕੇ ਇਸ ਦੀ ਸ਼ੁੱਧਤਾ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਹੇ ਹਨ।ਇਸੇ ਤਹਿਤ ਹਾਕੀ ਕਲੱਬ ਸਮਰਾਲਾ ਵੱਲੋਂ ਸਥਾਨਕ ਮਾਤਾ ਹਰਦਈ ਨੈਸ਼ਨਲ ਕਾਲਜੀਏਟ ਸੀਨੀ: ਸੈਕੰਡਰੀ ਸਕੂਲ ਵਿਖੇ ਫ਼ਲਦਾਰ ਬੂਟੇ ਲਗਾ ਕੇ ਵਾਤਾਵਰਨ ਨੂੰ ਸ਼ੁੱਧ ਬਣਾਉਣ ਦਾ ਸੱਦਾ ਦਿੱਤਾ ਗਿਆ।ਇਸ ਮੌਕੇ ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਬੇਦੀ ਤੇ ਸਰਪ੍ਰਸਤ ਗੁਰਨਾਮ ਸਿੰਘ ਨਾਗਰਾ ਨੇ ਕਿਹਾ ਕਿ ਅੱਜ ਦੇ ਸਮੇਂ ਦੀ ਲੋੜ ਬਣ ਚੁੱਕੀ ਹੈ ਕਿ ਹਰੇਕ ਮਨੁੱਖ ਬੂਟੇ ਲਗਾ ਕੇ ਉਨ੍ਹਾਂ ਨੂੰ ਪਾਲਣ ਦਾ ਜ਼ਿੰਮਾ ਆਪਣੇ ਸਿਰ ਲਵੇ, ਕਿਉਂਕਿ ਦਿਨ-ਬ-ਦਿਨ ਵਿਕਾਸ ਦੇ ਨਾਂਅ 'ਤੇ ਵੱਡੇ-ਵੱਡੇ ਰੁੱਖਾਂ 'ਤੇ ਚੱਲਦੇ ਆਰੇ ਸਾਨੂੰ ਵਿਨਾਸ਼ ਦੀ ਤਰਫ਼ ਲਿਜਾ ਰਹੇ ਹਨ, ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਬਹੁਤ ਘਾਤਕ ਸਿੱਧ ਹੋਣਗੇ।ਉਨ੍ਹਾਂ ਕਿਹਾ ਕਿ ਹਰੇਕ ਮਨੁੱਖ ਨੂੰ ਆਪਣੇ ਘਰਾਂ 'ਚ ਫ਼ਲਦਾਰ ਬੂਟੇ ਲਗਾ ਲੈਣੇ ਚਾਹੀਦੇ ਹਨ, ਕਿਉਂਕਿ ਫ਼ਲਾਂ ਤੇ ਛਾਂ ਦੀ ਲੋੜ ਕੇਵਲ ਇਨਸਾਨ ਨੂੰ ਹੀ ਨਹੀਂ, ਸਗੋਂ ਕੁਦਰਤ ਦੇ ਵਣਜਾਰੇ ਪੰਛੀਆਂ ਨੂੰ ਵੀ ਹੈ।ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਸਾਡੀ ਸੰਸਥਾ ਵੱਲੋਂ ਪਿੰਡ ਭੰਗਲਾਂ ਦੀ ਪੰਚਾਇਤ ਦੇ ਸਹਿਯੋਗ ਨਾਲ ਤੀਜਾ ਜੰਗਲ '150 ਪਿੱਪਲਾਂ' ਦੇ ਬੂਟੇ ਲਗਾ ਕੇ ਤਿਆਰ ਕੀਤਾ ਗਿਆ ਹੈ, ਜੋ ਆਉਣ ਵਾਲੇ ਸਾਲਾਂ ਵਿੱਚ ਨੇੜਲੇ ਪਿੰਡਾਂ ਲਈ ਆਕਸੀਜ਼ਨ ਦਾ ਕੇਂਦਰ ਬਣੇਗਾ। ਅਜਿਹੇ ਜੰਗਲ ਹਰੇਕ ਪਿੰਡ ਦਾ ਸ਼ਿੰਗਾਰ ਹੋਣੇ ਚਾਹੀਦੇ ਹਨ, ਜਿਨ੍ਹਾਂ ਦੀ ਬਦੌਲਤ ਇੱਕ ਚੰਗਾ ਵਾਤਾਵਰਨ ਸਿਰਜਿਆ ਜਾ ਸਕੇਗਾ।ਇਸ ਮੌਕੇ ਸਕੂਲ ਪ੍ਰਿੰਸੀਪਲ ਬਲਜੀਤ ਸਿੰਘ ਉਟਾਲ ਨੇ ਹਾਕੀ ਕਲੱਬ ਸਮਰਾਲਾ ਦੇ ਬੇਮਿਸਾਲ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਇਨ੍ਹਾਂ ਤੋਂ ਸੇਧ ਲੈ ਕੇ ਵੱਧ ਤੋਂ ਵੱਧ ਰੁੱਖ ਲਗਾ ਕੇ ਪਾਲਣੇ ਚਾਹੀਦੇ ਹਨ।ਇਸ ਮੌਕੇ ਪ੍ਰਧਾਨ ਗੁਰਪ੍ਰੀਤ ਸਿੰਘ ਬੇਦੀ, ਸਰਪ੍ਰਸਤ ਗੁਰਨਾਮ ਸਿੰਘ ਨਾਗਰਾ, ਜਨ: ਸਕੱਤਰ ਅੰਮ੍ਰਿਤਪਾਲ, ਗੁਰਮੀਤ ਸਿੰਘ, ਕੁਲਜਿੰਦਰ ਸਿੰਘ, ਹਰਬੰਸ ਲਾਲ ਚਾਨਣਾ ਤੇ ਮੇਵਾ ਸਿੰਘ ਤੋਂ ਇਲਾਵਾ ਸਕੂਲ ਸਟਾਫ਼ ਪ੍ਰਿੰ. ਬਲਜੀਤ ਸਿੰਘ, ਰਵਿੰਦਰ ਕੌਰ, ਹਰਿੰਦਰ ਕੌਰ, ਕਮਲਜੀਤ ਕੌਰ, ਰੂਹੀ ਸ਼ਰਮਾ, ਨਰਿੰਦਰ ਸਿੰਘ, ਕਾਜਲ, ਸਿਮਰਜੀਤ ਕੌਰ, ਹਰਿੰਦਰਦੀਪ ਸ਼ਰਮਾ, ਮਨਜੋਤ ਕੌਰ, ਸੰਤੋਸ਼ ਗੁਪਤਾ, ਕਨਿਕਾ, ਨਰਿੰਦਰ ਸਿੰਘ, ਜੋਤੀ ਕੁਮਾਰੀ ਤੇ ਸਕੂਲ ਵਿਦਿਆਰਥਣਾਂ ਹਾਜ਼ਰ ਸਨ।

## ਤੱਤਲਾ ਬਾਰ ਕੌਂਸਲ ਪੰਜਾਬ ਤੇ ਹਰਿਆਣਾ ਦੀ ਅਨੁਸ਼ਾਸਨੀ ਕਮੇਟੀ ਦਾ ਮੈਂਬਰ ਨਿਯੁਕਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਬਾਰ ਐਸੋਸ਼ੀਏਸ਼ਨ ਦੇ ਸਾਬਕਾ ਪ੍ਰਧਾਨ ਹਰਸਿਮਰਨਪਾਲ ਸਿੰਘ ਤੱਤਲਾ ਨੂੰ ਬਾਰ ਕੌਂਸਲ ਪੰਜਾਬ ਅਤੇ ਹਰਿਆਣਾ ਦੀ ਅਨੁਸ਼ਾਸਨੀ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ।ਤੱਤਲਾ ਨੇ ਕਿਹਾ ਕਿ ਉਹ ਆਪਣੀ ਇਸ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣਗੇ।ਇਸ ਮੌਕੇ ਹਰਸਿਮਰਨ ਪਾਲ ਸਿੰਘ ਤੱਤਲਾ ਨੇ ਹਰਪ੍ਰੀਤ ਸਿੰਘ ਮੁਲਤਾਨੀ ਮੈਂਬਰ ਬਾਰ ਕੌਂਸਲ ਪੰਜਾਬ ਐਂਡ ਹਰਿਆਣਾ ਚੰਡੀਗੜ੍ਹ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਬਾਰ ਕੌਂਸਲ ਪੰਜਾਬ ਐਂਡ ਹਰਿਆਣਾ ਚੰਡੀਗੜ੍ਹ ਵੱਲੋਂ ਸਰਦਾਰ ਤੱਤਲਾ ਨੂੰ ਅਨੁਸ਼ਾਸਨੀ ਕਮੇਟੀ ਦਾ ਮੈਂਬਰ ਨਿਯੁਕਤ ਕਰਨ ਲਈ ਬਾਰ ਐਸੋਸ਼ੀਏਸ਼ਨ ਦੇ ਸਮੂਹ ਵਕੀਲ ਭਾਈਚਾਰੇ ਵਲੋਂ ਤੱਤਲਾ ਨੂੰ ਮੁਬਾਰਕਵਾਦਾਂ ਦਿੱਤੀਆਂ ਜਾ ਰਹੀਆਂ ਹਨ।ਇਸ ਮੌਕੇ ਵਕੀਲ ਭਾਈਚਾਰੇ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਬਾਰ ਐਸੋਸੀਏਸ਼ਨ ਸਮਾਣਾ ਦੇ ਮੌਜੂਦਾ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ, ਸਾਬਕਾ ਪ੍ਰਧਾਨ ਦਵਿੰਦਰ ਸਿੰਘ ਸਿੰਘ ਢਿੱਲੋਂ, ਰਵਿੰਦਰ ਕੁਮਾਰ ਸਹੋਤਾ, ਬਲਬੀਰ ਸਿੰਘ ਧਨੋਆ, ਗੁਰਚੈਨ ਸਿੰਘ ਔਲਖ, ਸੁਰਿੰਦਰ ਸਿੰਘ ਰੰਧਾਵਾ, ਸੀਤਾ ਰਾਮ ਬਾਂਸਲ, ਵਿਪਨ ਬਾਂਸਲ, ਗੁਰਜੋਤ ਸਿੰਘ ਵਿਰਕ, ਹਰਦੀਪ ਸ਼ਰਮਾ, ਕੁਲਜੀਤ ਸਿੰਘ ਵਿਰਕ, ਬਿਕਰਮਜੀਤ ਸਿੰਘ ਘੁੰਮਣ, ਹਰਤੇਜ ਸਿੰਘ ਸੰਧੂ, ਪਰਵਿੰਦਰ ਸਿੰਘ ਗਿੱਲ, ਬਾਲ ਕ੍ਰਿਸ਼ਨ ਸ਼ਰਮਾ, ਸੁਰੇਸ਼ ਸ਼ਰਮਾ, ਅਰਸ ਸਾਥੀ, ਸਨੀ ਸਿੰਗਲਾ, ਜਸਪ੍ਰੀਤ ਕੌਰ, ਐਸ ਕੇ ਗੋਇਲ, ਹਰਮਨਦੀਪ ਸਿੰਘ ਸਿੱਧੂ, ਨਵਦੀਪ ਸਿੰਘ ਢਿੱਲੋਂ, ਲਵਲੀ ਗਰਗ, ਰੋਮੀ ਵਡੇਰਾ, ਰਜਵੰਤ ਸਿੰਘ ਵਿਰਕ, ਮਨਮੇਹਰ ਸਿੰਘ, ਜਗਮੀਤ ਕੌਰ, ਭੁਪਿੰਦਰ ਸਿੰਘ ਚੀਮਾ ਐਡਵੋਕੇਟਸ ਤੋਂ ਇਲਾਵਾ ਬਾਰ ਐਸੋਸੀਏਸ਼ਨ ਦੇ ਹੋਰ ਮੈਂਬਰਾਂ ਨੇ ਵੀ ਹਰਸਿਮਰਨ ਪਾਲ ਸਿੰਘ ਤੱਤਲਾ ਨੂੰ ਵਧਾਈ ਦੇ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

# ਪਾਵਰਕਾਮ ਤੇ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਬਿਜਲੀ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ

## ਬਿਜਲੀ ਮੰਤਰੀ ਦੇ ਹਲਕਾ ਅੰਮ੍ਰਿਤਸਰ 'ਚ ਮਹਾਂ ਰੈਲੀ ਪਹਿਲੀ ਨੂੰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**
ਗੁਰੂ ਹਰਗੋਬਿੰਦ ਥਰਮਲ ਪਲਾਂਟ ਇੰਪਲਾਈਜ਼ ਯੂਨੀਅਨ ਲਹਿਰਾ ਮੁਹੱਬਤ ਤੇ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਵੱਲੋਂ ਮੁਲਾਜ਼ਮ ਸਾਥੀਆਂ ਦੇ ਸਹਿਯੋਗ ਨਾਲ ਥਰਮਲ ਗੇਟ 'ਤੇ ਰੋਸ ਰੈਲੀ ਤੇ ਨਾਅਰੇਬਾਜ਼ੀ ਕੀਤੀ। ਬੁਲਾਰਿਆਂ 'ਚੋਂ ਬਲਵਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਸਬੰਧੀ ਪੀ. ਐੱਸ. ਈ. ਬੀ. ਜੁਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਆਗੂ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਤੇ ਪਾਵਰਕਾਮ ਦੀ ਮੈਨੇਜਮੈਂਟ ਨਾਲ 31 ਜੁਲਾਈ 2024 ਨੂੰ ਮੀਟਿੰਗ ਕਰਕੇ ਆਏ ਸਨ, ਜਿਸ ਦੌਰਾਨ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਬਣੀ ਸਹਿਮਤੀ ਨੂੰ ਅਮਲੀ ਰੂਪ ਦੇਣ ਲਈ ਬਿਜਲੀ ਮੰਤਰੀ ਨੇ 15 ਅਗਸਤ 2024 ਤੱਕ ਦਾ ਸਮਾਂ ਮੰਗਿਆ ਸੀ, ਪ੍ਰੰਤੂ ਮੈਨੇਜਮੈਂਟ ਤੇ ਪੰਜਾਬ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਨਾ ਕੀਤੇ ਜਾਣ 'ਤੇ ਟਾਲ-ਮਟੋਲ ਦੀ ਨੀਤੀ ਤੋਂ ਤੰਗ ਆ ਕੇ ਮੁਲਾਜ਼ਮਾਂ ਵੱਲੋਂ ਮੈਨੇਜਮੈਂਟ ਤੇ ਬਿਜਲੀ ਮੰਤਰੀ ਦੇ ਲਾਰਿਆਂ ਦੀ ਪੋਲ ਖੋਲ੍ਹੀ ਗਈ। ਅਮਰਜੀਤ ਸਿੰਘ ਮੰਗਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਜ਼ਮਾਂ ਤੇ ਸਾਂਝੇ ਫਰੰਟ ਦੇ ਆਗੂਆਂ ਦੀ ਮੀਟਿੰਗ 22 ਅਗਸਤ ਨੂੰ ਹੋਣੀ ਸੀ, ਜੋ ਕਿ ਮੁਲਤਵੀ ਕਰ ਦਿੱਤੀ ਗਈ। ਮੁੱਖ ਮੰਤਰੀ ਵੱਲੋਂ ਸੱਤਵੀਂ ਵਾਰ ਮੀਟਿੰਗ ਦੇ ਕੇ ਫਿਰ ਮੀਟਿੰਗ ਮੁਲਤਵੀ ਕਰ ਦੇਣ ਦੇ ਲਾਰਿਆਂ ਤੋਂ ਦੁਖੀ ਹੋ ਕੇ ਮੁਲਾਜ਼ਮ ਸਾਥੀਆਂ ਨੇ ਪੰਜਾਬ ਸਰਕਾਰ ਖਿਲਾਫ ਨਾਅਰੇ ਲਗਾ ਕੇ ਰੋਸ ਪ੍ਰਗਟਾਇਆ। ਕਿਰਨਦੀਪ ਸਿੰਘ ਨੇ ਕਿਹਾ ਕਿ ਮੰਗਾਂ ਨੂੰ ਲਾਗੂ ਕਰਵਾਉਣ ਲਈ 1 ਸਤੰਬਰ 2024 ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਦੇ ਹਲਕਾ ਅੰਮ੍ਰਿਤਸਰ ਵਿੱਚ ਬਿਜਲੀ ਮੁਲਾਜ਼ਮਾਂ ਵੱਲੋਂ ਮਹਾਂ ਰੈਲੀ ਕੀਤੀ ਜਾਵੇਗੀ। ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਆਗੂ ਜਗਜੀਤ ਸਿੰਘ ਤੇ ਸਰਬਜੀਤ ਸਿੰਘ ਨੇ ਕਿਹਾ ਕਿ ਜੇਕਰ ਮੰਗਾਂ ਲਾਗੂ ਨਾ ਕੀਤੀਆਂ ਤੇ ਪਾਵਰਕਾਮ ਵਿੱਚ ਖਾਲੀ ਪਈਆਂ ਅਸਾਮੀਆਂ ਨਾ ਭਰੀਆਂ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦੇਵ ਸਿੰਘ ਗਰੇਵਾਲ, ਸੁਰਜੀਤ ਸਿੰਘ ਸਿੱਧੂ ਪੱਖੋ ਕੇ, ਕਮਲਜੀਤ ਸਿੰਘ, ਮਨਜੀਤ ਸਿੰਘ, ਅਮਨਪ੍ਰੀਤ ਸਿੰਘ, ਤਰਸੇਮ ਸਿੰਘ, ਰੁਪਿੰਦਰਜੀਤ ਸਿੰਘ, ਸੰਜੇ ਸਿੰਘ, ਸੁਖਜੀਤ ਸਿੰਘ ਤੇ ਅਰਸ਼ਦੀਪ ਸਿੰਘ ਆਦਿ ਹਾਜ਼ਰ ਸਨ।

**ਚੌਕੀਮਾਨ (ਬਲਬੀਰ ਮਾਨ)** : ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ, ਜਿਸ ਨੂੰ ਬੜੇ ਚਾਵਾਂ ਨਾਲ ਜਿੱਤਾ ਕੇ ਭਾਰੀ ਬਹੁਮਤ ਨਾਲ ਲੋਕਾਂ ਨੇ ਸੱਤਾ ਵਿੱਚ ਲਿਆਂਦਾ ਸੀ, ਅੱਜ ਸਮੁੱਚਾ ਵਰਗ ਕਿਸਾਨ, ਮਜ਼ਦੂਰ, ਬੇਰੁਜ਼ਗਾਰ, ਮੁਲਾਜ਼ਮ ਤੇ ਪੈਨਸ਼ਨਰਜ਼ ਆਪਣੇ ਆਪ ਨੂੰ ਕੋਸਦੇ ਭੰਡਾਂ ਦੀ ਸਰਕਾਰ ਦਾ ਪਿੱਟ ਸਿਆਪਾ ਹਰ ਗਲੀ ਮੁਹੱਲੇ ਕਰਕੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਮੰਨਵਾਉਣ ਲਈ ਰੋਸ ਪ੍ਰਦਰਸ਼ਨ ਕਰ ਰਹੇ ਹਨ।ਚੋਣ ਮਨੋਰਥ ਪੱਤਰਾਂ ਵਿੱਚ ਝੂਠੇ ਵਾਅਦੇ ਕਰਕੇ ਸੱਤਾ ਹਥਿਆਉਣ ਵਾਲੀ ਭਗਵੰਤ ਮਾਨ ਦੀ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਸਰਕਲ ਆਗੂ ਦਲਜੀਤ ਸਿੰਘ ਜੱਸੋਵਾਲ, ਪ੍ਰਧਾਨ ਜਗਤਾਰ ਸਿੰਘ ਮੋਰਕਰੀਮਾਂ ਨੇ ਕਿਹਾ ਕਿ ਵਾਰ ਵਾਰ ਮੀਟਿੰਗਾਂ ਦੇ ਕੇ ਰੱਦ ਕਰਨ ਵਾਲੀ ਸਰਕਾਰ ਨੂੰ ਆਉਣ ਵਾਲੀਆਂ ਜ਼ਿਮਨੀ, ਪੰਚਾਇਤੀ ਆਦਿ ਚੋਣਾਂ ਵਿੱਚ ਸਬਕ ਸਿਖਾ ਕੇ ਥੜੇ ਨਹੀਂ ਚੜ੍ਹਨ ਦੇਵਾਂਗੇ।ਪਾਵਰਕਾਮ ਤੇ ਟਰਾਂਸਕੋ ਅੰਦਰ ਕੰਮ ਕਰਦੀਆਂ ਜਥੇਬੰਦੀਆਂ ਸਾਂਝਾ ਮੋਰਚਾ ਤੇ ਬਿਜਲੀ ਏਕਤਾ ਮੰਚ ਦੇ ਸੱਦੇ 'ਤੇ ਮੁੱਖ ਮੰਤਰੀ ਪੰਜਾਬ ਸਰਕਾਰ ਭਗਵੰਤ ਮਾਨ ਦੀ ਵਾਅਦਾ ਖਿਲਾਫੀ ਵਿਰੁੱਧ ਪੂਰੇ ਪੰਜਾਬ ਵਿੱਚ ਰੋਸ ਪ੍ਰਦਰਸ਼ਨ ਕਰਕੇ ਅਰਥੀਆਂ ਫੂਕਣ ਦੀ ਲੜੀ ਤਹਿਤ ਅੱਜ ਪਾਵਰਕਾਮ ਸਿੱਧਵਾਂ ਖੁਰਦ ਵਿਖੇ ਸਮੂਹ ਆਗੂਆਂ ਤੇ ਸਾਥੀਆਂ ਨੇ ਵਰਕ ਟੂ ਰੂਲ ਦੇ ਮੁੱਦੇ 'ਤੇ ਪਹਿਰਾ ਦਿੰਦਿਆਂ ਗੱਪੀ ਮੁੱਖ ਮੰਤਰੀ ਦੀ ਝੂਠਾਂ ਦੀ ਪੰਡ ਨੂੰ ਵਿੱਚ ਚੌਰਾਹੇ ਸਾੜ ਕੇ ਅਰਥੀ ਫੂਕ ਮੁਜ਼ਾਹਰਾ ਕਰਦਿਆਂ ਕਿਹਾ ਕਿ ਜੇਕਰ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਨੇ ਤਿਕੜਮਬਾਜ਼ੀ ਕਰਦਿਆਂ ਮੁਲਾਜ਼ਮਾਂ ਦੇ ਮਸਲੇ ਹੱਲ ਨਾ ਕੀਤੇ ਤਾਂ 1 ਸਤੰਬਰ ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਦੀ ਰਿਹਾਇਸ਼ ਅੰਮ੍ਰਿਤਸਰ ਵਿਖੇ ਰੋਸ ਪ੍ਰਦਰਸ਼ਨ ਕਰਕੇ ਸ਼ਹਿਰ ਅੰਦਰ ਝੰਡਾ ਮਾਰਚ ਕਰਕੇ ਪੰਜਾਬ ਸਰਕਾਰ ਦਾ ਜਨਾਜ਼ਾ ਕੱਢਿਆ ਜਾਵੇਗਾ।ਇਸ ਮੌਕੇ ਮਨਦੀਪ ਸਿੰਘ, ਸੁਖਦੀਪ ਸਿੰਘ ਆਦਿ ਨੇ ਵੀ ਜੰਮ ਕੇ ਨਾਹਰੇਬਾਜ਼ੀ ਕਰਦਿਆਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਕਰਨ, ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ, ਨਵੀਂ ਭਰਤੀ ਸ਼ੁਰੂ ਕਰਕੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਦੀ ਮੰਗ ਕੀਤੀ।

## ਰਾਜੀਵ ਗਾਂਧੀ ਯੂਨੀਵਰਸਿਟੀ ਆਫ਼ ਲਾਅ ਪਟਿਆਲਾ ਵਿਖੇ ਕਾਨਫ਼ਰੰਸ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਡਿਪਟੀ ਕਮਿਸ਼ਨਰ ਪਟਿਆਲਾ ਸ਼ੌਕਤ ਅਹਿਮਦ ਪਰੇ ਦੀ ਰਹਿਨੁਮਾਈ ਹੇਠ ਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਹਰਜਿੰਦਰ ਸਿੰਘ ਬੇਦੀ ਦੀ ਮੌਜੂਦਗੀ ਵਿੱਚ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਪਟਿਆਲਾ ਵੱਲੋਂ ਜ਼ਿਲ੍ਹਾ ਸਿਖਲਾਈ ਦਫ਼ਤਰ ਪਟਿਆਲਾ ਦੇ ਸਹਿਯੋਗ ਨਾਲ ਰਾਜੀਵ ਗਾਂਧੀ ਯੂਨੀਵਰਸਿਟੀ ਆਫ਼ ਲਾਅ ਪਟਿਆਲਾ ਦੇ ਆਡੀਟੋਰੀਅਮ ਵਿੱਚ ਕਾਊਂਸਲਿੰਗ ਆਫ਼ ਕਾਊਂਸਲਰਸ ਦੀ ਮੀਟ ਕਰਵਾਈ ਗਈ।ਇਸ ਪ੍ਰੋਗਰਾਮ ਦੇ ਮੁੱਖ ਬੁਲਾਰੇ ਅੰਮ੍ਰਿਤਪਾਲ ਸਿੰਘ ਕਲਸੀ ਨੇ ਵਿਦਿਆਰਥੀਆਂ ਦੀ ਕਾਊਂਸਲਿੰਗ ਨੂੰ ਸੁਚੱਜੇ ਢੰਗ ਨਾਲ ਕਰਨ ਬਾਰੇ ਜਾਣੂ ਕਰਵਾਇਆ।ਇਸ ਬਾਰੇ ਜਾਣਕਾਰੀ ਦਿੰਦਿਆਂ ਹਰਪ੍ਰੀਤ ਸਿੰਘ ਮਾਨਸਾਹੀਆ, ਡਿਪਟੀ ਡਾਇਰੈਕਟਰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਪਟਿਆਲਾ ਨੇ ਦੱਸਿਆ ਕਿ ਇਸ ਕਾਨਫ਼ਰੰਸ ਵਿੱਚ ਜ਼ਿਲ੍ਹਾ ਪਟਿਆਲਾ ਦੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਲਗਭਗ 400 ਕਾਊਂਸਲਰਾਂ ਨੇ ਭਾਗ ਲਿਆ।

## ਗੁਰੂ ਨਾਨਕ ਲਾਅ ਕਾਲਜ ਦੇ ਵਿਦਿਆਰਥੀਆਂ ਵੱਲੋਂ ਥਾਣਾ ਕੁੱਲਗੜ੍ਹੀ ਦਾ ਦੌਰਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਨਾਨਕ ਲਾਅ ਕਾਲਜ ਦੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਅਜ਼ਵਰ ਖਾਨ ਤੇ ਸਹਾਇਕ ਪ੍ਰੋਫੈਸਰ ਚੀਨਾ ਦਾ ਅਗਵਾਈ ਹੇਠ ਥਾਣਾ ਕੁੱਲਗੜ੍ਹੀ ਦਾ ਦੌਰਾ ਕੀਤਾ।ਨਿਰਮਲ ਸਿੰਘ ਐੱਸ ਆਈ ਤੇ ਹੈੱਡ ਕਾਂਸਟੇਬਲ ਗੁਰਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਐੱਫ.ਆਈ.ਆਰ. ਦਿਖਾਈ ਤੇ ਐੱਫ.ਆਈ.ਆਰ. ਦਰਜ ਕਰਨ ਸਮੇਂ ਕਿਹੜੀਆਂ-ਕਿਹੜੀਆਂ ਗੱਲਾਂ ਦਾ ਧਿਆਨ ਰੱਖਿਆ ਜਾਂਦਾ ਹੈ, ਇਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਲਾਕ-ਅੱਪ ਟਰਾਂਸਕ੍ਰਿਪਟ ਤੇ ਮੈਪ, ਮਾਉਕਾ ਆਦਿ ਦਿਖਾਏ ਗਏ। ਇਸ ਤੋਂ ਇਲਾਵਾ ਕਾਲਜ ਦੇ ਪ੍ਰਧਾਨ ਅਸੀਸਪ੍ਰੀਤ ਸਿੰਘ ਨੇ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਗਿਆਨ ਤੇ ਨਿਯਮਾਂ ਦੀ ਜਾਣਕਾਰੀ ਮਿਲੇਗੀ। ਪ੍ਰਿੰਸੀਪਲ ਮੁਹੰਮਦ ਅਜ਼ਵਰ ਖਾਨ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਥਾਣੇ ਸਬੰਧੀ, ਜੋ ਵੀ ਭੰਬਲਭੂਸਾ ਪੈਦਾ ਹੁੰਦਾ ਹੈ, ਉਹ ਦੂਰ ਹੋ ਜਾਂਦਾ ਹੈ।ਇਸ ਜਾਣਕਾਰੀ ਨਾਲ ਅਦਾਲਤ ਦੇ ਸਾਹਮਣੇ ਪ੍ਰਕਿਰਿਆ ਬਾਰੇ ਜਾਣੂ ਹੋ ਜਾਂਦਾ ਹੈ ਜਿਵੇਂ ਕਿ ਚਲਾਨ ਤੱਕ ਪਹਿਲੀ ਜਾਣਕਾਰੀ।ਇਸ ਮੌਕੇ ਅਸਿਸਟੈਂਟ ਪ੍ਰੋਫੈਸਰ ਰਚਨਾ ਰਾਏ, ਲਾਇਬ੍ਰੇਰੀਅਨ ਸਾਕਸ਼ੀ ਚਾਨਣਾ, ਆਫਿਸ ਇੰਚਾਰਜ ਗੁਰਵਿੰਦਰ ਸਿੰਘ ਤੇ ਵਿਦਿਆਥੀ ਹਾਜ਼ਰ ਸਨ।

## ਲਾਰਡ ਬੁੱਧਾ ਟਰੱਸਟ ਦੀ ਜ਼ਿਲ੍ਹਾ ਕਾਰਜਕਾਰਨੀ ਦੀ ਚੋਣ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਐੱਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੀ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਦੀਸ਼ ਰਾਜ ਭਾਰਤੀ ਦੀ ਪ੍ਰਧਾਨਗੀ ਹੇਠ ਸਥਾਨਕ ਸਰਕੂਲਰ ਰੋਡ ਸਥਿਤ ਜੈਸਮੀਨ ਹੋਟਲ ਵਿਖੇ ਹੋਈ।ਮੀਟਿੰਗ ਵਿੱਚ ਟਰੱਸਟ ਦੇ ਸੰਸਥਾਪਕ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਮੁਕਤਸਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਵੱਡੀ ਗਿਣਤੀ ਵਿੱਚ ਹੋਰਨਾਂ ਮੈਂਬਰਾਂ ਨੇ ਵੀ ਭਾਗ ਲਿਆ।ਸਮੂਹ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਨਵੀਂ ਜ਼ਿਲ੍ਹਾ ਕਾਰਜਕਾਰਨੀ ਦੀ ਚੋਣ ਕੀਤੀ ਗਈ।ਸੇਵਾ ਮੁਕਤ ਨਾਇਬ ਤਸੀਲਦਾਰ ਹੀਰਾਵਤੀ ਨੂੰ ਜ਼ਿਲ੍ਹਾ ਇਕਾਈ ਦਾ ਚੀਫ਼ ਪੈਟਰਨ ਤੇ ਪ੍ਰਿੰ. ਕ੍ਰਿਸ਼ਨ ਲਾਲ ਨੂੰ ਜ਼ਿਲ੍ਹਾ ਚੇਅਰਮੈਨ ਚੁਣਿਆ ਗਿਆ।ਸ੍ਰੀ ਭਾਰਤੀ ਨੂੰ ਕੁਝ ਦਿਨ ਪਹਿਲਾਂ ਹੀ ਜ਼ਿਲ੍ਹਾ ਪ੍ਰਧਾਨ ਚੁਣਿਆ ਜਾ ਚੁੱਕਾ ਹੈ।ਇਸੇ ਤਰ੍ਹਾਂ ਸੇਵਾ ਮੁਕਤ ਆਰ. ਏ. ਕ੍ਰਿਸ਼ਨ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਮਨਜੀਤ ਖਿੱਚੀ ਨੂੰ ਮੀਤ ਪ੍ਰਧਾਨ ਬਣਾਇਆ ਗਿਆ।ਸੇਵਾ ਮੁਕਤ ਲੈਕਚਰਾਰ ਮਲਕੀਤ ਸਿੰਘ ਸਰਬਸੰਮਤੀ ਨਾਲ ਜ਼ਿਲ੍ਹਾ ਜਨਰਲ ਸਕੱਤਰ ਚੁਣੇ ਗਏ।ਇਸੇ ਤਰ੍ਹਾਂ ਇੰਪਰੂਵਮੈਂਟ ਵਿੱਚੋਂ ਸੇਵਾ ਮੁਕਤ ਸੁਪਰਡੈਂਟ ਗੋਬਿੰਦ ਕੁਮਾਰ ਤੇ ਪੋਸਟ ਆਫਿਸ ਅਧਿਕਾਰੀ ਅਮਰਬੀਰ ਸਿੰਘ ਨੂੰ ਸਹਾਇਕ ਸਕੱਤਰ ਚੁਣਿਆ ਗਿਆ।ਮਨਜੀਤ ਕੌਰ ਤੇ ਨਿਰਮਲਜੀਤ ਕੌਰ ਨੂੰ ਸਰਬਸੰਮਤੀ ਨਾਲ ਵਿਸ਼ੇਸ਼ ਸਕੱਤਰ ਚੁਣਿਆ ਗਿਆ।ਪਰਮਜੀਤ ਕੌਰ ਤੇਜੀ ਨੂੰ ਪ੍ਰਚਾਰ ਸਕੱਤਰ ਚੁਣਿਆ ਗਿਆ ਹੈ।ਨਵੀਂ ਕਾਰਜਕਾਰਨੀ ਦੇ ਗਠਨ ਉਪਰੰਤ ਜ਼ਿਲ੍ਹਾ ਪ੍ਰਧਾਨ ਭਾਰਤੀ ਸਮੇਤ ਸਮੂਹ ਅਹੁਦੇਦਾਰਾਂ ਨੇ ਸਮੂਹ ਮੈਂਬਰਾਂ ਵੱਲੋਂ ਉਨ੍ਹਾਂ ਪ੍ਰਤੀ ਪ੍ਰਗਟਾਏ ਵਿਸ਼ਵਾਸ ਲਈ ਧੰਨਵਾਦ ਕੀਤਾ। ਮੀਟਿੰਗ ਦੌਰਾਨ ਟਰੱਸਟ ਦੇ ਸੰਸਥਾਪਕ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਮੁਕਤਸਰ ਨੇ ਨਵੀਂ ਚੁਣੀ ਗਈ ਕਾਰਜਕਾਰਨੀ ਨੂੰ ਵਧਾਈ ਦਿੱਤੀ।

## ਕਾਮਨ ਯੂਨੀਵਰਸਿਟੀ ਟੈਸਟ ਜੇਤੂ ਵਿਦਿਆਰਥੀ ਸਨਮਾਨਤ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਸ੍ਰੀ ਤਾਰਾ ਚੰਦ ਸਰਵ ਹਿੱਤਕਾਰੀ ਵਿੱਦਿਆ ਮੰਦਰ ਦੇ ਵਿਦਿਆਰਥੀ ਨੀਰਜ ਕੁਮਾਰ ਪੁੱਤਰ ਸੁਭਾਸ਼ ਚੰਦ ਵਾਸੀ ਭੀਖੀ ਨੇ ਕਾਮਨ ਯੂਨੀਵਰਸਿਟੀ ਐਂਟਰਸ ਟੈਸਟ ਦੀ ਪ੍ਰੀਖਿਆ ਵਿੱਚੋਂ 34ਵਾਂ ਰੈਂਕ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਸੰਜੀਵ ਸ਼ਰਮਾ ਨੇ ਦੱਸਿਆ ਕਿ ਨੀਰਜ ਜਿੰਦਲ ਨੇ ਅਕਾਉਂਟੈਂਸੀ, ਬਿਜ਼ਨੈਸ ਸਟਡੀ ਤੇ ਅੰਗਰੇਜ਼ੀ ਵਿੱਚ 800 ਵਿੱਚੋਂ 794 ਅੰਕ ਪ੍ਰਾਪਤ ਕੀਤੇ ਹਨ। ਜ਼ਿਕਰਯੋਗ ਹੈ ਕਿ ਇਸ ਬੱਚੇ ਨੇ ਅਗਲੀ ਪੜ੍ਹਾਈ ਲਈ ਏਸ਼ੀਆਂ ਦੇ ਨੰਬਰ 1 ਹਿੰਦੂ ਕਾਲਜ ਆਫ ਕਾਮਰਸ ਦਿੱਲੀ ਵਿਖੇ ਦਾਖਲੇ ਲਈ ਨਾਮ ਦਰਜ ਕੀਤਾ ਗਿਆ ਹੈ। ਸਕੂਲ ਵਿੱਚ ਪ੍ਰਵਾਸ ਲਈ ਆਏ ਵਿੱਦਿਆ ਭਾਰਤੀ ਪ੍ਰਾਂਤ ਪ੍ਰਸ਼ਿਕਸ਼ਨ ਪ੍ਰਮੁੱਖ ਵਿਕਰਮ ਸਮਿਆਲ ਤੇ ਸਕੂਲ ਪ੍ਰਿੰਸੀਪਲ ਸੰਜੀਵ ਸ਼ਰਮਾ ਨੇ ਬੱਚੇ ਨੂੰ ਸਨਮਾਨਤ ਕੀਤਾ ਅਤੇ ਉਸ ਨੂੰ ਵਧਾਈ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਢਾਬੀ ਗੁਜਰਾਂ ਬਾਰਡਰ 'ਤੇ ਸ਼ਹੀਦ ਹੋਏ ਕਿਸਾਨ ਦੇ ਵਾਰਸਾਂ ਨੂੰ ਚੈੱਕ ਭੇਟ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਦੀ ਅਗਵਾਈ ਵਿੱਚ ਚੱਲ ਰਹੇ ਕਿਸਾਨ ਸੰਘਰਸ਼ ਦੌਰਾਨ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ 'ਤੇ ਪੰਜਾਬ-ਹਰਿਆਣਾ ਸਰਹੱਦ 'ਤੇ ਢਾਬੀ ਗੁੱਜਰਾਂ ਬਾਰਡਰ ਵਿਖੇ ਸ਼ਹੀਦ ਹੋਏ ਕਿਸਾਨ ਬਲਦੇਵ ਸਿੰਘ ਕਾਂਗਥਲਾ ਦੇ ਵਾਰਸਾਂ ਨੂੰ ਪੰਜਾਬ ਸਰਕਾਰ ਵੱਲੋਂ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।ਤਹਿਸੀਲ ਕੰਪਲੈਕਸ ਪਾਤੜਾਂ ਵਿਖੇ ਡਿਪਟੀ ਕਮਿਸ਼ਨਰ ਪਟਿਆਲਾ ਸ਼ੌਕਤ ਅਹਿਮਦ ਪਰ੍ਹੇ ਤੇ ਉਪ ਮੰਡਲ ਮੈਜਿਸਟਰੇਟ ਰਵਿੰਦਰ ਸਿੰਘ ਦੇ ਹੁਕਮਾਂ ਤਹਿਤ ਮ੍ਰਿਤਕ ਕਿਸਾਨ ਬਲਦੇਵ ਸਿੰਘ ਕਾਂਗਥਲਾ ਦੀ ਵਿਧਵਾ ਜਸਵੀਰ ਕੌਰ ਨੂੰ 5 ਲੱਖ ਰੁਪਏ ਦਾ ਚੈੱਕ ਕਾਨੂੰਗੋ ਗੁਰਚਰਨ ਸਿੰਘ ਰਾਮਗੜ੍ਹ ਤੇ ਪ੍ਰਦੀਪ ਸਿੰਘ ਨੇ ਭੇਟ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਚੰਦ ਸਿੰਘ ਤੇ ਨੰਬਰਦਾਰ ਜੋਗਿੰਦਰ ਸਿੰਘ ਹਾਜ਼ਰ ਸਨ।

## ਡੀ ਏ ਵੀ ਸਕੂਲ 'ਚ ਵੇਦ ਸਪਤਾਹ ਮੌਕੇ ਪੌਦੇ ਲਗਾਏ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਡੀ.ਏ.ਵੀ. ਪਬਲਿਕ ਸਕੂਲ ਵੱਲੋਂ ਸਕੂਲ ਪ੍ਰਿੰਸੀਪਲ ਸ੍ਰੀਮਤੀ ਸੰਧਿਆ ਬਠਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੇਦ ਪ੍ਰਚਾਰ ਸਪਤਾਹ ਦਾ ਤੀਜਾ ਦਿਨ ਮਨਾਇਆ ਗਿਆ। ਵੇਦ ਪ੍ਰਚਾਰ ਹਫ਼ਤੇ ਦੇ ਤੀਜੇ ਦਿਨ ਦੀ ਸ਼ੁਰੂਆਤ ਧਰਮਾਚਾਰੀਆ ਰਾਮਚੰਦਰ ਸ਼ਾਸਤਰੀ ਦੀ ਅਗਵਾਈ ਹੇਠ ਵੈਦਿਕ ਹਵਨ ਯੱਗ ਨਾਲ ਹੋਈ, ਜਿਸ ਵਿੱਚ ਸਮੁੱਚੀ ਮਾਨਵਤਾ ਦੀ ਭਲਾਈ ਲਈ ਕਾਮਨਾਵਾਂ ਪ੍ਰਗਟਾਈਆਂ ਗਈਆਂ। ਸਕੂਲ ਦੀ ਪ੍ਰਿੰਸੀਪਲ ਸੰਧਿਆ ਬਠਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਹਰ ਵਿਅਕਤੀ ਨੂੰ ਹਮੇਸ਼ਾ ਚੰਗੇ ਕੰਮ ਕਰਕੇ ਆਪਣਾ ਜੀਵਨ ਉੱਚਾ ਚੁੱਕਣਾ ਚਾਹੀਦਾ ਹੈ ਤੇ ਮਨੁੱਖ ਨੂੰ ਅਜਿਹਾ ਕੰਮ ਕਰਨਾ ਚਾਹੀਦਾ ਹੈ, ਜਿਸ ਨਾਲ ਸਮੁੱਚੇ ਮਨੁੱਖ ਦਾ ਕਲਿਆਣ ਹੋਵੇ। ਉਨ੍ਹਾਂ ਕਿਹਾ ਕਿ ਇੱਕ ਸੱਚਾ ਮਨੁੱਖ ਉਹ ਹੈ ਜੋ ਸਦਭਾਵਨਾ ਨਾਲ ਪੁੰਨ ਕਰਦਾ ਹੋਇਆ ਨਿਰੰਤਰ ਅੱਗੇ ਵੱਧਦਾ ਹੈ। ਇਸ ਮੌਕੇ ਕੁਦਰਤ ਦਾ ਪਾਲਣ ਪੋਸ਼ਣ ਕਰਨ ਵਾਲੇ ਤੇ ਸ਼ੁੱਧ ਵਾਤਾਵਰਨ ਪ੍ਰਦਾਨ ਕਰਨ ਵਾਲੇ ਫਲਦਾਰ ਬੂਟੇ ਲਗਾਏ ਗਏ। ਡਰਾਇੰਗ ਅਧਿਆਪਕ ਜੋਤੀ ਦੀ ਅਗਵਾਈ ਹੇਠ ਵਿਦਿਆਰਥੀਆਂ ਲਈ ਕੁਦਰਤ ਤੇ ਵਾਤਾਵਰਨ ਨੂੰ ਦਰਸਾਉਂਦੀ ਪੇਂਟਿੰਗ ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

## ਫਰੀਦਕੋਟ ਤੇ ਵੈਂਟਵਰਥ ਵਿਚਕਾਰ ਹੋਵੇਗਾ ਅਦਾਨ ਪ੍ਰਦਾਨ ਸਮਝੌਤਾ

### ਦੋਹਾਂ ਸ਼ਹਿਰਾਂ ਦੇ ਵਪਾਰੀ ਆਪਸ ਵਿੱਚ ਕਰ ਸਕਣਗੇ ਵਪਾਰ : ਸੇਖੋਂ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਫਰੀਦਕੋਟ ਤੋਂ ਵਿਧਾਇਕ ਸ੍ਰ. ਗੁਰਦਿੱਤ ਸਿੰਘ ਸੇਖੋਂ ਦੇ ਯਤਨਾ ਸਦਕਾ ਫਰੀਦਕੋਟ ਸ਼ਹਿਰ ਤੇ ਆਸਟ੍ਰੇਲੀਆ ਦੇ ਸ਼ਹਿਰ ਵੈਂਟਵਰਥ ਵਿਚਕਾਰ ਸਿਸਟਰ ਸਿਟੀ ਟਵਿਨ ਟਾਊਨ ਪ੍ਰਾਜੈਕਟ ਤਹਿਤ ਸਮਝੌਤਾ ਹੋਣ ਜਾ ਰਿਹਾ ਹੈ, ਜਿਸ ਤਹਿਤ ਦੋਹਾਂ ਸ਼ਹਿਰਾਂ ਦੇ ਲੋਕ ਆਪਸ ਵਿੱਚ ਵਸਤਾਂ ਤੇ ਸੁਵਿਧਾਵਾਂ ਦਾ ਅਦਾਨ ਪ੍ਰਦਾਨ ਕਰ ਸਕਣਗੇ।ਇਸ ਬਾਰੇ ਜਾਣਕਾਰੀ ਦਿੰਦਿਆਂ ਮੀਡੀਆਂ ਨੂੰ ਮੁਖਾਤਿਬ ਹੁੰਦਿਆਂ ਵਿਧਾਇਕ ਸੇਖੋਂ, ਆਸਟ੍ਰੇਲੀਆ ਵਾਸੀ ਜੋਤੀ ਸੇਖੋਂ ਤੇ ਆਪ ਆਗੂ ਡਾ. ਮਨਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਆਸਟ੍ਰੇਲੀਆ ਸਰਕਾਰ ਵੱਲੋਂ ਵੱਖ ਵੱਖ ਦੇਸ਼ਾਂ ਵਿਚਕਾਰ ਸਿਸਟਰ ਸਿਟੀ ਟਵਿਨ ਟਾਊਨ ਪ੍ਰਾਜੈਕਟ ਦੇ ਅੰਤਰਗਤ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਆਸਟ੍ਰੇਲੀਆ ਦੇ ਸ਼ਹਿਰਾਂ ਤੇ ਦੂਸਰੇ ਦੇਸ਼ਾਂ ਦੇ ਸ਼ਹਿਰਾਂ ਵਿਚਕਾਰ ਜੋ ਸਮਝੌਤਾ ਹੁੰਦਾ ਹੈ, ਉਸ ਤਹਿਤ ਵਸਤਾਂ ਦੇ ਨਾਲ-ਨਾਲ ਉਨ੍ਹਾਂ ਚੀਜ਼ਾਂ ਦਾ ਅਦਾਨ-ਪ੍ਰਦਾਨ ਵੀ ਹੁੰਦਾ ਹੈ, ਜੋ ਆਸਟ੍ਰੇਲੀਆ ਵਿੱਚ ਮੌਜੂਦ ਨਹੀਂ ਹੈ, ਪਰ ਦੂਸਰੇ ਦੇਸ਼ ਵਿੱਚ ਮੌਜੂਦ ਹਨ।ਇਸ ਦੇ ਨਾਲ ਹੀ ਆਸਟ੍ਰੇਲੀਆ ਤੋਂ ਉਹ ਚੀਜ਼ ਉਸ ਦੇਸ਼ ਨੂੰ ਭੇਜੀ ਜਾਂਦੀ ਹੈ, ਜੋ ਉਸ ਦੇਸ਼ ਵਿੱਚ ਨਹੀਂ ਹੁੰਦੀ।ਐੱਮ.ਐੱਲ.ਏ. ਨੇ ਦੱਸਿਆ ਕਿ ਇਸ ਕਾਰਜ ਨੂੰ ਸੰਪੰਨ ਕਰਨ ਲਈ 25 ਅਗਸਤ ਨੂੰ ਆਸਟ੍ਰੇਲੀਆ ਦੇ ਸ਼ਹਿਰ ਵੈਂਟਵਰਥ ਦਾ ਇੱਕ 6 ਮੈਂਬਰੀ ਵਫਦ ਫਰੀਦਕੋਟ ਵਿਖੇ ਪਹੁੰਚ ਰਿਹਾ ਹੈ।

## ਲੱਖਾਂ ਦੇ ਗਹਿਣੇ ਚੋਰੀ ਕਰਕੇ ਭੱਜੇ ਨੌਕਰ ਨੂੰ ਸਾਥੀ ਸਣੇ ਕੀਤਾ ਗ੍ਰਿਫ਼ਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਸਰਹਿੰਦ ਸ਼ਹਿਰ ਵਿਖੇ ਕਿੰਨਰ ਮਹੰਤਾਂ ਦੇ ਘਰੋਂ ਸੋਨੇ, ਚਾਂਦੀ ਅਤੇ ਹੀਰੇ ਜੜੇ ਗਹਿਣੇ ਚੋਰੀ ਕਰਕੇ ਫਰਾਰ ਹੋਏ ਨੌਕਰ ਅਤੇ ਉਸਦੇ ਇੱਕ ਸਾਥੀ ਨੂੰ ਪੁਲਸ ਵੱਲੋਂ ਗ੍ਰਿਫਤਾਰ ਕਰਕੇ ਲੱਖਾਂ ਰੁਪਏ ਕੀਮਤ ਦੇ ਗਹਿਣੇ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।
ਉਪਰਕੋਤ ਦਾਅਵਾ ਡੀ.ਐਸ.ਪੀ. ਸਬ-ਡਵੀਜ਼ਨ ਫ਼ਤਹਿਗੜ੍ਹ ਸਾਹਿਬ ਸੁਖਨਾਜ਼ ਸਿੰਘ ਨੇ ਕੀਤਾ।ਡੀ.ਐਸ.ਪੀ. ਸੁਖਨਾਜ਼ ਸਿੰਘ ਨੇ ਦੱਸਿਆ ਕਿ ਸੀਰਤ ਮਹੰਤ ਚੇਲਾ ਕੁਲਰਾ ਮਹੰਦ ਵਾਸੀ ਸਰਹਿੰਦ ਸ਼ਹਿਰ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਸੀ ਉਨ੍ਹਾਂ ਦੇ ਘਰ ਵਿੱਚ ਨੌਕਰ ਵਜੋਂ ਕੰਮ ਕਰਨ ਵਾਲਾ ਪ੍ਰਦੀਪ ਉਰਫ ਦੀਪੂ ਉਰਫ ਮੋਟਾ 15 ਅਤੇ 16 ਅਗਸਤ ਦੀ ਦਰਮਿਆਨੀ ਰਾਤ ਨੂੰ ਉਨਾਂ ਦੇ ਹੀਰੇ, ਸੋਨੇ ਅਤੇ ਚਾਂਦੀ ਦੇ ਗਹਿਣੇ ਚੋਰੀ ਕਰਕੇ ਫਰਾਰ ਹੋ ਗਿਆ ਹੈ।ਡੀ.ਐਸ.ਪੀ. ਨੇ ਦੱਸਿਆ ਕਿ ਇਸ ਸਬੰਧੀ ਅ/ਧ 331(4),305(ਏ) ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਨ ਉਪਰੰਤ ਚੋਰੀ ਦੀ ਇਸ ਵੱਡੀ ਵਾਰਦਾਤ ਨੂੰ ਸੁਲਝਾਉਣ ਲਈ ਥਾਣਾ ਫ਼ਤਹਿਗੜ੍ਹ ਸਾਹਿਬ ਦੇ ਐਸ.ਐਚ.ਓ. ਇੰਸਪੈਕਟਰ ਮਨਪ੍ਰੀਤ ਸਿੰਘ ਦਿਓਲ ਦੀ ਅਗਵਾਈ ਹੇਠ ਤਫਤੀਸ਼ੀ ਟੀਮ ਬਣਾਈ ਗਈ, ਜਿਸ ਨੇ 19 ਅਗਸਤ ਨੂੰ ਪ੍ਰਦੀਪ ਉਰਫ ਦੀਪੂ ਉਰਫ ਮੋਟਾ ਨੂੰ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ, ਜਿਸ ਦੀ ਪੁੱਛਗਿੱਛ ਦੌਰਾਨ ਖੁਲਾਸਾ ਹੋਇਆ ਕਿ ਉਸਨੇ ਚੋਰੀ ਕੀਤੇ ਗਹਿਣੇ ਗੁਰਦੀਪ ਸਿੰਘ ਉਰਫ ਕਾਲਾ ਵਾਸੀ ਰਾਜਪੁਰਾ ਦੇ ਹਵਾਲੇ ਕੀਤੇ ਸਨ।
ਡੀਐਸਪੀ ਨੇ ਦੱਸਿਆ ਕਿ ਥਾਣਾ ਫਤਿਹਗੜ੍ਹ ਸਾਹਿਬ ਦੀ ਪੁਲਿਸ ਪਾਰਟੀ ਵੱਲੋਂ ਬੀਤੇ ਕੱਲ੍ਹ ਗੁਰਦੀਪ ਸਿੰਘ ਉਰਫ ਕਾਲਾ ਨੂੰ ਵੀ ਗ੍ਰਿਫਤਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ, ਜਿਸ ਦੀ ਨਿਸ਼ਾਨਦੇਹੀ ਉੱਤੇ ਉਸ ਵੱਲੋਂ ਲੁਕਾ ਕੇ ਰੱਖੇ ਗਹਿਣੇ ਜਿਨ੍ਹਾਂ ਵਿੱਚ ਇੱਕ ਹੀਰਿਆਂ ਦਾ ਨੈਕਲੇਸ ਸੈੱਟ, ਛੇ ਹੀਰੇ ਦੀਆਂ ਮੁੰਦਰੀਆਂ, ਤਿੰਨ ਸੋਨੇ ਦੀਆਂ ਮੁੰਦਰੀਆਂ, ਬਰੈਸਲੇਟ, ਤਿੰਨ ਜੋੜੇ ਸੋਨੇ ਦੇ ਟਾਪਸ ਅਤੇ ਇੱਕ ਸੋਨੇ ਦੀ ਚੇਨ ਸਮੇਤ ਲਾਕਟ ਵੀ ਬਰਾਮਦ ਕਰ ਗਏ ਹਨ।

## ਡੀ ਸੀ ਦਫ਼ਤਰ ਕਰਮਚਾਰੀ ਯੂਨੀਅਨ ਵੱਲੋਂ ਸੰਘਰਸ਼ ਦਾ ਐਲਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**-ਡੀ. ਸੀ. ਦਫ਼ਤਰ ਕਰਮਚਾਰੀ ਯੂਨੀਅਨ ਪੰਜਾਬ ਵੱਲੋਂ 27 ਜੁਲਾਈ 2024 ਨੂੰ ਜ਼ਿਲ੍ਹਾ ਮੋਗਾ ਵਿਖੇ ਕੀਤੀ ਗਈ ਸੂਬਾ ਪੱਧਰੀ ਮੀਟਿੰਗ ਵਿੱਚ ਸਰਵਸੰਮਤੀ ਨਾਲ ਲਏ ਫ਼ੈਸਲੇ ਅਨੁਸਾਰ ਸਰਕਾਰ ਨੂੰ ਨੋਟਿਸ ਭੇਜ ਕੇ 16-08-2024 ਤੱਕ ਮੰਗਾਂ ਦੀ ਪੂਰਤੀ ਕਰਨ ਲਈ ਲਿਖਿਆ ਗਿਆ ਸੀ, ਪਰ ਸਰਕਾਰ ਵੱਲੋਂ ਨਾ ਤਾਂ ਜਥੇਬੰਦੀ ਨੂੰ ਮੀਟਿੰਗ ਲਈ ਸੱਦਿਆ ਗਿਆ ਤੇ ਨਾ ਹੀ ਮੰਗਾਂ ਦੀ ਪੂਰਤੀ ਕੀਤੀ ਗਈ, ਜਿਸ ਦੇ ਰੋਸ ਵਜੋਂ ਜਥੇਬੰਦੀ ਦੀ ਸੀਨੀਅਰ ਲੀਡਰਸ਼ਿਪ ਨਾਲ ਵਿਚਾਰ ਵਿਟਾਂਦਰਾ ਕਰਨ ਉਪਰੰਤ ਫ਼ੈਸਲਾ ਲਿਆ ਗਿਆ ਕਿ ਸਰਕਾਰ ਨੂੰ 4 ਸਤੰਬਰ 2024 ਤੱਕ ਦਾ ਸਮਾਂ ਦਿੰਦੇ ਹੋਏ ਇੱਕ ਹੋਰ ਨੋਟਿਸ ਭੇਜਿਆ ਜਾਵੇਗਾ।ਇਸ ਸਾਰੇ ਸਮੇਂ ਦੌਰਾਨ 23 ਅਗਸਤ 2024 ਨੂੰ ਸਮੁੱਚੇ ਪੰਜਾਬ ਦੇ ਡੀ. ਸੀ. ਦਫ਼ਤਰਾਂ ਦੇ ਕਰਮਚਾਰੀ ਸੂਬੇ ਭਰ ਵਿੱਚ ਡੀ. ਸੀ. ਦਫ਼ਤਰਾਂ ਦੇ ਮੇਨ ਗੇਟਾਂ 'ਤੇ ਗੇਟ ਰੈਲੀਆਂ ਕਰਨਗੇ।ਇਹ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਜ਼ਿਲ੍ਹਾ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਤੇ ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਨੇ ਦੱਸਿਆ ਕਿ ਯੂਨੀਅਨ ਵੱਲੋਂ ਲਏ ਗਏ ਫੈਸਲੇ ਅਨੁਸਾਰ ਡੀ. ਸੀ. ਦਫ਼ਤਰ, ਸਬ ਡਵੀਜ਼ਨਾਂ, ਤਹਿਸੀਲਾਂ ਤੇ ਸਬ ਤਹਿਸੀਲਾਂ ਦੇ ਸਮੂਹ ਕਰਮਚਾਰੀ 26 ਤੇ 30 ਅਗਸਤ 2024 ਨੂੰ ਪੂਰੇ ਸੂਬੇ ਅੰਦਰ ਦੁਪਹਿਰ 12 ਵਜੇ ਤੋਂ 1:30 ਵਜੇ ਤੱਕ ਦਫ਼ਤਰਾਂ ਅੰਦਰ ਸੰਕੇਤਕ ਧਰਨੇ ਪ੍ਰਦਰਸ਼ਨ ਕਰਨਗੇ।ਜੇਕਰ ਸਰਕਾਰ ਨੇ ਫਿਰ ਵੀ ਕਰਮਚਾਰੀਆਂ ਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਤਾਂ ਮਜਬੂਰਨ ਡੀ. ਸੀ. ਦਫ਼ਤਰ ਕਰਮਚਾਰੀਆਂ ਨੂੰ ਦਫ਼ਤਰੀ ਕੰਮ ਦਾ ਬਾਈਕਾਟ ਕਰਨਾ ਪਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਲਜੀਤ ਸਿੰਘ, ਜਗਤਾਰ ਸਿੰਘ, ਗੁਰਮੀਤ ਸਿੰਘ, ਰੁਪਿੰਦਰ ਸਿੰਘ, ਜਗਪ੍ਰੀਤ ਸਿੰਘ, ਓਮਪਾਲ, ਹਰਭਜਨ ਸਿੰਘ, ਜਸਵੀਰ ਕੌਰ, ਸੁਖਪਾਲ ਕੌਰ, ਰੁਪਾਲੀ, ਕਮਲਜੀਤ ਕੌਰ ਆਦਿ ਵੱਡੀ ਗਿਣਤੀ ਵਿੱਚ ਕਰਮਚਾਰੀ ਮੌਜੂਦ ਸਨ।

## ਨਿਰਵੈਰ ਸਿੰਘ ਸਿੰਧੀ ਹਲਕੇ ਦੀ ਸਲਾਹਕਾਰ ਕਮੇਟੀ ਦੇ ਮੈਂਬਰ ਨਿਯੁਕਤ



**ਮਮਦੋਟ (ਹਰਪਾਲ ਸਿੰਘ ਸੋਢੀ)**
ਆਮ ਆਦਮੀ ਪਾਰਟੀ ਦਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਅੰਦਰ ਬੂਟਾ ਲਾਉਣ ਵਾਲੇ ਅਤੇ ਟਕਸਾਲੀ ਤੇ ਮਿਹਨਤੀ ਆਗੂ ਨਿਰਵੈਰ ਸਿੰਘ ਸਿੰਧੀ ਆਪਣੇ ਨਿੱਜੀ ਹਲਕੇ ਦੀ ਗਿਆਰਾਂ ਮੈਂਬਰੀ ਸਲਾਹਕਾਰ ਕਮੇਟੀ ਦੇ ਮੈਂਬਰ ਨਿਯੁਕਤ ਕੀਤੇ ਗਏ ਹਨ। ਜ਼ਿਕਰਯੋਗ ਹੈ ਕਿ ਹਲਕਾ ਵਿਧਾਇਕ ਸ਼੍ਰੀ ਰਜਨੀਸ਼ ਦਹੀਆ ਜੀ ਦੀ ਦੂਰਅੰਦੇਸ਼ੀ ਸੋਚ ਦੇ ਚੱਲਦਿਆਂ ਹਲਕੇ ਅੰਦਰ ਲੋਕ ਭਲਾਈ ਤੇ ਵਿਕਾਸ ਕਾਰਜਾਂ ਵਿਚ ਹੋਰ ਤੇਜ਼ੀ ਲਿਆਉਣ ਲਈ ਪੰਜਾਬ ਭਰ ਵਿਚੋਂ ਪਹਿਲਕਦਮੀ ਕਰਦੇ ਹੋਏ ਹਲਕੇ ਵਿਚ ਇੱਕ ਗਿਆਰਾਂ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ, ਜਿਸ ਵਿੱਚ ਹਲਕੇ ਦੇ ਵੱਖ-ਵੱਖ ਬਲਾਕਾਂ ਅਤੇ ਪਿੰਡਾਂ ਦੇ ਆਗੂਆਂ ਨੂੰ ਸ਼ਾਮਲ ਕੀਤਾ ਗਿਆ, ਜਿਸ ਵਿਚ ਡਾ ਸਿੰਧੀ, ਨਗਰ ਪੰਚਾਇਤ ਮਮਦੋਟ ਅਤੇ ਬਲਾਕ ਮਮਦੋਟ ਅਧੀਨ ਆਉਂਦੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਭਵਿੱਖ ਵਿਚ ਹੋਣ ਵਾਲੇ ਵਿਕਾਸ ਕਾਰਜਾਂ ਦੇ ਨਾਲ ਨਾਲ ਲੋਕਾਂ ਦੇ ਕੰਮਾਂ ਬਾਰੇ ਐੱਮ ਐੱਲ ਏ ਨੂੰ ਰਿਪੋਰਟ ਕਰਨਗੇ।
ਡਾ. ਨਿਰਵੈਰ ਸਿੰਘ ਸਿੰਧੀ ਨੇ ਹਲਕਾ ਵਿਧਾਇਕ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਐਮ ਐੱਲ ਏ ਸਾਹਿਬ ਵੱਲੋਂ ਦਿੱਤੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਕਿਸੇ ਤਰਾਂ ਦੀ ਕੋਈ ਵੀ ਸ਼ਿਕਾਇਤ ਨਹੀਂ ਆਉਣ ਦਿੱਤੀ ਜਾਵੇਗੀ । ਇਸ ਮੌਕੇ ਓਹਨਾ ਇਲਾਕੇ ਦੇ ਲੋਕਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਇਲਾਕੇ ਅੰਦਰ ਬਿਨਾ ਪੱਖਪਾਤ ਤੋਂ ਸਰਬਪੱਖੀ ਵਿਕਾਸ ਕਰਵਾਇਆ ਜਾਵੇਗਾ ।

## ਗੁਰਦੁਆਰਾ ਕਾਲਾਮਾਲਾ ਸਾਹਿਬ ਵਿਖੇ ਸਾਲਾਨਾ ਇਕੋਤਰੀ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਤਿਹਾਸਕ ਗੁਰਦੁਆਰਾ ਸਿੱਧਸਰ ਕਾਲਾਮਾਲਾ ਸਾਹਿਬ ਛਾਪਾ ਵਿਖੇ ਸਾਲਾਨਾ ਇਕੋਤਰੀ ਧਾਰਮਿਕ ਸਮਾਗਮ ਗੁਰਦੁਆਰਾ ਕਮੇਟੀ ਦੀ ਅਗਵਾਈ ਹੇਠ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਹਰਭਜਨ ਸਿੰਘ, ਭਾਈ ਕੁਲਵੰਤ ਸਿੰਘ ਪੰਜਗਰਾਈਆਂ, ਭਾਈ ਸੁਖਵਿੰਦਰ ਸਿੰਘ ਗੋਂਦਵਾਲ ਦੇ ਰਾਗੀ ਜਥਿਆਂ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਹੈੱਡ ਗਰੰਥੀ ਭਾਈ ਜਸਵੀਰ ਸਿੰਘ ਹੇਮਕੁੰਟ ਨੇ ਦੱਸਿਆ ਕਿ ਸੱਚਖੰਡ ਵਾਸੀ ਸੰਤ ਬਾਬਾ ਮੱਲ ਸਿੰਘ, ਸੰਤ ਬਾਬਾ ਜਸਵੀਰ ਸਿੰਘ ਖ਼ਾਲਸਾ ਵੱਲੋਂ ਚਲਾਈ ਪ੍ਰੰਪਰਾ ਅਨੁਸਾਰ ਇਹ ਧਾਰਮਿਕ ਇਕੋਤਰੀ ਸਮਾਗਮ ਨਿਰੰਤਰ ਜਾਰੀ ਰਹਿਣਗੇ।ਕਮੇਟੀ ਪ੍ਰਧਾਨ ਨਾਜ਼ਰ ਸਿੰਘ, ਉਜਾਗਰ ਸਿੰਘ ਛਾਪਾ ਨੇ ਇਸ ਇਤਿਹਾਸਕ ਧਾਰਮਿਕ ਅਸਥਾਨ ਦੇ ਇਤਿਹਾਸ ਸਬੰਧੀ ਜਾਣਕਾਰੀ ਦਿੱਤੀ।ਇਸ ਮੌਕੇ ਮੇਹਰ ਸਿੰਘ ਆਸਟ੍ਰੇਲੀਆ, ਜਰਨੈਲ ਸਿੰਘ ਚੀਮਾ, ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਬਲਵਿੰਦਰ ਸਿੰਘ ਛਾਪਾ, ਮਨਦੀਪ ਸਿੰਘ, ਖਜ਼ਾਨਚੀ ਬਲਵੰਤ ਸਿੰਘ, ਬਲਰਾਜ ਸਿੰਘ ਫੌਜੀ, ਹਰਨੇਕ ਸਿੰਘ ਛਾਪਾ, ਮਨਜੀਤ ਸਿੰਘ, ਬੀਬੀ ਸੁਰਜੀਤ ਕੌਰ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼ਰਧਾਲੂ ਸੰਗਤਾਂ ਹਾਜ਼ਰ ਸਨ।

## ਸ਼ਿਵਾਂਗੀ ਨੇ ਪੰਜਾਬ ਯੂਨੀਵਰਸਿਟੀ 'ਚੋਂ ਚੌਥਾ ਸਥਾਨ ਪ੍ਰਾਪਤ ਕੀਤਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਯੂਨੀਵਰਸਿਟੀ ਦਾ ਏ+ ਗ੍ਰੇਡ ਪ੍ਰਾਪਤ ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਕਾਲਜ ਦੇ ਪੋਸਟ ਗ੍ਰੈਜੂਏਟ ਕੰਪਿਊਟਰ ਸਾਇੰਸ ਵਿਭਾਗ ਦੀ ਵਿਦਿਆਰਥਣ ਸ਼ਿਵਾਂਗੀ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੁਆਰਾ ਕਰਵਾਈ ਗਈ ਬੀਸੀਏ ਦੂਸਰੇ ਸਮੈਸਟਰ ਦੀ ਪ੍ਰੀਖਿਆ ਵਿੱਚ ਆਪਣੀ ਅਣਥੱਕ ਮਿਹਨਤ ਤੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਸਦਕੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਚ ਉੱਚ ਸਥਾਨ ਹਾਸਲ ਕੀਤਾ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਟਾਪਰ ਲਿਸਟ ਵਿੱਚ ਚੌਥਾ ਸਥਾਨ ਹਾਸਲ ਕਰਕੇ ਆਪਣੇ ਮਾਪਿਆਂ ਤੇ ਕਾਲਜ ਦਾ ਨਾਮ ਵੀ ਰੋਸ਼ਨ ਕੀਤਾ।ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਵਿਦਿਆਰਥਣ ਸ਼ਿਵਾਂਗੀ ਨੂੰ ਵਧਾਈ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਪੋਸਟ ਗ੍ਰੈਜੂਏਟ ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਨੇ ਦੱਸਿਆ ਕਿ ਵਿਦਿਆਰਥਣ ਸ਼ਿਵਾਂਗੀ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਟਾਪਰ ਲਿਸਟ ਵਿੱਚ ਆਪਣਾ ਸਥਾਨ ਪ੍ਰਾਪਤ ਕਰਨਾ ਕਾਲਜ ਲਈ ਬੜੀ ਮਾਣ ਵਾਲੀ ਗੱਲ ਹੈ।ਇਸ ਖ਼ੁਸ਼ੀ ਮੌਕੇ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਪੋਸਟ ਗ੍ਰੈਜੂਏਟ ਕੰਪਿਊਟਰ ਸਾਇੰਸ ਵਿਭਾਗ ਦੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੱਤੀ।ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ ਆਪਣੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਬੈਗ ਖੋਹ ਕੇ ਭੱਜੇ ਦੋ ਨੌਜਵਾਨ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਸੁਭਾਸ਼ ਨਗਰ ਇਲਾਕੇ 'ਚ ਕਥਿਤ ਤੌਰ 'ਤੇ ਇੱਕ ਵਿਅਕਤੀ ਤੋਂ ਬੈਗ ਖੋਹ ਕੇ ਭੱਜੇ ਦੋ ਵਿਅਕਤੀਆਂ ਨੂੰ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਸ਼ਿਕਾਇਤ 'ਚ ਨਿਸ਼ਾਂਤ ਕਾਂਸਲ ਵਾਸੀ ਸੁਭਾਸ਼ ਨਗਰ ਮੰਡੀ ਗੋਬਿੰਦਗੜ੍ਹ ਨੇ ਦੱਸਿਆ ਸੀ ਕਿ 20 ਅਗਸਤ ਨੂੰ ਉਹ ਜਦੋਂ ਆਪਣੇ ਕੰਮ ਤੋਂ ਵਾਪਸ ਆ ਕੇ ਘਰ ਦੇ ਗੇਟ ਕੋਲ ਪਹੁੰਚਿਆ ਤਾਂ ਉਸਦੇ ਹੱਥ ਵਿੱਚ ਲੈਪਟਾਪ ਵਾਲਾ ਬੈਗ ਫੜਿਆ ਹੋਇਆ ਸੀ, ਜਿਸ ਨੂੰ ਖੋਹ ਕੇ ਦੋ ਵਿਅਕਤੀ ਭੱਜ ਗਏ।ਨਿਸ਼ਾਂਤ ਕਾਂਸਲ ਦੇ ਬਿਆਨਾਂ 'ਤੇ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਅ/ਧ 304 ਬੀ.ਐਨ.ਐਸ. ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਪੁਲਿਸ ਵੱਲੋਂ ਪ੍ਰਿੰਸ ਉਰਫ ਬੱਬੂ ਅਤੇ ਲਾਲਵਿੰਦਰ ਸਿੰਘ ਉਰਫ ਕਾਲਾ ਨੂੰ ਗ੍ਰਿਫ਼ਤਾਰ ਕਰਕੇ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਮੇਲਾ ਸਾਉਣ ਦਾ ਸਮਾਰੋਹ ਫਤਿਹ ਕਾਲਜ ਵਿਖੇ ਯਾਦਗਾਰੀ ਹੋ ਨਿੱਬੜਿਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰਾਮਪੁਰਾ ਫੂਲ (ਬਠਿੰਡਾ) ਵਿਖੇ ਮੇਲਾ ਸਾਉਣ ਦਾ ਸਮਾਰੋਹ ਫਤਿਹ ਕਾਲਜ ਵਿਖੇ ਯਾਦਗਾਰੀ ਹੋ ਨਿੱਬੜਿਆ, ਜਿੱਥੇ ਕੁੜੀਆਂ, ਮਟਿਆਰਾਂ ਤੇ ਬਜ਼ੁਰਗ ਬੀਬੀਆਂ ਨੇ ਵਿਰਾਸਤੀ ਤਿਉਹਾਰ ਤੀਆਂ ਨੂੰ ਰੱਜ ਕੇ ਮਾਣਿਆਂ, ਪੀਂਘਾਂ ਝੂਟੀਆਂ, ਨਵੀਂ ਪੀੜ੍ਹੀ ਨੂੰ ਚਰਖਾ ਕੱਤ ਕੇ ਦਿਖਾਇਆ, ਪੁਰਾਣੇ ਸਮਿਆਂ ਵਾਂਗ ਘੜਿਆਂ 'ਤੇ ਸੇਵੀਆਂ ਵੱਟਣ ਦੇ ਮੁਕਾਬਲੇ ਦੇਖਣ ਯੋਗ ਰਹੇ।ਕਰੋਸ਼ੀਆਂ ਬੁਣਨ ਦੇ ਮੁਕਾਬਲੇ ਕਰਵਾਏ ਗਏ। ਉਕਤ ਸਾਰੇ ਸਮਾਗਮ ਦੇ ਉਦੇਸ਼ ਨੂੰ ਸੰਸਥਾ ਦੇ ਚੇਅਰਮੈਨ ਨੇ ਅਮੀਰ ਵਿਰਾਸਤ ਨੂੰ ਜਿਉਂਦਾ ਰੱਖਣਾ ਦੱਸਿਆ।ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਡਾ. ਗੁਰਸ਼ਰਨ ਕੌਰ ਕਲੇਰ ਤੇ ਬੀਬਾ ਸੁਖਪਾਲ ਕੌਰ (ਭੈਣ ਐੱਮ ਐੱਲ ਏ ਸੁਖਵੀਰ ਮਾਈਸਰਖਾਨਾ) ਰਹੇ। ਇਸ ਤੋਂ ਇਲਾਵਾ ਤਪੱਸਵੀ ਪੂਰਨ ਦਾਸ ਮਾਲਵਾ ਕਾਲਜ ਦੀ ਲੇਡੀਜ਼ ਅਗਾਂਹਵਧੂ ਟੀਮ ਪ੍ਰੋ. ਰਿੰਪੀ ਰਾਣੀ, ਪ੍ਰੋ. ਨੀਤੀਕਾ ਤੇ ਪ੍ਰੋ. ਮਗਨਪ੍ਰੀਤ ਕੌਰ, ਪ੍ਰੋ. ਕਮਲਪ੍ਰੀਤ ਕੌਰ, ਪ੍ਰੋ. ਅਮਿੰਤਪਾਲ ਸ਼ਰਮਾ, ਪ੍ਰੋ. ਅਮਨ ਸ਼ਰਮਾ ਸਮੇਤ ਹੋਰ ਸਟਾਫ ਤੇ ਕਾਲਜ ਵਿਦਿਆਰਥੀਆਂ ਦੀਆਂ ਮਾਤਾਵਾਂ, ਭੈਣਾਂ ਤੇ ਗੁਆਂਢੀਆਂ ਨੇ ਖੂਬ ਰੌਣਕ ਲਗਾਈ।ਸਮਾਰੋਹ ਦੌਰਾਨ ਸੁਖਮਨਦੀਪ ਕੌਰ ਬੀ ਕਾਮ ਨੂੰ ਮਿਸ ਤੀਜ ਚੁਣਿਆ ਗਿਆ, ਚਰਖਾ ਕੱਤਣ 'ਚੋਂ ਅਮਨਦੀਪ ਕੌਰ, ਕਰੋਸ਼ੀਆਂ 'ਚੋਂ ਅੰਮ੍ਰਿਤਪਾਲ ਕੌਰ ਤੇ ਸੇਵੀਆਂ ਵੱਟਣ 'ਚੋਂ ਮਨਦੀਪ ਕੌਰ ਐੱਮ ਏ ਪੰਜਾਬੀ ਨੇ ਪੁਜ਼ੀਸ਼ਨਾਂ ਹਾਸਲ ਕੀਤੀਆਂ।ਮੰਚ ਸੰਚਾਲਨ ਰੋਬਿਨ ਮੰਗਲਾ, ਸੋਨੀਆ ਤੇ ਖੁਸ਼ਦੀਪ ਸੰਧੂ ਨੇ ਸਾਂਝੇ ਰੂਪ ਵਿੱਚ ਬਾਖੂਬੀ ਕੀਤਾ।ਐੱਮ ਡੀ ਮਨਜੀਤ ਕੌਰ ਚੱਠਾ, ਪ੍ਰੋ. ਸੰਦੀਪ ਕੌਰ, ਕਰਮਜੀਤ ਕੌਰ, ਚਰਨਜੀਤ ਕੌਰ, ਅਨੀਤਾ ਰਾਣੀ, ਮਨਦੀਪ ਕੌਰ, ਵਰਿੰਦਰ ਕੌਰ, ਅਗਮਜੀਤ ਕੌਰ, ਦੀਪਤੀ ਸਿੰਗਲਾ, ਜੋਨੀ ਰਾਣੀ, ਪੂਜਾ ਰਾਣੀ, ਸੁਖਪ੍ਰੀਤ ਕੌਰ ਸਮੇਤ ਸਮੂਹ ਸਟਾਫ ਨੇ ਸਮਾਰੋਹ ਦੇ ਪ੍ਰਬੰਧਾਂ ਲਈ ਸ਼ਾਨਦਾਰ ਕੰਮ ਕੀਤਾ ਤੇ ਤੀਆਂ ਦੇ ਤਿਉਹਾਰ ਦੀ ਸਭਨਾਂ ਨੂੰ ਮੁਬਾਰਕਬਾਦ ਦਿੱਤੀ।

## ਵਾਲੀਬਾਲ ਦੇ ਮੁਕਾਬਲੇ 'ਚ ਸ਼ਾਨਦਾਰ ਜਿੱਤ




**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਟਿਆਲਾ ਸਹੋਦਿਆ ਸਕੂਲ ਕੰਪਲੈਕਸ ਵੱਲੋਂ 21 ਅਗਸਤ ਨੂੰ ਸਪਾਰਕਲਿੰਗ ਕਿਡਸ ਸਕੂਲ ਪਾਤੜਾਂ ਵਿਖੇ ਵਾਲੀਬਾਲ ਟੂਰਨਾਮੈਂਟ ਕਰਾਇਆ ਗਿਆ।ਇਸ ਟੂਰਨਾਮੈਂਟ ਵਿੱਚ ਅੰਡਰ-14 ਮੁਕਾਬਲੇ ਵਿੱਚ ਵੱਖ-ਵੱਖ ਸਕੂਲਾਂ ਦੀਆਂ 13 ਟੀਮਾਂ ਨੇ ਭਾਗ ਲਿਆ।ਖੇਡ ਮੁਕਾਬਲੇ ਵਿੱਚ ਐੱਸ ਆਰ ਐੱਸ ਵਿੱਦਿਆਪੀਠ, ਸਮਾਣਾ ਦੇ ਅੰਡਰ -14 ਵਿਦਿਆਰਥੀਆਂ ਨੇ ਵੀ ਵਧ -ਚੜ੍ਹ ਕੇ ਹਿੱਸਾ ਲਿਆ।ਇਨ੍ਹਾਂ ਵਿਦਿਆਰਥੀਆਂ ਨੇ 'ਫ਼ਸਟ ਰਨਰ ਅਪ' ਦਾ ਸਥਾਨ ਹਾਸਲ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਅਤੇ ਆਪਣੇ ਸਕੂਲ ਅਤੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ।ਸਕੂਲ ਪ੍ਰਿੰਸੀਪਲ ਮਿਸ ਮਿਲੀ ਬੋਸ, ਚੇਅਰਮੈਨ ਅਮਿਤ ਸਿੰਗਲਾ ਅਤੇ ਸੈਕਟਰੀ ਲਲਿਤ ਸਿੰਗਲਾ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫ਼ਲਤਾ 'ਤੇ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਭਵਿੱਖ ਵਿੰਚ ਵੀ ਅਜਿਹੇ ਖੇਡ ਮੁਕਾਬਲਿਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਗੁਰਮੀਤ ਸਿੰਘ ਸਿੱਧੂ ਸਰੀ ਦਾ ਗ਼ਜ਼ਲ ਸੰਗ੍ਰਹਿ 'ਪਿੰਡ ਤੋਂ ਬ੍ਰਹਿਮੰਡ' ਲੋਕ ਅਰਪਣ



**ਸਮਰਾਲਾ (ਸੁਰਜੀਤ ਸਿੰਘ)**-ਪਰਵਾਸੀ ਸਾਹਿਤ ਅਧਿਐਨ ਕੇਂਦਰ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਜ ਲੁਧਿਆਣਾ ਵੱਲੋਂ ਸਰੀ (ਕੈਨੇਡਾ) ਵਸਦੇ ਗ਼ਜ਼ਲਗੋ ਗੁਰਮੀਤ ਸਿੰਘ ਸਿੱਧੂ ਦਾ ਪਲੇਠਾ ਗ਼ਜ਼ਲ ਸੰਗ੍ਰਹਿ 'ਪਿੰਡ ਤੋਂ ਬ੍ਰਹਿਮੰਡ' ਲੋਕ ਅਰਪਿਤ ਕੀਤਾ ਗਿਆ।ਇਸ ਪ੍ਰੋਗਰਾਮ ਦੀ ਪ੍ਰਧਾਨਗੀ ਪ੍ਰੋ. ਗੁਰਭਜਨ ਸਿੰਘ ਗਿੱਲ ਚੇਅਰਮੈਨ ਪੰਜਾਬੀ ਲੋਕ ਵਿਰਾਸਤ ਅਕਾਡਮੀ, ਲੁਧਿਆਣਾ ਨੇ ਕੀਤੀ। ਆਰੰਭ ਵਿਚ ਡਾ. ਸ. ਪ. ਸਿੰਘ ਸਾਬਕਾ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਅਤੇ ਪ੍ਰਧਾਨ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ, ਲੁਧਿਆਣਾ ਨੇ ਸਭ ਨੂੰ ਰਸਮੀ ਤੌਰ 'ਤੇ ਜੀ ਆਇਆਂ ਕਿਹਾ ਅਤੇ ਉਨ੍ਹਾਂ ਨੇ ਕਿਹਾ ਕਿ ਸਾਨੂੰ ਖ਼ੁਸ਼ੀ ਹੈ ਕਿ ਵਿਦੇਸ਼ਾਂ ਵਿਚ ਵੱਸਦੇ ਪਰਵਾਸੀ ਪੰਜਾਬੀ ਲੇਖਕ ਪਰਵਾਸੀ ਸਾਹਿਤ ਅਧਿਐਨ ਕੇਂਦਰ ਨਾਲ ਜੁੜੇ ਹੋਏ ਹਨ ਅਤੇ ਕੇਂਦਰ ਦੀਆਂ ਗਤੀਵਿਧੀਆਂ ਦੇਖਦੇ ਹੋਏ ਸਾਹਿਤਕ ਪ੍ਰੋਗਰਾਮ ਕਰਨ ਲਈ ਸਾਡੀ ਸੰਸਥਾ ਨੂੰ ਪਹਿਲ ਦਿੰਦੇ ਹਨ।ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਇਸ ਮੌਕੇ ਲੇਖਕ ਬਾਰੇ ਦੱਸਿਆ ਕਿ ਗੁਰਮੀਤ ਸਿੰਘ ਸਿੱਧੂ ਕਰਤਾਰਪੁਰ (ਜਲੰਧਰ)ਦੇ ਪਿੰਡ ਕੁੱਦੋਵਾਲ ਦਾ ਜੰਮਪਲ ਹੈ ਅਤੇ 1993 ਤੋਂ ਕੈਨੇਡਾ ਵਾਸੀ ਹੈ।ਉਸ ਨੇ ਆਪਣਾ ਸਾਹਿਤਕ ਸਫ਼ਰ ਜਸਵੰਤ ਸਿੰਘ ਕੰਵਲ ਦੀ ਪ੍ਰੇਰਨਾ ਨਾਲ ਗੀਤਕਾਰੀ ਤੋਂ ਆਰੰਭ ਕੀਤਾ ਅਤੇ ਫਿਰ ਸਰੀ ਵੱਸਦੇ ਗ਼ਜ਼ਲਗੋ ਰਾਜਵੰਤ ਰਾਜ, ਕਵਿੰਦਰ ਚਾਂਦ ਤੇ ਕ੍ਰਿਸ਼ਨ ਭਨੋਗ ਦੀ ਅਗਵਾਈ ਵਿਚ ਪਿੰਗਲ ਅਤੇ ਅਰੂਜ਼ ਨੂੰ ਸਮਝ ਕੇ 2018 ਵਿੱਚ ਗ਼ਜ਼ਲਾਂ ਲਿਖਣੀਆਂ ਸ਼ੁਰੂ ਕੀਤੀਆਂ।ਉਨ੍ਹਾਂ ਨੇ ਕਿਹਾ ਕਿ ਇਹ ਗ਼ਜ਼ਲ ਸੰਗ੍ਰਹਿ ਲੇਖਕ ਦੇ ਲਗਪਗ ਡੇਢ ਦਹਾਕੇ ਦੀ ਸਾਹਿੱਤ ਸਾਧਨਾ ਚੋਂ ਉਪਜਿਆ ਹੈ। ਪੰਜਾਬੀ ਸਾਹਿਤ ਅਕਾਡਮੀ ਦੇ ਸਾਬਕਾ ਜਨਰਲ ਸਕੱਤਰ ਡਾ. ਗੁਰਇਕਬਾਲ ਸਿੰਘ ਨੇ ਇਸ ਪੁਸਤਕ ਬਾਰੇ ਆਲੋਚਨਾਤਮਕ ਪੱਖ ਤੋਂ ਵਿਚਾਰ ਚਰਚਾ ਕਰਦੇ ਹੋਏ ਕਿਹਾ ਕਿ ਲੇਖਕ ਦੇ ਧੁਰ ਅੰਦਰ ਉਸਦਾ ਪਿੰਡ ਵੱਸਦਾ ਹੈ ਤੇ ਇਸ ਲਈ ਹੀ ਇਨ੍ਹਾਂ ਗ਼ਜ਼ਲਾਂ ਵਿਚ ਪੰਜਾਬੀ ਰਹਿਤਲ-ਬਹਿਤਲ ਵਾਰ-ਵਾਰ ਅਭਿਵਿਅਕਤ ਹੁੰਦੀ ਹੈ।ਇਸ ਮੌਕੇ ਪੰਜਾਬ ਸਰਕਾਰ ਦੇ ਜਾਇੰਟ ਡਾਇਰੈਕਟਰ (ਲੋਕ ਸੰਪਰਕ) ਹਰਜੀਤ ਸਿੰਘ ਗਰੇਵਾਲ ਵਿਸ਼ੇਸ਼ ਮਹਿਮਾਨ ਦੇ ਰੂਪ ਵਿੱਚ ਪੁੱਜੇ।ਉਨ੍ਹਾਂ ਪਰਵਾਸੀ ਸਾਹਿਤ ਅਧਿਐਨ ਕੇਂਦਰ ਵੱਲੋਂ ਪਿਛਲੇ 12 ਸਾਲ ਦੌਰਾਨ ਕੀਤੇ ਸਾਹਿਤ ਕਾਰਜਾਂ ਦੀ ਸ਼ਲਾਘਾ ਕੀਤੀ।ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਡਾ. ਸ ਪ ਸਿੰਘ ਤੇ ਆਨਰੇਰੀ ਸਕੱਤਰ ਹਰਸ਼ਰਨ ਸਿੰਘ ਨਰੂਲਾ ਨੇ ਹਰਜੀਤ ਸਿੰਘ ਗਰੇਵਾਲ ਨੂੰ ਕਾਲਜ ਵਿੱਚ ਪਹਿਲੀ ਵਾਰ ਪੁੱਜਣ 'ਤੇ ਸਨਮਾਨਿਤ ਕੀਤਾ।

## ਡੀ.ਐੱਸ.ਪੀ. ਸੁਬੇਗ ਸਿੰਘ ਨੇ ਚਾਰਜ ਸੰਭਾਲਿਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੀ.ਪੀ.ਐੱਸ. ਰੈਂਕ ਦੇ ਪੁਲਸ ਅਧਿਕਾਰੀ ਸੁਬੇਗ ਸਿੰਘ ਨੇ ਮਹਿਲ ਕਲਾਂ ਦੇ ਨਵੇਂ ਡੀ.ਐੱਸ.ਪੀ. ਵਜੋਂ ਚਾਰਜ ਸੰਭਾਲ ਲਿਆ ਹੈ।ਇਸ ਸਮੇਂ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਡੀ.ਐੱਸ.ਪੀ. ਸੁਬੇਗ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਉਹ ਪੂਰਨ ਤਨਦੇਹੀ ਨਾਲ ਨਿਭਾਉਣਗੇ।ਇਲਾਕੇ 'ਚ ਸ਼ਰਾਰਤੀ ਅਨਸਰਾਂ, ਨਸ਼ਾ ਤਸਕਰਾਂ, ਗੈਂਗਸਟਰਾਂ, ਸਮਾਜ ਵਿਰੋਧੀ ਅਨਸਰਾਂ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਲਾਕੇ 'ਚ ਅਮਨ ਸ਼ਾਂਤੀ ਬਣਾਈ ਰੱਖਣ ਲਈ ਆਮ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ। ਇਸ ਲਈ ਲੋਕ ਆਲੇ ਦੁਆਲੇ ਵਾਪਰਦੀ ਕਿਸੇ ਵੀ ਅਣਸੁਖਾਵੀਂ ਘਟਨਾ, ਸ਼ਰਾਰਤੀ ਅਨਸਰਾਂ ਤੇ ਨਸ਼ਾ ਤਸਕਰਾਂ ਸਬੰਧੀ ਪੁਲਸ ਨੂੰ ਪਹਿਲ ਦੇ ਅਧਾਰ 'ਤੇ ਸੂਚਿਤ ਕਰਨ, ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।ਇਸ ਮੌਕੇ ਡੀ.ਐੱਸ.ਪੀ. ਦਫ਼ਤਰ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।


Form No. 3
[See Regulation-15 (1)(a)]/16 (3)

**DEBTS RECOVERY TRIBUNAL CHANDIGARH (DRT 1)**
**2nd Floor SCO 33-34-35 Sector-17 A, Chandigarh**
**Case No.: OA/241/2022**

Summons under sub-section (4) of section 19 of the Act, read with sub-rule (2A) of rule 5 of the Debt Recovery Tribunal (Procedure) Rules, 1993.

Exh. No.: 21511

CANARA BANK
VS
KARAM SINGH.

To,
(1) KARAM SINGH.
D/W/S/O-SO SH HARBANS SINGH
RO VILLAGE-BUTTAR MOMARA, TEHSIL AND DISTRICT
Faridkot, PUNJAB
(2) JASKARAN SINGH
SO SH KARAM SINGH RO VILLAGE BUTTAR MOMARA TEHSIL AND DISTRICT FARIDKOT PUNJAB.
(3) AVTAR SINGH
SO SH BAGICHA SINGH RO VILLAGE BUTTAR MOMARA TEHSIL AND DISTRICT FARIDKOT PUNJAB.

SUMMONS

WHEREAS, OA/241/2022 was listed before Hon'ble Presiding Officer/Registrar on 06/03/2024.
WHEREAS this Hon'ble Tribunal is pleased to issue summons/ notice on the said Application under section 19(4) of the Act, (OA) filed against you for recovery of debts of Rs. 5065062.00/- (application along with copies of documents etc. annexed).
In accordance with sub-section (4) of section 19 of the Act, you, the defendants are directed as under:-
(i) to show cause within thirty days of the service of summons as to why relief prayed for should not be granted;
(ii) to disclose particulars of properties or assets other than properties and assets specified by the applicant under serial number 3A of the original application;
(iii) you are restrained from dealing with or disposing of secured assets or such other assets and properties disclosed under serial number 3A of the original application, pending hearing and disposal of the application for attachment of properties;
(iv) you shall not transfer by way of sale, lease or otherwise, except in the ordinary course of his business any of the assets over which security interest is created and/ or other assets and properties specified or disclosed under serial number 3A of the original application without the prior approval of the Tribunal;
(v) you shall be liable to account for the sale proceeds realised by sale of secured assets or other assets and properties in the ordinary course of business and deposit such sale proceeds in the account maintained with the bank or financial institutions holding security interest over such assets.
You are also directed to file the written statement with a copy thereof furnished to the applicant and to appear before Registrar on 28/08/2024 at 10:30A.M. failing which the application shall be heard and decided in your absence.
Given under my hand and the seal of this Tribunal on this date: 12/03/2024.

sd/-
Signature of the Officer Authorised to issue summons.

Note :Strike out whichever is not applicable.

# ਪੰਜਾਬ ਜਲ ਸਰੋਤ ਦੇ ਮੁਲਾਜ਼ਮਾਂ ਨੇ ਸਰਕਾਰ ਦੇ ਲਾਰਿਆਂ ਦੀ ਪੰਡ ਫੂਕੀ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ )**-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ ਪੰਜਾਬ ਜਲ ਸਰੋਤ ਦੇ ਮੁਲਾਜ਼ਮਾਂ ਵੱਲੋਂ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਬੈਨਰ ਥੱਲੇ ਨਹਿਰ ਕਲੋਨੀ ਵਿਖੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਦੇ ਲਾਰਿਆਂ ਦੀ ਪੰਡ ਫੂਕੀ ਅਤੇ ਖੂਬ ਪਿਟ ਸਿਆਪਾ ਕੀਤਾ। ਇਸ ਮੌਕੇ ਸਾਂਝਾ ਫਰੰਟ ਦੇ ਕਨਵੀਨਰ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਨੇ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਪਹਿਲਾਂ 25 ਜੁਲਾਈ ਫਿਰ 02 ਅਗਸਤ ਅਤੇ ਹੁਣ 22 ਅਗਸਤ ਦੀ ਮੀਟਿੰਗ ਮੁਲਤਵੀ ਕਰਕੇ ਪੰਜਾਬ ਦੇ 07 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਵੱਡਾ ਧੋਖਾ ਕੀਤਾ ਹੈ। ਰਾਣਾ ਨੇ ਆਖਿਆ ਕਿ ਇਹ ਸਰਕਾਰ ਮੁਲਾਜ਼ਮਾ ਅਤੇ ਪੈਨਸ਼ਨਰਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਪ੍ਰਤੀ ਲਗਾਤਾਰ ਮਟੋਲ ਦੀ ਨੀਤੀ ਅਪਣਾ ਰਹੀ ਹੈ ਜਿਸ ਨੂੰ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ ਕਿਸੇ ਕੀਮਤ ਤੇ ਬਰਦਾਸ਼ਤ ਨਹੀਂ ਕਰਨਗੇ । ਉਹਨਾਂ ਆਖਿਆ ਕਿ ਨਾ ਤਾਂ ਪੇ ਕਮਿਸ਼ਨ ਦੇ ਬਕਾਏ ਦਿੱਤੇ ਜਾ ਰਹੇ ਹਨ ਅਤੇ ਨਾ ਹੀ ਪੇ ਕਮਿਸ਼ਨ ਦੀ ਰਿਪੋਰਟ ਦਾ ਦੂਜਾ ਹਿੱਸਾ ਜਿਸ ਨਾਲ ਮੁਲਾਜ਼ਮਾਂ ਨੂੰ ਏਸੀਪੀ ਦਾ ਲਾਭ ਮਿਲਣਾ ਹੈ ਉਹ ਲਾਗੂ ਕੀਤੀ ਜਾ ਰਹੀ ਹੈ। ਮਹਿਗਾਈ ਭੱਤੇ ਦੀਆਂ ਤਿੰਨ ਕਿਸ਼ਤਾਂ ਜੋ 12% ਬਣਦੀਆਂ ਹਨ ਉਹ ਵੀ ਨਹੀਂ ਦਿੱਤੀਆਂ ਜਾ ਰਹੀਆਂ ਅਤੇ 236 ਮਹੀਨੇ ਦਾ ਮਹਿਗਾਈ ਭੱਤੇ ਦਾ ਬਕਾਇਆ ਸਰਕਾਰ ਦੱਬੀ ਬੈਠੀ ਹੈ। ਇਹ ਪਹਿਲੀ ਵਾਰ ਹੈ ਜਦੋਂ ਤਨਖਾਹ ਕਮਿਸ਼ਨ ਨੇ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗਣਾਕ ਨਾਲ ਕਰਨ ਦੀ ਸਿਫਾਰਸ਼ ਕੀਤੀ ਹੋਵੇ ਤਾਂ ਇਹ ਸਰਕਾਰ ਉਸ ਤੋਂ ਵੀ ਭੱਜ ਗਈ ਹੋਵੇ। ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਵਾਲੀ ਨੀਤੀ ਸਭ ਤੋਂ ਮਾੜੀ ਨੀਤੀ ਸਿੱਧ ਹੋਈ ਹੈ ਜਿਸ ਨਾਲ ਸਿਰਫ ਨਾ ਮਾਤਰ ਮੁਲਾਜ਼ਮ 58 ਸਾਲ ਦੀ ਉਮਰ ਤੱਕ ਨੌਕਰੀ ਹੀ ਕਰ ਸਕਣਗੇ ਇਸ ਤੋਂ ਇਲਾਵਾ ਉਹਨਾਂ ਨੂੰ ਪੱਕੇ ਮੁਲਾਜ਼ਮ ਵਾਲੀ ਕੋਈ ਵੀ ਸਹੂਲਤ ਨਹੀਂ ਮਿਲੇਗੀ। ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਨਾਮ ਤੇ ਪੰਜਾਬ ਅੰਦਰ ਸਰਕਾਰ ਬਣਾਉਣ ਵਾਲੀ ਆਮ ਆਦਮੀ ਪਾਰਟੀ ਜਿਸ ਨੇ ਹਿਮਾਚਲ ਅਤੇ ਗੁਜਰਾਤ ਅੰਦਰ ਵੀ ਇਸ ਗੱਲ ਦਾ ਪੂਰਾ ਪ੍ਰਚਾਰ ਕੀਤਾ ਹੈ ਕਿ ਪੰਜਾਬ ਅੰਦਰ ਪੁਰਾਣੀ ਪੈਨਸ਼ਨ ਬਹਾਲ ਕਰ ਦਿੱਤੀ ਗਈ ਹੈ ਸਿਰਫ ਝੂਠ ਤੋਂ ਸਵਾ ਔਰ ਕੁਝ ਨਹੀਂ ਹੈ। ਇਸ ਸਰਕਾਰ ਵੱਲੋਂ ਤਨਖਾਹ ਕਮਿਸ਼ਨ ਦੀ ਸਿਫਾਰਿਸ਼ ਅਨੁਸਾਰ ਵੱਖ-ਵੱਖ ਮੁਲਾਜ਼ਮਾਂ ਨੂੰ ਵੱਖ ਵੱਖ ਕਿਸਮ ਦੇ ਮਿਲਣ ਵਾਲੇ ਭੱਤੇਆਂ ਵਿੱਚ ਵਾਧਾ ਤਾਂ ਕੀ ਕਰਨਾ ਸੀ ਸਗੋਂ ਸਾਰੇ 37 ਭੱਤੇ ਬੰਦ ਕਰਕੇ ਰੱਖ ਦਿੱਤੇ ਹਨ। ਨਵੇਂ ਨਿਯੁਕਤ ਹੋਣ ਵਾਲੇ ਮੁਲਾਜ਼ਮ ਦਾ ਇਸ ਸਰਕਾਰ ਵੱਲੋਂ ਪ੍ਰੋਵੇਸ਼ਨਲ ਪੀਰੀਅਡ ਦੇ ਨਾਂਅ 'ਤੇ ਤਿੰਨ ਸਾਲ ਮੁਢਲੀ ਤਨਖਾਹ ਦੇ ਕੇ ਸ਼ੋਸ਼ਣ ਜਾਰੀ ਹੈ ਅਤੇ 200 ਰੁਪਏ ਜਜੀਆ ਲਗਾਤਾਰ ਲਿਆ ਜਾ ਰਿਹਾ ਹੈ।ਰਾਣਾ ਨੇ ਆਖਿਆ ਕਿ 8 ਸਤੰਬਰ ਨੂੰ ਡੇਰਾ ਬਾਬਾ ਨਾਨਕ ਅਤੇ ਗਿੱਦੜਵਾਹਾ ਵਿਖੇ ਖੇਤਰੀ ਰੈਲੀਆਂ ਕੀਤੀਆਂ ਜਾਣਗੀਆਂ।ਇਸ ਮੌਕੇ ਮਨਜੀਤ ਸਿੰਘ ਸੈਣੀ , ਜੀਵਨ ਕੁਮਾਰ, ਰਕੇਸ਼ ਕੁਮਾਰ, ਗੁਰਚਰਨ ਸਿੰਘ , ਵਰੁਣ ਭਨੋਟ , ਜਤਿੰਦਰ ਸਿੰਘ, ਗਗਨਦੀਪ ਸਿੰਘ, ਪਰਦੁਮਣ ਸਿੰਘ , ਮਨਵੀਰ ਕੌਰ, ਕੁਲਵਿੰਦਰ ਕੁਮਾਰ , ਨਰਿੰਦਰ ਮਹਿਰਾ, ਕੁਲਦੀਪ ਸਿੰਘ ਆਦਿ ਆਗੂਆਂ ਨੇ ਵੀ ਆਪਣੇ ਵਿਚਾਰ ਰੱਖੇ।

# ਢਾਹਾਂ ਕਲੇਰਾਂ ਵਿਖੇ ਵਿਦਿਆਰਥੀਆਂ ਵੱਲੋਂ ਕੋਲਕਾਤਾ ਦੀ ਮੰਦਭਾਗੀ ਘਟਨਾ ਦੇ ਸੰਬੰਧ 'ਚ ਕੀਤਾ ਕੈਂਡਲ ਮਾਰਚ



**ਬੰਗਾ (ਅਵਤਾਰ ਕਲੇਰ)** ਕੋਲਕਾਤਾ ਵਿੱਚ ਮਹਿਲਾ ਡਾ ਨਾਲ ਜਬਰ ਜਨਾਹ ਅਤੇ ਉਸ ਦੇ ਕਤਲ ਅਤੇ ਉੱਤਰਾਖੰਡ ਵਿਚ ਨਰਸਿੰਗ ਅਫ਼ਸਰ ਨਾਲ ਹੋਈ ਦੁਖਦਾਈ ਘਟਨਾ ਦੇ ਸਬੰਧ ਵਿਚ ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ ਅਤੇ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਢਾਹਾਂ ਕਲੇਰਾਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਦੇਸ਼ ਭਰ ਦੇ ਡਾਕਟਰਾਂ, ਨਰਸਾਂ ਅਤੇ ਸਮੂਹ ਮੈਡੀਕਲ ਸਟਾਫ ਦੀ ਹਮਾਇਤ ਵਿੱਚ ਕੈਂਡਲ ਮਾਰਚ ਕਰਕੇ ਰੋਸ ਪ੍ਰਦਰਸ਼ਨ ਕੀਤਾ ਅਤੇ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕਰਕੇ ਉਹਨਾਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੇ ਜਾਣ ਦੀ ਮੰਗ ਕੀਤ।ਢਾਹਾਂ ਕਲੇਰਾਂ ਵਿਖੇ ਨਵਾਂਸ਼ਹਿਰ- ਫਗਵਾੜਾ ਮੁੱਖ ਮਾਰਗ 'ਤੇ ਸ਼ਾਮ ਨੂੰ ਹੋਏ ਇਸ ਕੈਂਡਲ ਮਾਰਚ ਮੌਕੇ ਸਮੂਹ ਵਿਦਿਆਰਥੀਆਂ, ਸਟਾਫ ਨਰਸਾਂ ਅਤੇ ਡਾਕਟਰ ਸਾਹਿਬਾਨਾਂ ਵੱਲੋਂ ਪੀੜ੍ਹਤ ਪਰਿਵਾਰ ਨੂੰ ਜਲਦ ਇਨਸਾਫ ਦੇਣ ਦੀ ਮੰਗ ਕਰਨ ਮੌਕੇ, ਹੱਥਾਂ 'ਚ ਮੋਮਬੱਤੀਆ ਅਤੇ ਪੋਸਟਰ ਫੜੇ ਹੋਏ ਸਨ।ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਕੋਲਕਾਤਾ ਦੇ ਆਰ ਜੀ ਕਰ. ਮੈਡੀਕਲ ਕਾਲਜ ਦੀ ਪੋਸਟ ਗ੍ਰੈਜੂਏਟ ਮਹਿਲਾ ਸਿੱਖਿਆਰਥੀ ਡਾ ਦੇ ਬੇਰਹਿਮੀ ਨਾਲ ਹੋਏ ਜਬਰ-ਜਨਾਹ ਤੋਂ ਬਾਅਦ ਉਸ ਦੀ ਹੱਤਿਆ ਕੀਤੇ ਜਾਣ ਦੇ ਮਾਮਲੇ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਉੱਚ ਪੱਧਰੀ ਜਾਂਚ ਕਰਕੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦਿੱਤੀਆਂ ਜਾਣ।ਇਸ ਘਟਨਾ ਕਰਕੇ ਦੇਸ਼ ਭਰ ਵਿੱਚ ਲੜਕੀਆਂ ਅਤੇ ਔਰਤਾਂ ਵਿਚ ਆਪਣੀ ਸੁਰੱਖਿਆ ਨੂੰ ਲੈ ਕੇ ਡਰ ਅਤੇ ਸਹਿਮ ਵਾਲਾ ਮਾਹੌਲ ਪੈਦਾ ਹੋ ਗਿਆ ਹੈ, ਇਸ ਲਈ ਇਹਨਾਂ ਦੀ ਸੁਰੱਖਿਆ ਨੂੰ ਵੀ ਯਕੀਨੀ ਬਣਾਇਆ ਜਾਵੇ।ਡਾ. ਰਵਿੰਦਰ ਖਜੂਰੀਆ ਮੈਡੀਕਲ ਸੁਪਰਡੈਂਟ, ਮੈਡਮ ਰਮਨਦੀਪ ਕੌਰ ਵਾਈਸ ਪ੍ਰਿੰਸੀਪਲ, ਰਾਜਦੀਪ ਥਿਥਵਾੜ ਵਾਈਸ ਪ੍ਰਿੰਸੀਪਲ, ਡਾ. ਗੁਰਤੇਜ ਸਿੰਘ ਮੈਡੀਕਲ ਅਫਸਰ, ਸੁਰਜੀਤ ਮਜਾਰੀ, ਵਿਦਿਆਰਥੀ ਰੀਆ ਕੁਮਾਰੀ ਨੇ ਵੀ ਰੋਸ ਪ੍ਰਦਰਸ਼ਨ ਮੌਕੇ ਸੰਬੋਧਨ ਕੀਤਾ। ਇਸ ਮੌਕੇ ਡਾ. ਸੁਰਿੰਦਰ ਜਸਪਾਲ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ, ਡਾ. ਸ਼ੁਰੇਸ਼ ਬਸਰਾ, ਸਰਬਜੀਤ ਕੌਰ ਡੀ ਐਨ ਐਸ, ਮੈਡਮ ਸੀਮਾ ਪੂਨੀ, ਮੈਡਮ ਸ਼ਿਵਾਨੀ ਭਰਦਵਾਜ, ਮੈਡਮ ਪਿਊਸ਼ੀ ਯਾਦਵ, ਮੈਡਮ ਇੰਦੂ ਬਾਲਾ, ਨਰਿੰਦਰ ਸਿੰਘ ਢਾਹਾਂ, ਮਨਜੀਤ ਸਿੰਘ ਬੇਦੀ, ਰਣਜੀਤ ਸਿੰਘ ਮਾਨ, ਮੁਹੰਮਦ ਯੂਨਸ, ਸੋਨੀਆ ਸਿੰਘ, ਅਮਰਜੀਤ ਕੌਰ , ਬਲਜੀਤ ਕੌਰ, ਬਲਜਿੰਦਰ ਕੌਰ, ਜੋਤੀ ਭਾਟੀਆ, ਮੀਨੂੰ, ਹਰਜੋਤ ਕੌਰ, ਜਤਿੰਦਰ ਕੌਰ, ਨਵਨੀਤ ਕੌਰ ਸਮੂਹ ਮੈਡੀਕਲ ਵਿਦਿਆਰਥੀ ਤੋਂ ਇਲਾਵਾ ਡਾ ਸਾਹਿਬਾਨ ਅਤੇ ਨਰਸਿੰਗ ਸਟਾਫ ਵੀ ਹਾਜ਼ਰ ਸੀ ।

# ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਪੌਦੇ ਲਗਾਏ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਠੱਕਰਵਾਲ ਮੌਜੇਮਜਾਰਾ ਸੰਤ ਬਾਬਾ ਦੂਲਾ ਸਿੰਘ ਮੈਮੋਰੀਅਲ ਪਬਲਿਕ ਸਕੂਲ ਵਿਖੇ ਸਾਲਾਨਾ ਨਵੇਂ ਸੈਸ਼ਨ ਮੌਕੇ ਵਿਦਿਆਰਥੀਆਂ ਅਤੇ ਸਟਾਫ਼ ਦੀ ਚੜ੍ਹਦੀ ਕਲਾ ਲਈ ਧਾਰਮਿਕ ਸਮਾਗਮ ਕਰਵਾਏ ਗਏ।ਇਸ ਮੌਕੇ ਸਕੂਲ ਦੇ ਚੇਅਰਮੈਨ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ, ਸਕੂਲ ਪ੍ਰਧਾਨ ਦਰਸ਼ਨ ਸਿੰਘ ਰਾਜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਨਵੇਂ ਸੈਸ਼ਨ ਮੌਕੇ ਧਾਰਮਿਕ ਸਮਾਗਮ ਦੌਰਾਨ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸਕੂਲ ਵਿੱਚ ਬਾਕੀ ਸਕੂਲਾਂ ਨਾਲੋਂ ਬਹੁਤ ਘੱਟ ਫ਼ੀਸ ਲਈ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਸਕੂਲ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਕਿਤਾਬਾਂ ਮੁਫ਼ਤ ਅਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਂਦਾ ਹੈ।ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਸਕੂਲ ਦੇ ਚੇਅਰਮੈਨ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ ਨੇ ਆਪਣੇ ਕਰ ਕਮਲਾਂ ਨਾਲ ਪੌਦਾ ਲਗਾ ਕੇ ਆਰੰਭਤਾ ਕੀਤੀ।ਇਸ ਮੌਕੇ ਸਕੂਲ ਦੇ ਸਮੂਹ ਸਟਾਫ ਵੱਲੋਂ ਸਕੂਲ ਵਿੱਚ ਪੌਦੇ ਲਗਾਏ ਗਏ।ਇਸ ਮੌਕੇ ਸਾਲਾਨਾ ਧਾਰਮਿਕ ਸਮਾਗਮ ਦੌਰਾਨ ਚੇਅਰਮੈਨ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ, ਪ੍ਰਧਾਨ ਦਰਸ਼ਨ ਸਿੰਘ ਰਾਜਾ, ਬਾਬਾ ਸਰਬਜੀਤ ਸਿੰਘ ਸਾਬੀ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਖਜਾਨਚੀ, ਪ੍ਰਿੰਸੀਪਲ ਮੰਗਤ ਸਿੰਘ, ਮਨਪ੍ਰੀਤ ਕੌਰ ਵਾਇਸ ਪ੍ਰਿੰਸੀਪਲ, ਪਰਮਜੀਤ ਕੌਰ, ਮਨਦੀਪ ਕੌਰ, ਨਰਿੰਦਰ ਕੌਰ, ਅਚਨ, ਸੁਨੈਨਾ, ਅਮਨਦੀਪ ਕੌਰ, ਨਵਦੀਪ ਕੌਰ, ਜੋਤੀ, ਜਸਪ੍ਰੀਤ ਕੌਰ, ਦਿਕਸਾ, ਸ਼ਾਮ ਸਿੰਘ, ਜੋਗਿੰਦਰ ਸਿੰਘ, ਸੂਬੇਦਾਰ ਇੱਕਬਾਲ ਸਿੰਘ, ਸਰਬਜੀਤ ਸਿੰਘ ਆਦਿ ਹਾਜ਼ਰ ਸਨ।

# ਲੁਠੇੜੀ ਸਕੂਲ ਵਿਖੇ ਚਾਰ ਰੋਜ਼ਾ ਸਕਾਊਟ ਤੇ ਗਾਈਡ ਕੈਂਪ ਸਮਾਪਤ



**ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੌਬੀ)** ਸਹਿ ਅਕਾਦਮਿਕ ਗਤੀਵਿਧੀਆਂ ਵਿਦਿਆਰਥੀ ਜੀਵਨ ਵਿੱਚ ਇੱਕ ਨਵੀਂ ਊਰਜਾ ਭਰਦੀਆਂ ਹਨ ਅਤੇ ਸਵੈ ਅਨੁਸ਼ਾਸਨ ਵਿਦਿਆਰਥੀ ਜੀਵਨ ਲਈ ਬਹੁਤ ਅਹਿਮ ਹੈ।ਸਕਾਊਟ ਅਤੇ ਗਾਈਡ ਵਿਦਿਆਰਥੀਆਂ ਵਿੱਚ ਸੇਵਾ ਭਾਵਨਾ ਪੈਦਾ ਕਰਦਾ ਹੈ ਜੋ ਕਿ ਇੱਕ ਚੰਗੇ ਨਾਗਰਿਕ ਬਣਨ ਲਈ ਬਹੁਤ ਹੀ ਮਹੱਤਵਪੂਰਨ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲਾ ਸਿੱਖਿਆ ਅਫਸਰ ਸੈਕੰਡਰੀ ਸੰਜੀਵ ਗੌਤਮ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੁਠੇੜੀ ਵਿਖੇ ਚੱਲ ਰਹੇ ਚਾਰ ਰੋਜ਼ਾ ਤ੍ਰਿਤੀਆ ਸੋਪਾਨ ਸਕਾਊਟ ਐਂਡ ਗਾਈਡ ਟੈਸਟਿੰਗ ਕੈਂਪ ਦੇ ਸਮਾਪਤੀ ਸਮਾਰੋਹ ਵਿਖੇ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਨਾਲ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸੁਰਿੰਦਰ ਪਾਲ ਸਿੰਘ ਵੀ ਹਾਜ਼ਰ ਸਨ।ਸਕੂਲ ਦੇ ਪੰਜਾਬੀ ਅਧਿਆਪਕ ਧਰਮਿੰਦਰ ਸਿੰਘ ਭੰਗੂ ਨੇ ਦੱਸਿਆ ਕਿ ਚਾਰ ਰੋਜਾ ਤ੍ਰਿਤੀਆ ਸੋਪਾਨ ਸਕਾਊਟ ਐਂਡ ਗਾਈਡ ਟੈਸਟਿੰਗ ਕੈਂਪ ਸਕੂਲ ਪ੍ਰਿੰਸੀਪਲ ਇੰਦਰਜੀਤ ਕੌਰ ਦੀ ਅਗਵਾਈ ਵਿੱਚ ਲਗਾਇਆ ਗਿਆ।ਜਿਸ ਵਿੱਚ ਸੁਰਿੰਦਰ ਸਿੰਘ ਡੀ ਓ ਸੀ ਸਕਾਊਟ, ਚਰਨਪ੍ਰੀਤ ਸਿੰਘ ਏ ਐਸ ਓ ਸਕਾਊਟ, ਪਰਮਿੰਦਰ ਕੌਰ ਡੀ ਓ ਸੀ ਗਾਈਡ, ਰਾਬਿੰਦਰ ਸਿੰਘ ਰੱਬੀ ਸਕਾਊਟ ਮਾਸਟਰ ਅਤੇ ਸਰਬਜੀਤ ਸਿੰਘ ਸਕਾਊਟ ਮਾਸਟਰ ਨੇ ਵਿਦਿਆਰਥੀਆਂ ਨੂੰ ਸਕਾਊਟ ਪ੍ਰਾਰਥਨਾ, ਸਕਾਊਟ ਝੰਡਾ ਗੀਤ, ਸਕਾਊਟ ਪ੍ਰਣ, ਪੈਟਰੋਲਿੰਗ ਸਿਸਟਮ, ਸਰੀਰਕ ਕਸਰਤਾਂ ਅਤੇ ਗੈਜ਼ਟ ਬਣਾਉਣ ਸਮੇਤ ਨੈਤਿਕ ਕਦਰਾਂ ਕੀਮਤਾਂ ਬਾਰੇ ਜਾਣਕਾਰੀ ਦਿੱਤੀ ਗਈ।ਸਮਾਪਤੀ ਸਮਾਰੋਹ ਦੌਰਾਨ ਵਿਦਿਆਥਣ ਅਰਨਪ੍ਰੀਤ ਕੌਰ ਨੇ ਉਹ ਕੈਂਪ ਬਾਰੇ ਵਿਚਾਰ ਪੇਸ਼ ਕਰੇ।ਇਸ ਤੋਂ ਇਲਾਵਾ ਕਰਵਾਏ ਮੁਕਾਬਲਿਆਂ ਵਿਚ ਗੈਜ਼ਟ ਮੁਕਾਬਲੇ ਵਿੱਚ ਮਕੜੌਨਾ ਕਲਾਂ ਸਕੂਲ ਨੇ ਤੀਜਾ ਸਥਾਨ, ਲੁਠੇੜੀ ਨੇ ਦੂਜਾ, ਬਰਸਾਲਪੁਰ ਅਤੇ ਮੁੰਡੀਆਂ ਸਕੂਲ ਪਹਿਲੇ ਸਥਾਨ 'ਤੇ ਰਿਹਾ।ਕੁੜੀਆਂ ਦੇ ਗੈਜ਼ਟ ਮੁਕਾਬਲੇ ਵਿੱਚ ਲੁਠੇੜੀ ਸਕੂਲ ਦੀ ਛੇਵੀਂ ਜਮਾਤ ਜੇਤੂ ਰਹੀ।ਇਸ ਮੌਕੇ ਆਂਚਲ ਕੁਮਾਰੀ, ਗੁਲਾਮ ਮੁਸਤਫ਼ਾ, ਸ਼ਰਨਪ੍ਰੀਤ ਕੌਰ, ਹਰਪ੍ਰੀਤ ਕੌਰ, ਪ੍ਰਭਜੋਤ ਕੌਰ, ਗੁਰਲੀਨ ਕੌਰ, ਹਰਕੀਰਤ ਕੌਰ, ਹਰਲੀਨ ਕੌਰ, ਜਸ਼ਨਜੋਤ ਸਿੰਘ, ਓਮ ਸਿੰਘ,ਗੁਰਜੋਤ ਸਿੰਘ, ਜਸਦੀਪ ਕੌਰ, ਅਮਨਿੰਦਰ ਸਿੰਘ, ਵੰਸ਼ ਭੰਡਾਰੀ ਅਤੇ ਸਤਵਿੰਦਰ ਸਿੰਘ ਵਧੀਆ ਕੈਂਪਰ ਰਹੇ।

# ਅੱਜ ਹੋਵੇਗੀ ਸਿੱਖ ਮਿਸ਼ਨਰੀ ਕਾਲਜਾਂ ਦੀ ਸਾਂਝੀ ਗੋਸ਼ਟੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**— ਪਿਛਲੇ ਲੰਮੇ ਸਮੇਂ ਤੋਂ ਨਿਸ਼ਕਾਮਤਾ ਸਹਿਤ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਪੰਥ ਪ੍ਰਵਾਨਿਤ ਸਿੱਖ ਰਹਿਤ ਮਰਿਆਦਾ ਮੁਤਾਬਕ ਗੁਰਮਤ ਦਾ ਧਰਮ ਪ੍ਰਚਾਰ ਕਰ ਰਹੇ ਸਿੱਖ ਮਿਸ਼ਨਰੀ ਕਾਲਜ ਲੁਧਿਆਨਾ ਵਲੋਂ ਕੱਲ੍ਹ ਸ਼ਨੀਵਾਰ ਨੂੰ ਵੱਖ-ਵੱਖ ਸਿੱਖ ਮਿਸ਼ਨਰੀ ਕਾਲਜਾਂ ਦੀ ਸਾਂਝੀ ਗੋਸ਼ਟੀ ਕਰਵਾਈ ਜਾ ਰਹੀ ਹੈ। ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਭਾਈ ਚਰਨਜੀਤ ਸਿੰਘ, ਜੋਨਲ ਆਰਗੇਨਾਈਜਰ ਭਾਈ ਜਗਮੋਹਣ ਸਿੰਘ ਨੇ ਦੱਸਿਆ ਕਿ ਇਹ ਗੋਸ਼ਟੀ ਵਿਰਾਸਤ ਏ ਖਾਲਸਾ ਵਿਖੇ ਹੋਵੇਗੀ ਜਿਸ ਵਿੱਚ ਸਿੱਖ ਧਰਮ ਦੇ ਵੱਖ ਵੱਖ ਪਹਿਲੂਆਂ ਬਾਰੇ ਵਿਚਾਰ ਚਰਚਾ ਕੀਤੀ ਜਾਵੇਗੀ ।ਉਹਨਾਂ ਦੱਸਿਆ ਕਿ ਇਸ ਗੋਸ਼ਟੀ ਦੇ ਮੁੱਖ ਤੌਰ 'ਤੇ ਦੋ ਸੈਸ਼ਨ ਹੋਣਗੇ, ਜਿਨ੍ਹਾਂ ਵਿੱਚੋਂ ਪਹਿਲੇ ਸੈਸ਼ਨ ਵਿੱਚ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਲ ਬੀਬੀ ਮਨਜੀਤ ਕੌਰ ਸਿੱਖ ਜੀਵਨ ਜਾਂਚ ਸਬੰਧੀ ਗੁਰਮਤਿ ਵਿਚਾਰ ਦੱਸਣਗੇ। ਜਦੋਂ ਕਿ ਸਿੱਖ ਰਹਿਤ ਮਰਿਆਦਾ ਦੀ ਮਹੱਤਤਾ ਬਾਰੇ ਗੁਰਮਤਿ ਗਿਆਨ ਮਿਸ਼ਨਰੀ ਕਾਲਜ ਲੁਧਿਆਣਾ ਦੇ ਪ੍ਰਿੰਸੀਪਲ ਗੁਰਬਚਨ ਸਿੰਘ ਪੰਜਵਾਂ ਵਿਚਾਰ ਪ੍ਰਗਟ ਕਰਨਗੇ। ਇਸੇ ਤਰ੍ਹਾਂ ਦੂਜੇ ਸੈਸ਼ਨ ਵਿੱਚ ਭਾਈ ਬਲਜੀਤ ਸਿੰਘ ਪ੍ਰਿੰਸੀਪਲ ਸਾਹਿਬਜਾਦਾ ਜੁਝਾਰ ਸਿੰਘ ਮਿਸ਼ਨਰੀ ਕਾਲਜ ਚੌਂਤਾ ਕਲਾਂ ਵੱਲੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਾਹਿਤਿਕ ਅਤੇ ਸੰਗੀਤਕ ਪੱਖ ਬਾਰੇ ਵਿਚਾਰ ਦੱਸਣਗੇ। ਅੰਤ ਵਿੱਚ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਦੇ ਚੇਅਰਮੈਨ ਭਾਈ ਹਰਜੀਤ ਸਿੰਘ ਅੰਦਰ ਦੀ ਝਾਤ ਬਾਰੇ ਵਿਸਥਾਰ ਸਹਿਤ ਵਿਚਾਰ ਚਰਚਾ ਕਰਨਗੇ। ਉਹਨਾਂ ਕਿਹਾ ਪਹਿਲਾਂ ਰਜਿਸਟਰੇਸ਼ਨ ਹੋਵੇਗੀ ਉਪਰੰਤ ਸੈਸ਼ਨ ਦੀ ਸ਼ੁਰੂਆਤ ਹੋਵੇਗੀ। ਇਸ ਮੌਕੇ ਭਾਈ ਜਗਜੀਤ ਸਿੰਘ ਜੰਮੂ, ਜਸਵਿੰਦਰ ਪਾਲ ਸਿੰਘ ਰਾਜਾ, ਪਰਮਜੀਤ ਸਿੰਘ ਕੋਹਲੀ, ਅਕਬਾਲ ਸਿੰਘ ਨੰਗਲ ਆਦਿ ਹਾਜ਼ਰ ਸਨ।

# ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਇੰਟਰ ਹਾਊਸ ਨੁੱਕੜ ਨਾਟਕ ਮੁਕਾਬਲਾ ਕਰਵਾਇਆ



**ਲੋਹੀਆਂ ਖਾਸ (ਯੋਗੇਸ਼ਵਰ)** : ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਇੰਟਰ ਹਾਊਸ ਨੁੱਕੜ ਨਾਟਕ ਕੰਪਟੀਸ਼ਨ ਆਯੋਜਿਤ ਕੀਤਾ ਗਿਆ।ਇਸ ਕੰਪੀਟੀਸ਼ਨ 'ਚ ਵੱਖ-ਵੱਖ ਵਿਸ਼ਿਆਂ ਜਿਵੇਂ ਪਰਵਾਰਕ ਰਿਸ਼ਤੇ, ਮੋਬਾਇਲ ਫੋਨ ਦੀ ਆਧੁਨਿਕ ਸਮੇਂ ਵਿੱਚ ਵਰਤੋਂ, ਨੌਜਵਾਨਾਂ ਦੀ ਵਿਦੇਸ਼ਾਂ 'ਚ ਚਲੇ ਜਾਣ ਨਾਲ ਘਰ ਦੀ ਦੁਖਦਾਈ ਅਵਸਥਾ, ਮੁੰਡੇ-ਕੁੜੀ ਵਿੱਚ ਫ਼ਰਕ ਆਦਿ ਨਾਲ ਸੰਬੰਧਿਤ ਨਾਟਕ ਖੇਡੇ ਗਏ।ਸਾਰੇ ਵਿਦਿਆਰਥੀਆਂ ਵੱਲੋਂ ਆਪਣੇ-ਆਪਣੇ ਕਿਰਦਾਰਾਂ ਦੀ ਭੂਮਿਕਾ ਬਖ਼ੂਬੀ ਨਿਭਾਈ ਗਈ।ਸਕੂਲ ਦੇ ਹਾਊਸ ਇੰਚਾਰਜ਼, ਵਾਈਸ ਇੰਚਾਰਜ਼ ਅਤੇ ਅਧਿਆਪਕਾਂ ਦੁਆਰਾ ਵਿਦਿਆਰਥੀਆਂ ਨੂੰ ਯੋਗ ਸਿਖਲਾਈ ਦਿੱਤੀ ਗਈ ਜਿਸ ਦੇ ਸਦਕਾ ਚਾਰੋਂ ਹਾਊਸਜ਼ ਨੇ ਆਪਣੇ -ਆਪਣੇ ਨੁੱਕੜ ਨਾਟਕ ਵਿਸ਼ੇ ਵਿੱਚ ਸ਼ਾਨਦਾਰ ਪਰਫਾਰਮੈਂਸ ਦਿੱਤੀ।ਇਸ ਕੰਪੀਟੀਸ਼ਨ ਵਿੱਚ ਨਾਈਲ ਹਾਊਸ ਨੇ ਪਹਿਲਾ ਸਥਾਨ, ਥੇਮਜ਼ ਨੇ ਦੂਜਾ ਸਥਾਨ ਹਾਸਲ ਕੀਤਾ ਅਤੇ ਜੇਤੂ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਿੰਸੀਪਲ ਮੈਡਮ ਅਤੇ ਕੰਪੀਟੀਸ਼ਨ ਦੇ ਜੱਜ ਸਾਹਿਬਾਨ ਜਗਦੇਵ ਸਿੰਘ ਅਤੇ ਮੈਡਮ ਵੀਨੂ ਮਲਹੋਤਰਾ ਦੁਆਰਾ ਸਨਮਾਨ ਚਿੰਨ੍ਹ ਦੇ ਕੇ ਉਹਨਾਂ ਦੀ ਹੌਂਸਲਾ ਅਫ਼ਜਾਈ ਕੀਤੀ ਗਈ।ਇਸ ਸਮੇਂ ਹਾਊਸ ਇੰਚਾਰਜ ਮੈਡਮ ਗੁਰਸ਼ਰਨ ਕੌਰ, ਬਲਜੀਤ ਕੌਰ, ਗੌਰੀ, ਹਰਗਗਨ ਸਿੰਘ ਤੇ ਅਤੇ ਸਕੂਲ ਓਬਜਰਵਰ ਵੀਨੂੰ ਮਲਹੋਤਰਾ ਕੋਆਰਡੀਨੇਟਰ ਮੈਡਮ, ਅੰਨਪੂਰਨਾ ਐਕਟੀਵਿਟੀ ਇਨਚਾਰਜ ਕੋਮਲ ਸ਼ਰਮਾ ਵੀ ਹਾਜ਼ਰ ਸਨ।

# ਪੂਰੀ ਤਾਕਤ ਨਾਲ ਉਪ ਚੋਣਾਂ ਲੜੇਗਾ ਸ਼੍ਰੋਮਣੀ ਅਕਾਲੀ ਦਲ : ਠੰਡਲ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਸੋਹਣ ਸਿੰਘ ਠੰਡਲ ਸਾਬਕਾ ਮੰਤਰੀ ਪੰਜਾਬ ਸਰਕਾਰ ਨੇ ਵਿਸ਼ੇਸ਼ ਮੁਲਾਕਾਤ ਦੌਰਾਨ ਦੱਸਿਆ ਕਿ ਪੰਜਾਬ ਅੰਦਰ ਆ ਰਹੀਆਂ ਉਪ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਪੂਰੀ ਤਾਕਤ ਤੇ ਜੋਸ਼ੋ ਖਰੋਸ਼ ਨਾਲ ਚੋਣ ਮੈਦਾਨ ਵਿੱਚ ਉਤਰੇਗਾ।ਵਿਧਾਨ ਸਭਾ ਹਲਕਾ ਚੱਬੇਵਾਲ ਵਿੱਚ 24 ਅਗਸਤ ਨੂੰ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੀ ਹੋ ਰਹੀ ਮੀਟਿੰਗ ਸਬੰਧੀ ਗੱਲ ਕਰਦੇ ਉਹਨਾਂ ਨੇ ਦੱਸਿਆ ਕਿ ਪਿੰਡ ਜੱਟਪੁਰ, ਮੇਨ ਰੋਡ ਉੱਪਰ ਬ੍ਰਿਸਟਾ ਕੰਪਲੈਕਸ ਵਿੱਚ ਵਿਧਾਨ ਸਭਾ ਹਲਕਾ ਚੱਬੇਵਾਲ ਦੀ ਉਪ ਚੋਣ ਸਬੰਧੀ ਪਾਰਲੀਮੈਂਟਰੀ ਬੋਰਡ ਦੀ ਪਲੇਠੀ ਮੀਟਿੰਗ ਹੋ ਰਹੀ ਹੈ। ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਡਾਕਟਰ ਦਲਜੀਤ ਸਿੰਘ ਚੀਮਾ, ਬਲਵਿੰਦਰ ਸਿੰਘ ਭੂੰਦੜ, ਹੀਰਾ ਸਿੰਘ ਗਾਬੜੀਆ ਸਮੇਤ ਬਾਕੀ ਸੀਨੀਅਰ ਲੀਡਰਸ਼ਿਪ ਮੌਜੂਦ ਰਹੇਗੀ। ਇਸ ਮੌਕੇ ਉਹਨਾਂ ਨਾਲ ਹਾਜ਼ਰ ਲਖਵਿੰਦਰ ਸਿੰਘ ਲੱਖੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਨੇ ਚੋਣ ਕਮਿਸ਼ਨ ਪੰਜਾਬ ਅਤੇ ਭਾਰਤ ਤੋਂ ਮੰਗ ਕੀਤੀ ਹੈ ਕਿ ਵਿਧਾਨ ਸਭਾ ਹਲਕਾ ਚੱਬੇਵਾਲ ਵਿੱਚ ਸਾਬਕਾ ਵਿਧਾਇਕ ਤੇ ਮੌਜੂਦਾ ਮੈਂਬਰ ਪਾਰਲੀਮੈਂਟ ਪਿਛਲੇ ਕੁਝ ਦਿਨਾਂ ਤੋਂ ਅਸਿੱਧੇ ਤਰੀਕੇ ਨਾਲ ਸਰਕਾਰ ਦੀ ਮਦਦ ਨਾਲ ਵੋਟਾਂ ਦੀ ਖਰੀਦ ਫਰੋਖਤ ਕਰ ਰਹੇ ਹਨ ਉਹਨਾਂ ਕਿਹਾ ਕੱਚੇ ਮਕਾਨਾਂ ਦੀਆਂ ਛੱਤਾਂ ਬਦਲਣ ਦੇ ਫਾਰਮ ਭਰਨ ਦੇ ਨਾਂਅ 'ਤੇ ਹਰ ਪਿੰਡ ਵਿੱਚ ਧਾਂਧਲੀ ਕੀਤੀ ਜਾ ਰਹੀ ਹੈ ਜਿਸ 'ਤੇ ਕਮਿਸ਼ਨ ਨੂੰ ਧਿਆਨ ਦੇਣਾ ਚਾਹੀਦਾ ਹੈ।

ਇਸ ਮੌਕੇ ਉਹਨਾਂ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਦੱਸਿਆ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਕੀਤੇ ਹੋਏ ਵਾਅਦੇ ਪੂਰੇ ਨਾ ਕਰਨ ਅਤੇ ਲੋਕ ਸਭਾ ਚੋਣਾਂ ਵਿੱਚ ਇਸ ਪਾਰਟੀ ਦਾ 13 ਦੀ ਥਾਂ ਤਿੰਨ ਸੀਟਾਂ 'ਤੇ ਆਣਾ ਆਮ ਲੋਕਾਂ ਦੇ ਮਨ ਦੀ ਗੱਲ ਦੱਸ ਚੁੱਕਾ ਹੈ ਉਹਨਾਂ ਦਾ ਦਾਅਵਾ ਕੀਤਾ ਕਿ ਆਉਣ ਵਾਲੀਆਂ ਸਾਰੀਆਂ ਉਪ ਚੋਣਾਂ ਆਮ ਆਦਮੀ ਪਾਰਟੀ ਬੁਰੇ ਤਰੀਕੇ ਹਾਰੇਗੀ ਕਿਉਂਕਿ ਜਿੱਥੋਂ ਜਿੱਥੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਜਿੱਤੇ ਹੋਏ ਵੀ ਹਨ ਉੱਥੇ ਵੀ ਲੋਕਾਂ ਦਾ ਕੋਈ ਕੰਮ ਨਹੀਂ ਹੋ ਰਿਹਾ।

# ਮਾਸਟਰ ਰਾਜ ਹੀਉਂ ਨੂੰ ਸਵੈ ਇੱਛਤ ਸੇਵਾ ਮੁਕਤੀ 'ਤੇ ਸਟਾਫ਼ ਤੇ ਪੰਚਾਇਤ ਵੱਲੋਂ ਵਿਦਾਇਗੀ ਪਾਰਟੀ



**ਬੰਗਾ (ਅਵਤਾਰ ਕਲੇਰ)** ਪੰਜਾਬ ਸਕੂਲ ਸਿੱਖਿਆ ਵਿਭਾਗ ਵਿੱਚ ਲੰਬਾ ਸਮਾਂ ਸੇਵਾਵਾਂ ਦੇਣ ਉਪਰੰਤ ਸਰਕਾਰੀ ਪ੍ਰਾਇਮਰੀ ਸਕੂਲ ਸੱਲ੍ਹ ਕਲਾਂ ਵਿਖੇ ਬਤੌਰ ਈ ਟੀ ਟੀ ਅਧਿਆਪਕ ਮਾ. ਰਾਜ ਕੁਮਾਰ ਹੀਉਂ ਬੀਤੀ 16 ਅਗਸਤ ਨੂੰ ਸਵੈ ਇੱਛਾ ਅਧਾਰਿਤ ਸੇਵਾ ਮੁਕਤ ਹੋ ਗਏ ਸਨ।ਉਹਨਾਂ ਨੂੰ ਸਕੂਲ ਮੈਨੇਜਮੈਂਟ ਕਮੇਟੀ, ਸਮੂਹ ਸਕੂਲ ਸਟਾਫ, ਐਨ ਆਰ ਆਈ ਸੱਜਣਾਂ ਅਤੇ ਪਿੰਡ ਸੱਲ੍ਹ ਕਲਾਂ ਦੀ ਪੰਚਾਇਤ ਵੱਲੋਂ ਸ਼ਾਨਦਾਰ ਵਿਦਾਇਗੀ ਸਮਾਗਮ ਦੇ ਆਯੋਜਨ ਦੌਰਾਨ ਨਿੱਘੀ ਵਿਦਾਇਗੀ ਦਿੱਤੀ ਗਈ।ਮਾ. ਰਾਜ ਹੀਉਂ ਨੂੰ ਵਿਦਾ ਕਰਦੇ ਸਮੇਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਡਰੱਗਜ਼ ਕੰਟਰੋਲ ਇੰਸਪੈਕਟਰ ਡਾ ਮਨਪ੍ਰੀਤ ਬਿੰਝੋਂ ਅਤੇ ਪਿੰਡ ਦੇ ਸਰਪੰਚ ਸੁਖਦੀਪ ਸਿੰਘ ਖਾਲਸਾ ਨੇ ਆਪੋ ਆਪਣੇ ਸੰਬੋਧਨ ਦੌਰਾਨ ਦੱਸਿਆ ਕਿ ਮਾ. ਰਾਜ ਹੀਉਂ ਦੀ ਅਗਵਾਈ ਵਿੱਚ ਤਕਰੀਬਨ ਇਕ ਕਰੋੜ ਰੁਪਏ ਦੀ ਲਾਗਤ ਨਾਲ ਉਸਾਰੀ ਗਈ ਪ੍ਰਾਇਮਰੀ ਸਕੂਲ ਦੀ ਸਮਾਰਟ ਇਮਾਰਤ ਮਾਸਟਰ ਜੀ ਦੀ ਸਦੀਵੀਂ ਯਾਦ ਦਵਾਉਂਦੀ ਰਹੇਗੀ। ਮਾ. ਰਾਜ ਹੀਉਂ 2004 ਤੋਂ ਠੇਕਾ ਅਧਾਰਿਤ ਅਤੇ 2006 ਤੋਂ ਸਿੱਖਿਆ ਵਿਭਾਗ ਵਿੱਚ ਰੈਗੂਲਰ ਸੇਵਾਵਾਂ ਦੇ ਰਹੇ ਹਨ।ਮਾਸਟਰ ਜੀ ਪਿੰਡ ਪੱਲੀਆਂ ਕਲਾਂ, ਭੌਰਾ, ਗੋਬਿੰਦਪੁਰ ਅਤੇ ਪਿੰਡ ਰਾਮਪੁਰ ਵਿਖੇ ਨਿਯੁਕਤ ਰਹੇ ਅਤੇ ਉਨ੍ਹਾਂ ਉਪਰੋਕਤ ਸਾਰੇ ਪਿੰਡਾਂ ਸਰਕਾਰੀ ਸਹਾਇਤਾ ਅਤੇ ਪਿੰਡ ਤੋਂ ਇਕੱਠੇ ਕੀਤੇ ਦਾਨ ਨਾਲ ਸਰਕਾਰੀ ਪ੍ਰਾਇਮਰੀ ਸਕੂਲਾਂ ਦੀਆਂ ਇਮਾਰਤਾਂ ਵਿੱਚ ਅਜਿਹੇ ਸੁਧਾਰ ਕੀਤੇ ਹਨ ਕਿ ਇਹ ਸਕੂਲ ਕਿਸੇ ਪ੍ਰਾਈਵੇਟ ਸਕੂਲ ਹੋਣ ਦਾ ਭੁਲੇਖਾ ਪਾਉਂਦੇ ਹਨ।ਮਾ. ਰਾਜ ਨੂੰ ਸਕੂਲ ਤੋਂ ਵਿਦਾ ਕਰਦੇ ਸਮੇਂ ਉਪਰੋਕਤ ਤੋਂ ਇਲਾਵਾ ਸਰਪੰਚ ਹੀਉਂ ਬਲਵੀਰ ਕੌਰ, ਲੰਬੜਦਾਰ ਸੱਤਿਆ ਝੱਲੀ, ਮਾ ਅਸ਼ੋਕ ਕੁਮਾਰ ਹੀਉਂ, ਡਾ ਸਰਬਜੀਤ ਬਿੰਝੋਂ, ਡਾ ਅਸ਼ੀਸ਼ ਬਿਲਾਸ ਪਾਲ, ਮਾ. ਅਸ਼ੋਕ ਕੁਮਾਰ ਪਠਲਾਵਾ, ਮਾ. ਜੋਗਾ ਰਾਮ, ਡਾ ਹਰੀ ਬਿਲਾਸ, ਜੀਵਨ ਭਾਟੀਆ, ਬੀ ਐੱਮ ਟੀ ਸੁਰਿੰਦਰ ਕੁਮਾਰ ਚੱਕ ਰਾਮੂ, ਪੱਤਰਕਾਰ ਧਰਮਵੀਰ ਪਾਲ, ਸਾਬਕਾ ਸਰਪੰਚ ਤਰਸੇਮ ਲਾਲ ਝੱਲੀ, ਸੋਹਣ ਲਾਲ ਝੱਲੀ, ਪ੍ਰਿੰਸੀਪਲ ਜਸਵੀਰ ਸਿੰਘ ਖਾਨਖਾਨਾ, ਮਾ. ਰਾਜ ਕੁਮਾਰ ਮੇਹਲੀ, ਦਵਿੰਦਰ ਸੱਲ੍ਹਣ, ਮਨੀ ਕੁਮਾਰ ਸੱਲ੍ਹ ਖ਼ੁਰਦ, ਪ੍ਰਿਤਪਾਲ, ਪਰਮਾ ਨੰਦ ਹੀਉਂ, ਚਮਨ ਲਾਲ, ਵਿਵੇਕ ਪਾਲ, ਸੰਜਮ ਰਾਜ, ਮਾਤਾ ਸਿਮਰੋ, ਮੈਡਮ ਸੁਨੀਤਾ ਰਾਣੀ ਬਿੰਝੋਂ, ਹਰਦੀਪ ਕੌਰ, ਸੁਨੀਤਾ ਰਾਣੀ ਹੀਉਂ , ਅਵਤਾਰ ਕੌਰ, ਸਰਲਾ ਦੇਵੀ , ਮੀਨਾ ਰਾਣੀ, ਨਿਸ਼ਾ ਲਾਦੀਆਂ, ਦਵਿੰਦਰ ਕੌਰ, ਕੁਲਵਿੰਦਰ ਕੌਰ, ਗੁਰਦੀਪ ਕੌਰ, ਅੰਜੂ ਰਾਣੀ ਮਜਾਰੀ, ਜਸਵੀਰ ਕੌਰ ਹੱਪੋਵਾਲ, ਸਰਬਜੀਤ ਕੌਰ, ਗੁਰਬਖ਼ਸ਼ ਕੌਰ, ਕੁਲਵਿੰਦਰ ਕੌਰ, ਅਮਰੀਕ ਕੌਰ ਅਤੇ ਇੰਦਰਜੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਕੌਮੀ ਲੋਕ ਅਦਾਲਤ 14 ਨੂੰ ਲਗਾਈ ਜਾਵੇਗੀ : ਸੂਦ



**ਨਵਾਂਸ਼ਹਿਰ (ਮਨੋਜ ਲਾਡੀ,ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਅਤੇ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ. ਏ. ਐਸ. ਨਗਰ ਜੀਆਂ ਦੇ ਪ੍ਰਾਪਤ ਹੁਕਮਾਂ ਤਹਿਤ ਜ਼ਿਲ੍ਹਾ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਸ੍ਰੀਮਤੀ ਪ੍ਰਿਆ ਸੂਦ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ 14 ਸਤੰਬਰ, 2024 ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ।ਜ਼ਿਲ੍ਹਾ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਸ੍ਰੀਮਤੀ ਪ੍ਰਿਆ ਸੂਦ ਨੇ ਦੱਸਿਆ ਕਿ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਨਿਰਦੇਸ਼ਾਂ ਅਨੁਸਾਰ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ , ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲੇ ਵਿੱਚ ਅਦਾਲਤੀ ਤੇ ਪ੍ਰੀ-ਲਿਟੀਗੇਟਿਵ ਪੜਾਅ ਤੇ ਆਏ ਰਾਜੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਨ ਲਈ 14 ਸਤੰਬਰ 2024 ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਬੀ.ਐਸ.ਐਨ.ਐਲ ਦੇ ਕੇਸ, ਬੀਮਾ ਕੰਪਨੀ ਦੇ ਨਾਲ ਸਬੰਧਤ ਕੇਸ, ਵਿੱਤੀ ਫਾਇਨਾਸ ਦੇ ਕੇਸ, ਬੈਂਕਾਂ ਲੋਨ ਨਾਲ ਸਬੰਧਤ ਕੇਸ, ਪਾਣੀ ਦੇ ਬਿੱਲ, ਕ੍ਰਿਮੀਨਲ ਕਪਾਊਂਡੇਬਲ ਕੇਸ, ਚੈੱਕ ਬਾਉਂਸ ਨਾਲ ਸਬੰਧਿਤ ਕੇਸ, ਮੋਟਰ ਐਕਸੀਡੈਂਟ ਕਲੇਮ ਕੇਸ, ਟ੍ਰਿਬਿਊਨਲ ਨਾਲ ਸਬੰਧਿਤ ਕੇਸ, ਵਿਵਾਹਿਤ ਝਗੜੇ, ਟ੍ਰੈਫਿਕ ਚਲਾਨ, ਲੇਬਰ ਝਗੜੇ, ਬਿਜਲੀ ਦੇ ਕੇਸ ਅਤੇ ਹੋਰ ਰਾਜੀਨਾਮਾ ਯੋਗ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਉਨਾਂ ਕਿਹਾ ਕਿ ਕੌਮੀ ਲੋਕ ਅਦਾਲਤ ਵਿੱਚ ਕੇਸ ਲਗਾਉਣ ਲਈ ਜੇਕਰ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਅਤੇ ਦਫਤਰ ਦੇ ਨੰਬਰ 01823223511 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਦਿਸ਼ਾ ਟਰੱਸਟ ਮੰਚ ਨੇ ਤੀਆਂ ਦਾ ਤਿਉਹਾਰ ਮਨਾਇਆ




**ਮੋਹਾਲੀ (ਕ੍ਰਿਸ਼ਨ ਗਰਗ)** ਔਰਤਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਫਰੰਟ 'ਤੇ ਲੜਨ ਵਾਲੇ ਦਿਸ਼ਾ ਵੂਮੈਨ ਵੈੱਲਫੇਅਰ ਟਰੱਸਟ ਨੇ ਔਰਤਾਂ ਦੇ ਅੰਦਰ ਛੁਪੀ ਪ੍ਰਤਿਭਾ ਨੂੰ ਨਿਖਾਰਨ ਅਤੇ ਔਰਤਾਂ ਨੂੰ ਤਣਾਅ ਮੁਕਤ ਜੀਵਨ ਜਿਊਣ ਲਈ ਪ੍ਰੇਰਿਤ ਕਰਨ ਲਈ 'ਤੀਆਂ ਤੀਜ ਦੀਆਂ' ਪ੍ਰੋਗਰਾਮ ਦਾ ਆਯੋਜਨ ਕੀਤਾ। ਜਿਸ ਵਿੱਚ ਟ੍ਰਾਈਸਿਟੀ ਦੀਆਂ 100 ਤੋਂ ਵੱਧ ਮਹਿਲਾ ਉੱਦਮੀਆਂ, ਘਰੇਲੂ ਔਰਤਾਂ ਅਤੇ ਕੰਮਕਾਜੀ ਔਰਤਾਂ ਨੇ ਭਾਗ ਲਿਆ।ਕਦੇ ਔਰਤ ਮਾਂ, ਕਦੇ ਪਤਨੀ, ਕਦੇ ਭੈਣ ਜਾਂ ਧੀ ਦੀ ਭੂਮਿਕਾ ਵਿਚ ਹੁੰਦੀ ਹੈ ਪਰ ਤੀਜ ਦੇ ਮੌਕੇ 'ਤੇ ਕਰਵਾਏ ਗਏ ਇਸ ਪ੍ਰੋਗਰਾਮ ਦੌਰਾਨ ਔਰਤਾਂ ਨੇ ਆਪਣੇ ਨਿੱਤਨੇਮ ਤੋਂ ਦੂਰ ਹੋ ਕੇ ਆਪਣੇ ਲਈ ਕੁਝ ਪਲ ਕੱਢੇ। ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦੇ ਹੋਏ ਟਰੱਸਟ ਦੀ ਕੌਮੀ ਪ੍ਰਧਾਨ ਹਰਦੀਪ ਕੌਰ ਨੇ ਕਿਹਾ ਕਿ ਹਰ ਔਰਤ ਦੇ ਅੰਦਰ ਕੋਈ ਨਾ ਕੋਈ ਪ੍ਰਤਿਭਾ ਛੁਪੀ ਹੁੰਦੀ ਹੈ। ਕੁਝ ਔਰਤਾਂ ਵਧੀਆ ਖਾਣਾ ਬਣਾਉਂਦੀਆਂ ਹਨ ਅਤੇ ਕੁਝ ਚੰਗੀਆਂ ਉੱਦਮੀ ਹਨ। ਕੁਝ ਔਰਤਾਂ ਚੰਗੀਆਂ ਲੇਖਕ ਹਨ ਅਤੇ ਕੁਝ ਔਰਤਾਂ ਬਿਹਤਰ ਟੀਮ ਲੀਡਰ ਸਾਬਤ ਹੁੰਦੀਆਂ ਹਨ।ਦਿਸ਼ਾ ਵੂਮੈਨ ਵੈੱਲਫੇਅਰ ਟਰੱਸਟ ਨੇ ਅਜਿਹੇ ਪ੍ਰਤਿਭਾਵਾਂ ਨੂੰ ਇੱਕ ਪਲੇਟਫਾਰਮ ਪ੍ਰਦਾਨ ਕਰਦੇ ਹੋਏ 'ਤੀਆਂ ਜੀਤ ਦੀਆਂ' ਪ੍ਰੋਗਰਾਮ ਦਾ ਆਯੋਜਨ ਕੀਤਾ।ਐਡਵੋਕੇਟ ਰੁਪਿੰਦਰਪਾਲ ਕੌਰ ਦੇ ਪ੍ਰਬੰਧਾਂ ਹੇਠ ਕਰਵਾਏ ਇਸ ਪ੍ਰੋਗਰਾਮ ਵਿੱਚ ਲੋਕ ਗਾਇਕਾ ਆਰ ਦੀਪ ਰਮਨ ਅਤੇ ਗੁਰਮੀਤ ਕੁਲਾਰ ਨੇ ਪੰਜਾਬੀ ਸੱਭਿਆਚਾਰ ਨਾਲ ਰੰਗੇ ਗੀਤ ਪੇਸ਼ ਕੀਤੇ।ਤੀਆਂ ਦੀ ਰਾਣੀ ਦਾ ਖਿਤਾਬ ਆਦਰਸ਼ ਕੌਰ ਨੂੰ, ਗਿੱਧੇ ਦੀ ਰਾਣੀ ਦਾ ਖਿਤਾਬ ਸਿਮਰਨ ਗਿੱਲ ਨੂੰ, ਸੁਨੱਖੀ ਪੰਜਾਬਣ ਦਾ ਖਿਤਾਬ ਸਤਿੰਦਰ ਕੌਰ ਨੂੰ, ਸੁਚੱਜੀ ਪੰਜਾਬਣ ਦਾ ਖਿਤਾਬ ਨਰਿੰਦਰ ਕੌਰ ਨੂੰ ਦਿੱਤਾ ਗਿਆ।ਪ੍ਰੋਗਰਾਮ ਵਿੱਚ ਸਮਾਜ ਸੇਵੀ ਜਗਜੀਤ ਕੌਰ ਕਾਹਲੋਂ, ਨਰਸਿੰਗ ਸੁਪਰਡੈਂਟ ਕੁਲਦੀਪ ਕੌਰ ਅਤੇ ਗਾਇਕਾ ਗੁਰਮੀਤ ਕੁਲਾਰ ਨੇ ਜੱਜਾਂ ਦੀ ਭੂਮਿਕਾ ਨਿਭਾਈ। ਪ੍ਰੋਗਰਾਮ ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਔਰਤਾਂ ਨੂੰ ਦਿਸ਼ਾ ਵੂਮੈਨ ਵੈੱਲਫੇਅਰ ਟਰੱਸਟ ਵੱਲੋ ਸਨਮਾਨਿਤ ਕੀਤਾ ਗਿਆ।

# ਮੁੱਖ ਮੰਤਰੀ ਪੰਜਾਬ ਵੱਲੋਂ ਵਾਰ-ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਮੁਲਤਵੀ ਕਰਨ ਦੇ ਵਿਰੋਧ 'ਚ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)** ਇੱਥੇ ਪੰਜਾਬ-ਯੂ ਟੀ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ 'ਤੇ ਸਥਾਨਕ ਮੁਲਾਜ਼ਮਾਂ ਨੇ ਮੀਟਿੰਗ ਦੀਆਂ ਕਾਪੀਆਂ ਫੂਕ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜੀ ਕੀਤੀ। ਇਸ ਮੌਕੇ ਬੋਲਦਿਆਂ ਪਸਸਫ਼ ਆਗੂ ਰਾਜੀਵ ਸ਼ਰਮਾ, ਜੀ ਟੀ ਯੂ ਬਲਾਕ ਤਲਵਾੜਾ ਪ੍ਰਧਾਨ ਨਰੇਸ਼ ਮਿੱਡਾ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੋਂ ਵਰਿੰਦਰ ਵਿੱਕੀ ਅਤੇ ਸੱਤ ਪ੍ਰਕਾਸ਼ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਲਗਾਤਾਰ ਸੱਤਵੀਂ ਵਾਰ ਮੀਟਿੰਗ ਦਾ ਸਮਾਂ ਦੇ ਕੇ ਮੁਨਕਰ ਹੋ ਗਏ ਹਨ। ਸਰਕਾਰ ਦੇ ਲਾਅਰਿਆਂ ਤੋਂ ਦੁਖੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਚ ਰੋਸ ਪਾਇਆ ਜਾ ਰਿਹਾ ਹੈ। ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਪਹਿਲ ਦੇ ਆਧਾਰ 'ਤੇ ਮਸਲੇ ਹੱਲ ਕਰਨ ਦੇ ਵਾਅਦੇ ਅਤੇ ਦਾਅਵੇ ਨਾਲ ਸੱਤਾ 'ਚ ਆਈ 'ਆਪ' ਸਰਕਾਰ ਪਿਛਲੇ ਢਾਈ ਸਾਲਾਂ ਤੋਂ ਮੁਲਾਜ਼ਮਾਂ ਪੈਨਸ਼ਨਰ ਮੰਗਾਂ 'ਤੇ ਸਾਂਝੇ ਫਰੰਟ ਨਾਲ ਮੀਟਿੰਗਾਂ ਕਰਨ ਤੋਂ ਭੱਜ ਰਹੀ ਹੈ।ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਪਿਛਲੇ ਦਿਨੀਂ ਪੰਜਾਬ ਯੂ ਟੀ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਨੂੰ ਅੱਜ ਮੀਟਿੰਗ ਦਾ ਸੱਦਾ ਦਿੱਤਾ ਸੀ, ਪਰ ਮੀਟਿੰਗ ਤੋਂ ਐਨ ਪਹਿਲਾਂ ਮੁੱਖ ਮੰਤਰੀ ਦਫ਼ਤਰ ਨੇ ਲਗਾਤਾਰ ਸਤਵੀਂ ਵਾਰ ਮੀਟਿੰਗ ਮੁਲਤਵੀ ਕਰ ਦਿੱਤੀ ਹੈ।ਸਰਕਾਰ ਦੇ ਲਾਅਰਿਆਂ ਤੋਂ ਅੱਕੇ ਸਾਂਝੇ ਫਰੰਟ ਨੇ ਪੰਜਾਬ ਭਰ 'ਚ ਮੀਟਿੰਗ ਦੀਆਂ ਕਾਪੀਆਂ ਫੂਕ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਸੀ। ਇਸ ਮੌਕੇ ਸਥਾਨਕ ਸਬਜ਼ੀ ਮੰਡੀ ਚੌਂਕ 'ਤੇ ਮੁਲਾਜ਼ਮਾਂ ਨੇ ਕਾਪੀਆਂ ਫੂਕ ਸਰਕਾਰ ਖ਼ਿਲਾਫ਼ ਨਾਅਰੇਬਾਜੀ ਕੀਤੀ।ਹੋਰਨਾਂ ਤੋਂ ਇਲਾਵਾ ਸਤਪਾਲ ਸਿੰਘ, ਜਗਦੀਸ਼ ਸਿੰਘ, ਮੇਜ਼ਰ ਸਿੰਘ, ਚਮਨ ਲਾਲ ਕਮਾਹੀ ਦੇਵੀ, ਅਪੂਰਬ ਸ਼ਰਮਾ ਆਦਿ ਹਾਜ਼ਰ ਸਨ।

# ਤਿੰਨ ਨੌਜਵਾਨ 15 ਚੋਰੀ ਦੇ ਮੋਟਰ ਸਾਈਕਲਾਂ ਸਮੇਤ ਕਾਬੂ



**ਬਲਾਚੌਰ (ਜਸਵਿੰਦਰ ਬੈਂਸ)** ਥਾਣਾ ਸਦਰ ਬਲਾਚੌਰ ਦੀ ਪੁਲਸ ਨੂੰ ਉਸ ਵੇਲੇ ਵੱਡੀ ਸਫਲਤਾ ਹਾਸਲ ਹੋਈ ਜਦ ਉਨ੍ਹਾਂ ਵਲੋਂ ਤਿੰਨ ਨੌਜਵਾਨਾ ਨੂੰ ਵੱਖ ਵੱਖ ਸਥਾਨਾ ਤੋਂ ਚੋਰੀ ਕੀਤੇ 15 ਮੋਟਰ ਸਾਇਕਲਾਂ ਸਮੇਤ ਕਾਬੂ ਕੀਤਾ ਗਿਆ।ਪੱਤਰਕਾਰਾ ਨੂੰ ਜਾਣਕਾਰੀ ਦਿੰਦੇ ਹੋਏ ਮੁਕੇਸ਼ ਕੁਮਾਰ ਐਸ ਪੀ (ਡੀ ) ਦੱਸਿਆ ਕਿ ਡਾ. ਮਹਿਤਾਬ ਸਿੰਘ ਐਸ ਐਸ ਪੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਭੈੜੇ ਅਨਸਰਾ ਨੂੰ ਕਾਬੂ ਕੀਤੇ ਜਾਣ ਦੇ ਜਾਰੀ ਕੀਤੇ ਗਏ ਦਿਸ਼ਾ ਨਿਰਦੇਸ਼ਾ ਹੇਠ ਡੀ ਐਸ ਪੀ ਬਲਾਚੌਰ ਸ਼ਾਮ ਸੁੰਦਰ ਸ਼ਰਮਾਂ ਦੀ ਜੇਰੇ ਨਿਗਰਾਨੀ ਥਾਣਾ ਸਦਰ ਬਲਾਚੌਰ ਦੇ ਮੁੱਖ ਅਫਸਰ ਰਾਜ ਪਰਵਿੰਦਰ ਕੌਰ ਦੀ ਅਗਵਾਈ ਹੇਠ ਏ ਐਸ ਆਈ ਅਮਰਜੀਤ ਕੌਰ ਸਮੇਤ ਪੁਲਸ ਪਾਰਟੀ ਸ਼ੱਕੀ ਵਹੀਕਲਾ ਅਤੇ ਪੁਰਸ਼ਾ ਦੀ ਚੈਕਿੰਗ ਵਿੱਚ ਸਨ ਤਾਂ ਉਨ੍ਹਾਂ ਨੂੰ ਮੁਖਬਰ ਖਾਸ ਰਾਹੀਂ ਇਤਲਾਹ ਮਿਲੀ ਕਿ ਇੱਕ ਨੌਜਵਾਨ ਇਲਾਕੇ ਅੰਦਰੋਂ ਵੱਖ ਵੱਖ ਸਥਾਨਾ ਤੋਂ ਮੋਟਰ ਸਾਇਕਲ ਚੋਰੀ ਕਰਕੇ ਵੇਚਦਾ ਆ ਰਿਹਾ ਹਾ ਅਤੇ ਅੱਜ ਵੀ ਉਹ ਇਸੀ ਏਰੀਏ ਵਿੱਚ ਨੂਰਪੁਰ ਤੋਂ ਬਲਾਚੌਰ ਸਾਇਡ ਆ ਰਿਹਾ ਹੈ।ਪੁਲਸ ਪਾਰਟੀ ਨੇ ਤੁਰੰਤ ਬੱਸ ਅੱਡਾ ਭੱਦੀ ਨਜ਼ਦੀਕ ਨਾਕਾਬੰਦੀ ਕਰਕੇ ਆਉਣ ਜਾਣ ਵਾਲੇ ਵਹੀਕਲਾ ਦੀ ਪੜਤਾਲ ਕਰਨੀ ਸ਼ੁਰੂ ਕਰ ਦਿੱਤੀ ਤਦ ਇੱਕ ਨੌਜਵਾਨ ਜਿਹੜਾ ਕਿ ਮੋਟਰ ਸਾਇਕਲ ਨੰਬਰ ਸੀ ਐਚ 01-ਏਵਾਈ-3995 ਆ ਰਿਹਾ ਸੀ ਨੂੰ ਕਾਬੂ ਕੀਤਾ ਜਿਸ ਵਲੋਂ ਆਪਣਾ ਨਾਂਅ ਰਾਜਵੀਰ ਸਿੰਘ ਪਿੰਡ ਮਹਿਮੂਦਪੁਰ ਦੱਸਿਆ ਅਤੇ ਜਦ ਪੁਲਸ ਵਲੋਂ ਮੋਟਰ ਸਾਇਕਲ ਦੀ ਪੜਤਾਲ ਕੀਤੀ ਤਾਂ ਮੋਟਰ ਸਾਇਕਲ ਚੋਰੀ ਦਾ ਪਾਇਆ ਗਿਆ।ਇਸ ਉਪਰੰਤ ਪੁਲਸ ਵਲੋਂ ਗ੍ਰਿਫਤਾਰ ਕੀਤੇ ਗਏ ਨੌਜਵਾਨ ਪਾਸੋਂ ਚਾਰ ਹੋਰ ਚੋਰੀ ਹੋਏ ਮੋਟਰ ਸਾਇਕਲ ਬਰਾਮਦ ਕੀਤੇ ਜਿਸ ਦੀ ਨਿਸ਼ਾਨਦੇਹੀ ਤੇ ਪੁਲਸ ਨੂੰ ਕੜੀ ਨੂੰ ਅੱਗੇ ਜੋੜਦਿਆ ਰਾਜਵੀਰ ਸਿੰਘ ਦੇ ਫਰਦ ਇੰਕਸ਼ਾਫ ਤੇ ਲਵ ਕੁਮਾਰ ਵਾਸੀ ਜਾਡਲਾ ਪਾਸੋਂ 03 ਅਤੇ ਗੁਰਮੀਤ ਸਿੰਘ ਉਰਫ ਗੌਰਵ ਵਾਸੀ ਬਲਾਚੌਰ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 04 ਚੋਰੀ ਸ਼ੁਦਾ ਮੋਟਰ ਸਾਇਕਲ ਬਰਾਮਦ ਕੀਤੇ।ਉਨ੍ਹਾਂ ਦੱਸਿਆ ਕਿ ਫੜੇ ਗਏ ਕਥਿਤ ਦੋਸ਼ੀਆ ਪਾਸੋਂ ਕੁੱਲ 15 ਚੋਰੀ ਦੇ ਮੋਟਰ ਸਾਇਕਲ ਬਰਾਮਦ ਕਰਨ ਵਿੱਚ ਪੁਲਸ ਸਫਲ ਹੋਈ ਹੈ।

# ਅਮਨ ਅਰੋੜਾ ਨੇ ਖੰਨਾ 'ਚ ਹੋਈ ਚੋਰੀ ਦੇ ਮਾਮਲੇ ਨੂੰ ਤੇਜ਼ੀ ਨਾਲ ਸੁਲਝਾਉਣ ਲਈ ਪੁਲਸ ਦੀ ਕੀਤੀ ਸ਼ਲਾਘਾ



**ਚੰਡੀਗੜ੍ਹ (ਗੁਰਜੀਤ ਬਿੱਲਾ)** ਆਮ ਆਦਮੀ ਪਾਰਟੀ (ਆਪ) ਨੇ ਖੰਨਾ ਦੇ ਮੰਦਿਰ ਵਿੱਚ ਹੋਈ ਚੋਰੀ ਦੇ ਮਾਮਲੇ ਨੂੰ ਜਲਦੀ ਹੱਲ ਕਰਨ ਲਈ ਪੰਜਾਬ ਪੁਲਸ ਦੀ ਸ਼ਲਾਘਾ ਕੀਤੀ ਅਤੇ ਪੁਲਸ ਵਿਭਾਗ ਦੀ ਪ੍ਰਭਾਵਸ਼ਾਲੀ ਅਗਵਾਈ ਕਰਨ ਲਈ ਮੁੱਖ ਮੰਤਰੀ ਮਾਨ ਦਾ ਧੰਨਵਾਦ ਕੀਤਾ।ਪਾਰਟੀ ਦਫ਼ਤਰ ਵਿਖੇ ਹੋਈ ਇੱਕ ਪ੍ਰੈਸ ਕਾਨਫ਼ਰੰਸ ਵਿੱਚ ਮੰਤਰੀ ਅਮਨ ਅਰੋੜਾ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪਿਛਲੇ ਬੁੱਧਵਾਰ ਖੰਨਾ ਦੇ ਸ਼ਿਵਪੁਰੀ ਮੰਦਰ ਵਿੱਚ ਚੋਰੀ ਦੀ ਘਟਨਾ ਵਾਪਰੀ ਸੀ, ਜਿੱਥੇ ਪਵਿੱਤਰ ਮੂਰਤੀਆਂ ਦੀ ਵੀ ਬੇਅਦਬੀ ਕੀਤੀ ਗਈ ਸੀ।ਇਸ ਘਟਨਾ ਨੇ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਇਸ ਤੋਂ ਪਹਿਲਾਂ ਵੀ ਅਜਿਹੀਆਂ ਘਟਨਾਵਾਂ ਅਕਸਰ ਪੰਜਾਬ ਦੀ ਸ਼ਾਂਤੀ ਨੂੰ ਭੰਗ ਕਰਦੀਆਂ ਰਹੀਆਂ ਹਨ ਕਿਉਂਕਿ ਇਨ੍ਹਾਂ ਨੂੰ ਹੱਲ ਕਰਨ ਵਿੱਚ ਪਿਛਲੀਆਂ ਸਰਕਾਰਾਂ ਅਸਫਲ ਰਹੀ ਹਨ।ਪਰੰਤੂ ਮੁੱਖ ਮੰਤਰੀ ਭਗਵੰਤ ਮਾਨ ਦੀ ਕਾਰਜਕੁਸ਼ਲਤਾ ਸਦਕਾ ਪੁਲਸ ਨੇ ਖੰਨਾ ਦੇ ਮੰਦਰ ਵਿੱਚ ਚੋਰੀ ਦੇ ਮਾਮਲੇ ਨੂੰ ਸਿਰਫ਼ ਇੱਕ ਹਫ਼ਤੇ ਵਿੱਚ ਸੁਲਝ ਗਿਆ। (ਪ੍ਰੈਸ ਕਾਨਫਰੰਸ ਵਿੱਚ ਅਮਨ ਅਰੋੜਾ ਦੇ ਨਾਲ ਆਪ ਆਗੂ ਨੀਲ ਗਰਗ ਅਤੇ ਦੀਪਕ ਬਾਲੀ ਵੀ ਮੌਜੂਦ ਸਨ)

ਅਰੋੜਾ ਨੇ ਅੱਗੇ ਦੱਸਿਆ ਕਿ 15 ਅਗਸਤ ਨੂੰ ਸਵੇਰੇ 4:00 ਵਜੇ ਦੇ ਕਰੀਬ ਇਹ ਘਟਨਾ ਵਾਪਰੀ ਅਤੇ ਸੱਤ ਦਿਨਾਂ ਦੇ ਅੰਦਰ-ਅੰਦਰ ਵੱਖ-ਵੱਖ ਰਾਜਾਂ ਤੋਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਇਹ ਵੀ ਪਤਾ ਲੱਗਾ ਕਿ ਉਹ ਇੱਕ ਅੰਤਰਰਾਜੀ ਗਰੋਹ ਦਾ ਹਿੱਸਾ ਸਨ ਜੋ 2009 ਤੋਂ ਕੰਮ ਕਰ ਰਿਹਾ ਸੀ।ਉਹ ਮੰਦਰਾਂ ਅਤੇ ਹੋਰ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਉਂਦੇ ਸਨ, ਕੀਮਤੀ ਸਮਾਨ ਚੋਰੀ ਕਰਦੇ ਸਨ ਅਤੇ ਫਿਰ ਲਖਨਊ ਵਿੱਚ ਵੇਚਦੇ ਸਨ। ਉਨ੍ਹਾਂ ਇਸ ਕੇਸ ਨੂੰ ਹੱਲ ਕਰਨ ਲਈ ਪੰਜਾਬ ਪੁਲਸ ਨੂੰ ਵੀ ਵਧਾਈ ਦਿੱਤੀ।ਅਰੋੜਾ ਨੇ ਦੱਸਿਆ ਕਿ ਮੁੱਖ ਦੋਸ਼ੀ ਤੇ ਕਰੀਬ ਇੱਕ ਦਰਜਨ ਤੋਂ ਜਿਆਦਾ ਮਾਮਲੇ ਦਰਜ ਹਨ। ਉਹ ਦੱਖਣ ਦੇ ਦੋ ਮੰਦਰਾਂ 'ਚ ਚੋਰੀਆਂ ਕਰਨ ਦੀ ਯੋਜਨਾ ਬਣਾ ਰਹੇ ਸਨ,ਪਰ ਇਨ੍ਹਾਂ ਗ੍ਰਿਫ਼ਤਾਰੀਆਂ ਤੋਂ ਬਾਅਦ ਇਹ ਯੋਜਨਾ ਸਫਲ ਨਹੀਂ ਹੋ ਸਕੀ।ਅਰੋੜਾ ਨੇ ਕਿਹਾ ਕਿ ਬਾਕੀ ਰਹਿੰਦੇ ਇੱਕ ਦੋਸ਼ੀ ਨੂੰ ਵੀ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਨਨਕਾਣਾ ਸਾਹਿਬ ਖਾਲਸਾ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)** ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਦਾ ਆਗਾਜ਼ ਸ਼ਬਦ ਗਾਇਨ ਰਾਹੀਂ ਕੀਤਾ ਗਿਆ।ਗਿੱਧਾ, ਭੰਗੜਾ, ਕੋਰੀਓਗ੍ਰਾਫੀ, ਗੀਤ, ਲੋਕ ਗੀਤ ਆਦਿ ਸਮਾਗਮ ਦਾ ਮੁੱਖ ਆਕਰਸ਼ਣ ਰਹੇ।ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਸਟਾਫ਼ ਮੈਂਬਰਾਂ, ਵਿਦਿਆਰਥੀਆਂ ਅਤੇ ਪਹੁੰਚੇ ਮਹਿਮਾਨਾਂ ਨੂੰ ਤੀਆਂ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਸਮਾਗਮ ਵਿਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਵੱਲੋਂ ਦਿਖਾਈ ਪ੍ਰਤਿਭਾ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਇੰਜੀਨੀਅਰ ਹਰਨਿਆਮਤ ਕੌਰ, ਇੰਜੀਨੀਅਰ ਨਿਮਰਤਾ ਕੌਰ, ਹਰਜਿੰਦਰ ਸਿੰਘ ਮੋਮੀ, ਰਣਜੀਤ ਸਿੰਘ, ਪਰਵੀਨ ਕੁਮਾਰੀ, ਨੀਨਾ ਕੁਮਾਰੀ, ਸੰਦੀਪ ਕੌਰ, ਅਮਨਪ੍ਰੀਤ ਕੌਰ, ਕੰਵਲਜੀਤ ਕੌਰ, ਮਨਪ੍ਰੀਤ ਕੌਰ, ਸੁਮਨ ਕੌਰ, ਮਨਦੀਪ ਕੌਰ, ਸਮਰਜੀਤ ਕੌਰ, ਕਮਲਦੀਪ ਕੌਰ, ਮੋਨਿਕਾ, ਹਰਪ੍ਰੀਤ ਸਿੰਘ, ਸੀਮਾ, ਅਨੂੰ, ਕਾਜਲ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਦਿਹਾਤੀ ਮਜ਼ਦੂਰ ਸਭਾ ਦੀ ਦੋਦਾ ਵਜੀਦ ਤੇ ਬੂਹ ਇਕਾਈ ਦੀ ਚੋਣ ਸਰਬ ਸੰਮਤੀ ਨਾਲ ਹੋਈ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਦਿਹਾਤੀ ਮਜ਼ਦੂਰ ਸਭਾ ਇੱਕ ਅਹਿਮ ਮੀਟਿੰਗ ਦੋਧਾ ਵਜੀਦ ਵਿਖੇ ਹੋਈ। ਜਿਸ ਵਿੱਚ ਵੱਡੀ ਗਿਣਤੀ ਵਿੱਚ ਖੇਤ ਮਜ਼ਦੂਰਾਂ ਨੇ ਭਾਗ ਲਿਆ।ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਹਰਬੰਸ ਮੱਟੂ ਤਲਵੰਡੀ ਮਾਧੋ ਨੇ ਮਜ਼ਦੂਰਾਂ ਦੀਆਂ ਮੰਗਾਂ ਤੇ ਰੌਸ਼ਨੀ ਪਾਈ। ਇਸ ਦੇ ਨਾਲ ਹੀ ਇਸ ਦੌਰਾਨ ਸਰਬ ਸੰਮਤੀ ਨਾਲ ਦਿਹਾਤੀ ਮਜ਼ਦੂਰ ਸਭਾ ਦੀ ਚੋਣ ਕੀਤੀ ਗਈ ਜਿਸ ਵਿੱਚ ਸਰਵਣ ਸਿੰਘ ਨੂੰ ਪ੍ਰਧਾਨ, ਕੁਲਵਿੰਦਰ ਕੌਰ ਨੂੰ ਮੀਤ ਪ੍ਰਧਾਨ, ਸਰਬਜੀਤ ਕੌਰ ਨੂੰ ਸਕੱਤਰ, ਲਖਵਿੰਦਰ ਕੌਰ ਨੂੰ ਸਟੇਜ ਸਕੱਤਰ ਤੇ ਰਾਣੀ ਕੌਰ ਨੂੰ ਖਜਾਨਚੀ ਦੇ ਤੌਰ 'ਤੇ ਚੁਣਿਆ ਗਿਆ। ਇਸ ਦੇ ਨਾਲ ਹੀ ਮਨਜੀਤ ਕੌਰ ਸੱਤਿਆ ਸੁਖਵਿੰਦਰ ਕੌਰ ਪਰਮਜੀਤ ਕੌਰ ਨੂੰ ਮੈਂਬਰ ਦੇ ਤੌਰ 'ਤੇ ਚੁਣਿਆ ਗਿਆ।ਇਸੇ ਪ੍ਰਕਾਰ ਹੀ ਪਿੰਡ ਬੂਹ ਵਿਖੇ ਵੀ ਇੱਕ ਭਰਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਓਮ ਪ੍ਰਕਾਸ਼, ਹਰਮੇਲ ਸਿੰਘ ਸੇਚਾਂ, ਸੁਖਵਿੰਦਰ ਕੌਰ ਦੋਧਾ ਵਜੀਰ ਨੇ ਸੰਬੋਧਨ ਕੀਤਾ।ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਹਰਬੰਸ ਮੱਟੂ ਨੇ ਸਾਰਿਆਂ ਦੀ ਸਹਿਮਤੀ ਦੇ ਨਾਲ ਪਿੰਡ ਬੂਹ ਦੀ ਦਿਹਾਤੀ ਮਜ਼ਦੂਰ ਸਭਾ ਦੀ ਕਾਰਜਕਾਰਨੀ ਦਾ ਐਲਾਨ ਕਰਦੇ ਹੋਏ ਲਖਵਿੰਦਰ ਕੌਰ ਨੂੰ ਪ੍ਰਧਾਨ, ਅਮਨਦੀਪ ਕੌਰ ਨੂੰ ਮੀਤ ਪ੍ਰਧਾਨ, ਹਰਜਿੰਦਰ ਕੌਰ ਨੂੰ ਸਕੱਤਰ, ਮੀਨਾ ਨੂੰ ਸਹਾਇਕ ਸਕੱਤਰ, ਖਜਾਨਚੀ ਦੇ ਤੌਰ 'ਤੇ ਕੁਲਜੀਤ ਕੌਰ ਨੂੰ ਚੁਣਿਆ।ਇਸ ਦੇ ਨਾਲ ਹੀ ਜੋਗਾ ਸਿੰਘ, ਰਾਣੀ ਕੌਰ, ਜਤਿੰਦਰ ਸਿੰਘ, ਸੋਨੀ, ਬੀਰਾ ਸਿੰਘ ,ਪਰਮਜੀਤ ਸਿੰਘ ਨੂੰ ਮੈਂਬਰ ਦੇ ਤੌਰ ਤੇ ਚੁਣਿਆ ਗਿਆ।

24-AUG-PAGE-9.qxd 8/23/2024 10:35 PM Page 1



# ਲੋਕਾਂ ਲਈ ਲਾਹੇਵੰਦ ਸਾਬਤ ਹੋ ਰਹੇ ਨੇ 'ਆਪ ਦੀ ਸਰਕਾਰ, ਆਪ ਦੇ ਦੁਆਰ' ਤਹਿਤ ਲਾਏ ਜਾ ਰਹੇ ਕੈਂਪ : ਰਮਨ ਅਰੋੜਾ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸਰਕਾਰੀ ਸੇਵਾਵਾਂ ਉਨ੍ਹਾਂ ਦੇ ਘਰਾਂ ਨੇੜੇ ਦੇਣ ਦੇ ਮਕਸਦ ਨਾਲ ਸ਼ੁਰੂ ਕੀਤੇ 'ਆਪ ਦੀ ਸਰਕਾਰ, ਆਪ ਦੇ ਦੁਆਰ' ਉਪਰਾਲੇ ਤਹਿਤ ਇਥੇ ਏਕਤਾ ਨਗਰ ਚੁਗਿੱਟੀ ਵਿਖੇ ਕੈਂਪ ਲਾਇਆ ਗਿਆ, ਜਿਸ ਵਿੱਚ ਜਲੰਧਰ ਕੇਂਦਰੀ ਤੋਂ ਵਿਧਾਇਕ ਰਮਨ ਅਰੋੜਾ ਅਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਲੋਕਾਂ ਦੇ ਮਸਲੇ ਸੁਣ ਕੇ ਉਨ੍ਹਾਂ ਦੇ ਯੋਗ ਹੱਲ ਲਈ ਅਧਿਕਾਰੀਆਂ ਨੂੰ ਮੌਕੇ 'ਤੇ ਦਿਸ਼ਾ-ਨਿਰਦੇਸ਼ ਦਿੱਤੇ ਗਏ।ਵਿਧਾਇਕ ਰਮਨ ਅਰੋੜਾ ਨੇ ਕੈਂਪ ਦੌਰਾਨ ਬਿਨੈਕਾਰਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਨਾਗਰਿਕ ਸੇਵਾਵਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪਹਿਲਕਦਮੀ ਤਹਿਤ ਲਾਏ ਜਾ ਰਹੇ ਇਹ ਕੈਂਪ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਨੂੰ ਇਕੋ ਛੱਤ ਹੇਠ ਵੱਖ-ਵੱਖ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਵਿੱਚ ਬੇਹੱਦ ਲਾਹੇਵੰਦ ਸਾਬਤ ਹੋ ਰਹੇ ਹਨ।



ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹਿੰਦੇ ਹਨ ਤਾਂ ਜੋ ਲੋਕਾਂ ਦੇ ਮਸਲਿਆਂ ਬਾਬਤ ਮੌਕੇ 'ਤੇ ਹੀ ਫੈਸਲੇ ਲੈ ਕੇ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਸਕੇ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਇਸ ਪਹਿਲ ਸਦਕਾ ਲੋਕਾਂ ਦੇ ਸਮੇਂ ਅਤੇ ਪੈਸੇ ਦੀ ਬੱਚਤ ਹੋਣ ਦੇ ਨਾਲ-ਨਾਲ ਪ੍ਰੇਸ਼ਾਨੀ ਵੀ ਘਟੀ ਹੈ।ਵਿਧਾਇਕ ਨੇ ਲੋਕਾਂ ਨੂੰ ਆਪਣੇ ਰੋਜ਼ਾਨਾ ਦੇ ਪ੍ਰਸ਼ਾਸਨਿਕ ਕੰਮਾਂ ਲਈ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਦਾ ਸੱਦਾ ਦਿੱਤਾ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ 'ਆਪ ਦੀ ਸਰਕਾਰ, ਆਪ ਦੇ ਦੁਆਰ' ਤਹਿਤ ਜ਼ਿਲ੍ਹੇ ਦੀਆਂ ਵੱਖ-ਵੱਖ ਥਾਵਾਂ 'ਤੇ ਕੈਂਪ ਲਾ ਕੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਦਿੱਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਅੱਜ ਦੇ ਕੈਂਪ ਵਿੱਚ ਮਾਲ ਵਿਭਾਗ, ਨਗਰ ਨਿਗਮ ਜਲੰਧਰ, ਕਿਰਤ, ਬਾਲ ਵਿਕਾਸ ਪ੍ਰਾਜੈਕਟ ਅਫ਼ਸਰ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼, ਸੇਵਾ ਕੇਂਦਰ ਸਮੇਤ ਵੱਖ-ਵੱਖ ਵਿਭਾਗਾਂ ਵੱਲੋਂ ਆਪੋ-ਆਪਣੇ ਕਾਊਂਟਰ ਸਥਾਪਤ ਕੀਤੇ ਗਏ ਸਨ, ਜਿਥੇ ਸਬੰਧਤ ਅਧਿਕਾਰੀਆਂ ਵੱਲੋਂ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਮੁਸ਼ਕਲਾਂ ਦੀ ਸੁਣਵਾਈ ਕੀਤੀ ਗਈ। ਉਨ੍ਹਾਂ ਕਿਹਾ ਕਿ ਕੈਂਪ ਵਿੱਚ ਪ੍ਰਾਪਤ ਦਰਖਾਸਤਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ।ਇਸ ਦੌਰਾਨ ਬਿਨੈਕਾਰਾਂ ਨੂੰ ਵੱਖ-ਵੱਖ ਨਾਗਰਿਕ ਸੇਵਾਵਾਂ ਦੇ ਸਰਟੀਫਿਕੇਟ ਵੀ ਸੌਂਪੇ ਗਏ।ਇਸ ਮੌਕੇ ਐਸ ਡੀ ਐਮ ਜੈ ਇੰਦਰ ਸਿੰਘ, ਜੁਆਇੰਟ ਕਮਿਸ਼ਨਰ ਨਗਰ ਨਿਗਮ ਜਲੰਧਰ ਪੁਨੀਤ ਸ਼ਰਮਾ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਸੁਪਰੀਮ ਕੋਰਟ ਵੱਲੋਂ ਰਾਖਵੇਂਕਰਨ ਸੰਬੰਧੀ ਦਿੱਤੇ ਫੈਸਲੇ ਵਿਰੁੱਧ ਪ੍ਰਦਰਸ਼ਨ

**ਨਵਾਂਸ਼ਹਿਰ (ਮਨੋਜ ਲਾਡੀ)**-ਨਵਾਂਸ਼ਹਿਰ ਵਿਖੇ ਵੱਖ-ਵੱਖ ਦਲਿਤ ਅਤੇ ਬਹੁਜਨ ਸਮਾਜਿਕ-ਧਾਰਮਿਕ ਅਤੇ ਰਾਜਨੀਤਿਕ ਜਥੇਬੰਦੀਆਂ ਦੇ ਮੈਂਬਰਾਂ ਨੇ ਸੁਪਰੀਮ ਕੋਰਟ ਵੱਲੋਂ ਐੱਸ ਸੀ, ਐੱਸ ਟੀ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਰਾਖਵੇਂਕਰਨ ਸੰਬੰਧੀ ਦਿੱਤੇ ਫੈਸਲੇ ਦੇ ਵਿਰੋਧ ਵਿੱਚ ਅੰਬੇਡਕਰ ਚੌਕ ਵਿੱਚ ਰੋਸ ਪ੍ਰਦਰਸ਼ਨ ਕੀਤਾ।ਇਸ ਮੌਕੇ ਜਥੇਬੰਦੀ ਦੇ ਆਗੂ ਨਿੱਕੂ ਰਾਮ ਜਨਾਗਲ, ਰਮਨ ਲੱਧੜ, ਸਤਪਾਲ, ਸਰਵਜੀਤ ਅਤੇ ਸਤੀਸ਼ ਕੁਮਾਰ ਨੇ ਦੱਸਿਆ ਕਿ ਭਾਰਤ ਦੇ ਸੰਵਿਧਾਨ ਵਿਚ ਜਾਤ-ਪਾਤ ਦੇ ਆਧਾਰ ਉੱਤੇ ਭੇਦਭਾਵ ਨੂੰ ਖਤਮ ਕਰਨ ਲਈ ਐੱਸ.ਸੀ., ਐੱਸ.ਟੀ. ਅਤੇ ਪੱਛੜੀ ਸ਼੍ਰੇਣੀ ਨੂੰ ਰਾਖਵੇਂਕਰਨ ਦਾ ਅਧਿਕਾਰ ਦਿੱਤਾ ਗਿਆ ਹੈ।1 ਅਗਸਤ ਨੂੰ ਲਏ ਗਏ ਫੈਸਲੇ ਵਿੱਚ ਰਿਜ਼ਰਵੇਸ਼ਨ ਵਿਚ ਕ੍ਰੀਮੀ ਲੇਅਰ ਸਿਸਟਮ ਨੂੰ ਹੋਂਦ ਵਿਚ ਲਿਆ ਕੇ ਰਿਜ਼ਰਵੇਸ਼ਨ ਨੂੰ ਲਗਭਗ ਖਤਮ ਕਰਨ ਦਾ ਤਰੀਕਾ ਅਪਣਾਇਆ ਗਿਆ ਹੈ ਜਦੋਂ ਕਿ ਭਾਰਤ ਦੇ ਸੰਵਿਧਾਨ ਵਿਚ ਅਜਿਹਾ ਕੋਈ ਸ਼ਬਦ ਨਹੀਂ ਹੈ। ਐੱਸ ਸੀ,ਐੱਸ.ਟੀ. ਅਤੇ ਪਛੜੀਆਂ ਸ਼੍ਰੇਣੀਆਂ ਨੂੰ ਦਿੱਤੇ ਅਧਿਕਾਰਾਂ ਤੇ ਸਿੱਧਾ ਡਾਕਾ ਹੈ ਜਿਸਨੂੰ ਸਮਾਜਿਕ, ਧਾਰਮਿਕ ਅਤੇ ਰਾਜਨੀਤਕ ਲੋਕ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਭਾਰਤ ਦੇ ਰਾਸ਼ਟਰਪਤੀ ਤੋਂ ਉਕਤ ਫੈਸਲੇ ਨੂੰ ਰੱਦ ਕਰਕੇ ਪਹਿਲਾਂ ਵਾਂਗ ਰਾਖਵਾਂਕਰਨ ਲਾਗੂ ਕਰਨ ਦੀ ਮੰਗ ਕੀਤੀ ਹੈ। ਧਰਨੇ ਤੋਂ ਬਾਅਦ ਧਰਨਾਕਾਰੀਆਂ ਦੇ ਸਮੂਹ ਨੇ ਜ਼ਿਲਾ ਪ੍ਰਸ਼ਾਸਨ ਰਾਹੀਂ ਭਾਰਤ ਦੇ ਰਾਸ਼ਟਰਪਤੀ ਨੂੰ ਮੰਗ ਪੱਤਰ ਵੀ ਸੌਂਪਿਆ।ਇਸ ਮੌਕੇ ਅਸ਼ੋਕ ਕੁਮਾਰ, ਅਮਰੀਕ ਸਿੰਘ ਸਿਮਰਨ, ਸੁਰਜੀਤ ਕੁਮਾਰ, - ਯੋਗਰਾਜ ਯੋਗੀ, ਸਤਪਾਲ ਜੇਠੂਮਜਾਰਾ, ਕੁਲਦੀਪ ਕੁਮਾਰ, ਸ਼ੀਲੀ, ਸੱਤਿਆ ਦੇਵੀ, ਰਮਨ ਮਾਨ ਆਦਿ ਹਾਜ਼ਰ ਸਨ।

# ਜੀ ਐੱਸ ਟੀ ਮੁੱਦੇ 'ਤੇ ਬੋਰਡ ਸਕੱਤਰ ਤੇ ਗੈਰ-ਸਹਾਇਤਾ ਪ੍ਰਾਪਤ ਸਕੂਲ ਸੰਗਠਨਾਂ ਵਿਚਾਲੇ ਮੀਟਿੰਗ ਬੇਸਿੱਟਾ ਰਹੀ

**ਮੋਹਾਲੀ (ਗੁਰਜੀਤ ਬਿੱਲਾ)** -ਵੱਖ-ਵੱਖ ਪ੍ਰਾਈਵੇਟ ਸਕੂਲ ਜੱਥੇਬੰਦੀਆਂ ਦੀ ਐਫੀਲੀਏਸ਼ਨ ਲੈਣ ਅਤੇ ਨਵਾਂ ਸੈਕਸ਼ਨ ਲੈਣ ਲਈ ਸਿੱਖਿਆ ਵਿਭਾਗ ਵੱਲੋਂ ਲਾਏ 18 ਫੀਸਦੀ ਜੀ ਐਸ ਟੀ ਸੰਬੰਧੀ ਹੋਈ ਮੀਟਿੰਗ ਬੇਸਿੱਟਾ ਰਹੀ ਹੈ।ਜਿਥੇ ਸਿੱਖਿਆ ਬੋਰਡ ਦੇ ਸਕੱਤਰ ਦਾ ਕਹਿਣਾ ਹੈ ਕਿ ਜੀ ਐਸ ਟੀ ਲਗਾਉਣ ਦਾ ਫੈਸਲਾ ਸਿੱਖਿਆ ਵਿਭਾਗ ਦਾ ਨਹੀਂ ਜੀ ਐਸ ਟੀ ਕੌਂਸਲ ਦਾ ਹੈ।ਸਕੂਲ ਜੱਥੇਬੰਦੀਆਂ ਦਾ ਕਹਿਣਾ ਹੈ ਕਿ ਉਹ ਇਸ ਫੈਸਲੇ ਵਿਰੁੱਧ ਮਾਣਯੋਗ ਹਾਈ ਕੋਰਟ ਦਾ ਦਰਵਾਜ਼ਾ ਖੜਕਾਉਣਗੇ।ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਜੂਕੇਸ਼ਨ ਕਨਕੋਰਡ ਸੁਸਾਇਟੀ ਲੁਧਿਆਣਾ, ਰੈਕੋਗਨਾਇਜ਼ਡ ਸਕੂਲ ਐਸੋਸੀਏਸ਼ਨ ( ਰਾਸਾ ਪੰਜਾਬ ) ਅਤੇ ਰੈਕੋਗਨਾਇਜ਼ਡ ਸਕੂਲ ਐਸੋਸੀਏਸ਼ਨ ( ਰਾਸਾ ਯੂ ਕੇ ) ਦੀ ਇਕ ਵਿਸ਼ੇਸ਼ ਮੀਟਿੰਗ ਸਿੱਖਿਆ ਬੋਰਡ ਦੇ ਸਕੱਤਰ ਅਵਿਕੇਸ਼ ਗੁਪਤਾ ਪੀ ਸੀ ਐਸ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਬੋਰਡ ਸਕੱਤਰ ਨੇ ਦੱਸਿਆ ਕਿ ਦਫ਼ਤਰ ਦੀਆਂ ਹਦਾਇਤਾਂ 'ਤੇ ਸਕੂਲਾਂ ਨੂੰ ਚਾਲੂ ਰੱਖਣ 'ਤੇ ਜੀ ਐਸ ਟੀ ਉਨ੍ਹਾਂ ਕਿਹਾ ਕਿ ਜੀਐਸਟੀ ਵਿਭਾਗ ਨੇ ਬੋਰਡ ਨੂੰ ਬਕਾਇਆ ਜੀਐਸਟੀ ਜੁਰਮਾਨੇ ਸਮੇਤ ਜਮ੍ਹਾਂ ਕਰਵਾਉਣ ਲਈ ਨੋਟਿਸ ਜਾਰੀ ਕੀਤਾ ਹੈ। ਇਸ 'ਤੇ ਸਕੂਲ ਐਸੋਸੀਏਸ਼ਨ ਪੰਜਾਬ ਦੇ ਜਨਰਲ ਸਕੱਤਰ ਭੁਵਨੇਸ਼ ਭੱਟ ਅਤੇ ਚੇਅਰਮੈਨ ਹਰਪਾਲ ਸਿੰਘ ਰਾਸਾ ਯੂ.ਕੇ. ਰਾਸਾ ਪੰਜਾਬ ਦੇ ਪ੍ਰਧਾਨ ਜਗਤ ਪਾਲ ਮਹਾਜਨ ਤੇ ਜਨਰਲ ਸਕੱਤਰ ਸੁਜੀਤ ਸ਼ਰਮਾ ਬਬਲੂ ਨੇ ਬੋਰਡ ਸਕੱਤਰ ਦੇ ਸਾਹਮਣੇ ਜੀ.ਐੱਸ.ਟੀ. ਕੌਂਸਲ ਦੇ ਵੱਖ-ਵੱਖ ਸਰਕੂਲਰ ਪੇਸ਼ ਕੀਤੇ, ਜਿਸ 'ਚ ਸਪੱਸ਼ਟ ਲਿਖਿਆ ਗਿਆ ਹੈ ਕਿ ਸਿੱਖਿਆ ਨਾਲ ਸਬੰਧਤ ਸਰਟੀਫਿਕੇਟ, ਪ੍ਰੀਖਿਆ, ਪੜ੍ਹਾਈ, ਦਾਖਲਾ ਪ੍ਰੀਖਿਆ ਆਦਿ ਦੀਆਂ ਸਾਰੀਆਂ ਫੀਸਾਂ ਸੈਕੰਡਰੀ ਸਕੂਲ ਪੱਧਰ 'ਤੇ ਬੱਚਿਆਂ ਨੂੰ ਛੋਟ ਦਿੱਤੀ ਜਾਵੇਗੀ।ਸਰਕੂਲਰ ਨੰਬਰ 151/07/2021 - ਜੀ ਐਸਟੀ 17 ਜੂਨ 2021, ਜਿਸ ਨੂੰ ਬੋਰਡ ਅਤੇ ਵਿਭਾਗ ਸਕੂਲਾਂ 'ਤੇ 18% ਜੀ ਐਸ ਟੀ ਲਾਗੂ ਕਰਨ ਲਈ ਅਧਾਰ ਬਣਾ ਰਹੇ



ਹਨ, ਵਿੱਚ ਸਪੱਸ਼ਟ ਤੌਰ 'ਤੇ ਲਿਖਿਆ ਗਿਆ ਹੈ ਕਿ ਸਮਝੌਤੇ 'ਤੇ ਜੀ ਐਸ ਟੀ ਲਗਾਇਆ ਜਾਵੇਗਾ। ਜਦੋਂ ਕਿ ਐਨ ਏ ਏ ਸੀ ਅਤੇ ਐਨ ਬੀ ਏ, ਜੋ ਕਿ ਮਾਨਤਾ ਦੇਣ ਵਾਲੀਆਂ ਏਜੰਸੀਆਂ ਹਨ, ਦਾ ਮੰਨਣਾ ਹੈ ਕਿ ਮਾਨਤਾ ਕੇਵਲ ਇੱਕ ਗੁਣਵੱਤਾ ਸਰਟੀਫਿਕੇਟ ਹੈ, ਇਹ ਮਾਨਤਾ ਦਾ ਬਦਲ ਨਹੀਂ ਹੈ।ਇਸ ਲਈ, ਮਾਨਤਾ ਦੇ ਤੌਰ 'ਤੇ ਮਾਨਤਾ ਮੰਨਦੇ ਹੋਏ ਜੀ ਐਸ ਟੀ ਨੂੰ ਲਾਗੂ ਕਰਨਾ ਅਨੈਤਿਕ ਹੈ।ਜਿਸ 'ਤੇ ਬੋਰਡ ਅਧਿਕਾਰੀਆਂ ਨੇ ਆਪਣੇ ਪੱਧਰ 'ਤੇ ਇਸ ਮਾਮਲੇ 'ਚ ਕੁਝ ਕਰਨ ਤੋਂ ਅਸਮਰੱਥਾ ਪ੍ਰਗਟਾਈ ਹੈ।ਅਧਿਕਾਰੀਆਂ ਨੇ ਸਕੂਲ ਸੰਸਥਾਵਾਂ ਨੂੰ ਦੱਸਿਆ ਕਿ ਵਿਭਾਗੀ ਹੁਕਮਾਂ ਅਨੁਸਾਰ ਸਕੂਲਾਂ ਤੋਂ 2017-18 ਤੋਂ ਬਕਾਇਆ ਜੀ ਐਸ ਟੀ ਜਲਦੀ ਵਸੂਲਣ ਲਈ ਬੋਰਡ ਪੱਧਰ 'ਤੇ ਵਿਚਾਰ-ਵਟਾਂਦਰਾ ਚੱਲ ਰਿਹਾ ਹੈ।ਇਸ ਮੌਕੇ ਰਾਸਾ ਯੂ.ਕੇ ਦੇ ਚੇਅਰਮੈਨ ਹਰਪਾਲ ਸਿੰਘ ਯੂ.ਕੇ ਨੇ ਬੋਰਡ ਅਧਿਕਾਰੀਆਂ ਨੂੰ ਆਡੀਸ਼ਨ ਸੈਕਸ਼ਨ ਦੀ ਸਮੱਸਿਆ ਸਬੰਧੀ ਸਕੂਲਾਂ ਦੀਆਂ ਮੰਗਾਂ ਤੋਂ ਜਾਣੂ ਕਰਵਾਇਆ। ਜਿਸ 'ਤੇ ਬੋਰਡ ਸਕੱਤਰ ਨੇ ਨਿਯਮਾਂ ਤਹਿਤ ਹਰ ਸੰਭਵ ਰਾਹਤ ਦੇਣ ਦਾ ਭਰੋਸਾ ਦਿੱਤਾ। ਜੀ ਐਸ ਟੀ ਦੇ ਮੁੱਦੇ 'ਤੇ ਬੋਰਡ ਅਧਿਕਾਰੀਆਂ ਨਾਲ ਹੋਈ ਮੀਟਿੰਗ ਬੇਸਿੱਟਾ ਰਹਿਣ ਤੋਂ ਬਾਅਦ ਮੀਟਿੰਗ 'ਚ ਹਾਜ਼ਰ ਸਮੂਹ ਸਕੂਲ ਸੰਗਠਨਾਂ ਨੇ ਸਰਬਸੰਮਤੀ ਨਾਲ ਜੀ.ਐੱਸ.ਟੀ ਦਾ ਮੁੱਦਾ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਲਿਜਾਣ ਦਾ ਫੈਸਲਾ ਕੀਤਾ।

# ਡੋਰ ਸਟੈੱਪ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ : ਬ੍ਰਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਪੰਜਾਬ ਸਰਕਾਰ ਦੀਆਂ ਡੋਰ ਸਟੈਪ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮਕਸਦ ਲੋਕਾਂ ਨੂੰ ਸਰਕਾਰੀ ਸੇਵਾਵਾਂ ਉਨ੍ਹਾਂ ਦੇ ਘਰ ਤੱਕ ਪਹੁੰਚਾਉਣਾ ਹੈ, ਤਾਂ ਜੋ ਉਨ੍ਹਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਲਾਉਣੇ ਪੈਣ ਅਤੇ ਉਨ੍ਹਾਂ ਦੇ ਸਮੇਂ ਦੀ ਬੱਚਤ ਹੋ ਸਕੇ।ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਉਪਰਾਲੇ ਤਹਿਤ 43 ਪ੍ਰਕਾਰ ਦੀਆਂ ਸਰਕਾਰੀ ਸੇਵਾਵਾਂ ਜੋ ਪਹਿਲਾਂ ਸੇਵਾ ਕੇਂਦਰਾਂ ਵਿਚ ਮਿਲਦੀਆਂ ਸਨ, ਹੁਣ ਲੋਕਾਂ ਦੇ ਘਰਾਂ ਵਿਚ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਸਹੂਲਤ ਤਹਿਤ ਸੇਵਾ ਕੇਂਦਰਾਂ ਵੱਲੋਂ ਤਾਇਨਾਤ ਸੇਵਾ ਸਹਾਇਕ ਨਾਗਰਿਕਾਂ ਦੇ ਘਰ ਜਾ ਕੇ ਉਨ੍ਹਾਂ ਦੀਆਂ ਲਾਈਵ ਫੋਟੋਆਂ ਅਤੇ ਹੋਰ ਦਸਤਾਵੇਜ਼ ਇਕੱਠੇ ਕਰਦੇ ਹਨ। ਜਦੋਂ ਸਰਟੀਫਿਕੇਟ ਤਿਆਰ ਹੋ ਜਾਂਦਾ ਹੈ ਤਾਂ ਸੇਵਾ ਸਹਾਇਕ ਇਸ ਨੂੰ ਨਾਗਰਿਕ ਦੇ ਘਰ ਵੀ ਪਹੁੰਚਦਾ ਕਰਦਾ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਜ਼ਿਲ੍ਹਾ ਵਾਸੀ ਇਨ੍ਹਾਂ ਸੇਵਾਵਾਂ ਦਾ ਲਾਭ ਲੈਣ ਲਈ ਟੋਲ-ਫ੍ਰੀ ਨੰਬਰ 1076 'ਤੇ ਕਾਲ ਕਰ ਸਕਦੇ ਹਨ। ਕਾਲ ਕਰਨ 'ਤੇ ਨਾਗਰਿਕ ਨੂੰ ਸਰਕਾਰੀ ਨੁਮਾਇੰਦੇ ਨੂੰ ਆਪਣੇ ਘਰ ਆਉਣ ਦਾ ਸਮਾਂ ਅਤੇ ਤਰੀਕ ਤੈਅ ਕਰੇਗਾ। ਇਸ ਤੋਂ ਬਾਅਦ ਸਰਕਾਰੀ ਨੁਮਾਇੰਦਾ ਨਿਰਧਾਰਤ ਸਮੇਂ 'ਤੇ ਨਾਗਰਿਕ ਦੇ ਘਰ ਆ ਕੇ ਉਸ ਦੀ ਫੋਟੋ ਅਤੇ ਦਸਤਾਵੇਜ਼ ਇਕੱਤਰ ਕਰੇਗਾ ਅਤੇ ਲੋੜੀਂਦੀ ਸਰਕਾਰੀ ਸੇਵਾ ਪ੍ਰਦਾਨ ਕਰਨ ਦੀ ਪ੍ਰਕਿਰਿਆ ਸ਼ੁਰੂ ਕਰੇਗਾ ਅਤੇ ਤਿਆਰ ਸਰਟੀਫਿਕੇਟ ਵੀ ਘਰ ਪਹੁੰਚਾਇਆ ਜਾਵੇਗਾ। ਜਿੰਪਾ ਨੇ ਦੱਸਿਆ ਕਿ ਇਨ੍ਹਾਂ ਡੋਰ ਸਟੈਪ ਸੇਵਾਵਾਂ ਵਿਚ ਜਾਤੀ ਸਰਟੀਫਿਕੇਟ, ਜਨਮ-ਮੌਤ ਸਰਟੀਫਿਕੇਟ, ਲੇਬਰ ਕਾਰਡ, ਬੁਢਾਪਾ, ਵਿਧਵਾ, ਦਿਵਿਆਂਗਜਨ ਅਤੇ ਆਸ਼ਰਿਤ ਪੈਨਸ਼ਨ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਵਿਆਹ ਸਰਟੀਫਿਕੇਟ ਸਮੇਤ 43 ਸੇਵਾਵਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਸਹੂਲਤ ਆਮ ਲੋਕਾਂ ਲਈ ਬੇਹੱਦ ਲਾਹੇਵੰਦ ਹੈ ਕਿਉਂਕਿ ਇਸ ਨਾਲ ਦਫ਼ਤਰਾਂ ਵਿਚ ਜਾਣ ਦੀ ਜ਼ਰੂਰਤ ਨਹੀਂ ਪੈਂਦੀ ਅਤੇ ਉਨ੍ਹਾਂ ਦੇ ਸਮੇਂ ਦੀ ਵੀ ਬੱਚਤ ਹੁੰਦੀ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਸੇਵਾ ਦਾ ਮੁੱਖ ਉਦੇਸ਼ ਨਾਗਰਿਕਾਂ ਦੇ ਜੀਵਨ ਨੂੰ ਸਰਲ ਬਣਾਉਣਾ ਹੈ, ਤਾਂ ਜੋ ਉਨ੍ਹਾਂ ਨੂੰ ਸਰਕਾਰੀ ਸੇਵਾਵਾਂ ਲੈਣ ਵਿਚ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

# ਪੀ ਸੀ ਐੱਮ ਐੱਸ ਡੀ ਕਾਲਜ ਦੇ ਕਾਮਰਸ ਕਲੱਬ ਨੇ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ

**ਜਲੰਧਰ (ਇਕਬਾਲ ਸਿੰਘ ਉੱਭੀ)** ਪੀ ਸੀ ਐਮ ਐਸ ਡੀ ਕਾਲਜ ਦੇ ਪੀ ਜੀ ਡਿਪਾਰਟਮੈਂਟ ਆਫ ਕਾਮਰਸ ਐਂਡ ਮੈਨੇਜਮੈਂਟ ਨੇ ਬੀ.ਕਾਮ ਰੈਗੂਲਰ ਅਤੇ ਬੀ.ਕਾਮ ਫਾਈਨੈਂਸ਼ੀਅਲ ਸਰਵਿਸਿਜ਼ (ਐਫ ਐਸ) ਦੇ ਵਿਦਿਆਰਥੀਆਂ ਲਈ ਥੀਮ ਆਧਾਰਿਤ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ। ਪ੍ਰਤੀਯੋਗਿਤਾ ਦਾ ਉਦੇਸ਼ ਰਚਨਾਤਮਕਤਾ ਨੂੰ ਉਤਸ਼ਾਹਿਤ



ਕਰਨਾ ਅਤੇ ਵਿਦਿਆਰਥੀਆਂ ਨੂੰ ਦਿਮਾਗੀ ਅਤੇ ਨਵੀਨਤਾ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਸੀ।ਮੁਕਾਬਲੇ ਦੇ ਜੱਜ ਕਾਮਰਸ ਕਲੱਬ ਦੇ ਡੀਨ ਅਤੇ ਅਸਿਸਟੈਂਟ ਪ੍ਰੋਫੈਸਰ ਸ੍ਰੀਮਤੀ ਸ਼ਿਖਾ ਪੁਰੀ ਸਨ। ਮੁਕਾਬਲੇ ਵਿੱਚ ਕੁੱਲ 48 ਵਿਦਿਆਰਥੀਆਂ ਨੇ ਭਾਗ ਲਿਆ ਅਤੇ ਆਪਣੀ ਪ੍ਰਤਿਭਾ ਅਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ।ਪਹਿਲਾ ਇਨਾਮ ਨਵਨੀਤ (ਬੀ.ਕਾਮ ਪਹਿਲਾ), ਸਿਮਰਨ (ਬੀ.ਕਾਮ ਦੂਜਾ), ਨੇਹਾ (ਬੀ.ਕਾਮ ਦੂਜਾ) ਅਤੇ ਨੇਹਾ (ਬੀ. ਕਾਮ ਤੀਜਾ) ਨੇ ਹਾਸਲ ਕੀਤਾ। ਦੂਜਾ ਇਨਾਮ ਨੀਸ਼ੂ (ਬੀ.ਕਾਮ ਪਹਿਲਾ), ਸੁਨਾਕਸ਼ੀ (ਬੀ.ਕਾਮ ਐਫ ਐਸ ਦੂਜਾ), ਸਿਮਰਨਜੀਤ (ਬੀ.ਕਾਮ ਤੀਜਾ) ਅਤੇ ਹਿਮਾਨੀ (ਬੀ. ਕਾਮ ਤੀਜਾ) ਨੇ ਹਾਸਲ ਕੀਤਾ। ਤੀਸਰੇ ਇਨਾਮ ਦੇ ਜੇਤੂਆਂ ਵਿੱਚ ਅਕਾਂਕਸ਼ਾ (ਬੀ.ਕਾਮ ਪਹਿਲਾ), ਆਰਤੀ (ਬੀ.ਕਾਮ), ਲਾਵਣਿਆ (ਬੀ.ਕਾਮ ਐੱਫ.ਐੱਸ ਦੂਜਾ), ਸ਼ਵੇਤਾ (ਬੀ. ਕਾਮ ਤੀਜਾ), ਸ਼੍ਰੇਆ (ਬੀ.ਕਾਮ ਤੀਜਾ) ਅਤੇ ਚਾਹਤ (ਬੀ ਕਾਮ ਤੀਜਾ) ਸਨ। ਅਦਿਤੀ (ਬੀ.ਕਾਮ ਪਹਿਲੀ), ਦੀਪਾਲੀ (ਬੀ.ਕਾਮ ਪਹਿਲੀ,, ਜੀਆ (ਬੀ.ਕਾਮ ਦੂਜਾ), ਜਾਨਵੀ (ਬੀ.ਕਾਮ ਦੂਜਾ) ਅਤੇ ਅੰਸ਼ਿਕਾ ( ਬੀ.ਕਾਮ ਐੱਫ.ਐੱਸ ਤੀਜਾ) ਨੂੰ ਦਿਲਾਸਾ ਇਨਾਮ ਦਿੱਤੇ ਗਏ।ਜੇਤੂਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਅਤੇ ਸਾਰੇ ਭਾਗੀਦਾਰਾਂ ਨੂੰ ਭਾਗੀਦਾਰੀ ਦੇ ਸਰਟੀਫਿਕੇਟ ਦਿੱਤੇ ਗਏ।ਇਸ ਮੌਕੇ ਤੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਇੱਕ ਪ੍ਰੇਰਨਾਦਾਇਕ ਸਮਾਗਮ ਆਯੋਜਿਤ ਕਰਨ ਲਈ ਕਾਮਰਸ ਕਲੱਬ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।

# ਲੁੱਟ-ਖੋਹ ਦੀਆਂ ਵਾਰਦਾਤਾਂ ਕਰਨ ਵਾਲੇ ਮੁਲਜ਼ਮ ਗ੍ਰਿਫਤਾਰ

**ਫਿਲੌਰ (ਨਿਰਮਲ)**- ਥਾਣਾ ਫਿਲੌਰ ਦੇ ਇੰਸਪੈਕਟਰ ਸੁਖਦੇਵ ਸਿੰਘ ਮੁੱਖ ਅਫਸਰ ਥਾਣਾ ਦੀ ਟੀਮ ਨੇ ਪੁਰਾਣੇ ਕੇਸ ਵਿੱਚ ਲੁੱਟ-ਖੋਹ ਕਰਨ ਵਾਲੇ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਸਰਵਣ ਸਿੰਘ ਪੀ.ਪੀ.ਐਸ, ਉਪ ਪੁਲਸ ਕਪਤਾਨ ਸਬ ਡਵੀਜਨ ਫਿਲੌਰ ਦੱਸਿਆ ਕਿ ਉਹਨਾਂ ਦੇ ਧਿਆਨ ਵਿੱਚ ਆਇਆ ਕਿ ਫਿਲੌਰ ਏਰੀਆ ਵਿੱਚ ਲੁੱਟ- ਖੋਹ ਦੀਆਂ ਕਾਫੀ ਵਾਰਦਾਤਾਂ ਹੋ ਰਹੀਆ ਹਨ ਜਿਸ 'ਤੇ ਮੇਰੇ ਵੱਲੋਂ ਇੰਸਪੈਕਟਰ ਸੁਖਦੇਵ ਸਿੰਘ ਨੂੰ ਇਹਨਾਂ ਵਾਰਦਾਤਾਂ ਕਰਨ ਵਾਲੇ ਵਿਅਕਤੀਆਂ ਦੇ ਖਿਲਾਫ ਸਖਤ ਐਕਸ਼ਨ ਲੈਣ ਦੀ ਹਦਾਇਤ ਕੀਤੀ ਸੀ। ਜਿਸ 'ਤੇ ਸਾਰਥਿਕ ਪੁੱਤਰ ਸਟੀਫਨ ਵਾਸੀ ਮੁਹੱਲਾ ਉੱਚੀ ਘਾਟੀ ਫਿਲੌਰ,ਜਿਸ ਨੇ ਰਾਤ ਸਮੇਂ ਪਿੰਡ ਪਾਲਾ ਤੋਂ ਸ਼ਾਹਪੁਰ ਨੂੰ ਜਾਂਦੇ ਸਮੇਂ ਆਪਣੇ ਸਾਥੀਆਂ ਨਾਲ ਮਿਲ ਕੇ ਰਾਜਨ ਪੁੱਤਰ ਹਰਬੰਸ ਲਾਲ ਵਾਸੀ ਪਿੰਡ ਸ਼ਾਹਪੁਰ ਪਾਸੋਂ 8000/ਰੁਪਏ, ਡਰਾਈਵਿੰਗ ਲਾਈਸੰਸ, ਉਸਦੀ ਪਤਨੀ ਦੀਆਂ ਸੋਨੇ ਦੀਆ ਵਾਲੀਆਂ ਅਤੇ ਪਰਸ ਵਿੱਚੋਂ 2000 ਰੁਪਏ ਖੋਹ ਕੀਤੇ ਸਨ, ਜਿਸ ਨੂੰ ਮਿਤੀ 20.08.2024 ਗ੍ਰਿਫਤਾਰ ਕੀਤਾ ਗਿਆ। ਇਸੇ ਤਰ੍ਹਾਂ ਵਿਕਾਸ ਉਰਫ ਬੋਬੀ ਪੁੱਤਰ ਜਗਦੀਸ਼ ਕੁਮਾਰ ਵਾਸੀ ਮੁਹੱਲਾ ਰਵਿਦਾਸਪੁਰਾ ਫਿਲੌਰ ਜ਼ਿਲ੍ਹਾ ਜਲੰਧਰ, ਜਿਸ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਮੁਦਈ ਮੁਕੱਦਮਾ ਮਨੀਸ਼ ਕੁਮਾਰ ਪੁੱਤਰ ਹਰਮੇਸ਼ ਲਾਲ ਵਾਸੀ ਰੁੜਕਾ ਖੁਰਦ ਥਾਣਾ ਫਿਲੌਰ ਪਾਸੋਂ 5,000 ਰੁਪਏ ਦੀ ਖੋਹ ਕੀਤੀ ਸੀ, ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ ਹੈ। ਇਸੇ ਲੜੀ ਤਹਿਤ ਮਿਤੀ 19.08.2024 ਨੂੰ ਸ੍ਰੀਮਤੀ ਸਰਬਜੀਤ ਕੌਰ ਪਤਨੀ ਕਮਲਜੀਤ ਵਾਸੀ ਮਕਾਨ ਨੰਬਰ 212 ਮੁਲਤਾਨੀ ਮੁਹੱਲਾ ਫਿਲੌਰ ਜ਼ਿਲ੍ਹਾ ਜਲੰਧਰ ਪਾਸੋਂ 10,000/- ਰੁਪਏ ਦੀ ਖੋਹ ਕਰਨ ਵਾਲੇ ਦੋਸ਼ੀ ਗੋਰਵ ਕੁਮਾਰ ਉਰਫ ਭਗਤਾ ਪੁੱਤਰ ਰਾਜ ਕੁਮਾਰ ਵਾਸੀ ਮੁਹੱਲਾ ਭੰਡੇਰਾ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।ਮੁੱਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਸਾਰਥਿਕ ਦੇ

ਖਿਲਾਫ ਪਹਿਲਾਂ ਵੀ ਲੁੱਟ ਖੋਹ ਦੀਆ ਵਾਰਦਾਤਾਂ ਕਰਨ ਦੇ 06 ਮੁਕੱਦਮੇ ਦਰਜ ਹਨ ਅਤੇ ਵਿਕਾਸ ਉਰਫ ਬੌਬੀ ਹਾਈਵੇ ਫਿਲੌਰ ਦੇ ਖੱਬੇ ਪਾਸੇ ਬਣੀਆਂ ਰੇਲਵੇ ਦੀਆਂ ਲਾਈਨਾਂ ਨਜਦੀਕ ਝਾੜੀਆਂ ਵਿੱਚ ਛਪ ਕੇ ਬੈਠ ਜਾਂਦੇ ਸੀ ਅਤੇ ਰਾਤ ਸਮੇਂ ਜਦੋਂ ਵੀ ਕੋਈ ਡਰਾਈਵਰ ਜਾਂ ਇਕੱਲਾ ਵਿਅਕਤੀ ਹਾਈਵੇ ਦੇ ਖੱਬੇ ਹੱਥ ਪਿਸ਼ਾਬ ਕਰਨ ਲਈ ਜਾਂਦਾ ਸੀ ਤਾਂ ਇਹ ਦਾਤਰ ਦੀ ਨੋਕ 'ਤੇ ਉਸ ਵਿਅਕਤੀ ਨੂੰ ਡਰਾਵਾ ਦੇ ਕੇ ਉਸ ਪਾਸੋਂ ਪੈਸੇ ਅਤੇ ਮੋਬਾਇਲ ਖੋਹ ਲੈਂਦੇ ਸੀ। ਵਿਕਾਸ ਉਰਫ ਬੌਬੀ ਵੱਲੋਂ ਲੁਧਿਆਣਾ, ਫਿਲੌਰ, ਗੁਰਾਇਆ ਦੇ ਏਰੀਆ ਵਿੱਚ 25 ਦੇ ਕਰੀਬ ਲੁੱਟ ਖੋਹ ਦੀਆ ਵਾਰਦਾਤਾਂ ਕਰਨੀਆਂ ਅਤੇ ਲੁਧਿਆਣਾ ਏਰੀਆ ਵਿੱਚੋਂ 16 ਦੇ ਕਰੀਬ ਮੋਟਰਸਾਈਕਲ ਚੋਰੀ ਕਰਨ ਦੀਆ ਵਾਰਦਾਤਾਂ ਕਰਨ ਮੰਨਿਆ ਹੈ।

# ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਰਜਿਸਟ੍ਰੇਸ਼ਨ 31 ਤੱਕ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਵਲੋਂ ਪ੍ਰਧਾਨ ਮੰਤਰੀ ਰਾਸਟਰੀ ਬਾਲ ਪੁਰਸਕਰ (ਪੀ.ਐਮ.ਆਰ.ਬੀ.ਪੀ.) ਵਾਸਤੇ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਗਈ ਹੈ, ਜਿਸ ਵਾਸਤੇ ਆਖਰੀ ਮਿਤੀ 31 ਅਗਸਤ 2024 ਰੱਖੀ ਗਈ ਹੈ। ਡਿਪਟੀ ਕਮਿਸ਼ਨਰ ਐੱਸ.ਏ.ਐੱਸ ਨਗਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ (ਪੀ.ਐਮ.ਆਰ.ਬੀ.ਪੀ.) ਹਰ ਸਾਲ ਉਹਨਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ, ਜਿਨ੍ਹਾਂ ਬੱਚਿਆਂ ਨੇ ਅਸਾਧਾਰਨ ਬਹਾਦਰੀ ਦਾ ਕੰਮ ਕੀਤਾ ਹੋਵੇ, ਸਪੈਸ਼ਲ ਬੱਚੇ ਜਿਨ੍ਹਾਂ ਵਿੱਚ ਅਸਾਧਾਰਨ ਯੋਗਤਾਵਾਂ ਨਾਲ ਵਿਸ਼ੇਸ਼ ਅਸਾਧਾਰਨ ਉਪਲੱਬਧੀਆਂ ਹਾਸਿਲ ਕੀਤੀਆ ਹੋਣ। ਉਹ ਅਸਧਾਰਨ ਬੱਚੇ ਜਿਨ੍ਹਾਂ ਨੇ ਖੇਡਾਂ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਨ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ, ਜੋ ਕਿ ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ।ਇਸ ਪੁਰਸਕਾਰ ਲਈ ਜੋ ਬੱਚੇ ਭਾਰਤ ਦੇ ਨਾਗਰਿਕ ਹਨ ਅਤੇ 18 ਸਾਲ ਤੋਂ ਘੱਟ ਉਮਰ ਦੇ ਹਨ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਰ (ਪੀ.ਐਮ.ਆਰ.ਬੀ.ਪੀ) ਦੀ ਵੈਬਸਾਈਟ 'ਤੇ ਆਪਣਾ ਆਨਲਾਈਨ ਰਜਿਸਟ੍ਰੇਸ਼ਨ ਕਰ ਸਕਦੇ ਹਨ ।ਵੈਬਸਾਈਟ ਤੇ ਰਜਿਸਟ੍ਰੇਸ਼ਨ ਦੀ ਅੰਤਿਮ ਮਿਤੀ 31 ਅਗਸਤ ਹੈ ।ਐਵਾਰਡ ਵਿੱਚ ਇੱਕ ਮੈਡਲ ਹੁੰਦਾ ਹੈ, ਜੋ ਕਿ ਦੇਸ਼ ਦੇ ਪ੍ਰਧਾਨ ਮੰਤਰੀ ਵਲੋਂ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ ਵੀਰਤਾ ਪੁਰਸਕਾਰ ਲਈ ਚਰਚਿਤ "ਭਾਰਤੀ ਬਾਲ ਕਲਿਆਣ ਪਰਿਸ਼ਦ" ਨੂੰ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਵਲੋਂ ਕੋਈ ਮਾਨਤਾ ਜਾਂ ਸਹਾਇਤਾ ਨਹੀਂ ਦਿੱਤੀ ਜਾਂਦੀ ਹੈ।

ਇਸ ਲਈ "ਭਾਰਤੀ ਬਾਲ ਕਲਿਆਣ ਪਰਿਸ਼ਦ" ਵਲੋਂ ਜਾਰੀ ਕਿਸੇ ਵੀ ਤਰ੍ਹਾਂ ਦੇ ਰਾਸ਼ਟਰੀ ਬਾਲ ਪੁਰਸਕਰ ਲਈ ਰਜਿਸਟ੍ਰੇਸ਼ਨ ਨਾ ਕੀਤਾ ਜਾਵੇ ਸਿਰਫ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਰ (ਪੀ.ਐਮ.ਆਰ.ਬੀ.ਪੀ) ਦੀ ਵੈਬਸਾਈਟ 'ਤੇ ਆਪਣਾ ਰਜਿਸਟ੍ਰੇਸ਼ਨ ਕੀਤਾ ਜਾਵੇ। ਇਹ ਪੁਰਸਕਾਰ, ਪਹਿਲਾ ਰਾਸ਼ਟਰੀ ਪੁਰਸਕਾਰ ਹੈ, ਇਸ ਲਈ ਜ਼ਿਲ੍ਹੇ ਦੇ ਅਜਿਹੇ ਬੱਚਿਆਂ ਦਾ ਰਜਿਸਟ੍ਰੇਸ਼ਨ ਕਰਵਾਇਆ ਜਾਵੇ, ਜਿਨ੍ਹਾਂ ਦੀ ਆਪਣੀ ਵਿਲੱਖਣ ਕਾਰਗੁਜਾਰੀ ਜਾਂ ਪਛਾਣ ਹੈ ਵਧੇਰੀ ਜਾਣਕਾਰੀ ਅਤੇ ਰਜਿਸਟਰੇਸਨ ਲਈ ਸ਼੍ਰੀਮਤੀ ਨਵਪ੍ਰੀਤ ਕੌਰ, ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਐੱਸ.ਏ.ਐੱਸ ਨਗਰ, ਕਮਰਾ ਨੰ 536, ਚੌਥੀ ਮੰਜਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ ।

# ਬੇਈਆਂ ਤੇ ਡਰੇਨਾਂ ਦੀ ਸਫਾਈ ਜਲਦ ਕਰਵਾਈ ਜਾਵੇਗੀ : ਨਛੱਤਰ ਪਾਲ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਆਪਣੇ ਇਲਾਕੇ ਵਾਸੀਆ ਦੀਆਂ ਮੁਸ਼ਕਲਾਂ ਦਾ ਹਲ ਕਰਨਾ ਅਤੇ ਉਹਨਾ ਦੀ ਹਿਫਾਜ਼ਤ ਕਰਨਾ ਮੇਰੀ ਪੂਰੀ ਜਿੰਮੇਵਾਰੀ ਹੈ।ਇਸ ਗੱਲ ਦਾ ਪ੍ਰਗਟਾਵਾ ਕਰਦੇ ਹੋਇਆਂ ਵਿਧਾਨ ਸਭਾ ਹਲਕਾ ਨਵਾਂਸ਼ਹਿਰ ਦੇ ਵਿਧਾਇਕ ਡਾਕਟਰ ਨਛੱਤਰ ਪਾਲ ਨੇ ਇਹ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਮੈਂ ਆਪਣੇ ਇਲਾਕੇ ਦੇ ਚੰਗੇ ਮਾੜੇ ਸਾਰੇ ਹੀ ਹਲਾਤਾਂ ਤੋਂ ਚੰਗੀ ਤਰਾਂ ਬਾਕੀਫ ਹਾਂ।ਜਿੱਥੇ ਜਿਥੇ ਇਲਾਕੇ ਵਿਚ ਕੋਈ ਵੀ ਕਮੀ ਦਿਸਦੀ ਹੈ।ਉਸ ਨੂੰ ਪੂਰਾ ਕਰਵਾਉਣ ਦੀ ਮੇਰੀ ਡਿਊਟੀ ਬਣਦੀ ਹੈ।ਇਸੇ ਤਰ੍ਹਾਂ ਬਰਸਾਤ ਦੇ ਮੌਸਮ ਨੂੰ ਦੇਖਦੇ ਹੋਏ ਹਲਕੇ ਦੇ ਲੋਕਾਂ ਦੀ ਮੰਗ ਨੂੰ ਮੁੱਖ ਰੱਖਦਿਆ ਹੋਏ ਬੇਈਆਂ ਅਤੇ ਡਰੇਨਾ ਦੀ ਸਾਫ ਸਫਾਈ ਕਰਵਾਉਣ ਸੰਬੰਧੀ ਮਾਨਯੋਗ ਸਿੰਚਾਈ ਮੰਤਰੀ ਪੰਜਾਬ ਚੰਡੀਗੜ੍ਹ ਚੇਤਨ ਸਿੰਘ ਜੋੜੇ ਮਾਜਰਾ ਨੂੰ ਮਿਲਕੇ ਉਹਨਾ ਦੇ ਧਿਆਨ ਵਿੱਚ ਲਿਆਂਦਾ ਕਿ ਮੇਰੇ ਹਲਕੇ ਵਿਚੋ ਲੰਘਦੀਆਂ ਡਰੇਨਾ ਇਹਨਾ ਪਿੰਡਾਂ ਵਿਚੋ ਹੋਕੇ ਗੁਜਰਦੀਆਂ ਹਨ।ਜਿਹਨਾ ਦਾ ਬੇਰਵਾ ਨੀਲੋਵਾਲ, ਭਾਰਟਾ, ਫਾਬੜਾ, ਕਰਿਆਮ, ਨੌਰਾ, ਪਲੀਆਂ, ਭੀਣ, ਮਹਾਲੋਂ, ਗੁਜਰਪੁਰ, ਦੁਰਗਾਪੁਰ ਅਤੇ ਹੋਰ ਵੀ ਪਿੰਡਾਂ ਦੀਆਂ ਡਰੇਨਾ ਆਉਂਦੀਆਂ ਹਨ।ਜਿਹਨਾ ਦੀ ਸਫਾਈ ਕਾਫੀ ਲਵੇਂ ਸਮੇਂ ਤੋਂ ਸਰਕਾਰ ਵੱਲੋਂ ਨਹੀ ਕਰਵਾਈ ਗਈ।ਇਸ ਕਾਰਨ ਬਰਸਾਤ ਦੇ ਦਿਨਾ ਵਿਚ ਇਹਨਾ ਡਰੇਨਾ ਦਾ ਪਾਣੀ ਰੁਕ ਜਾਂਦਾ ਹ ਤੇ ਉਪਰ ਤੱਕ ਭਰ ਜਾਣ ਕਰਕੇ ਆਸ ਪਾਸ ਦੇ ਇਲਾਕਿਆਂ ਦਾ ਕਾਫੀ ਨੁਕਸਾਨ ਹੋ ਜਾਂਦਾ ਹੈ।ਇਸੇ ਦੇ ਮੱਦੇਨਜਰ ਡਰੇਨਾ ਦੀ ਸਫਾਈ ਤਸਲੀਬਖਸ਼ ਕਰਵਾਈ ਜਾਵੇ।

# ਨੇਤਰਦਾਨ ਜਾਗਰੂਕਤਾ 'ਚ ਸਟੇਟ ਐਵਾਰਡੀ ਵਰਿੰਦਰ ਸਿੰਘ ਦਾ ਸਨਮਾਨ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**-ਪਿਛਲੇ 22 ਸਾਲਾਂ ਤੋਂ ਨੇਤਰਦਾਨ ਤੇ ਅੰਗ ਦਾਨ ਕਰਨ ਵਾਸਤੇ ਲੋਕਾਂ ਨੂੰ ਪ੍ਰੇਰਿਤ ਕਰਨ ਵਾਲੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਸਟੇਟ ਐਵਾਰਡ ਨਾਲ ਨਿਵਾਜੇ ਗਏ ਜਥੇਦਾਰ ਵਰਿੰਦਰ ਸਿੰਘ ਮਸੀਤੀ ਨੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਸ਼੍ਰੀਮਤੀ ਕੋਮਲ



ਮਿੱਤਲ ਨਾਲ ਮੁਲਾਕਾਤ ਕੀਤੀ।ਇਸ ਮੌਕੇ ਜਥੇਦਾਰ ਵਰਿੰਦਰ ਸਿੰਘ ਨਾਲ ਐਂਟੀ ਕੁਰਪਸ਼ਨ ਵਰਡਜ਼ ਦੇ ਸਟੇਟ ਚੇਅਰਮੈਨ ਰਤਨ ਲਾਲ ਸੋਨੀ, ਰੋਟਰੀ ਕਲੱਬ ਹੁਸ਼ਿਆਰਪੁਰ ਦੇ ਚੇਅਰਮੈਨ ਮਨੋਜ ਉਹਰੀ, ਸਮਾਜ ਸੇਵੀ ਜਗਮੀਤ ਸਿੰਘ ਸੇਠੀ ਤੇ ਗੋਪਾਲ ਵਾਸੂਦੇਵਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਜਥੇਦਾਰ ਵਰਿੰਦਰ ਸਿੰਘ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦਾ ਸਟੇਟ ਐਵਾਰਡ ਦਿਵਾਉਣ ਲਈ ਜਿੱਥੇ ਗਏ ਸਹਿਯੋਗ ਵਾਸਤੇ ਧੰਨਵਾਦ ਕੀਤਾ।ਇਸ ਮੌਕੇ ਚੇਅਰਮੈਨ ਰਤਨ ਲਾਲ ਸੋਨੀ ਦੱਸਿਆ ਕਿ ਸਟੇਟ ਐਵਾਰਡੀ ਵਰਿੰਦਰ ਸਿੰਘ ਮਸੀਤੀ ਹੁਣ ਤੱਕ 400 ਤੋਂ ਵੱਧ ਅੱਖਾਂ ਦਾਨ ਕਰਵਾ ਚੁੱਕੇ ਹਨ ਅਤੇ ਇਹਨਾਂ ਦੀ ਬਦੌਲਤ ਹੀ ਕਈ ਹਨੇਰੀ ਜ਼ਿੰਦਗੀ ਜੀ ਰਹੇ ਹੈ ਵਿਅਕਤੀਆਂ ਨੂੰ ਰੋਸ਼ਨੀ ਦੀ ਪ੍ਰਾਪਤੀ ਹੋਈ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਜਥੇਦਾਰ ਵਰਿੰਦਰ ਸਿੰਘ ਮਸੀਤੀ ਨੂੰ ਸਨਮਾਨਿਤ ਕਰਨ ਦੇ ਨਾਲ- ਨਾਲ ਸ਼ੁਭਕਾਮਨਾਵਾਂ ਦਿੰਦੇ ਹੋਏ ਇਸ ਤੋਂ ਵੱਧ ਸਮਾਜ ਸੇਵਾ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਟੇਟ ਚੇਅਰਮੈਨ ਰਤਨ ਲਾਲ ਸੋਨੀ ਨੇ ਦੱਸਿਆ ਕਿ ਡੀਸੀ ਹੋਸ਼ਿਆਰਪੁਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਦਲੇ ਉਹਨਾਂ ਨੂੰ ਵੀ ਗੋਲਡ ਮੈਡਲ ਨਾਲ ਸਨਮਾਨਿਤ ਕੀਤਾ।

# ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕੀਤਾ ਕੇਂਦਰੀ ਜੇਲ੍ਹ ਦਾ ਦੌਰਾ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਦਿਲਬਾਗ ਸਿੰਘ ਜੌਹਲ ਨੇ ਅੱਜ ਕੇਂਦਰੀ ਜੇਲ੍ਹ ਹੁਸ਼ਿਆਰਪੁਰ ਦਾ ਦੌਰਾ ਕੀਤਾ। ਇਸ ਮੌਕੇ ਸੀ ਜੇ ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜ ਪਾਲ ਰਾਵਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਜੇਲ੍ਹ ਵਿਚ ਬੰਦ ਕੈਦੀਆਂ/ਹਵਾਲਾਤੀਆਂ ਦੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੀਆਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਕੇਂਦਰੀ ਜੇਲ੍ਹ ਸੁਪਰਡੰਟ ਨੂੰ ਨਿਰਦੇਸ਼ ਦਿੱਤੇ।ਉਨ੍ਹਾਂ ਕੈਦੀਆਂ ਦੀ ਸਿਹਤ ਸੰਬੰਧੀ ਵੀ ਜਾਣਕਾਰੀ ਹਾਸਲ ਕੀਤੀ ਅਤੇ ਕੇਂਦਰੀ ਜੇਲ੍ਹ ਡਾਕਟਰ ਪੁਨੀਤ ਨੂੰ ਮਰੀਜ਼ਾਂ ਦੇ ਰੈਗੂਲਰ ਮੈਡੀਕਲ ਚੈਕਅੱਪ ਸਬੰਧੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਜੇਲ੍ਹ ਅੰਦਰ ਕੈਦੀਆਂ ਨੂੰ ਦਿੱਤੇ ਜਾਣ ਵਾਲੇ ਖਾਣੇ ਸਬੰਧੀ ਰਸੋਈ ਘਰ ਦਾ ਜਾਇਜ਼ਾ ਵੀ ਲਿਆ ਅਤੇ ਜੇਲ੍ਹ ਅੰਦਰ ਸਾਫ਼- ਸਫਾਈ ਦਾ ਖਾਸ ਤੌਰ 'ਤੇ ਧਿਆਨ ਰੱਖਣ ਲਈ ਸੁਪਰਡੰਟ ਕੇਂਦਰੀ ਜੇਲ੍ਹ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਗ਼ਰੀਬ ਕੈਦੀਆਂ ਦੀ ਸਹਾਇਤਾ ਲਈ ਸਕੀਮ ਨੂੰ ਲਾਗੂ ਕਰਨ ਦੇ ਸਬੰਧ ਵਿਚ ਸੁਪਰਡੈਂਟ ਕੇਂਦਰੀ ਜੇਲ੍ਹ ਨੂੰ ਨਿਰਦੇਸ਼ ਦਿੱਤੇ ਕਿ ਇਸ ਸਕੀਮ ਅਧੀਨ ਜਿਹੜੇ ਹਵਾਲਾਤੀਆਂ ਅਤੇ ਦੋਸ਼ੀਆਂ ਦੇ ਕੇਸਾਂ ਵਿਚ ਜ਼ਮਾਨਤ ਦੇ ਹੁਕਮ ਦੇ ਸੱਤ ਦਿਨ ਹੋ ਗਏ ਹਨ, ਬਾਰੇ ਜਾਣਕਾਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦਫ਼ਤਰ ਨੂੰ ਭੇਜੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਹਰੇਕ ਬੈਰਕ ਦੇ ਬਾਹਰ ਨੋਟਿਸ ਬੋਰਡ 'ਤੇ ਪੈਨਲ ਐਡਵੋਕੇਟਾਂ/ ਲੀਗਲ ਏਡ ਡਿਫੈਂਸ ਕੌਂਸਲ ਦੇ ਨਾਵਾਂ ਦੀ ਲਿਸਟ ਲਗਾਉਣ ਲਈ ਕਿਹਾ।

ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਕੇਂਦਰੀ ਜੇਲ੍ਹ ਵਿਖੇ ਕੰਟੀਨ ਦਾ ਉਦਘਾਟਨ ਵੀ ਕੀਤਾ ਗਿਆ, ਤਾਂ ਜੋ ਕੈਦੀਆਂ/ਹਵਾਲਾਤੀਆਂ ਨੂੰ ਮਿਲਣ ਆਉਣ ਵਾਲੇ ਰਿਸ਼ਤੇਦਾਰਾਂ ਨੂੰ ਚਾਹ-ਪਾਣੀ ਸਬੰਧੀ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਾ ਆਵੇ।ਸੀ ਜੇ ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜ ਪਾਲ ਰਾਵਲ ਨੇ ਔਰਤਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕੇਂਦਰੀ ਜੇਲ੍ਹ ਵਿਖੇ ਲੀਗਲ ਏਡ ਕਲੀਨਿਕ ਦੇ ਕੰਮਕਾਜ ਦੇ ਰਜਿਸਟਰ ਚੈੱਕ ਕੀਤੇ।ਇਸ ਮੌਕੇ ਕੇਂਦਰੀ ਜੇਲ੍ਹ ਸੁਪਰਡੰਟ ਬਲਜੀਤ ਸਿੰਘ ਘੁੰਮਣ, ਡਿਪਟੀ ਸੁਪਰਡੰਟ ਹਰਭਜਨ ਸਿੰਘ ਅਤੇ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਹੁਸ਼ਿਆਰਪੁਰ ਦੇ ਚੀਫ ਵਿਸ਼ਾਲ ਕੁਮਾਰ ਮੌਜੂਦ ਸਨ।

# ਬਿਜਲੀ ਦੀਆਂ ਤਾਰਾਂ ਚੋਰੀ ਕਰਨ ਵਾਲੇ, ਸਕਰੈਪ ਡੀਲਰਾਂ ਸਮੇਤ ਕਈ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਸਿਟੀ ਨਵਾਂਸ਼ਹਿਰ ਦੀ ਪੁਲਸ ਵੱਲੋਂ ਸੁੰਨੇਸਾਨ ਘਰ 'ਚੋਂ ਬਿਜਲੀ ਦੀਆਂ ਤਾਰਾਂ ਚੋਰੀ ਕਰਨ ਵਾਲੇ 2 ਦੋਸ਼ੀਆਂ ਅਤੇ ਚੋਰੀ ਦਾ ਸਮਾਨ ਖਰੀਦਣ ਵਾਲੇ ਸਕਰੈਪ 8 ਡੀਲਰਾਂ ਸਮੇਤ 3 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ । ਇਸ ਮਾਮਲੇ ਸੰਬੰਧੀ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਬਲਦੇਵ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਵਾਹਿਗੁਰੂ ਨਗਰ ਨਵਾਂਸ਼ਹਿਰ ਨੇ ਦੱਸਿਆ ਕਿ ਉਹ ਹਲਵਾਈ ਦਾ ਕੰਮ ਕਰਦਾ ਹੈ ਅਤੇ ਕੱਪੜੇ ਵੇਚਣ ਦਾ ਕੰਮ ਕਰਦਾ ਹੈ।ਉਹ ਸੋਨਾ ਰੋਡ 'ਤੇ ਵਾਹਿਗੁਰੂ ਨਗਰ ਵਿੱਚ ਆਪਣਾ ਮਕਾਨ ਬਣਾ ਰਿਹਾ ਹੈ।ਉਸਨੇ ਦੱਸਿਆ ਕਿ ਉਹ ਆਪਣੇ ਕੰਮ ਲਈ ਨਵਾਂਸ਼ਹਿਰ ਗਿਆ ਹੋਇਆ ਸੀ।ਜਦੋਂ ਉਹ ਕੰਮ ਖਤਮ ਕਰ ਕੇ ਵਾਪਸ ਆਇਆ ਅਤੇ ਘਰ ਦਾ ਮੇਨ ਗੇਟ ਖੋਲ੍ਹਣ ਲੱਗਾ ਤਾਂ 2 ਵਿਅਕਤੀ ਕੰਧ ਟੱਪ ਕੇ ਬਾਹਰ ਖੜ੍ਹੇ ਮੋਟਰਸਾਈਕਲ ਉੱਤੇ ਬੈਗ ਲੈ ਕੇ ਭੱਜ ਗਏ। ਜਦੋਂ ਉਸਨੇ ਘਰ ਦੇ ਅੰਦਰ ਜਾ ਕੇ ਦੇਖਿਆ ਤਾਂ ਘਰ ਵਿਚੋਂ ਕੁਝ ਡਰਿੱਲ ਰਾਡ ਅਤੇ ਕੁਝ ਬਿਜਲੀ ਦੀਆਂ ਤਾਰਾਂ ਗਾਇਬ ਸਨ, ਜਿਨ੍ਹਾਂ ਨੂੰ ਉਕਤ 6 ਮੋਟਰਸਾਈਕਲ ਸਵਾਰਾਂ ਵੱਲੋਂ ਚੋਰੀ ਕਰ ਕੇ ਲੈ ਗਏ।ਉਸਨੇ ਦੱਸਿਆ ਕਿ ਉਸਨੂੰ ਬਾਅਦ ਵਿੱਚ ਪਤਾ ਲੱਗਾ ਕਿ ਘਰ ਵਿੱਚੋਂ ਸਾਮਾਨ ਚੋਰੀ ਕਰਨ ਵਾਲੇ ਵਿਅਕਤੀ ਹਰਮੇਸ਼ ਲਾਲ ਪੁੱਤਰ ਸੋਹਣ ਲਾਲ ਵਾਸੀ ਨਵਾਂਸ਼ਹਿਰ ਅਤੇ ਰਾਜਿੰਦਰ ਕੁਮਾਰ ਪੁੱਤਰ ਮੋਹਨ ਲਾਲ ਵਾਸੀ ਪਿੰਡ ਪੱਦੀ ਪੋਸੀ, ਮਾਹਿਲਪੁਰ ਥਾਣਾ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਹਨ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ.ਐੱਸ.ਐੱਚ.ਓ. ਸਬ ਇੰਸਪੈਕਟਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਕਤ ਸੂਚਨਾ ਦੇ ਆਧਾਰ 'ਤੇ ਪੁਲਸ ਨੇ ਹਰਮੇਸ਼ ਲਾਲ ਅਤੇ ਰਾਜਿੰਦਰ ਕੁਮਾਰ ਨੂੰ ਕਾਬੂ ਕਰ ਕੇ ਤਫ਼ਤੀਸ਼ ਉਪਰੰਤ ਸੰਜੈ ਪਟੇਲ ਪੁੱਤਰ ਹੀਰਾ ਪਟੇਲ ਵਾਸੀ ਗੜ੍ਹਸ਼ੰਕਰ ਜੋ ਕਿ ਸਕਰੈਪ ਡੀਲਰ ਦਾ ਕੰਮ ਕਰਦਾ ਹੈ ਨੂੰ ਗਿਫਤਾਰ ਕੀਤਾ ਅਤੇ ਉਕਤ ਦੋਸ਼ੀ ਤੋਂ ਸਸਤੇ ਭਾਅ ਉੱਤੇ ਚੋਰੀ ਦਾ ਸਾਮਾਨ ਖਰੀਦਣ ਵਾਲੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਐੱਸ ਐੱਚ ਓ ਨੇ ਦੱਸਿਆ ਕਿ ਮੁੱਢਲੀ ਜਾਣਕਾਰੀ ਤੋਂ ਪਤਾ ਲੱਗਾ ਹੈ ਕਿ ਕਾਬੂ ਕੀਤੇ ਹਰਮੇਸ਼ ਲਾਲ ਖਿਲਾਫ ਪਹਿਲਾਂ ਵੀ ਐੱਨ ਡੀ ਪੀ ਐੱਸ ਤਹਿਤ ਕੇਸ ਦਰਜ ਹੈ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਦੋਸ਼ੀਆਂ ਖਿਲਾਫ ਥਾਣਾ ਸਿਟੀ ਨਵਾਂਸ਼ਹਿਰ ਵਿੱਚ ਮਾਮਲਾ ਦਰਜ ਕਰ ਲਿਆ ਗਿਆ ਹੈ।

# ਡਾ. ਰਾਜ ਕੁਮਾਰ ਚੱਬੇਵਾਲ ਨੇ ਪੇਂਡੂ ਵਿਕਾਸ ਲਈ 1 ਕਰੋੜ 61 ਲੱਖ ਰੁਪਏ ਦੇ ਚੈੱਕ ਵੰਡੇ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)** ਚੱਬੇਵਾਲ ਵਿਧਾਨ ਸਭਾ ਹਲਕੇ ਵਿੱਚ ਪੇਂਡੂ ਵਿਕਾਸ ਨੂੰ ਨਵੀਂ ਦਿਸ਼ਾ ਦਿੰਦਿਆਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ 38 ਪਿੰਡਾਂ ਨੂੰ 1 ਕਰੋੜ 61 ਲੱਖ ਰੁਪਏ ਦੇ ਚੈੱਕ ਵੰਡੇ।ਪਿੰਡ ਬਠੁੱਲਾ, ਪੰਡੋਰੀ ਕੱਦ ਅਤੇ ਪੰਡੋਰੀ ਬੀਬੀ ਵਿਖੇ ਕਰਵਾਏ ਵਿਸ਼ੇਸ਼ ਸਮਾਗਮ ਦੌਰਾਨ ਡਾ. ਚੱਬੇਵਾਲ ਨੇ ਐਲਾਨ ਕੀਤਾ ਕਿ ਇਸ ਉਪਰਾਲੇ ਦਾ ਮੁੱਖ ਮੰਤਵ ਪਿੰਡਾਂ ਨੂੰ ਆਦਰਸ਼ ਰਿਹਾਇਸ਼ੀ ਖੇਤਰਾਂ ਵਿੱਚ ਤਬਦੀਲ



ਕਰਨਾ ਹੈ, ਜਿਸ ਨਾਲ ਇਲਾਕਾ ਨਿਵਾਸੀਆਂ ਦਾ ਜੀਵਨ ਪੱਧਰ ਉੱਚਾ ਚੁੱਕਣਾ ਹੈ।ਇਸ ਮੌਕੇ ਡਾ: ਰਾਜਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਸਰਵਪੱਖੀ ਵਿਕਾਸ ਯੋਜਨਾ ਪਿੰਡ ਵਾਸੀਆਂ ਦੇ ਜੀਵਨ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਲਈ ਤਿਆਰ ਕੀਤੀ ਗਈ ਹੈ।ਉਨ੍ਹਾਂ ਮੁੱਖ ਮੰਤਰੀ ਦੀ ਦੂਰਅੰਦੇਸ਼ੀ ਸੋਚ ਦੀ ਸ਼ਲਾਘਾ ਕੀਤੀ ਅਤੇ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਪਿੰਡਾਂ ਵਿੱਚ ਹੋ ਰਹੇ ਸ਼ਾਨਦਾਰ ਵਿਕਾਸ ਦਾ ਸਿਹਰਾ ਉਨ੍ਹਾਂ ਦੀ ਲੀਡਰਸ਼ਿਪ ਨੂੰ ਦਿੱਤਾ।ਸੰਸਦ ਮੈਂਬਰ ਨੇ ਜ਼ੋਰ ਦੇ ਕੇ ਕਿਹਾ ਕਿ ਉਹ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ ਕਿ ਸਾਡੇ ਪੇਂਡੂ ਖੇਤਰਾਂ ਨੂੰ ਵਿਕਾਸ ਅਤੇ ਖੁਸ਼ਹਾਲੀ ਲਈ ਬਰਾਬਰ ਧਿਆਨ ਅਤੇ ਸਰੋਤ ਮਿਲੇ।ਇਸ ਪ੍ਰੋਜੈਕਟ ਤਹਿਤ ਚੋਣਵੇਂ ਪਿੰਡਾਂ ਵਿੱਚ ਮਹੱਤਵਪੂਰਨ ਸੁਧਾਰ ਕਾਰਜ ਕਰਵਾਏ ਜਾਣਗੇ।ਇਸ ਵਿੱਚ ਗਲੀਆਂ ਅਤੇ ਨਾਲੀਆਂ ਦਾ ਨਿਰਮਾਣ, ਧਰਮਸ਼ਾਲਾਵਾਂ ਦਾ ਨਿਰਮਾਣ, ਗੰਦੇ ਪਾਣੀ ਲਈ ਨਿਕਾਸੀ ਪ੍ਰਬੰਧ, ਸ਼ਮਸ਼ਾਨਘਾਟ ਅਤੇ ਕਮਿਊਨਿਟੀ ਸੈਂਟਰਾਂ ਦਾ ਨਿਰਮਾਣ, ਪੀਣ ਵਾਲੇ ਪਾਣੀ ਦੀਆਂ ਪਾਈਪਾਂ ਵਿਛਾਉਣ ਅਤੇ ਸਟੇਡੀਅਮਾਂ ਦਾ ਨਿਰਮਾਣ ਸ਼ਾਮਲ ਹੈ।ਡਾ: ਚੱਬੇਵਾਲ ਨੇ ਕਿਹਾ ਕਿ ਇਸ ਵਿਕਾਸ ਪੈਕੇਜ ਨਾਲ ਕੋਈ ਵੀ ਪਿੰਡ ਆਧੁਨਿਕ ਸਹੂਲਤਾਂ ਤੋਂ ਵਾਂਝਾ ਨਹੀਂ ਰਹੇਗਾ। ਪਿੰਡ ਵਾਸੀਆਂ ਨੇ ਇਸ ਪਹਿਲਕਦਮੀ ਦਾ ਸਵਾਗਤ ਕੀਤਾ ਅਤੇ ਪਿੰਡ ਵਾਸੀਆਂ ਦੀ ਭਲਾਈ ਲਈ ਕੀਤੇ ਗਏ ਸਮਰਪਣ ਲਈ ਡਾਕਟਰ ਚੱਬੇਵਾਲ ਦਾ ਧੰਨਵਾਦ ਕੀਤਾ।ਇਸ ਮੌਕੇ ਸੁਰਿੰਦਰ ਸਿੰਘ ਬਲਾਕ ਪ੍ਰਧਾਨ, ਜੋਧ ਸਿੰਘ, ਪਰਮਜੀਤ ਸਿੰਘ ਨੇ ਸੰਸਦ ਮੈਂਬਰ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਉਪਰਾਲੇ ਨਾਲ ਪਿੰਡਾਂ ਵਿੱਚ ਵਿਕਾਸ ਅਤੇ ਤਰੱਕੀ ਦਾ ਨਵਾਂ ਦੌਰ ਸ਼ੁਰੂ ਹੋਵੇਗਾ।ਇਲਾਕਾ ਨਿਵਾਸੀਆਂ ਨੇ ਡਾ: ਚੱਬੇਵਾਲ ਦੀ ਦੂਰਅੰਦੇਸ਼ੀ ਅਤੇ ਪ੍ਰਤੀਬੱਧਤਾ ਲਈ ਧੰਨਵਾਦ ਕੀਤਾ।ਇਸ ਮੌਕੇ ਡਾ: ਈਸ਼ਾਂਕ, ਸ਼ੌਕੀਨ ਸਿੰਘ, ਜਸਪਾਲ ਸਿੰਘ, ਰਘੁਵੀਰ ਸਿੰਘ ਸਾਬਕਾ ਕਮੇਟੀ ਮੈਂਬਰ, ਗੁਰਬਖਸ਼ ਸਿੰਘ ਕਾਕੂ, ਅੰਮ੍ਰਿਤਪਾਲ ਸਰਪੰਚ ਪੰਡੋਰੀ ਕੱਦ, ਰੇਸ਼ਮ ਲਾਲ ਮੈਂਬਰ ਪੰਚਾਇਤ, ਤੇਜਿੰਦਰ ਸਿੰਘ, ਜਸਵੀਰ ਜੱਸੀ, ਲਖਵਿੰਦਰ ਕੁਮਾਰ, ਰਾਮ ਸਿੰਘ, ਸੋਨੂੰ, ਸਤਪਾਲ ਸਿੰਘ, ਪੱਪੂ, ਕੁਲਦੀਪ ਕੌਰ, ਸਰਪੰਚ ਪਿੰਕਾ ਤੇ ਦਿਆਲ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਵਿਦਿਆਰਥੀਆਂ ਨੇ ਕਰਾਟੇ ਚੈਂਪੀਅਨਸ਼ਿਪ 'ਚ ਮੰਨਵਾਇਆ ਆਪਣਾ ਲੋਹਾ



**ਆਦਮਪੁਰ (ਪਰਮਜੀਤ ਸਿੰਘ)**:- ਏ ਟੀ ਡੀ ਏ ਵੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਕਾਲਜ ਜਲੰਧਰ, ਪੰਜਾਬ ਵਿੱਚ ਆਯੋਜਿਤ ਸੀ.ਕੇ.ਸੀ. ਨੌਰਥ ਇੰਡੀਆ ਕਰਾਟੇ ਚੈਂਪੀਅਨਸ਼ਿਪ 2024 ਵਿੱਚ ਇੰਪੀਰੀਅਲ ਸਕੂਲ ਦੇ ਵਿਦਿਆਰਥੀਆਂ ਨੇ 12 ਗੋਲਡ ਤਮਗੇ, 18 ਸਿਲਵਰ ਤਮਗੇ ਅਤੇ 24 ਬ੍ਰਾਂਜ ਤਮਗੇ ਜਿੱਤ ਕੇ ਸਕੂਲ ਦਾ ਮਾਣ ਵਧਾਇਆ।ਆਪਣੀ ਖੇਡ ਦਾ ਜ਼ੋਰਦਾਰ ਪ੍ਰਦਰਸ਼ਨ ਕਰਦੇ ਵਿਦਿਆਰਥੀਆਂ ਨੇ ਕੁੱਲ 54 ਤਮਗੇ ਜਿੱਤ ਕੇ ਆਪਣੀ ਖੇਡ ਦਾ ਲੋਹਾ ਮਨਵਾਇਆ। ਇੰਟਰਨੈਸ਼ਨਲ ਕਰਾਟੇ ਕੋਚ ਸ਼੍ਰੀਮਾਨ ਸੈਮ ਨੂੰ ਵਧਾਈ ਦਿੰਦੇ ਹੋਏ ਚੇਅਰਮੈਨ ਜਗਦੀਸ਼ ਲਾਲ, ਡਰੈਕਟਰ ਜਗਮੋਹਨ ਅਰੋੜਾ ਨੇ ਵਿਦਿਆਰਥੀਆਂ ਦੇ ਖੇਡ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਇਸੇ ਤਰ੍ਹਾਂ ਦੇ ਵਧ-ਚੜ੍ਹ ਕੇ ਖੇਡਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।ਪ੍ਰਿੰਸੀਪਲ ਸ੍ਰੀਮਤੀ ਸਵਿੰਦਰ ਕੌਰ ਮੱਲ੍ਹੀ ਵੱਲੋਂ ਵਿਸ਼ੇਸ਼ ਸਭਾ 'ਚ ਸਾਰੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਭਾ ਨੂੰ ਸੰਬੋਧਿਤ ਕਰਦਿਆਂ ਸ੍ਰੀਮਤੀ ਮੱਲ੍ਹੀ ਨੇ ਜੇਤੂ ਵਿਦਿਆਰਥੀਆਂ ਨੂੰ ਦੇਸ਼-ਵਿਦੇਸ਼ ਵਿੱਚ ਆਪਣੇ ਸਕੂਲ ਦਾ ਨਾਮ ਰੋਸ਼ਨ ਕਰਨ ਲਈ ਉਤਸ਼ਾਹਿਤ ਕੀਤਾ।ਇਸ ਵਿਸ਼ੇਸ਼ ਅਸੈਂਬਲੀ ਦੌਰਾਨ ਵਾਈਸ ਪ੍ਰਿੰਸੀਪਲ ਸ੍ਰੀਮਤੀ ਪੂਜਾ ਠਾਕੁਰ ਅਤੇ ਅਕਾਦਮਿਕ ਕੋਆਰਡੀਨੇਟਰ ਸ਼੍ਰੀਮਤੀ ਰੇਣੂ ਚਾਹਲ ਦੇ ਨਾਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਟਾਸਕ ਫੋਰਸ ਵੱਲੋਂ ਜ਼ਿਲ੍ਹੇ 'ਚ ਬਾਲ ਭਿੱਖਿਆ ਤੇ ਬਾਲ ਮਜ਼ਦੂਰੀ ਨੂੰ ਰੋਕਣ ਲਈ ਚਲਾਈ ਮੁਹਿੰਮ



**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ (ਆਈ ਏ ਐਸ) ਅਤੇ ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਬਾਲ ਭਿੱਖਿਆ ਅਤੇ ਬਾਲ ਮਜ਼ਦੂਰੀ ਨੂੰ ਰੋਕਣ ਲਈ ਜ਼ਿਲਾ ਟਾਸਕ ਫੋਰਸ ਵੱਲੋ ਮੁਹਿੰਮ ਚਲਾਈ ਜਾ ਰਹੀ ਹੈ।ਜਿਸਦੇ ਚਲਦੇ ਪਿਛਲੇ ਕੁਝ ਦਿਨਾਂ ਤੋਂ ਜ਼ਿਲ੍ਹੇ ਦੇ ਵੱਖ ਵੱਖ ਥਾਵਾਂ ਤੇ ਬਾਲ ਭਿਖਿਆ ਅਤੇ ਬਾਲ ਮਜ਼ਦੂਰੀ ਨੂੰ ਰੋਕਣ ਲਈ ਚੈਕਿੰਗ ਕੀਤੀ ਜਾ ਰਹੀ ਹੈ।ਇਹ ਚੈਕਿੰਗ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਦੀ ਅਗਵਾਈ ਹੇਠ ਕੀਤੀ ਜਾ ਰਹੀ ਹੈ।ਇਸੇ ਲੜੀ ਤਹਿਤ ਬੰਗਾ ਬਲਾਕ ਦੇ ਮੇਨ ਰੋਡ, ਗੜ੍ਹਸ਼ੰਕਰ ਰੋਡ, ਬੱਸ ਸਟੈਂਡ ਰੋਡ ਅਤੇ ਮੇਨ ਬਾਜ਼ਾਰ ਵਿੱਚ ਚੈਕਿੰਗ ਕੀਤੀ ਗਈ ਅਤੇ ਟੀਮ ਵੱਲੋਂ ਬਾਲ ਮਜ਼ਦੂਰੀ ਕਰਦੇ ਹੋਏ ਕੋਈ ਵੀ ਬੱਚਾ ਨਹੀਂ ਪਾਇਆ ਗਿਆ ਪ੍ਰੰਤੂ ਚਾਰ ਬੱਚਿਆਂ ਨੂੰ ਭੀਖ ਮੰਗਦੇ ਹੋਏ ਪਾਇਆ ਗਿਆ ਜਿਨਾਂ ਦੀ ਉਮਰ ਛੇ ਸਾਲ ਤੋਂ 12 ਸਾਲ ਤੱਕ ਦੀ ਸੀ।ਟੀਮ ਵੱਲੋਂ ਬੱਚਿਆਂ ਨੂੰ ਰੈਸਕਿਊ ਕਰਨ ਉਪਰੰਤ ਬਾਲ ਭਲਾਈ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਸਨਮੁਖ ਪੇਸ਼ ਕੀਤਾ ਗਿਆ ਹੈ।ਕਮੇਟੀ ਵੱਲੋਂ ਬੱਚਿਆਂ ਦੇ ਦਸਤਾਵੇਜ ਵੈਰੀਫਾਈ ਕਰਨ ਉਪਰੰਤ ਯੋਗ ਕਾਰਵਾਈ ਕੀਤੀ ਜਾਵੇਗੀ।ਜਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਨੇ ਦੱਸਿਆ ਕਿ ਡਾਇਰੈਕਟਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਹੁਕਮਾ ਅਨੁਸਾਰ ਬਾਲ ਮਜ਼ਦੂਰੀ ਅਤੇ ਬਾਲ ਭਿਖਿਆ ਸੰਬਧੀ ਚੈਕਿੰਗ ਪੂਰੇ ਪੰਜਾਬ ਵਿੱਚ ਕੀਤੀ ਜਾ ਰਹੀ ਹੈ ਤਾਂ ਜੋ ਦੂਜੇ ਰਾਜਾਂ ਤੋਂ ਆਏ ਹੋਏ ਪਰਵਾਸੀਆਂ ਨੂੰ ਪੰਜਾਬ ਵਿੱਚ ਭਿੱਖਿਆ ਕਰਨ ਤੋਂ ਰੋਕਿਆ ਜਾ ਸਕੇ ਅਤੇ ਭਿਖਿਆ ਵਿੱਚ ਲੱਗੇ ਹੋਏ ਬੱਚਿਆਂ ਨੂੰ ਸਿੱਖਿਆ ਨਾਲ ਜੋੜ ਕੇ ਉਹਨਾਂ ਦੇ ਭਵਿੱਖ ਨੂੰ ਉਜਵਲ ਬਣਾਇਆ ਜਾ ਸਕੇ।ਜਿਲ੍ਹਾ ਬਾਲ ਸੁਰੱਖਿਆ ਅਫਸਰ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ 18 ਸਾਲ ਤੋਂ ਛੋਟੇ ਉਮਰ ਦੇ ਬੱਚਿਆਂ ਤੋਂ ਭੀਖ ਨਾ ਮੰਗਵਾਈ ਜਾਏ ਅਤੇ ਜੇਕਰ ਕੋਈ ਵੀ 18 ਸਾਲ ਤੋਂ ਘੱਟ ਉਮਰ ਦਾ ਬੱਚਾ ਭੀਖ ਮੰਗਦਾ ਹੋਇਆ ਨਜ਼ਰ ਆਉਂਦਾ ਹੈ ਤਾਂ ਉਸਦੀ ਜਾਣਕਾਰੀ ਜਿਲਾ ਬਾਲ ਸੁਰੱਖਿਆ ਯੂਨਿਟ ਜਾਂ ਚਾਇਲਡ ਹੈਲਪਲਾਈਨ ਨੰਬਰ 1098 'ਤੇ ਦਿੱਤੀ ਜਾਵੇ।ਇਸ ਮੌਕੇ ਹਾਜ਼ਰ ਰਜਿੰਦਰ ਕੌਰ ਬਾਲ ਰੱਖਿਆ ਅਫਸਰ ਵੱਲੋਂ ਦੱਸਿਆ ਗਿਆ ਕੀ ਜੀਰੋ ਤੋਂ 18 ਸਾਲ ਤੱਕ ਦੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲੇ ਵਿਅਕਤੀ ਖਿਲਾਫ ਜੁਵੇਨਾਈਲ ਜਸਟਿਸ ਐਕਟ ਅਧੀਨ ਦੋ ਸਾਲ ਤੱਕ ਦੀ ਸਜ਼ਾ ਅਤੇ 1 ਲੱਖ ਰੁਪਏ ਜੁਰਮਾਨਾ ਹੋ ਸਕਦਾ ਹੈ।

# ਡੇਂਗੂ ਨੂੰ ਠੱਲ੍ਹ ਪਾਉਣ 'ਚ ਨਾਕਾਮ ਹੈ ਸਿਹਤ ਵਿਭਾਗ : ਅਰਵਿੰਦ ਖੰਨਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਦੇ ਕਾਰਨ ਸਿਹਤ ਵਿਭਾਗ ਡੇਂਗੂ ਵਰਗੀ ਗੰਭੀਰ ਬਿਮਾਰੀ ਨੂੰ ਠੱਲ੍ਹ ਪਾਉਣ ਵਿੱਚ ਨਾਕਾਮ ਹੈ। ਇੱਥੇ ਜਾਰੀ ਇੱਕ ਬਿਆਨ ਵਿੱਚ ਸ੍ਰੀ ਖੰਨਾ ਨੇ ਕਿਹਾ ਕਿ ਸਿਹਤ ਵਿਭਾਗ ਦੇ ਨਾਲ-ਨਾਲ ਸਥਾਨਕ ਸਰਕਾਰਾਂ ਵਿਭਾਗ ਵੀ ਅਜਿਹੀ ਸਥਿਤੀ ਨਾਲ ਟਾਕਰਾ ਕਰਨ ਵਿੱਚ ਨਾਕਾਮ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰ ਰੋਜ਼ ਅਖ਼ਬਾਰਾਂ ਵਿੱਚ ਡੇਂਗੂ ਦੇ ਵਧ ਰਹੇ ਮਰੀਜ਼ਾਂ ਅਤੇ ਖਾਸਕਰ ਸ਼ਹਿਰੀ ਇਲਾਕਿਆਂ ਵਿੱਚ ਪਾਣੀ ਦੀ ਨਿਕਾਸੀ ਦੀ ਕਮੀਂ ਨਾਲ ਸਬੰਧਿਤ ਖ਼ਬਰਾ ਪ੍ਰਕਾਸ਼ਿਤ ਹੋ ਰਹੀਆਂ ਹਨ, ਪਰ ਪੰਜਾਬ ਸਰਕਾਰ ਦਾ ਇਸ ਵੱਲ ਕੋਈ ਧਿਆਨ ਨਹੀਂ ਹੈ।ਉਨ੍ਹਾਂ ਕਿਹਾ ਕਿ ਬਰਸਾਤਾਂ ਦਾ ਮੌਸਮ ਚੱਲ ਰਿਹਾ ਹੈ ਪਰ ਨਾ ਤਾਂ ਸਿਹਤ ਵਿਭਾਗ ਅਤੇ ਨਾ ਹੀ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਖੜ੍ਹੇ ਹੋਣ ਵਾਲੇ ਪਾਣੀ ਦੀ ਸਮੱਸਿਆ ਦੇ ਹੱਲ ਲਈ ਕੋਈ ਅਗੇਤੀ ਤਿਆਰੀ ਕੀਤੀ ਗਈ ਹੈ। ਜਿਸ ਕਾਰਨ ਸੂਬੇ ਦੇ ਲੋਕਾਂ ਦੀ ਸਿਹਤ ਸੰਭਾਲ ਰੱਬ ਆਸਰੇ ਹੀ ਰਹਿ ਗਈ ਹੈ।ਉਨ੍ਹਾਂ ਕਿਹਾ ਕਿ ਸਥਾਨਕ ਸਰਕਾਰਾਂ ਵਿਭਾਗ ਨੂੰ ਮਾਨਸੂਨ ਦੇ ਮੌਸਮ ਨੂੰ ਦੇਖਦੇ ਹੋਏ ਪਾਣੀ ਦੀ ਨਿਕਾਸੀ ਦੇ ਪੁਖਤਾ ਪ੍ਰਬੰਧ ਕਰਨੇ ਚਾਹੀਦੇ ਸਨ, ਪਰ ਸਰਕਾਰ ਦੀ ਨਲਾਇਕੀ ਦੇ ਕਾਰਨ ਇਸ ਗੰਭੀਰ ਮਸਲੇ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ।

# 20 ਸਤੰਬਰ ਤੱਕ ਬੀ ਐੱਲ ਓਜ਼ ਵੱਲੋਂ ਘਰ-ਘਰ ਜਾ ਕੇ ਕੀਤਾ ਜਾਵੇਗਾ ਵੋਟਰ ਸੂਚੀਆਂ ਦਾ ਸਰਵੇਖਣ : ਰਾਹੁਲ ਚਾਬਾ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**—ਭਾਰਤ ਚੋਣ ਕਮਿਸ਼ਨ ਵੱਲੋਂ ਯੋਗਤਾ ਮਿਤੀ 1 ਜਨਵਰੀ 2025 ਦੇ ਆਧਾਰ 'ਤੇ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ ਸਬੰਧੀ ਇਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ ਨੇ ਕੀਤੀ। ਇਸ ਮੀਟਿੰਗ ਵਿਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਕਮਿਸ਼ਨਰ ਨਗਰ ਨਿਗਮ-ਕਮ-ਈ.ਆਰ.ਓ ਸ਼ਾਮ ਚੁਰਾਸੀ ਡਾ. ਅਮਨਦੀਪ ਕੌਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਮੀਟਿੰਗ ਵਿਚ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 20 ਅਗਸਤ 2024 ਤੋਂ ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਵੋਟਰ ਸੂਚੀਆਂ ਦਾ ਸਰਵੇਖਣ ਸ਼ੁਰੂ ਕਰ ਦਿੱਤਾ ਗਿਆ ਹੈ, ਜੋ ਕਿ 20 ਸਤੰਬਰ 2024 ਤੱਕ ਚੱਲੇਗਾ। ਉਨ੍ਹਾਂ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਸਰਵੇ ਦੌਰਾਨ ਬੀ.ਐਲ.ਓਜ਼ ਦਾ ਸਹਿਯੋਗ ਕਰਨ। ਇਸ ਸਰਵੇ ਦੌਰਾਨ ਲੋਕ ਆਪਣੇ ਘਰਾਂ ਵਿਚ 18 ਸਾਲ ਜਾਂ ਉਸ ਤੋਂ ਵੱਧ ਉਮਰ ਦੇ ਵਿਅਕਤੀਆਂ ਦਾ ਬਿਓਰਾ, ਪਰਵਾਰ ਵਿਚ ਕਿਸੇ ਦੀ ਮੌਤ ਜਾਂ ਕਿਸੇ ਲੜਕੇ ਜਾਂ ਲੜਕੀ ਦੇ ਵਿਆਹ ਦਾ ਬਿਓਰਾ ਬੀ.ਐਲ.ਓ ਨੂੰ ਦਰਜ ਕਰਵਾ ਸਕਦੇ ਹਨ, ਤਾਂ ਜੋ ਵੋਟਾਂ ਦੀ ਸੂਚੀ ਵਿਚ ਸਹੀ ਸਮੇਂ 'ਤੇ ਸੋਧ ਕੀਤੀ ਜਾ ਸਕੇ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਨ੍ਹਾਂ ਵਿਅਕਤੀਆਂ ਦੀ ਉਮਰ 1 ਜਨਵਰੀ 2025 ਨੂੰ 18 ਸਾਲ ਜਾਂ ਉਸ ਤੋਂ ਵੱਧ ਹੋਵੇਗੀ, ਉਹ ਆਪਣਾ ਨਾਮ ਵੋਟਰ ਸੂਚੀ ਵਿਚ ਸ਼ਾਮਿਲ ਕਰਵਾਉਣ ਲਈ ਫਾਰਮ ਨੰਬਰ 6 ਭਰ ਸਕਦੇ ਹਨ। ਵੋਟਰ ਸੂਚੀ ਵਿਚ ਸ਼ਾਮਿਲ ਨਾਮ 'ਤੇ ਇਤਰਾਜ਼ ਜਾਂ ਵੋਟ ਕਟਾਉਣ ਲਈ ਫਾਰਮ ਨੰਬਰ 7, ਵੋਟਰ ਸੂਚੀ ਵਿਚ ਕਿਸੇ ਵੀ ਬਿਓਰੇ ਵਿਚ ਦਰੁੱਸਤੀ ਜਾਂ ਪਤੇ ਵਿਚ ਬਦਲਾਅ ਲਈ ਫਾਰਮ ਨੰਬਰ 8 ਭਰਿਆ ਜਾ ਸਕਦਾ ਹੈ। ਇਹ ਫਾਰਮ ਸਬੰਧਤ ਬੂਥ ਲੈਵਲ ਅਫ਼ਸਰ, ਸਹਾਇਕ ਚੋਣ ਰਜਿਸਟਰੇਸ਼ਨ ਅਫ਼ਸਰ ਜਾਂ ਚੋਣ ਰਜਿਸਟਰੇਸ਼ਨ ਅਫ਼ਸਰ ਦੇ ਦਫ਼ਤਰ ਵਿਚ 28 ਨਵੰਬਰ 2024 ਤੱਕ ਜਮ੍ਹਾਂ ਕਰਵਾਏ ਜਾ ਸਕਦੇ ਹਨ।

ਇਸ ਤੋਂ ਇਲਾਵਾ ਉਕਤ ਮਿਤੀਆਂ ਤੱਕ ਹੈਲਪਲਾਈਨ ਐਪ ਜਾਂ ਐਨ.ਵੀ.ਐਸ.ਪੀ ਪੋਰਟਲ ਰਾਹੀਂ ਵੀ ਅਪਲਾਈ ਕੀਤਾ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਸੁਧਾਈ ਫਾਰਮ ਦਾ ਡਿਜ਼ੀਟਲਾਈਜੇਸ਼ਨ 21 ਸਤੰਬਰ 2024 ਤੋਂ 5 ਅਕਤੂਬਰ 2024 ਤੱਕ ਕੀਤਾ ਜਾਵੇਗਾ। ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ 20 ਅਗਸਤ 2024 ਤੋਂ 30 ਸਤੰਬਰ 2024 ਤੱਕ ਪੂਰੀ ਹੋਵੇਗੀ। 1 ਜਨਵਰੀ 2025 ਦੀ ਯੋਗਤਾ ਮਿਤੀ ਦੇ ਆਧਾਰ 'ਤੇ ਏਕੀਕ੍ਰਿਤ ਡਰਾਫਟ ਸੂਚੀ ਦੀ ਪ੍ਰਕਾਸ਼ਨਾ 29 ਅਕਤੂਬਰ 2024 ਨੂੰ ਹੋਵੇਗੀ, ਜਦਕਿ ਦਾਅਵੇ ਅਤੇ ਇਤਰਾਜ ਦਾਖ਼ਲ ਕਰਨ ਦੀ ਮਿਤੀ 29 ਅਕਤੂਬਰ ਤੋਂ 28 ਨਵੰਬਰ ਤੱਕ ਨਿਰਧਾਰਿਤ ਕੀਤੀ ਗਈ ਹੈ। ਈ.ਆਰ.ਓਜ਼ ਵੱਲੋਂ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ 29 ਅਕਤੂਬਰ ਤੋਂ 24 ਦਸੰਬਰ ਤੱਕ ਕੀਤਾ ਜਾਵੇਗਾ ਅਤੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 6 ਜਨਵਰੀ 2025 ਤੱਕ ਹੋਵੇਗੀ।ਰਾਹੁਲ ਚਾਬਾ ਨੇ ਦੱਸਿਆ ਕਿ ਨਿਰਧਾਰਿਤ ਪ੍ਰੋਗਰਾਮ ਦੇ ਅਨੁਸਾਰ 9 ਅਤੇ 10 ਨਵੰਬਰ 2024 (ਸ਼ਨੀਵਾਰ ਅਤੇ ਐਤਵਾਰ) ਅਤੇ 23 ਤੇ 24 ਨਵੰਬਰ 2024 (ਸ਼ਨੀਵਾਰ ਅਤੇ ਐਤਵਾਰ) ਨੂੰ ਜ਼ਿਲ੍ਹੇ ਦੇ ਸਾਰੇ ਬੀ.ਐਲ.ਓਜ਼ ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਬੈਠ ਕੇ ਯੋਗ ਵਿਅਕਤੀਆਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨਗੇ। ਉਨ੍ਹਾਂ ਸਾਰੇ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨਾਂ ਅਤੇ ਸਕੱਤਰਾਂ ਨੂੰ ਅਪੀਲ ਕੀਤੀ ਕਿ ਉਹ ਪੋਲਿੰਗ ਬੂਥਾਂ 'ਤੇ ਬੂਥ ਲੈਵਲ ਅਧਿਕਾਰੀਆਂ ਦੀ ਸਹਾਇਤਾ ਲਈ ਬੂਥ ਲੈਵਲ ਏਜੰਟਾਂ ਦੀ ਨਿਯੁਕਤੀ ਕਰਨ। ਨਾਲ ਹੀ ਉਨ੍ਹਾਂ ਅਪੀਲ ਕੀਤੀ ਕਿ ਭਾਰਤ ਚੋਣ ਕਮਿਸ਼ਨ ਨਵੀਂ ਦਿੱਲੀ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਇਸੇ ਵਿਸ਼ੇਸ਼ ਸੋਧ ਪ੍ਰੋਗਰਾਮ ਅਤੇ ਡੋਰ-ਟੂ-ਡੋਰ ਸਰਵੇਖਣ ਦਾ ਵਿਆਪਕ ਪ੍ਰਚਾਰ-ਪ੍ਰਸਾਰ ਕੀਤਾ ਜਾਵੇ।ਇਸ ਮੌਕੇ ਤਹਿਸੀਲਦਾਰ ਚੋਣਾਂ ਸਰਬਜੀਤ ਸਿੰਘ, ਚੋਣ ਕਾਨੂੰਗੋ ਦੀਪਕ ਕੁਮਾਰ, ਲਖਬੀਰ ਸਿੰਘ, ਪ੍ਰਦੀਪ ਕੁਮਾਰ, ਆਮ ਆਦਮੀ ਪਾਰਟੀ ਤੋਂ ਜੈ ਰਾਜ, ਬਹੁਜਨ ਸਮਾਜ ਪਾਰਟੀ ਤੋਂ ਮਦਨ ਸਿੰਘ ਬੈਂਸ, ਭਾਜਪਾ ਤੋਂ ਭੂਸ਼ਣ ਕੁਮਾਰ ਸ਼ਰਮਾ ਅਤੇ ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ ਵੀ ਮੌਜੂਦ ਸਨ।

# ਪਾਲ ਮਰਚੈਂਟ ਤੋਂ ਲੁੱਟ-ਖੋਹ ਕਰਨ ਵਾਲੇ ਪੁਲਸ ਅੜਿੱਕੇ

## ਵਾਰਦਾਤ ਸਮੇਂ ਵਰਤੀ ਕਾਰ, ਖਿਡੌਣਾ ਪਿਸਤੌਲ ਤੇ ਨਗਦੀ ਬਰਾਮਦ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬੀਤੀ 10 ਅਗਸਤ ਨੂੰ ਸਥਾਨਕ ਸ਼ਹਿਰ ਦੇ ਕੋਟਕਪੂਰਾ ਰੋਡ ਉਪਰ ਇੱਕ ਫਾਇਨਾਂਸਰ ਦੀ ਦੁਕਾਨ ਨੂੰ ਨਿਸ਼ਾਨਾ ਬਣਾਉਂਦਿਆਂ ਅਣਪਛਾਤੇ ਲੁਟੇਰਿਆਂ ਵੱਲੋਂ 2 ਲੱਖ 23 ਹਜ਼ਾਰ ਦੀ ਲੁੱਟ-ਖੋਹ ਕੀਤੀ ਗਈ ਸੀ, ਜਿਸ ਕਾਰਨ ਸਥਾਨਕ ਸ਼ਹਿਰ ਦੇ ਦੁਕਾਨਦਾਰਾਂ ਵਿੱਚ ਡਰ ਦਾ ਮਹੌਲ ਪੈਦਾ ਹੋ ਗਿਆ ਸੀ, ਕਿਉਂਕਿ ਦਿਨ ਦਿਹਾੜੇ ਪਿਸਤੌਲ ਦੀ ਨੋਕ 'ਤੇ ਕੀਤੀ ਗਈ ਲੁੱਟ ਕਾਰਨ ਸਹਿਮ ਦੇ ਮਹੌਲ ਵਿੱਚ ਸਨ, ਪਰ ਡੀਐੱਸਪੀ ਬਾਘਾ ਪੁਰਾਣਾ ਦਲਵੀਰ ਸਿੰਘ ਸਿੱਧੂ ਤੇ ਥਾਣਾ ਮੁਖੀ ਜਸਵਰਿੰਦਰ ਸਿੰਘ ਸਿੱਧੂ ਵੱਲੋਂ ਵਰਤੀ ਗਈ ਮੁਸਤੈਦੀ ਕਾਰਣ ਬਾਘਾ ਪੁਰਾਣਾ ਪੁਲਸ ਦੋ ਲੁਟੇਰਿਆਂ ਨੂੰ ਕਾਬੂ ਕਰਨ ਵਿੱਚ ਕਾਮਯਾਬ ਹੋਈ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਐੱਸ ਪੀ ਦਲਵੀਰ ਸਿੰਘ ਤੇ ਥਾਣਾ ਮੁਖੀ ਇੰਸਪੈਕਟਰ ਜਸਵਰਿੰਦਰ ਸਿੰਘ ਨੇ ਕਿਹਾ ਕਿ ਬੀਤੀ 10 ਅਗਸਤ ਨੂੰ ਅਣਪਛਾਤੇ ਲੁਟੇਰੇ ਜਿਨ੍ਹਾਂ ਦੇ ਮੂੰਹ ਢਕੇ ਹੋਏ ਸਨ ਤੇ ਵਰਨਾ ਕਾਰ 'ਤੇ ਆਏ ਸਨ।ਉਸ ਸਮੇਂ ਪਾਲ ਮਰਚੈਂਟ ਦੇ ਦਫਤਰ ਵਿੱਚ ਮੌਜੂਦ ਸਟਾਫ਼ ਮੈਂਬਰਾਂ ਭਜਨ ਸਿੰਘ, ਆਨੰਦਪ੍ਰੀਤ ਸਿੰਘ ਤੇ ਮਨਦੀਪ ਕੌਰ ਨੂੰ ਪਿਸਟਲ ਨੁਮਾ ਹਥਿਆਰ ਨਾਲ ਡਰਾ ਕੇ ਟੇਬਲ ਵਿੱਚੋਂ 2 ਲੱਖ 23 ਹਜ਼ਾਰ ਰੁਪਏ ਭਾਰਤੀ ਕਰੰਸੀ ਲੈ ਕੇ ਫਰਾਰ ਹੋ ਗਏ, ਜਿਸ 'ਤੇ ਬਾਘਾ ਪੁਰਾਣਾ ਪੁਲਸ ਨੇ ਅਣਪਛਾਤੇ ਲੁਟੇਰਿਆਂ ਖ਼ਿਲਾਫ ਮਾਮਲਾ ਦਰਜ ਕੀਤਾ ਸੀ।ਥਾਣਾ ਮੁਖੀ ਜਸਵਰਿੰਦਰ ਸਿੰਘ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਨੂੰ ਬਾਰੀਕੀ ਨਾਲ ਚੈੱਕ ਕੀਤਾ ਗਿਆ ਤਾਂ ਜਾਂਚ ਦੌਰਾਨ ਪਤਾ ਲੱਗਾ ਕਿ ਵਾਰਦਾਤ ਸਮੇਂ ਵਰਤੀ ਗਈ ਵਰਨਾ ਕਾਰ ਦਾ ਅਸਲ ਨੰਬਰ ਹੋਰ ਹੈ, ਜੋ ਟਰੇਸ ਕਰਨ 'ਤੇ ਇਹ ਗੱਡੀ ਦੀ ਮਾਲਕੀ ਗੁਰਪਿੰਦਰ ਨਿਵਾਸੀ ਨਵੀਂ ਕਾਲੋਨੀ ਏਕਤਾ ਨਗਰ ਫਿਰੋਜ਼ਪੁਰ ਦੇ ਨਾਮ 'ਤੇ ਰਜਿਸਟਰਡ ਹੈ।ਜਾਂਚ ਦੌਰਾਨ ਪੁਲਸ ਨੇ ਇਸ ਸਬੰਧੀ ਗੁਰਪਿੰਦਰ ਸਿੰਘ, ਅਜੇ ਨਿਵਾਸੀ ਕਿੱਲੀ ਥਾਣਾ ਲੱਖੋ ਕੇ ਬਹਿਰਾਮ ਤੇ ਹੈਪੀ ਨਿਵਾਸੀ ਸੋਢੀ ਕਲਾਂ ਫਿਰੋਜ਼ਪੁਰ ਨੂੰ ਨਾਮਜ਼ਦ ਕੀਤਾ ਗਿਆ, ਜਿਨ੍ਹਾਂ ਵਿੱਚੋਂ ਪੁਲਸ ਨੇ ਅਜੇ ਤੇ ਹੈਪੀ ਨੂੰ ਕਾਬੂ ਕਰ ਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਵਾਰਦਾਤ ਸਮੇਂ ਵਰਤੀ ਗਈ ਵਰਨਾ ਕਾਰ ਦੇ ਇਲਾਵਾ ਇਕ ਖਿਡੌਣੇ ਵਰਗਾ ਪਿਸਟਲ ਤੇ 30,000 ਰੁਪਏ ਨਗਦ ਬਰਾਮਦ ਕੀਤੇ।ਲੁੱਟ-ਖੋਹ ਕਰਨ ਵਾਲੇ ਲੁਟੇਰਿਆਂ ਨੂੰ ਕਾਬੂ ਕਰਨ 'ਤੇ ਸ਼ਹਿਰ ਵਾਸੀਆਂ ਨੇ ਪੁਲਸ ਦੀ ਪ੍ਰਸੰਸਾ ਕੀਤੀ ਹੈ।

## ਠੇਕਾ ਮੁਲਾਜ਼ਮ 29 ਨੂੰ ਦੇਣਗੇ ਧਰਨਾ



**ਮੂਣਕ (ਰਾਜਪਾਲ ਸਿੰਗਲਾ)**-ਪਾਵਰਕੌਮ ਟਰਾਸਕੋ ਠੇਕਾ ਮੁਲਾਜ਼ਮ ਯੂਨੀਅਨ ਸਬ ਡਵੀਜ਼ਨ ਮੂਣਕ ਦੇ ਪ੍ਰਧਾਨ ਗਗਨਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਨੇ ਬਿਜਲੀ ਬੋਰਡ ਦਫਤਰ ਮੂਣਕ ਵਿਖੇ ਪਹੁੰਚੇ। ਠੇਕਾ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਿਜਲੀ ਵਿਭਾਗ ਦੇ ਨਿੱਜੀਕਰਨ ਕਰਕੇ ਪਾਵਰ ਕਾਰਪੋਰੇਸ਼ਨ ਤੇ ਟਰਾਸਮਿਸ਼ਨ ਕੰਪਨੀਆਂ 'ਚ ਤਬਦੀਲ ਕਰਨ ਕਰਕੇ ਠੇਕਾ ਪ੍ਰਣਾਲੀ ਰਾਹੀਂ ਆਊਟਸੋਰਸਿੰਗ ਦੇ ਰਾਹੀਂ ਭਰਤੀ ਕਰਕੇ ਠੇਕਾ ਕਾਮਿਆਂ ਦੀ ਰੱਤ ਨਿਚੋੜੀ ਜਾ ਰਹੀ ਹੈ।ਬੀਤੀ 16 ਅਗਸਤ ਨੂੰ ਠੇਕਾ ਕਾਮਿਆਂ ਨੇ ਪਰਵਾਰ ਸਮੇਤ ਖਰੜ ਵਿਖੇ ਕਿਰਤ ਮੰਤਰੀ ਦੇ ਦਫਤਰ ਅੱਗੇ ਰੋਸ ਧਰਨਾ ਦਿੱਤਾ ਸੀ, ਉਸ ਦੌਰਾਨ ਪ੍ਰਸ਼ਾਸਨ ਵੱਲੋਂ 28 ਅਗਸਤ ਨੂੰ ਵਿੱਤ ਮੰਤਰੀ, ਬਿਜਲੀ ਮੰਤਰੀ ਅਤੇ ਕਿਰਤ ਮੰਤਰੀ ਦੇ ਨਾਲ ਮੰਗਾਂ ਨੂੰ ਲੈ ਕੇ ਮੀਟਿੰਗ ਦਾ ਸਮਾਂ ਦਿੱਤਾ ਗਿਆ ਹੈ।ਆਗੂਆਂ ਨੇ ਕਿਹਾ ਕਿ ਜੇਕਰ ਮੀਟਿੰਗ 'ਚ ਮੰਗਾਂ ਦਾ ਹੱਲ ਨਾ ਹੋਇਆ ਤਾਂ 29 ਅਗਸਤ ਨੂੰ ਪਰਵਾਰਾਂ ਤੇ ਬੱਚਿਆਂ ਸਮੇਤ ਰੋਸ ਧਰਨਾ ਦਿੱਤਾ ਜਾਵੇਗਾ।

# ਮੁਲਾਜ਼ਮ ਤੇ ਪੈਨਸ਼ਨਰਜ਼ 27 ਨੂੰ ਕਰਨਗੇ ਵਿਸ਼ਾਲ ਅਰਥੀ ਫੂਕ ਮੁਜ਼ਾਹਰਾ : ਸਿਕੰਦਰ ਸਿੰਘ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਹੱਲ ਕਰਨ ਲਈ ਵਾਰ ਵਾਰ ਦਿੱਤੀਆਂ ਮੀਟਿੰਗਾਂ ਦੀਆਂ ਤਾਰੀਕਾਂ ਨੂੰ ਅੱਗੇ ਪਾਉਣ ਤੋਂ ਖ਼ਫ਼ਾ ਜਥੇਬੰਦੀਆਂ ਨੇ ਹੁਣ ਸਰਕਾਰ ਦੀਆਂ ਗੋਡਣੀਆਂ ਲੁਆਉਣ ਦਾ ਅਹਿਦ ਕਰਦਿਆਂ ਆਰ-ਪਾਰ ਦੀ ਲੜਾਈ ਲੜਨ ਦਾ ਅਕੀਦਾ ਕਰ ਲਿਆ ਹੈ।ਇਸ ਸਬੰਧੀ ਕਨਵੀਨਰ ਸਿਕੰਦਰ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਵਾਰ ਵਾਰ ਮੀਟਿੰਗਾਂ ਦੀਆਂ ਤਾਰੀਕਾਂ ਵਿੱਚ ਤਬਦੀਲੀ ਕਰਕੇ ਉਨ੍ਹਾਂ ਨਾਲ ਹਾਸੋ ਹੀਣਾ ਮਜ਼ਾਕ ਕਰ ਰਹੀ ਹੈ।ਉਨ੍ਹਾ ਕਿਹਾ ਕਿ ਹੁਣ ਤੱਕ ਸਰਕਾਰ ਤੋਂ ਮੰਗ ਮੰਗ ਕੇ ਤਾਂ ਦੇਖ ਲਿਆ, ਪਰ ਲਾਰਿਆਂ ਤੋਂ ਸਿਵਾਏ ਕੁਝ ਵੀ ਪੱਲੇ ਨਹੀਂ ਪਿਆ।ਉਨ੍ਹਾ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਜ਼ੋਰ ਆਜ਼ਮਾ ਕੇ ਦੇਖਾਂਗੇ।ਉਨ੍ਹਾ ਦੱਸਿਆ ਕਿ ਇਸ ਸਬੰਧੀ ਸੰਘਰਸ਼ ਦੀ ਰਣਨੀਤੀ ਤਿਆਰ ਕਰਨ ਲਈ ਸਮਰਾਲਾ ਤਹਿਸੀਲ ਦੀਆਂ ਸਮੂਹ ਮੁਲਾਜ਼ਮ ਤੇ ਪੈਨਸ਼ਨਰਜ਼ ਜਥੇਬੰਦੀਆਂ ਦੀ ਇੱਕ ਹੰਗਾਮੀ ਮੀਟਿੰਗ ਸਿਕੰਦਰ ਸਿੰਘ ਕਨਵੀਨਰ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਹੋਈ, ਜਿਸ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਭਖਵੀਆਂ ਮੰਗਾਂ ਤੇ ਮਸਲਿਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਵਾਰ ਵਾਰ ਮੀਟਿੰਗਾਂ ਦੀਆਂ ਤਰੀਕਾਂ ਦੇ ਕੇ ਮਸਲੇ ਹੱਲ ਕਰਨ ਦੀ ਬਜਾਏ ਮੀਟਿੰਗਾਂ ਲਈ ਵਾਰ ਵਾਰ ਤਰੀਕ ਬਦਲ ਕੇ ਟਾਈਮ ਪਾਸ ਕੀਤਾ ਜਾ ਰਿਹਾ ਹੈ, ਜਿਸ ਦਾ ਸਮੂਹ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਭਾਰੀ ਰੋਸ ਪ੍ਰਗਟ ਕਰਨ ਲਈ 27 ਅਗਸਤ ਨੂੰ ਸਵੇਰੇ 10 ਵਜੇ ਬਿਜਲੀ ਕੰਪਲੇਂਟ ਸੈਂਟਰ ਖੰਨਾ ਰੋਡ ਵਿਖੇ ਇਕੱਠ ਕਰਕੇ ਮੁਜ਼ਾਹਰਾ ਕੀਤਾ ਜਾਵੇਗਾ ਤੇ ਠੀਕ 11 ਵਜੇ ਰੋਸ ਮਾਰਚ ਸ਼ੁਰੂ ਕਰਕੇ, ਸਥਾਨਕ ਮੇਨ ਚੌਕ ਵਿਖੇ ਪੰਜਾਬ ਸਰਕਾਰ ਦਾ ਅਰਥੀ ਫੂਕੀ ਜਾਵੇਗੀ। ਮੀਟਿੰਗ ਵਿੱਚ ਉਚੇਚੇ ਤੌਰ 'ਤੇ ਪੈਨਸ਼ਨਰਜ਼ ਸੰਘ ਵੱਲੋਂ ਰਾਮ ਸਿੰਘ ਕਾਲੜਾ ਮਾਛੀਵਾੜਾ, ਮੇਘ ਸਿੰਘ ਜਵੰਦਾ ਟੀਚਰਜ਼ ਫਰੰਟ ਸਮਰਾਲਾ, ਕੁਲਵੰਤ ਸਿੰਘ ਤਰਕ ਸਮਰਾਲਾ, ਇੰਜ: ਪ੍ਰੇਮ ਸਿੰਘ ਰਿਟਾ: ਐੱਸ. ਡੀ. ਓ., ਇੰਜ: ਜੁਗਲ ਕਿਸ਼ੋਰ ਸਾਹਨੀ, ਇੰਜ: ਦਰਸ਼ਨ ਸਿੰਘ ਰਿਟਾ: ਜੇ. ਈ., ਜਗਤਾਰ ਸਿੰਘ, ਦਰਸ਼ਨ ਸਿੰਘ ਕੋਟਾਲਾ, ਜਸਵੰਤ ਸਿੰਘ ਢੰਡਾ, ਚਰਨਜੀਤ ਸਿੰਘ ਸੀ.ਐੱਚ.ਟੀ., ਗੁਰਬਖ਼ਸ਼ੀਸ਼ ਸਿੰਘ, ਵਿਜੈ ਕੁਮਾਰ ਸ਼ਰਮਾ, ਮੇਲਾ ਸਿੰਘ ਸਿੰਚਾਈ ਵਿਭਾਗ, ਸੁਨੀਲ ਕੁਮਾਰ, ਰਤਨ ਲਾਲ, ਜਗਤਾਰ ਸਿੰਘ, ਗੁਰਚਰਨ ਸਿੰਘ, ਅਸ਼ੋਕ ਕੁਮਾਰ, ਪੈਨਸ਼ਨਰਜ਼ ਕਲਿਆਣ ਸੰਗਠਨ ਦੇ ਅਹੁਦੇਦਾਰ ਤੇ ਟੀ. ਐੱਸ. ਯੂ. ਦੇ ਅਹੁਦੇਦਾਰ ਸ਼ਾਮਲ ਹੋਏ।

# ਅਗਰਵਾਲ ਵੂਮੈਨ ਸੈੱਲ ਵੱਲੋਂ ਡੀ ਸੀ, ਏ ਡੀ ਸੀ ਤੇ ਡੀ ਐੱਸ ਪੀ ਦਾ ਸਨਮਾਨਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਦੇ ਨਵ-ਨਿਯੁਕਤ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ, ਵਧੀਕ ਡਿਪਟੀ ਕਮਿਸ਼ਨਰ ਚਾਰੂਮਿਤਾ ਤੇ ਡੀ.ਐੱਸ.ਪੀ. ਅਗਰਵਾਲ ਵੂਮੈਨ ਸੈੱਲ ਦੀ ਸੂਬਾ ਪ੍ਰਧਾਨ, ਬਾਲ ਭਲਾਈ ਕਮੇਟੀ ਦੀ ਮੈਂਬਰ, ਮੋਗਾ ਵਿਕਾਸ ਮੰਚ ਦੀ ਚੇਅਰਪਰਸਨ, ਲਾਇਨ ਕਲੱਬ ਮੋਗਾ ਕਲੱਬ ਦੀ ਚੇਅਰਪਰਸਨ ਭਾਵਨਾ ਬਾਂਸਲ ਨੇ ਬਾਲ ਤੇ ਭਲਾਈ ਕਮੇਟੀ ਸਤਨਾਮ ਸਿੰਘ ਦਾ ਮੋਗਾ ਜ਼ਿਲ੍ਹੇ ਦਾ ਚਾਰਜ ਸੰਭਾਲਣ 'ਤੇ ਫੁੱਲਾਂ ਦੇ ਗੁਲਦਸਤੇ ਦੇ ਕੇ ਸਵਾਗਤ ਕਰਦਿਆਂ ਸਨਮਾਨਤ ਕੀਤਾ। ਇਸ ਮੌਕੇ ਅਗਰਵਾਲ ਵੂਮੈਨ ਸੈੱਲ ਦੀ ਸੂਬਾ ਪ੍ਰਧਾਨ ਭਾਵਨਾ ਬਾਂਸਲ ਨੇ ਜ਼ਿਲ੍ਹਾ ਪ੍ਰਸ਼ਾਸਨਕ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਗਰਵਾਲ ਵੂਮੈਨ ਸੈੱਲ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਹਰ ਘਰ ਤੱਕ ਪਹੁੰਚਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗਾ। ਇਸ ਦੌਰਾਨ ਨਵ-ਨਿਯੁਕਤ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ, ਏ.ਡੀ.ਸੀ. ਚਾਰੂਮਿਤਾ ਤੇ ਡੀ.ਐੱਸ.ਪੀ. ਬਾਲ ਤੇ ਭਲਾਈ ਕਮੇਟੀ ਸਤਨਾਮ ਸਿੰਘ ਨੇ ਅਗਰਵਾਲ ਵੂਮੈਨ ਸੈੱਲ ਦੀ ਸੂਬਾ ਪ੍ਰਧਾਨ ਭਾਵਨਾ ਬਾਂਸਲ ਦਾ ਸਨਮਾਨ ਕਰਨ ਲਈ ਧੰਨਵਾਦ ਕੀਤਾ।

## ਡੀ ਐੱਸ ਪੀ ਇੰਦਰਪਾਲ ਚੌਹਾਨ ਦਾ ਭਰਵਾਂ ਸਵਾਗਤ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਪੰਜਾਬ ਸਰਕਾਰ ਵੱਲੋਂ ਪੁਲਸ ਪ੍ਰਸ਼ਾਸਨ ਵਿੱਚ ਕੀਤੇ ਗਏ ਤਬਾਦਲਿਆਂ ਤਹਿਤ ਪਾਤੜਾਂ ਦੇ ਨਵੇਂ ਆਏ ਡੀ ਐੱਸ ਪੀ ਇੰਦਰਪਾਲ ਸਿੰਘ ਚੌਹਾਨ ਦਾ ਅਹੁਦਾ ਸੰਭਾਲਣ ਉਪਰੰਤ ਇਲਾਕੇ ਦੇ ਲੋਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾ ਰਿਹਾ।ਇਸੇ ਦੌਰਾਨ ਆਮ ਆਦਮੀ ਪਾਰਟੀ ਮੂਨਕ ਦੇ ਜਨਰਲ ਸਕੱਤਰ ਤਰਸੇਮ ਰਾਓ, ਸਰਪੰਚ ਲਵਜੀਤ ਸਿੰਘ ਬੱਬੀ ਤੇ ਬਲਵਿੰਦਰ ਸਿੰਘ ਵੱਲੋਂ ਗੁਲਦਸਤੇ ਦੇ ਕੇ ਉਨ੍ਹਾਂ ਨੂੰ ਜੀ ਆਇਆਂ ਆਖਿਆ।ਆਪ ਆਗੂ ਤਰਸੇਮ ਰਾਓ ਨੇ ਕਿਹਾ ਕਿ ਡੀ ਐੱਸ ਪੀ ਇੰਦਰਪਾਲ ਸਿੰਘ ਚੌਹਾਨ ਇਮਾਨਦਾਰ, ਮਿਹਨਤੀ ਤੇ ਸਾਫ ਸੁਥਰੀ ਛਵੀ ਵਾਲੇ ਪੁਲਸ ਅਧਿਕਾਰੀ ਹਨ।ਉਨ੍ਹਾਂ ਦਾ ਪਾਤੜਾਂ ਤੇ ਮੂਨਕ ਵਿਖੇ ਥਾਣਾ ਮੁਖੀ ਹੁੰਦਿਆਂ ਹੋਇਆਂ ਲੋਕਾਂ ਨਾਲ ਬਿਹਤਰ ਤਾਲਮੇਲ ਰਿਹਾ ਹੈ।

## ਟ੍ਰੈਫ਼ਿਕ ਪੁਲਸ ਦੀ ਕਾਰਵਾਈ : ਨਾਬਾਲਗ ਵਿਦਿਆਰਥੀਆਂ ਦੇ ਵਾਹਨ ਫੜੇ, 2 ਵਾਹਨ ਜ਼ਬਤ



**ਜਗਰਾਉਂ (ਅਮਿਤ ਖੰਨਾ)**

ਪੁਲਸ ਜ਼ਿਲ੍ਹਾ ਲੁਧਿਆਨਾ ਦਿਹਾਤੀ ਦੇ ਐਸਐਸਪੀ ਨਵਨੀਤ ਸਿੰਘ ਬੈਂਸ ਵੱਲੋਂ ਨਵੇਂ ਵਹੀਕਲ ਐਕਟ ਤਹਿਤ ਅਤੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਉੱਪਰ ਸਖਤੀ ਕੀਤੀ ਗਈ ਹੈ।ਇਸ ਤਹਿਤ ਡੀਐਸਪੀ ਮਨਜੀਤ ਸਿੰਘ ਰਾਣਾ (ਟ੍ਰੈਫਿਕ ਤੇ ਸਪੈਸ਼ਲ ਕ੍ਰਾਈਮ) ਦੇ ਦਿਸ਼ਾ-ਨਿਰਦੇਸ਼ਾਂ ਹੇਠ ਟ੍ਰੈਫਿਕ ਇੰਚਾਰਜ ਕੁਮਾਰ ਸਿੰਘ ਤੇ ਉਨ੍ਹਾਂ ਦੀ ਪੁਲਸ ਪਾਰਟੀ ਵੱਲੋਂ ਵੱਖ-ਵੱਖ ਥਾਵਾਂ 'ਤੇ ਨਾਕਾਬੰਦੀ ਕੀਤੀ ਗਈ।ਟ੍ਰੈਫਿਕ ਪੁਲਸ ਨੇ ਸਕੂਲੀ ਬੱਚਿਆਂ ਨੂੰ ਰੋਕ ਕੇ ਉਨ੍ਹਾਂ ਦੇ ਕਾਗ਼ਜ਼ਾਤ ਵਗੈਰਾ ਚੈੱਕ ਕੀਤੇ ਅਤੇ ਜੋ ਬੱਚੇ 18 ਸਾਲ ਦੀ ਉਮਰ ਤੋਂ ਘੱਟ ਸਨ, ਉਨ੍ਹਾਂ ਦੇ ਚਲਾਨ ਕੀਤੇ ਗਏ।ਇਸ ਮੌਕੇ ਪੁਲਸ ਪਾਰਟੀ ਵੱਲੋਂ ਰੌਂਗ ਸਾਈਡ, ਬਗੈਰ ਹੈਲਮੇਟ, ਨੰਬਰ ਪਲੇਟ, ਬੁਲਟ ਮੋਟਰਸਾਈਕਲ ਦੇ ਸਲੈਂਸਰ ਵਗੈਰਾ ਦੇ ਚਲਾਨ ਕੀਤੇ ਗਏ।ਟ੍ਰੈਫਿਕ ਇੰਚਾਰਜ ਕੁਮਾਰ ਸਿੰਘ ਨੇ ਕਿਹਾ ਨਵੇਂ ਵਹੀਕਲ ਐਕਟ ਦੇ ਤਹਿਤ ਜੋ ਬੱਚਾ 18 ਸਾਲ ਦੀ ਘੱਟ ਤੋਂ ਉਮਰ ਦਾ ਹੈ, ਉਸ ਨੂੰ ਵਹੀਕਲ ਚਲਾਉਣ 'ਤੇ ਮਨਾਹੀ ਹੈ।ਇਸ ਐਕਟ ਦੇ ਤਹਿਤ ਜੇਕਰ ਉਹ ਕੋਈ ਵਹੀਕਲ ਚਲਾਉਂਦਾ ਫੜਿਆ ਜਾਂਦਾ ਹੈ ਤਾਂ ਉਸ ਦੇ ਮਾਤਾ-ਪਿਤਾ ਨੂੰ ਤਿੰਨ ਸਾਲ ਦੀ ਜੇਲ੍ਹ ਤੇ 25 ਹਜ਼ਾਰ ਰੁਪਏ ਜੁਰਮਾਨਾ ਹੋ ਸਕਦਾ ਹੈ।ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਸਕੂਲਾਂ ਵਿੱਚ ਜਾ ਕੇ ਸੈਮੀਨਾਰ ਲਾਏ ਜਾ ਰਹੇ ਹਨ ਅਤੇ ਅਖਬਾਰਾਂ ਵਿੱਚ ਖਬਰਾਂ ਦੇ ਜਰੀਏ ਵੀ ਅਸੀਂ ਲੋਕਾਂ ਨੂੰ ਜਾਗਰੂਕ ਕਰ ਰਹੇ ਹਾਂ।ਉਨ੍ਹਾਂ ਕਿਹਾ ਕਿ ਸਾਡੀ ਪੁਲਸ ਪਾਰਟੀ ਵੱਲੋਂ ਹਰ ਰੋਜ਼ ਨਾਕਾਬੰਦੀ ਕੀਤੀ ਜਾਵੇਗੀ। ਜੇ ਕੋਈ ਗਲਤੀ ਕਰਦਾ ਫੜਿਆ ਜਾਂਦਾ ਹੈ ਤਾਂ ਉਸ ਦਾ ਚਲਾਨ ਕੀਤਾ ਜਾਵੇਗਾ।ਇਸ ਮੌਕੇ ਸਕੂਲ ਆਟੋ ਰੋਕ ਕੇ ਵੀ ਚਲਾਨ ਕੀਤੇ ਗਏ। ਜ਼ਿਆਦਾ ਵਿਦਿਆਰਥੀ ਆਟੋ ਵਿੱਚ ਬਿਠਾ ਕੇ ਲੈ ਜਾ ਰਿਹਾ ਸੀ। ਟ੍ਰੈਫਿਕ ਇੰਚਾਰਜ ਕੁਮਾਰ ਸਿੰਘ ਨੇ ਕਿਹਾ ਕੀ ਅਸੀਂ ਬੱਚਿਆਂ ਦੇ ਮਾਪਿਆਂ ਨੂੰ ਬੇਨਤੀ ਕਰਦੇ ਹਾਂ ਕਿ ਉਹ ਵੀ ਬੱਚਿਆਂ ਨੂੰ ਬੈਠਣ ਲੱਗਿਆਂ ਜ਼ਰੂਰ ਦੇਖਣ।

# ਸਬ ਇੰਸਪੈਕਟਰ ਬਣੀ ਗੁਰਪ੍ਰੀਤ ਕੌਰ ਦਾ ਪਿੰਡ ਵਾਸੀਆਂ ਵੱਲੋਂ ਭਰਵਾਂ ਸਵਾਗਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਬ ਡਵੀਜ਼ਨ ਪਾਤੜਾਂ ਦੀ ਆਉਂਦੇ ਪਿੰਡ ਨਾਈਵਾਲਾ ਦੀ ਹੋਣਹਾਰ ਧੀ ਗੁਰਪ੍ਰੀਤ ਕੌਰ ਪੰਜਾਬ ਪੁਲਸ ਦੀ ਨਵੀਂ ਭਰਤੀ ਤਹਿਤ ਸਬ ਇੰਸਪੈਕਟਰ ਬਣਨ 'ਤੇ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ।ਆਪਣੀ ਟ੍ਰੇਨਿੰਗ ਪੂਰੀ ਕਰਨ ਉਪਰੰਤ ਪਿੰਡ ਪਹੁੰਚੀ ਗੁਰਪ੍ਰੀਤ ਕੌਰ ਦਾ ਪਿੰਡ ਦੀ ਪੰਚਾਇਤ ਤੇ ਨਗਰ ਨਿਵਾਸੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਪਿੰਡ ਦੀ ਗ੍ਰਾਮ ਪੰਚਾਇਤ ਨੇ ਸਰਪੰਚ ਅਨੁਪਮ ਦੇਵੀ ਤੇ ਸਮਾਜ ਸੇਵੀ ਰਮੇਸ਼ ਕੁਮਾਰ ਦੀ ਅਗਵਾਈ ਵਿੱਚ ਗੁਰਪ੍ਰੀਤ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਤੇ ਪਿੰਡ ਵਾਸੀਆਂ ਨੇ ਲੱਡੂ ਵੰਡ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ।ਸਮਾਜ ਸੇਵੀ ਰਮੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਵਿੱਚੋਂ ਪੁਲਸ ਵਿੱਚ ਭਰਤੀ ਹੋਣ ਵਾਲੀ ਪਿੰਡ ਵਾਸੀ ਗੁਰਮੇਜ ਸਿੰਘ ਦੀ ਧੀ ਗੁਰਪ੍ਰੀਤ ਕੌਰ ਪਹਿਲੀ ਮਾਣਮੱਤੀ ਧੀ ਹੈ, ਜੋ ਆਮ ਪਰਿਵਾਰ ਨਾਲ ਸੰਬੰਧ ਰੱਖਦੀ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਧੀਆਂ ਕਿਸੇ ਵੀ ਖੇਤਰ ਵਿੱਚ ਪਿੱਛੇ ਨਹੀਂ ਹਨ, ਇਸ ਗੱਲ ਦਾ ਅਹਿਸਾਸ ਗੁਰਪ੍ਰੀਤ ਕੌਰ ਵੱਲੋਂ ਹਾਸਲ ਕੀਤੀ ਗਈ ਉਪਲਬਧੀ ਤੋਂ ਸਹਿਜੇ ਹੀ ਹੋ ਜਾਂਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਦੇਵ ਸਿੰਘ ਪੰਚ, ਰਾਣੀ ਪੰਚ, ਸੁਰੇਸ਼ ਕੁਮਾਰ ਪੰਚ, ਗੀਤਾ ਦੇਵੀ ਪੰਚ, ਮਨਜੀਤ ਕੌਰ ਪੰਚ, ਪ੍ਰਗਟ ਸਿੰਘ ਬਾਠ ਤੇ ਸੋਹਣ ਸਿੰਘ ਗਿੱਲ ਆਦਿ ਹਾਜ਼ਰ ਸਨ।

## ਲੁੱਟ ਤੇ ਚੋਰੀ ਦੀਆਂ ਵਾਰਦਾਤਾਂ ਕਾਰਨ ਲੋਕ ਪ੍ਰੇਸ਼ਾਨ



**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**-ਕਸਬਾ ਲੌਂਗੋਵਾਲ ਵਿੱਚ ਦਿਨ-ਪ੍ਰਤੀ-ਦਿਨ ਵਧ ਰਹੀਆਂ ਲੁੱਟਾਂ-ਖੋਹਾਂ ਤੇ ਚੋਰੀ ਦੀਆਂ ਵਾਰਦਾਤਾਂ ਕਾਰਨ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ, ਪਰ ਕਈ ਦੁਕਾਨਦਾਰ ਆਪਣਾ ਪਿੰਡ ਛੱਡ ਬਾਹਰ ਕਾਰੋਬਾਰ ਕਰਨ ਲਈ ਭੱਜ-ਨੱਠ ਕਰ ਰਹੇ ਹਨ।ਦੱਸਣਯੋਗ ਹੈ ਕਿ ਪਿਛਲੇ ਦਿਨੀਂ ਲੌਂਗਵਾਲ ਦੇ ਮੇਨ ਬਜ਼ਾਰ ਤੋਂ ਲੈ ਕੇ ਰਾਮਲੀਲ੍ਹਾ ਗਰਾਉਂਡ ਤੱਕ ਲਗਭਗ 7 ਦੁਕਾਨਾਂ ਦੇ ਜਿੰਦਰੇ ਤੋੜ ਕੇ ਚੋਰਾਂ ਨੇ ਵੱਡੀ ਗਿਣਤੀ ਵਿੱਚ ਦੁਕਾਨਦਾਰਾਂ ਦਾ ਸਾਮਾਨ ਚੋਰੀ ਕਰ ਲਿਆ ਸੀ, ਪਰ ਪੁਲਸ ਗ੍ਰਿਫਤ ਵਿੱਚ ਅਜੇ ਤੱਕ ਕੋਈ ਦੋਸ਼ੀ ਨਹੀਂ ਆਇਆ।ਓਧਰ ਬੀਤੀ ਰਾਤ ਹੀ ਦੁੱਲਟ ਪੱਤੀ ਦੇ ਵਾਸੀ ਕੁਲਦੀਪ ਸਿੰਘ ਦੂਲੋਂ ਦੇ ਘਰ ਵਿੱਚ ਵੀ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਵਿੱਚ ਮਕਾਨ ਮਾਲਕਾਂ ਨੇ ਆਖਿਆ ਕਿ ਜਦੋਂ ਉਹ ਸਵੇਰੇ ਉਠੇ ਤਾਂ ਉਨ੍ਹਾਂ ਦੇ ਮੋਬਾਇਲ ਗਾਇਬ ਸਨ ਅਤੇ ਜਦ ਉਨ੍ਹਾਂ ਨੇ ਦੂਜੇ ਕਮਰੇ ਵਿੱਚ ਜਾ ਕੇ ਵੇਖਿਆ ਤਾਂ ਅਲਮਾਰੀ ਖੁੱਲ੍ਹੀ ਪਈ ਸੀ ਅਤੇ ਚੋਰ ਅਲਮਾਰੀ ਵਿੱਚ ਪਈ ਰਕਮ ਵੀ ਚੋਰੀ ਕਰਕੇ ਲੈ ਗਏ।ਪੀੜਤ ਪਰਿਵਾਰ ਨੇ ਪੁਲਸ ਨੂੰ ਰਿਪੋਰਟ ਦਰਜ ਕਰਵਾ ਦਿੱਤੀ ਹੈ ਅਤੇ ਪੁਲਸ ਚੋਰ ਦੀ ਭਾਲ ਕਰ ਰਹੀ ਹੈ।

## ਜਨ ਸੁਵਿਧਾ ਕੈਂਪ 'ਚ ਲੋਕਾਂ ਨੇ ਪ੍ਰਾਪਤ ਕੀਤੀਆਂ ਸਰਕਾਰੀ ਸੇਵਾਵਾਂ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੇ ਘਰਾਂ ਤੱਕ ਪੁੱਜੀ ਹੈ।ਸਮਾਣਾ ਦੀ ਅਗਰਵਾਲ ਧਰਮਸ਼ਾਲਾ ਵਿਖੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦੀ ਅਗਵਾਈ ਹੇਠ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲਗਾਏ ਜਨ ਸੁਵਿਧਾ ਕੈਂਪ ਦਾ ਜਾਇਜ਼ਾ ਲੈਣ ਮੌਕੇ ਏ.ਡੀ.ਸੀ. ਨਵਰੀਤ ਕੌਰ ਸੇਖੋਂ ਨੇ ਲੋਕਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ।ਐੱਸ.ਡੀ.ਐੱਮ. ਸਮਾਣਾ ਰੀਚਾ ਗੋਇਲ ਵੀ ਉਨ੍ਹਾਂ ਦੇ ਨਾਲ ਸਨ।ਲੋਕਾਂ ਨੂੰ ਸੰਬੋਧਨ ਕਰਦਿਆਂ ਨਵਰੀਤ ਕੌਰ ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਵਿਸ਼ੇਸ਼ ਪਹਿਲਕਦਮੀ ਤਹਿਤ ਸਰਕਾਰੀ ਵਿਭਾਗਾਂ ਦੇ ਅਧਿਕਾਰੀ ਖ਼ੁਦ ਚੱਲ ਕੇ ਲੋਕਾਂ ਦੇ ਘਰਾਂ ਦੇ ਨੇੜੇ ਪੁੱਜਦੇ ਹਨ ਤੇ ਸਰਕਾਰੀ ਸਕੀਮਾਂ ਦਾ ਲਾਭ ਮੌਕੇ 'ਤੇ ਹੀ ਲਾਭਪਾਤਰੀਆਂ ਨੂੰ ਦਿੱਤਾ ਜਾ ਰਿਹਾ ਹੈ।ਉਨ੍ਹਾਂ ਨੇ ਇਸ ਮੌਕੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਮੌਕੇ 'ਤੇ ਹੀ ਨਿਪਟਾਰਾ ਕੀਤਾ।ਇਸ ਮੌਕੇ ਹਰਜਿੰਦਰ ਸਿੰਘ ਮਿੰਟੂ, ਗੁਰਦੇਵ ਸਿੰਘ ਟਿਵਾਣਾ, ਬੀ.ਡੀ.ਪੀ.ਓ. ਸੁਖਵਿੰਦਰ ਸਿੰਘ ਟਿਵਾਣਾ, ਈ ਓ ਬਰਜਿੰਦਰ ਸਿੰਘ ਸਮੇਤ ਵਸਨੀਕ ਮੌਜੂਦ ਸਨ।

# ਮੇਜ਼ਬਾਨ ਸਕੂਲ ਦੇ ਖਿਡਾਰੀਆਂ ਨੇ ਝੰਡੀ ਰੱਖੀ ਆਪਣੇ ਹੱਥ



**ਦਿੜ੍ਹਬਾ (ਜਸਵੀਰ ਲਾਡੀ)**-ਛਾਜਲੀ ਸਕੂਲ ਵਿਖੇ ਅੰਡਰ 17 ਤੇ 19 ਲੜਕੀਆਂ ਅਤੇ ਮੁੰਡੇ ਅੰਡਰ 14, 17, 19 ਦੇ 68ਵੀਆਂ ਪੰਜਾਬ ਸਕੂਲ ਖੇਡਾਂ ਤਹਿਤ ਜ਼ਿਲ੍ਹਾ ਪੱਧਰੀ ਬਾਕਸਿੰਗ ਟੂਰਨਾਮੈਂਟ ਕਰਵਾਏ ਗਏ, ਜਿਸ ਵਿੱਚ ਕੁੱਲ ਅੱਠ ਜ਼ੋਨ ਟੀਮਾਂ ਸੁਨਾਮ, ਸੰਗਰੂਰ, ਭਸੌੜ, ਭਵਾਨੀਗੜ੍ਹ, ਚੀਮਾਂ, ਲਹਿਲ ਕਲਾਂ, ਬੰਗਾ, ਦਿੜ੍ਹਬਾ ਨੇ ਭਾਗ ਲਿਆ, ਜਿਸ ਵਿੱਚ ਸਕੂਲ ਆਫ ਐਮੀਨੈਂਸ ਛਾਜਲੀ ਸਕੂਲ ਦੀ ਅੰਡਰ 17 ਦੀ ਅਰਸਪ੍ਰੀਤ ਕੌਰ ਨੇ 60-63 ਕਿਲੋ ਵਰਗ ਵਿੱਚ ਗੋਲਡ ਮੈਡਲ, ਪੂਰਨ ਸ਼ਰਮਾ ਨੇ 63-66 ਕਿਲੋ ਵਰਗ ਬਰੌਂਜ ਤੇ ਹਰਪ੍ਰੀਤ ਕੌਰ ਨੇ 57-60 ਕਿਲੋ ਵਰਗ 'ਚ ਬਰੌਂਜ ਮੈਡਲ ਹਾਸਲ ਕੀਤਾ। ਇਸ ਤੋਂ ਇਲਾਵਾ ਇਸ ਸਕੂਲ ਦੇ ਅੰਡਰ 19 ਮੁੰਡਿਆਂ ਵਿੱਚੋਂ ਅਕਸ਼ਦੀਪ ਪੂਰੀ ਨੇ 60 ਕਿੱਲੋ ਭਾਰ ਵਰਗ ਵਿੱਚ ਗੋਲਡ ਮੈਡਲ ਤੇ ਜਗਸੀਰ ਸਿੰਘ ਨੇ 75 ਕਿੱਲੋ ਵਰਗ 'ਚ ਗੋਲਡ ਮੈਡਲ ਹਾਸਲ ਕਰਕੇ ਸਟੇਟ ਪੱਧਰੀ ਮੁਕਾਬਲੇ 'ਚ ਆਪਣਾ ਨਾਮ ਦਰਜ ਕੀਤਾ। ਇਸ ਤੋਂ ਇਲਾਵਾ ਇੰਦਰਜੀਤ ਸਿੰਘ ਨੇ 69 ਕਿੱਲੋ ਵਿੱਚ ਬਰੌਂਜ ਮੈਡਲ ਹਾਸਲ ਕੀਤਾ। ਅਖੀਰਲੇ ਦਿਨ ਹੋਏ 60 ਕਿਲੋ ਵਰਗ ਵਿੱਚੋਂ ਕਰਮਜੀਤ ਸਿੰਘ ਤੇ 75 ਕਿਲੋ ਵਰਗ ਵਿੱਚ ਦਿਲਪ੍ਰੀਤ ਸਿੰਘ ਨੇ ਸਿਲਵਰ ਮੈਡਲ ਪ੍ਰਾਪਤ ਕੀਤਾ। ਜ਼ਿਲ੍ਹਾ ਪੱਧਰੀ ਬਾਕਸਿੰਗ ਮੁਕਾਬਲਿਆਂ ਦੌਰਾਨ ਸਮੂਹ ਵਿਦਿਆਰਥੀਆਂ ਨੇ ਸ਼ਾਨਦਾਰ ਪੁਜ਼ੀਸ਼ਨਾਂ ਪ੍ਰਾਪਤ ਕਰਕੇ ਸਕੂਲ, ਮਾਪੇ ਤੇ ਪਿੰਡ ਦਾ ਨਾਂ ਰੌਸ਼ਨ ਕੀਤਾ। ਅਖੀਰਲੇ ਦਿਨ ਮਹੰਤ ਸ੍ਰੀ ਅੰਮ੍ਰਿਤ ਬਣ ਜੀ ਨੇ ਟੂਰਨਾਮੈਂਟ ਵਿੱਚ ਸ਼ਿਰਕਤ ਕਰਦਿਆਂ ਸਮੂਹ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ। ਉਨ੍ਹਾ ਸਕੂਲ ਦੀ ਭਲਾਈ ਲਈ 50,000 ਰੁਪਏ ਬਤੌਰ ਸਹਾਇਤਾ ਰਾਸ਼ੀ ਸਕੂਲ ਨੂੰ ਭੇਟ ਕੀਤੀ। ਇਸ ਮੌਕੇ ਗੁਰਵਿੰਦਰ ਸਿੰਘ ਪ੍ਰਿੰਸੀਪਲ ਸਕੂਲ ਆਫ ਐਮੀਨੈਂਸ ਨੇ ਮਹੰਤ ਅੰਮ੍ਰਿਤ ਬਣ ਜੀ ਦਾ ਭਰਵਾਂ ਸਵਾਗਤ ਕੀਤਾ ਤੇ ਜੇਤੂ ਖਿਡਾਰੀਆਂ ਦੇ ਗਾਈਡ ਅਧਿਆਪਕ ਤੇ ਇਸ ਸਕੂਲ ਦੇ ਡੀ.ਪੀ. ਈ. ਪ੍ਰਿਤਪਾਲ ਸਿੰਘ (ਇੰਟਰਨੈਸ਼ਨਲ ਬਾਕਸਿੰਗ ਕੋਚ), ਸਮੁੱਚੀ ਅਗਵਾਈ ਲਈ ਮੈਡਮ ਵੀਨਾ ਰਾਣੀ (ਲੈਕ ਫਿਜ਼ੀਕਲ) ਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਉਪਰਾਲੇ : ਕਾਉਣੀ

## ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਨੇ ਕਰਵਾਈ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੀ ਸ਼ੁਰੂਆਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਕੂਲਾਂ ਦੇ ਜ਼ਿਲ੍ਹਾ ਪੱਧਰੀ ਖੋ ਖੋ ਮੁਕਾਬਲਿਆਂ ਦੀ ਸ਼ੁਰੂਆਤ ਸਰਕਾਰੀ ਹਾਈ ਸਮਾਰਟ ਸਕੂਲ ਬੁੱਟਰ ਸਰੀਂਹ ਵਿੱਚ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਵੱਲੋਂ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਾਡੇ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਚੰਗੇ ਖਿਡਾਰੀ ਪਿੰਡਾਂ ਵਿੱਚੋਂ ਪੈਦਾ ਕਰਨ ਲਈ ਪੂਰੇ ਯਤਨ ਕੀਤੇ ਜਾ ਰਹੇ ਹਨ।ਇਸ ਤਹਿਤ ਜਿੱਥੇ ਪਿੰਡਾਂ ਵਿੱਚ ਖੇਡ ਨਰਸਰੀਆਂ ਤੇ ਖੇਡ ਮੈਦਾਨ ਬਣਾਏ ਜਾ ਰਹੇ ਹਨ, ਉੱਥੇ ਖਿਡਾਰੀਆਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਲਈ ਵੀ ਸਰਕਾਰ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਖੇਡਾਂ ਪ੍ਰਤੀ ਨੌਜਵਾਨਾਂ ਨੂੰ ਉਤਸ਼ਾਹਤ ਕਰਨ ਲਈ ਹੀ ਪੰਜਾਬ ਵਿੱਚ ਖੇਡਾਂ ਵਤਨ ਪੰਜਾਬ ਦੀਆਂ ਮੁਹਿੰਮ ਦੀ ਇੱਕ ਸ਼ੁਰੂਆਤ ਕੀਤੀ ਗਈ ਸੀ, ਜਿਹੜੀ ਹਰ ਸਾਲ ਜਾਰੀ ਰਹਿੰਦੀ ਹੈ ਤੇ ਵੱਖ-ਵੱਖ ਖੇਡ ਮੁਕਾਬਲੇ ਖੇਡਾਂ ਵਤਨ ਪੰਜਾਬ ਦੀਆਂ ਦੇ ਬੈਨਰ ਹੇਠ ਕਰਵਾਏ ਜਾਂਦੇ ਹਨ, ਜਿਸ ਵਿੱਚ ਪੰਜਾਬ ਭਰ ਦੇ ਵੱਡੀ ਗਿਣਤੀ ਵਿੱਚ ਖਿਡਾਰੀ ਭਾਗ ਲੈਂਦੇ ਹਨ।

ਉਨ੍ਹਾ ਬੱਚਿਆਂ ਨੂੰ ਆਸ਼ੀਰਵਾਦ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।ਇਸ ਮੌਕੇ ਲਖਬੀਰ ਸਿੰਘ ਹੈੱਡ ਮਾਸਟਰ, ਜਗਤਾਰ ਸਿੰਘ, ਗੁਰਪ੍ਰੀਤ ਸਿੰਘ, ਸੇਵਕ ਸਿੰਘ, ਕੁਲਦੀਪ ਸਿੰਘ ਸੰਧੂਧੌਣ, ਬਲਰਾਮ ਸਿੰਘ ਡੀ ਪੀ, ਸੁਖਬੀਰ ਸਿੰਘ, ਬਲਦੇਵ ਸਿੰਘ ਸ਼ਮਸ਼ਾਦ ਵਾਲੀ, ਗੁਰਪਿੰਦਰ ਸਿੰਘ ਬੀਦੋਵਾਲੀ, ਤਰਸੇਮ ਕੁਮਾਰ ਕਨਵੀਨਰ ਖੋ ਖੋ, ਜਗਮੋਹਨ ਸਿੰਘ ਸੁਖਨਾ, ਮਨਦੀਪ ਬਰਾੜ, ਸਤਪਾਲ ਸਿੰਘ ਹਾਜ਼ਰ ਸਨ।

## ਏਅਰ ਪਿਸਟਲ ਮੁਕਾਬਲੇ 'ਚ ਭੁਪਿੰਦਰ ਸਿੰਘ ਅੱਵਲ



**ਭੀਖੀ (ਧਰਮਵੀਰ ਸ਼ਰਮਾ)**-ਨੇੜਲੇ ਪਿੰਡ ਸਮਾਉਂ ਦੇ ਸਿਲਵਰ ਵਾਟਿਕਾ ਪਬਲਿਕ ਸਕੂਲ ਦੇ ਬਾਰਵੀਂ ਕਲਾਸ ਦੇ ਵਿਦਿਆਰਥੀ ਭੁਪਿੰਦਰ ਸ਼ਰਮਾ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਚੱਲ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਦੇ 10 ਮੀਟਰ ਏਅਰ ਪਿਸਟਲ ਮੁਕਾਬਲਿਆਂ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ ਹੈ ਅਤੇ ਨਾਲ ਹੀ 59ਵੀਂ ਪੰਜਾਬ ਸਟੇਟ ਐੱਨ ਆਰ ਸ਼ੂਟਿੰਗ ਚੈਂਪੀਅਨਸ਼ਿਪ ਮੋਹਾਲੀ 10 ਮੀਟਰ ਪਿਸਟਲ ਮੁਕਾਬਲੇ ਵਿੱਚੋਂ ਟੀਮ ਮੈਡਲ 'ਚ ਤੀਜਾ ਸਥਾਨ ਹਾਸਲ ਕੀਤਾ ਅਤੇ 50 ਮੀਟਰ ਫਰੀ ਪਿਸਟਲ ਮੁਕਾਬਲਿਆਂ ਵਿੱਚੋਂ ਗੋਲਡ ਮੈਡਲ ਹਾਸਲ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਦੇ ਚੇਅਰਮੈਨ ਰਿਸ਼ਵ ਸਿੰਗਲਾ ਨੇ ਬੱਚੇ ਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਬੱਚੇ ਨੂੰ ਹੋਰ ਮਿਹਨਤ ਕਰਨ ਦੀ ਪ੍ਰੇਰਣਾ ਦਿੱਤੀ। ਪ੍ਰਿੰਸੀਪਲ ਮੈਡਮ ਕਿਰਨ ਰਤਨ ਨੇ ਬੱਚੇ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਨੂੰ ਖੇਡਾਂ ਦੇ ਖੇਤਰ ਵਿੱਚ ਵੀ ਮੱਲਾਂ ਮਾਰਨੀਆਂ ਚਾਹੀਦੀਆਂ ਹਨ। ਇਸ ਮੌਕੇ ਗੁਰਪ੍ਰੀਤ ਸਿੰਘ, ਜਸਵੀਰ ਸਿੰਘ, ਬੱਗਾ ਸਿੰਘ ਤੇ ਸਮੂਹ ਸਟਾਫ਼ ਹਾਜ਼ਰ ਸੀ।

## ਪੰਜਾਬੀ ਯੂਨੀਵਰਸਿਟੀ ਵਿਖੇ ਕੈਰੀਅਰ ਬਾਰੇ ਸੈਮੀਨਾਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਕੰਪਿਊਟਰ ਵਿਗਿਆਨ ਵਿਭਾਗ ਵੱਲੋਂ 'ਕੈਰੀਅਰ ਗਾਈਡੈਂਸ-ਕਮ-ਮੋਟੀਵੇਸ਼ਨਲ ਸੈਮੀਨਾਰ' ਕਰਵਾਇਆ ਗਿਆ। ਇਸ ਮੌਕੇ ਵਰਧਮਾਨ ਕੈਰੀਅਰ ਪਲੇਸ ਦੇ ਡਾਇਰੈਕਟਰ ਡਾ. ਸੌਰਵ ਜੈਨ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਡਾ. ਸੌਰਵ ਜੈਨ ਨੇ ਕੈਰੀਅਰ ਮਾਰਗਦਰਸ਼ਨ ਦੇ ਹਵਾਲੇ ਨਾਲ਼ ਗੱਲ ਕਰਦਿਆਂ ਸਿੱਖਿਆ ਪ੍ਰਣਾਲੀ ਵਿੱਚ ਪ੍ਰਾਪਤ ਮੌਕਿਆਂ ਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਲੋੜੀਂਦੀ ਰਣਨੀਤੀ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣਾ ਟੀਚਾ ਤੈਅ ਕਰਨ ਦੇ ਚਾਰ 'ਪੀ' ਵਾਲੇ ਫਾਰਮੂਲੇ ਦਾ ਨੁਕਤਾ ਵੀ ਸਮਝਾਇਆ, ਜਿਸ ਵਿੱਚ ਪੋਟੈਂਸ਼ਲ, ਪਲੈਨ, ਪਰਪੇਅਰੇਸ਼ਨ ਤੇ ਪਰਜ਼ਰਵੈਂਸ ਬਾਰੇ ਜਾਣਕਾਰੀ ਦਿੱਤੀ। ਵਿਭਾਗ ਮੁਖੀ ਡਾ. ਹਿਮਾਂਸ਼ੂ ਅੱਗਰਵਾਲ ਨੇ ਦੱਸਿਆ ਕਿ ਇਸ ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਨੂੰ ਕੈਰੀਅਰ ਵਿਕਲਪਾਂ ਨੂੰ ਸਮਝਣ ਵਿੱਚ ਮਦਦ ਪ੍ਰਦਾਨ ਕਰਨਾ ਸੀ ਤਾਂ ਕਿ ਉਹ ਜ਼ਿੰਦਗੀ ਵਿੱਚ ਅੱਗੇ ਵਧਣ ਸੰਬੰਧੀ ਲਾਭ ਲੈ ਸਕਣ।ਉਨ੍ਹਾਂ ਭਵਿੱਖ ਵਿੱਚ ਵੀ ਅਜਿਹੇ ਹੋਰ ਪ੍ਰੋਗਰਾਮ ਕਰਵਾਉਣ ਬਾਰੇ ਦੱਸਿਆ।ਡਾ. ਸਿਕੰਦਰ ਸਿੰਘ ਚੀਮਾ ਨੇ ਇਸ ਪ੍ਰੋਗਰਾਮ ਦੇ ਕਨਵੀਨਰ ਵਜੋਂ ਆਪਣਾ ਸਵਾਗਤੀ ਭਾਸ਼ਣ ਦਿੱਤਾ।

# ਟਾਂਗਰੀ ਨਦੀ ਦੀ ਮਾਰ ਤੋਂ ਬਚਾਅ ਲਈ ਪੱਕਾ ਹੱਲ ਕੀਤਾ ਜਾਵੇਗਾ : ਜੌੜਾਮਾਜਰਾ



**ਦੇਵੀਗੜ੍ਹ /ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਜਲ ਸਰੋਤ ਵਿਭਾਗ ਦੇ ਮੰਤਰੀ ਸ੍. ਚੇਤਨ ਸਿੰਘ ਜੌੜਾਮਾਜਰਾ ਨੇ ਐਲਾਨ ਕੀਤਾ ਹੈ ਕਿ ਸਨੌਰ ਹਲਕੇ ਦੇ ਸੈਂਕੜੇ ਪਿੰਡਾਂ ਨੂੰ ਟਾਂਗਰੀ ਨਦੀ ਦੀ ਮਾਰ ਤੋਂ ਬਚਾਉਣ ਲਈ ਟਾਂਗਰੀ ਨਦੀ ਦੀ ਨਿਸ਼ਾਨਦੇਹੀ ਕਰਵਾ ਕੇ ਪੱਕਾ ਹੱਲ ਕਰਕੇ ਕਿਸਾਨਾਂ ਨੂੰ ਇਸ ਸੰਕਟ ਵਿੱਚੋਂ ਬਾਹਰ ਕੱਢਿਆ ਜਾਵੇਗਾ।ਕੈਬਨਿਟ ਮੰਤਰੀ ਜੌੜਾਮਾਜਰਾ ਦੇਵੀਗੜ੍ਹ-ਪਿਹੋਵਾ ਰੋਡ 'ਤੇ ਟਾਂਗਰੀ ਨਦੀ ਨੇੜੇ ਗੁਰਦਵਾਰਾ ਭਗਤ ਧੰਨਾ ਜੀ ਵਿਖੇ ਹਲਕਾ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਦੀ ਅਗਵਾਈ ਹੇਠ ਇਕੱਠੇ ਹੋਏ ਕਿਸਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਤੇ ਸਥਾਨਕ ਵਸਨੀਕਾਂ ਦੇ ਇਕੱਠ ਨੂੰ ਸੰਬੋਧਨ ਕਰ ਰਹੇ ਸਨ।ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਲਾਅਰਿਆਂ ਵਿੱਚ ਵਿਸ਼ਵਾਸ ਨਹੀਂ ਕਰਦੀ, ਸਗੋਂ ਕੰਮ ਕਰਕੇ ਦਿਖਾਉਂਦੀ ਹੈ, ਇਸ ਲਈ ਝੋਨੇ ਦੇ ਸੀਜ਼ਨ ਤੋਂ ਤੁਰੰਤ ਬਾਅਦ ਟਾਂਗਰੀ ਨਦੀ ਦੀ ਨਿਸ਼ਾਨਦੇਹੀ ਕਰਵਾ ਕੇ ਇਸ ਦੇ ਵਿੰਗ-ਵਲ ਕੱਢ ਕੇ ਇਸ ਨੂੰ ਸਿੱਧਾ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਸ ਗੱਲੋਂ ਗੰਭੀਰ ਹਨ ਕਿ ਕਿਸਾਨਾਂ ਤੇ ਉਨ੍ਹਾਂ ਦੀਆਂ ਫਸਲਾਂ ਨੂੰ ਹੜ੍ਹਾਂ ਦੀ ਮਾਰ ਤੋਂ ਪੱਕੇ ਤੌਰ 'ਤੇ ਬਚਾਇਆ ਜਾਵੇ, ਜਿਸ ਲਈ ਜਲ ਸਰੋਤ ਵਿਭਾਗ ਨੂੰ ਟਾਂਗਰੀ ਨਦੀ ਦੇ ਸਥਾਈ ਹੱਲ ਲਈ ਤਜਵੀਜ਼ ਬਣਾਉਣ ਦੇ ਨਿਰਦੇਸ਼ ਦਿੱਤੇ ਹਨ।ਜੌੜਾਮਾਜਰਾ ਨੇ ਕਿਹਾ ਕਿ ਟਾਂਗਰੀ ਤੋਂ ਇਲਾਵਾ ਘੱਗਰ, ਮਾਰਕੰਡਾ ਤੇ ਹੋਰ ਵੀ ਨਦੀਆਂ ਦਾ ਪਾਣੀ ਮਾਰ ਪਹੁੰਚਾਉਂਦਾ ਹੈ, ਜਿਸ ਲਈ ਪੰਜਾਬ ਸਰਕਾਰ ਇਨ੍ਹਾਂ ਦੇ ਪੱਕੇ ਹੱਲ ਲਈ ਪੂਰੀ ਤਰ੍ਹਾਂ ਗੰਭੀਰ ਹੈ।ਉਨ੍ਹਾ ਇਸ ਮੌਕੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ, ਕਿਸਾਨ ਜਥੇਬੰਦੀਆਂ, ਏ.ਡੀ.ਸੀ (ਜ) ਕੰਚਨ, ਐਸ. ਡੀ ਐੱਮ ਮਨਜੀਤ ਕੌਰ, ਜਲ ਸਰੋਤ ਵਿਭਾਗ (ਡਰੇਨੇਜ) ਦੇ ਮੁੱਖ ਇੰਜੀਨੀਅਰ ਵਿਜੀਲੈਂਸ ਪਵਨ ਕਪੂਰ ਤੇ ਕਾਰਜਕਾਰੀ ਇੰਜੀਨੀਅਰ ਜਸਦੀਪ ਕੌਰ ਜਵੰਧਾ ਨਾਲ ਬੈਠਕ ਕੀਤੀ ਤੇ ਟਾਂਗਰੀ ਦੇ ਪੱਕੇ ਹੱਲ ਲਈ ਵਿਚਾਰ ਵਟਾਂਦਰਾ ਕੀਤਾ।

# ਵਿਧਾਇਕ ਤੇ ਡੀ ਸੀ ਵੱਲੋਂ ਬਾਬਾ ਫਰੀਦ ਸਮਾਗਮ ਸੰਬੰਧੀ ਮੀਟਿੰਗ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਸ਼ੇਖ਼ ਫ਼ਰੀਦ ਆਗਮਨ ਪੁਰਬ 2024 ਦੀਆਂ ਤਿਆਰੀਆਂ ਸੰਬੰਧੀ ਫਰੀਦਕੋਟ ਦੇ ਐੱਮ.ਐੱਲ.ਏ. ਗੁਰਦਿੱਤ ਸਿੰਘ ਸੇਖੋਂ ਤੇ ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਜ਼ਿਲ੍ਹਾ ਸੱਭਿਆਚਾਰਕ ਸੁਸਾਇਟੀ ਵਿਨੀਤ ਕੁਮਾਰ ਵੱਲੋਂ ਆਗਮਨ ਪੁਰਬ ਸਬੰਧੀ ਗਠਿਤ ਵੱਖ-ਵੱਖ ਕਮੇਟੀਆਂ ਦੇ ਇੰਚਾਰਜਾਂ ਤੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਕਲਚਰਲ ਕਮੇਟੀ, ਕੰਪੀਟੀਸ਼ਨ ਕਮੇਟੀ ਤੇ ਪਬਲੀਸਿਟੀ ਕਮੇਟੀ ਦੇ ਕੰਮਾਂ ਬਾਰੇ ਗੱਲਬਾਤ ਕੀਤੀ।ਉਨ੍ਹਾਂ ਕਮੇਟੀਆਂ ਦੇ ਇੰਚਾਰਜਾਂ ਤੇ ਮੈਂਬਰਾਂ ਨੂੰ ਕਿਹਾ ਕਿ ਬਾਬਾ ਸ਼ੇਖ ਫ਼ਰੀਦ ਆਗਮਨ ਪੁਰਬ 2024 ਨਜ਼ਦੀਕ ਆ ਰਿਹਾ ਹੈ ਤੇ ਉਸੇ ਹਿਸਾਬ ਨਾਲ ਹੀ ਸਾਨੂੰ ਪੂਰੀ ਜ਼ਿੰਮੇਵਾਰੀ ਨੂੰ ਲਗਨ ਤੇ ਮਿਹਨਤ ਨਾਲ ਨਿਭਾਉਣਾ ਚਾਹੀਦਾ ਹੈ ਤਾਂ ਜੋ ਮੇਲੇ ਦੌਰਾਨ ਕਿਸੇ ਤਰ੍ਹਾਂ ਦੇ ਪ੍ਰਬੰਧਾਂ ਵਿੱਚ ਕਮੀ ਨਾ ਹੋਵੇ। ਉਨ੍ਹਾਂ ਵੈਨਿਊ ਕਮੇਟੀ, ਸਟੇਜ ਕਮੇਟੀ, ਸਪੋਰਟਸ ਕਮੇਟੀ ਤੇ ਧਾਰਮਿਕ ਸਮਾਗਮਾਂ ਸੰਬੰਧੀ ਕਮੇਟੀ ਨਾਲ ਸਬੰਧਤ ਵੱਖ ਵੱਖ ਕਮੇਟੀਆਂ ਦੇ ਇੰਚਾਰਜਾਂ ਤੇ ਮੈਂਬਰਾਂ ਨਾਲ ਵੀ ਗੱਲਬਾਤ ਕੀਤੀ।ਉਨ੍ਹਾਂ ਆਗਮਨ ਪੁਰਬ ਸਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ।ਇਸ ਮੌਕੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦੱਸਿਆ ਕਿ ਬਾਬਾ ਫਰੀਦ ਆਗਮਨ ਪੁਰਬ 'ਤੇ ਹੋਣ ਵਾਲਾ ਸਮਾਗਮ 19 ਤੋਂ 23 ਸਤੰਬਰ ਤੱਕ ਕਰਵਾਇਆ ਜਾਵੇਗਾ, ਜਦੋਂਕਿ ਕਰਾਫ਼ਟ ਮੇਲਾ 20 ਸਤੰਬਰ ਤੋਂ 28 ਸਤੰਬਰ ਤੱਕ ਦਾਣਾ ਮੰਡੀ ਫਿਰੋਜ਼ਪੁਰ ਰੋਡ ਫਰੀਦਕੋਟ ਵਿਖੇ ਹੋਵੇਗਾ।ਉਨ੍ਹਾਂ ਕਿਹਾ ਕਿ ਪਹਿਲਾਂ ਦੀ ਤਰ੍ਹਾਂ ਇਸ ਵਾਰ ਵੀ ਮੇਲਾ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ।ਇਸ ਮੌਕੇ ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਰਭਿੰਦਰ ਸਿੰਘ (ਵਿਕਾਸ) ਫਰੀਦਕੋਟ, ਐੱਸ.ਡੀ.ਐੱਮ. ਫ਼ਰੀਦਕੋਟ ਵਰੁਣ ਕੁਮਾਰ, ਐੱਸ.ਡੀ.ਐੱਮ. ਕੋਟਕਪੂਰਾ ਮੈਡਮ ਵੀਰਪਾਲ ਕੌਰ, ਐੱਸ.ਡੀ.ਐੱ. ਜੈਤੋ ਮੈਡਮ ਪਰਲੀਨ ਬਰਾੜ, ਜ਼ਿਲ੍ਹਾ ਭਾਸ਼ਾ ਅਫ਼ਸਰ, ਸਹਾਇਕ ਕਮਿਸ਼ਨਰ ਸ਼ਿਕਾਇਤਾਂ ਤੁਸ਼ਿਤਾ ਗੁਲਾਟੀ ਸਮੇਤ ਕਮੇਟੀਆਂ ਦੇ ਇੰਚਾਰਜ ਤੇ ਮੈਂਬਰਾਂ ਨੇ ਸ਼ਿਰਕਤ ਕੀਤੀ।

## ਟ੍ਰੈਫਿਕ ਇੰਚਾਰਜ ਨੇ ਸਾਈਕਲ 'ਤੇ ਸਕੂਲ ਆਉਣ ਵਾਲੇ ਬੱਚਿਆਂ ਨੂੰ ਫੁੱਲ ਦੇ ਕੇ ਕੀਤਾ ਸਨਮਾਨਤ



**ਦੋਰਾਹਾ (ਹਰਮਿੰਦਰ ਸੇਠ)**-ਐੱਸ ਐੱਸ ਪੀ ਖੰਨਾ ਅਸ਼ਵਿਨੀ ਗੋਟਿਆਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਟ੍ਰੈਫਿਕ ਇੰਚਾਰਜ ਗੁਰਦੀਪ ਸਿੰਘ ਠੇਕੀ ਵੱਲੋਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ ਗਏ।ਚਲਾਨ ਕੱਟਣ ਦੇ ਨਾਲ ਜਿਹੜੇ ਨਾਬਾਲਿਗ ਬੱਚੇ ਵੀਹਕਲਾਂ ਦੀ ਜਗ੍ਹਾ ਸਾਈਕਲ 'ਤੇ ਸਕੂਲ ਆਏ, ਉਨ੍ਹਾਂ ਨੂੰ ਰੋਕ ਕੇ ਟ੍ਰੈਫਿਕ ਇੰਚਾਰਜ ਗੁਰਦੀਪ ਸਿੰਘ ਠੇਕੀ ਨੇ ਫੁੱਲ ਦੇ ਸਨਮਾਨਤ ਕੀਤਾ।ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵੀਹਕਲ ਨਾ ਦੇਣ।ਉਨ੍ਹਾਂ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਲਗਾਤਾਰ ਜਾਰੀ ਰਹੇਗੀ।

## ਗੈਸਟ ਫੈਕਲਟੀ ਅਧਿਆਪਕਾਂ ਦੇ ਹੱਕ 'ਚ ਪ੍ਰਿੰਸੀਪਲ ਨੂੰ ਦਿੱਤਾ ਮੰਗ ਪੱਤਰ



**ਬਰੇਟਾ (ਰੀਤਵਾਲ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਗੈਸਟ ਫੈਕਲਟੀ ਅਧਿਆਪਕਾਂ ਦੇ ਕੇਸ ਨੂੰ ਪ੍ਰਵਾਨਗੀ ਨਾ ਦੇਣ ਕਾਰਨ ਹੱਕੀ ਮੰਗਾਂ ਲਈ ਧਰਨਾ ਲੰਬੇ ਸਮੇਂ ਤੋਂ ਚੱਲ ਰਿਹਾ ਹੈ, ਜਿਸ ਤਹਿਤ ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਵੱਲੋਂ ਯੂਨੀਵਰਸਿਟੀ ਕਾਲਜ ਬਹਾਦਰਪੁਰ ਵਿਖੇ ਰੈਲੀ ਕਰਕੇ ਵਾਇਸ ਚਾਂਸਲਰ ਦੇ ਨਾਂਅ 'ਤੇ ਪ੍ਰਿੰਸੀਪਲ ਨੂੰ ਮੰਗ ਪੱਤਰ ਦਿੱਤਾ ਗਿਆ। ਉਨ੍ਹਾਂ ਮੰਗ ਕੀਤੀ ਕਿ ਗੈਸਟ ਫੈਕਲਟੀ ਅਧਿਆਪਕਾਂ ਦੇ ਮਸਲੇ ਨੂੰ ਫੌਰੀ ਹੱਲ ਕਰਕੇ ਵਿਦਿਆਰਥੀਆਂ ਦੀਆਂ ਕਲਾਸਾਂ ਸ਼ੁਰੂ ਕੀਤੀਆਂ ਜਾਣ। ਮਸਲਾ ਹੱਲ ਨਾ ਕਰਨ 'ਤੇ ਸੰਘਰਸ਼ ਤੇਜ਼ ਕਰਨ ਦੀ ਚਿਤਾਵਨੀ ਵੀ ਦਿੱਤੀ ਗਈ। ਇਸ ਮੌਕੇ ਰੁਪਿੰਦਰ ਕੌਰ, ਸੀਮਾ ਕੌਰ, ਬੰਟੀ ਸਿੰਘ, ਪੁਨੀਤ ਕੌਰ, ਮਨਪ੍ਰੀਤ ਕੌਰ, ਮੁਮਤੇਜ ਕੌਰ, ਸਿਮਰਜੀਤ ਕੌਰ, ਜਯੋਤੀ ਕੌਰ, ਮਨਦੀਪ ਸਿੰਘ ਆਦਿ ਮੌਜੂਦ ਸਨ।

# ਮੈਂਬਰਸ਼ਿਪ ਮੁਹਿੰਮ ਦਾ ਉਦੇਸ਼ ਪਾਰਟੀ ਨੂੰ ਜ਼ਮੀਨੀ ਪੱਧਰ ਤੱਕ ਮਜ਼ਬੂਤ ਕਰਨਾ : ਜਤਿੰਦਰ ਮਿੱਤਲ



**ਲੁਧਿਆਣਾ (ਜਸਦੀਪ ਵਰਤੀਆ)**-ਪੰਜਾਬ ਵਿੱਚ ਆਪਣੇ ਆਪ ਨੂੰ ਮਜ਼ਬੂਤ ਕਰਨ ਲਈ ਭਾਜਪਾ ਵੱਲੋਂ 1 ਸਤੰਬਰ ਤੋਂ ਮੈਂਬਰਸ਼ਿਪ ਮੁਹਿੰਮ ਸ਼ੁਰੂ ਕੀਤੀ ਜਾਵੇਗੀ, ਜਿਸ ਦੀ ਸ਼ੁਰੂਆਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੀਤੀ ਜਾ ਰਹੀ ਹੈ, ਜਿਸ ਦੀਆਂ ਤਿਆਰੀਆਂ ਸੰਬੰਧੀ ਇੱਥੇ ਇੱਕ ਮੀਟਿੰਗ ਭਾਜਪਾ ਦਫ਼ਤਰ ਦੁੱਗਰੀ ਵਿਖੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਪੰਜਾਬ ਭਾਜਪਾ ਦੇ ਮੀਤ ਪ੍ਰਧਾਨ ਤੇ ਮੈਂਬਰਸ਼ਿਪ ਮੁਹਿੰਮ ਇੰਚਾਰਜ ਜਤਿੰਦਰ ਮਿੱਤਲ ਅਤੇ ਸੰਗਠਨ ਮੰਤਰੀ ਮੰਥਾਰੀ ਸ੍ਰੀ ਨਿਵਾਸਲੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਜਤਿੰਦਰ ਮਿੱਤਲ ਨੇ ਕਿਹਾ ਕਿ ਮੁਹਿੰਮ ਦਾ ਮਕਸਦ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਤੇ ਪਾਰਟੀ ਦੀ ਵਿਚਾਰਧਾਰਾ ਨੂੰ ਹਰ ਘਰ ਤੱਕ ਪਹੁੰਚਾਉਣਾ ਹੈ।ਉਨ੍ਹਾ ਕਿਹਾ ਕਿ ਇਸ ਅਭਿਆਨ ਦੇ ਦੌਰਾਨ ਪੂਰੇ ਪੰਜਾਬ ਵਿੱਚ 3 ਲੱਖ ਤੋਂ ਵੱਧ ਨਵੇਂ ਮੈਂਬਰ ਬਣਾਏ ਜਾਣਗੇ।ਮਿੱਤਲ ਨੇ ਕਿਹਾ ਕਿ 2014 'ਚ ਜਦੋਂ ਅਮਿਤ ਸ਼ਾਹ ਪ੍ਰਧਾਨ ਸਨ ਤਾਂ ਭਾਜਪਾ 11 ਕਰੋੜ ਮੈਂਬਰ ਬਣਾਉਣ 'ਚ ਸਫਲ ਰਹੀ ਸੀ।ਇਸ ਤੋਂ ਬਾਅਦ 2019 'ਚ ਜੇ ਪੀ ਨੱਡਾ ਦੇ ਪ੍ਰਧਾਨ ਹੋਣ 'ਤੇ ਸੱਤ ਕਰੋੜ ਨਵੇਂ ਮੈਂਬਰ ਬਣਾਏ ਗਏ ਸਨ।ਇਸ ਤਰ੍ਹਾਂ ਭਾਜਪਾ 18 ਕਰੋੜ ਮੈਂਬਰਾਂ ਵਾਲੀ ਪਾਰਟੀ ਬਣ ਗਈ।ਸੰਗਠਨ ਮੰਤਰੀ ਮੰਥਾਰੀ ਸ੍ਰੀ ਨਿਵਾਸਲੂ ਨੇ ਕਿਹਾ ਕਿ ਨਵੇਂ ਮੈਂਬਰ ਮੋਬਾਈਲ ਨੰਬਰ 'ਤੇ ਮਿਸਡ ਕਾਲ ਦੇ ਕੇ, ਕਿਊਆਰ ਕੋਡ ਨੂੰ ਸਕੈਨ ਕਰਕੇ, ਨਮੋ ਐਪ ਰਾਹੀਂ ਅਤੇ ਲੋਕ ਭਾਜਪਾ ਦੀ ਵੈੱਬਸਾਈਟ ਰਾਹੀਂ ਪਾਰਟੀ ਦੀ ਮੈਂਬਰਸ਼ਿਪ ਲੈ ਸਕਣਗੇ। ਉਨ੍ਹਾ ਕਿਹਾ ਕਿ ਪਾਰਟੀ ਵੱਲੋਂ 8800002024 ਨੰਬਰ ਜਾਰੀ ਕੀਤਾ ਗਿਆ ਹੈ, ਜਿਸ 'ਤੇ ਮਿਸਡ ਕਾਲ ਕਰਕੇ ਤੁਸੀਂ ਭਾਜਪਾ ਦੇ ਮੈਂਬਰ ਬਣ ਸਕਦੇ ਹੋ।

# ਡਾਕਟਰ ਦੇ ਕਤਲ ਤੇ ਬਲਾਤਕਾਰ ਦੇ ਮਾਮਲੇ 'ਚ ਮੁੱਖ ਮੰਤਰੀ ਅਸਤੀਫਾ ਦੇਵੇ : ਡਾ. ਸੀਮਾਂਤ ਗਰਗ

**ਮੋਗਾ (ਇਕਬਾਲ ਸਿੰਘ ਖਹਿਰਾ)**-ਕੋਲਕਾਤਾ ਦੇ ਆਰ. ਜੀ. ਹਸਪਤਾਲ ਵਿੱਚ ਸਿਖਿਆਰਥੀ ਮਹਿਲਾ ਡਾਕਟਰ ਨਾਲ ਜਬਰ ਜ਼ਨਾਹ ਤੇ ਕਤਲ ਦੀ ਘਟਨਾ ਨੇ ਪੂਰੇ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਹੈ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ: ਸੀਮਾਂਤ ਗਰਗ ਨੇ ਮਹਿਲਾ ਡਾਕਟਰ ਦੇ ਕਤਲ ਤੇ ਜਬਰ ਜ਼ਨਾਹ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਡਾ: ਸੀਮਾਂਤ ਗਰਗ ਨੇ ਕਿਹਾ ਕਿ ਭਾਜਪਾ ਦੇਸ਼ ਭਰ ਵਿੱਚ ਖਾਸ ਕਰਕੇ ਪੱਛਮੀ ਬੰਗਾਲ ਵਿੱਚ ਧਰਨੇ ਦੇ ਕੇ ਮੁੱਖ ਮੰਤਰੀ ਦੇ ਅਸਤੀਫੇ ਦੀ ਮੰਗ ਕਰ ਰਹੀ ਹੈ, ਕਿਉਂਕਿ ਮੁੱਖ ਮੰਤਰੀ ਵੱਲੋਂ ਡਾਕਟਰ ਦੇ ਕਤਲ ਤੇ ਬਲਾਤਕਾਰ ਦੀ ਘਟਨਾ 'ਤੇ ਕੋਈ ਕਾਰਵਾਈ ਨਾ ਕਰਨਾ ਅਤੇ ਦੋਸ਼ੀ ਸ਼ਰੇਆਮ ਘੁੰਮਣਾ ਪੱਛਮੀ ਬੰਗਾਲ ਦੀ ਸਰਕਾਰ 'ਤੇ ਕਾਲਾ ਧੱਬਾ ਹੈ। ਉਨ੍ਹਾ ਕਿਹਾ ਕਿ ਦੇਸ਼ ਵਿੱਚ ਡਾਕਟਰਾਂ 'ਤੇ ਵਾਪਰ ਰਹੀਆਂ ਅਜਿਹੀਆਂ ਘਟਨਾਵਾਂ ਦਾ ਸਰਕਾਰੀ ਹਸਪਤਾਲਾਂ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਕੰਮ ਕਰਦੇ ਡਾਕਟਰਾਂ ਦੇ ਕੰਮ 'ਤੇ ਡੂੰਘਾ ਅਸਰ ਪੈਂਦਾ ਹੈ, ਕਿਉਂਕਿ ਇੱਕ ਪਾਸੇ ਅਸੀਂ ਡਾਕਟਰ ਨੂੰ ਰੱਬ ਮੰਨਦੇ ਹਾਂ ਜੋ ਮਰੀਜ਼ ਦੀ ਜਾਨ ਬਚਾਉਣ ਲਈ ਸਭ ਕੁਝ ਦਾਅ 'ਤੇ ਲਗਾ ਦਿੰਦਾ ਹੈ। ਦੂਜੇ ਪਾਸੇ ਅਸੀਂ ਜਾਨਾਂ ਬਚਾਉਣ ਵਾਲੇ ਡਾਕਟਰਾਂ ਦਾ ਇਲਾਜ ਇਸ ਤਰ੍ਹਾਂ ਕਰਦੇ ਹਾਂ ਕਿ ਉਨ੍ਹਾਂ ਦਾ ਮਨੋਬਲ ਡਿੱਗ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਭਰ ਦੇ ਸਾਰੇ ਰਾਜਾਂ ਦੇ ਸਰਕਾਰੀ ਹਸਪਤਾਲਾਂ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਕੰਮ ਕਰਦੇ ਡਾਕਟਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ, ਤਾਂ ਜੋ ਡਾਕਟਰ ਆਪਣਾ ਕੰਮ ਵਧੀਆ ਢੰਗ ਨਾਲ ਕਰ ਸਕਣ ਅਤੇ ਬਿਨਾਂ ਕਿਸੇ ਡਰ ਦੇ ਮਰੀਜ਼ਾਂ ਦਾ ਇਲਾਜ ਕਰ ਸਕਣ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਕੇਂਦਰ ਸਰਕਾਰ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਇਸ ਘਟਨਾ 'ਤੇ ਸਖ਼ਤ ਕਾਰਵਾਈ ਕਰੇ, ਤਾਂ ਜੋ ਭਵਿੱਖ 'ਚ ਦੇਸ਼ ਦੇ ਕਿਸੇ ਵੀ ਸੂਬੇ 'ਚ ਅਜਿਹੀ ਘਟਨਾ ਨਾ ਵਾਪਰੇ।

# ਸਾਰਾਗੜ੍ਹੀ ਦਿਵਸ 12 ਨੂੰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ : ਧੀਮਾਨ

## ਸਾਰਾਗੜ੍ਹੀ ਵਿਖੇ ਜੰਗੀ ਯਾਦਗਾਰ ਦਾ ਮੁੱਖ ਮੰਤਰੀ ਕਰਨਗੇ ਉਦਘਾਟਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਇਤਿਹਾਸਕ ਗੁਰਦੁਆਰਾ ਸਾਰਾਗੜ੍ਹੀ ਫ਼ਿਰੋਜ਼ਪੁਰ ਛਾਉਣੀ ਵਿਖੇ 12 ਸਤੰਬਰ 2024 ਨੂੰ ਮਨਾਏ ਜਾਣ ਵਾਲੇ ਸਾਰਾਗੜ੍ਹੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਵੱਲੋਂ ਫੌਜ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਇਸ ਮੌਕੇ ਉਨ੍ਹਾਂ ਦੱਸਿਆ ਕਿ ਸ਼ਹੀਦ ਸੈਨਿਕ ਦੀ ਯਾਦ ਵਿੱਚ ਬਣਾਈ ਜਾ ਰਹੀ ਸਾਰਾਗੜ੍ਹੀ ਜੰਗੀ ਯਾਦਗਾਰ ਦਾ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ 12 ਸਤੰਬਰ ਨੂੰ ਉਦਘਾਟਨ ਕਰਨਗੇ ਤੇ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਨਗੇ।ਇਸ ਦੌਰਾਨ ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦੇ ਹੋਏ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਜਾਣਕਾਰੀ ਦਿੱਤੀ।ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਰਾਗੜ੍ਹੀ ਦਿਵਸ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਨੂੰ ਸਮਰਪਤ ਧਾਰਮਿਕ ਸਮਾਗਮ ਕੀਤਾ ਜਾ ਰਿਹਾ ਹੈ, ਜਿਸ ਵਿੱਚ ਭਾਰਤੀ ਫ਼ੌਜ ਦੇ ਅਧਿਕਾਰੀਆਂ, ਸਿਵਲ ਤੇ ਪੁਲਸ ਅਧਿਕਾਰੀਆਂ, ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ।ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ।ਇਸ ਮੌਕੇ ਬ੍ਰਿਗੇਡੀਅਰ ਬਿਕਰਮ ਸਿੰਘ ਡਿਪਟੀ ਜੀਓਸੀ., ਕਰਨਲ ਏਐੱਸ ਅੰਤਲ, ਐੱਸਈ ਲੋਕ ਨਿਮਰਾਣ ਵਿਭਾਗ ਸੁਰੇਸ਼ ਕੁਮਾਰ, ਇੰਦਰਜੀਤ ਸਿੰਘ, ਐੱਸਡੀਈ ਸਿਮਰਨ ਕੌਰ, ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ, ਸੈਨਿਕ ਭਲਾਈ ਦਫਤਰ ਤੋਂ ਅਮਰੀਕ ਸਿੰਘ ਤੋਂ ਇਲਾਵਾ ਫੌਜ ਦੇ ਅਧਿਕਾਰੀ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਅੰਤਿਮ ਮਿਤੀ 31 ਅਗਸਤ : ਡੀ ਸੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਆਨਲਾਈਨ ਰਜਿਸਟ੍ਰੇਸ਼ਨ ਕਰਨ ਦੀ ਅੰਤਿਮ ਮਿਤੀ 31 ਅਗਸਤ 2024 ਹੈ। ਅਰਜ਼ੀ ਦੇਣ ਦੀ ਅੰਤਿਮ ਮਿਤੀ ਤੱਕ 18 ਸਾਲ ਤੋਂ ਘੱਟ ਉਮਰ ਦੇ ਜਿਹੜੇ ਬੱਚੇ ਭਾਰਤ ਦੇ ਨਾਗਰਿਕ ਹਨ ਤੇ ਜਿਨ੍ਹਾਂ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਵਿਸ਼ੇਸ਼ ਯੋਗਦਾਨ ਪਾਇਆ ਗਿਆ ਹੈ, ਉਹ ਬੱਚੇ ਇਸ ਪੁਰਸਕਾਰ ਯੋਜਨਾ ਅਧੀਨ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਵੈੱਬਸਾਇਟ 'ਤੇ ਆਨਲਾਈਨ ਅਪਲਾਈ ਕਰ ਸਕਦੇ ਹਨ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦਿੰਦੇ ਹੋਏ ਦੱਸਿਆ ਕਿ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਹਰ ਸਾਲ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ, ਜਿਨ੍ਹਾਂ ਬੱਚਿਆਂ ਨੇ ਅਸਾਧਾਰਨ ਬਹਾਦਰੀ ਦਾ ਕੰਮ ਕੀਤਾ ਹੋਵੇ, ਸਪੈਸ਼ਲ ਬੱਚੇ, ਜਿਨ੍ਹਾਂ ਵਿੱਚ ਅਸਧਾਰਨ ਯੋਗਤਾਵਾਂ ਨਾਲ ਵਿਸ਼ੇਸ਼ ਅਸਧਾਰਨ ਉਪਲੱਬਧੀ ਹਾਸਲ ਕੀਤੀ ਹੋਵੇ।ਉਹ ਹੋਣਹਾਰ ਬੱਚੇ ਜਿਨ੍ਹਾਂ ਨੇ ਖੇਡਾਂ, ਸਮਾਜ ਸੇਵਾ, ਵਿਗਿਆਨ ਤੇ ਤਕਨਾਲੋਜੀ, ਵਾਤਾਵਰਨ, ਕਲਾ ਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਜੋ ਕਿ ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ, ਉਹ ਇਸ ਵੱਕਾਰੀ ਪੁਰਸਕਾਰ ਲਈ ਅਪਲਾਈ ਕਰ ਸਕਦੇ ਹਨ।

24-Aug-PAGE-11-Majha-24.qxd 8/23/2024 10:35 PM Page 1



# ਡਾਕਟਰਾਂ ਦੀ ਘਾਟ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਵੱਲੋਂ ਇਕੱਤਰਤਾ

## * 28 ਨੂੰ ਦਿੱਤਾ ਜਾਵੇਗਾ ਕਲਾਨੌਰ ਹਸਪਤਾਲ ਅੱਗੇ ਰੋਸ ਧਰਨਾ: ਕਾਹਲੋਂ



ਕਲਾਨੌਰ (ਮਨਦੀਪ ਕੋਹਲੀ)- ਸੰਯੁਕਤ ਕਿਸਾਨ ਮੋਰਚਾ ਅਤੇ ਭਰਾਤਰੀ ਜਥੇਬੰਦੀਆਂ ਵੱਲੋਂ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਕਾਹਲੋਂ ਦੀ ਅਗਵਾਈ ਵਿੱਚ ਕਲਾਨੌਰ ਦੀ ਸ਼ਿਵ ਮੰਦਿਰ ਪਾਰਕ ਵਿੱਚ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਕਲਾਨੌਰ ਦੇ ਕਮਿਊਨਿਟੀ ਹੈਲਥ ਸੈਂਟਰ ਵਿੱਚ ਡਾਕਟਰਾਂ ਦੀ ਘਾਟ ਤੋਂ ਇਲਾਵਾ ਸਬ ਸਟੇਸ਼ਨ ਪਾਵਰ ਕਾਮ ਕਲਾਨੌਰ ਵਿੱਚ ਮੁਲਾਜ਼ਮਾਂ ਦੀ ਘਾਟ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿੱਚ ਅਧਿਆਪਕਾਂ ਦੀ ਕਮੀ ਨੂੰ ਲੈ ਕੇ ਚਰਚਾ ਕੀਤੀ ਗਈ ਮੀਟਿੰਗ ਵਿੱਚ ਸਰਕਾਰੀ ਹਸਪਤਾਲ ਅਤੇ ਦਫਤਰ ਬਚਾਓ ਮੋਰਚਾ ਕਲਾਨੌਰ ਗੁਰਦਾਸਪੁਰ ਕਮੇਟੀ ਦਾ ਗਠਨ ਕੀਤਾ ਗਿਆ ਅਤੇ ਮਤਾ ਪਾਸ ਕੀਤਾ ਗਿਆ ਕਿ ਆਉਂਦੀ 28 ਤਰੀਕ ਨੂੰ ਕਲਾਨੌਰ ਦੇ ਕਮਿਊਨਿਟੀ ਹੈਲਥ ਸੈਂਟਰ ਦੇ ਅੱਗੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਅਤੇ 29 ਤਰੀਕ ਤੋਂ ਜਦ ਤੱਕ ਡਾਕਟਰਾਂ ਦੀ ਘਾਟ ਨੂੰ ਪੂਰਾ ਨਹੀਂ ਕੀਤਾ ਜਾਂਦਾ ਉਦੋਂ ਤੱਕ 11 ਮੈਂਬਰੀ ਕਮੇਟੀ ਲਗਾਤਾਰ ਧਰਨੇ ਤੇ ਬੈਠੇਗੀ। ਮੀਟਿੰਗ ਵਿੱਚ ਵੱਖ-ਵੱਖ ਜਥੇਬੰਦੀਆਂ ਜਿਵੇਂ ਜਮਹੂਰੀ ਕਿਸਾਨ ਸਭਾ ਵੱਲੋਂ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਕਾਹਲੋਂ, ਬਲਜੀਤ ਸਿੰਘ ਗੁਰਾਇਆ, ਮਾਸਟਰ ਸਰਦੂਲ ਸਿੰਘ ਬਰੀਲਾ, ਗੁਰਜੀਤ ਸਿੰਘ ਬਲਾਰੀਆ, ਵੀਰ ਸਿੰਘ, ਬਲਰਾਜ ਸਿੰਘ ਬਿਸ਼ਨਕੋਟ, ਕੁਲਵੰਤ ਸਿੰਘ, ਮਨਜੀਤ ਸਿੰਘ ਨੜਾਂਵਾਲੀ, ਆਲ ਇੰਡੀਆ ਕਿਸਾਨ ਸਭਾ ਵੱਲੋਂ ਬਲਦੇਵ ਸਿੰਘ ਖਹਿਰਾ, ਮਨਜੀਤ ਸਿੰਘ ਰਊਵਾਲ, ਕਿਰਤੀ ਕਿਸਾਨ ਯੂਨੀਅਨ ਵੱਲੋਂ ਪਲਵਿੰਦਰ ਸਿੰਘ ਕਿਲਾ ਨੱਥੂ ਸਿੰਘ, ਦਲਜੀਤ ਸਿੰਘ ਤਲਵੰਡੀ, ਸਲਵਿੰਦਰ ਸਿੰਘ ਆਜ਼ਾਦ, ਬੀਕੇਯੂ ਉਗਰਾਹਾਂ ਵੱਲੋਂ ਗੁਰਮੁਖ ਸਿੰਘ, ਕਿਰਤੀ ਕਿਸਾਨ ਯੂਨੀਅਨ ਵੱਲੋਂ ਦਿਲਬਾਗ ਸਿੰਘ ਡੋਗਰ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਸੇਵਾ ਸਿੰਘ, ਮਹਾਸ਼ਾ ਨੌਜਵਾਨ ਸਭਾ ਵੱਲੋਂ ਰਵਿੰਦਰ ਕੁਮਾਰ, ਡਾਕਟਰ ਬੀ ਆਰ ਅੰਬੇਡਕਰ ਮਿਸ਼ਨ ਯੂਨਿਟ ਕਲਾਨੌਰ ਵੱਲੋਂ ਰਾਜਨ ਹਾਜ਼ਰ ਹੋਏ।ਮੀਟਿੰਗ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਪਹੁੰਚੇ ਹੋਏ ਨੁਮਾਇੰਦਿਆਂ ਨੇ ਸਹਿਮਤੀ ਜਤਾਈ ਅਤੇ ਨਾਲ ਹੀ ਆਸ ਪਾਸ ਦੇ ਪਿੰਡਾਂ ਅਤੇ ਕਲਾਨੌਰ ਦੇ ਸ਼ਹਿਰ ਨਿਵਾਸੀਆਂ ਤੋਂ ਇਲਾਵਾ ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਸਾਰੇ ਇਕੱਠ ਵਿੱਚ ਸ਼ਾਮਿਲ ਹੋਣ ਕਿਉਂਕਿ ਕਲਾਨੌਰ ਦੇ ਇਸ ਕਮਿਊਨਿਟੀ ਹੈਲਥ ਸੈਂਟਰ ਨੂੰ ਇਲਾਕੇ ਦੇ ਘੱਟੋ ਘੱਟ 100 ਤੋਂ ਪਿੰਡ ਪੈਂਦੇ ਹਨ ਜਿਥੋਂ ਦੇ ਮਰੀਜ਼ ਕਲਾਨੌਰ ਦੇ ਇਸ ਹਸਪਤਾਲ ਵਿੱਚ ਇਲਾਜ ਲਈ ਪਹੁੰਚਦੇ ਹਨ ਅਤੇ ਸਾਰਿਆਂ ਨੂੰ ਹੀ ਡਾਕਟਰਾਂ ਨਾ ਹੋਣ ਕਾਰਨ ਕਿਤੇ ਨਾ ਕਿਤੇ ਰੈਫਰ ਕਰ ਦਿੱਤਾ ਜਾਂਦਾ ਹੈ ਅਤੇ ਕਈ ਤਾਂ ਰੱਬ ਨੂੰ ਪਿਆਰੇ ਹੋ ਜਾਂਦੇ ਹਨ।

## ਸੁਲਤਾਨਪੁਰ ਲੋਧੀ ਤੋਂ ਆ ਰਹੇ ਨਗਰ ਕੀਰਤਨ ਦਾ ਬਟਾਲਾ 'ਚ ਸਵਾਗਤ 9 ਸਤੰਬਰ ਨੂੰ : ਜਥੇਦਾਰ ਗੋਰਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਦੇਖ ਰੇਖ ਤੇ ਪ੍ਰਬੰਧਾਂ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ 10 ਸਤੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਨਾਏ ਜਾ ਰਹੇ ਵਿਆਹ ਪੁਰਬ ਦੇ ਸਬੰਧ ਵਿੱਚ ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ 9 ਸਤੰਬਰ ਦਿਨ ਸੋਮਵਾਰ ਨੂੰ ਮਹਾਨ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਵੱਖ-ਵੱਖ ਸਥਾਨਾਂ ਤੋਂ ਹੁੰਦਾ ਹੋਇਆ ਰਾਤ ਨੂੰ ਬਟਾਲਾ ਵਿਖੇ ਪਹੁੰਚੇਗਾ। ਇਹ ਜਾਣਕਾਰੀ ਵਿਆਹ ਪੁਰਬ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੱਤੀ। ਇਸ ਸਬੰਧੀ ਉਨ੍ਹਾਂ ਨੇ ਜਥੇਦਾਰ ਬਲਦੇਵ ਸਿੰਘ ਕਲਿਆਣ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰ ਗੁਰਬਖਸ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ 9 ਸਤੰਬਰ ਨੂੰ ਮਹਾਨ ਨਗਰ ਕੀਰਤਨ ਬਟਾਲਾ ਵਿਖੇ ਲਿਆਉਣ ਲਈ ਵਿਸ਼ੇਸ਼ ਮੁਲਾਕਾਤ ਕਰਕੇ ਸੱਦਾ ਪੱਤਰ ਦਿੱਤਾ ਗਿਆ। ਜਥੇਦਾਰ ਗੋਰਾ ਨੇ ਕਿਹਾ ਕਿ ਵਿਆਹ ਪੁਰਬ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਨੂੰ ਸਚੁੱਜੇ ਢੰਗ ਨਾਲ ਸਜਾਉਣ ਅਤੇ ਮਹਾਨ ਨਗਰ ਕੀਰਤਨ ਦੇ ਸਮੁੱਚੇ ਰੂਟ ਦੀ ਰੂਪ ਰੇਖਾ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

# ਸਿੱਖ ਨੈਸ਼ਨਲ ਕਾਲਜ ਕਾਦੀਆਂ 'ਚ ਪਹਿਲਾ ਕੌਮੀ ਪੁਲਾੜ ਦਿਹਾੜਾ ਮਨਾਇਆ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸਿੱਖ ਨੈਸ਼ਨਲ ਕਾਲਜ ਕਾਦੀਆਂ ਵਿਖੇ ਸਾਇੰਸ ਸੁਸਾਇਟੀ ਅਤੇ ਭੌਤਿਕ ਵਿਗਿਆਨ ਵਿਭਾਗ ਤੇ ਗਣਿਤ ਵਿਭਾਗ ਦੇ ਸਹਿਯੋਗ ਨਾਲ ਅੱਜ ਪਹਿਲਾ ਕੌਮੀ ਪੁਲਾੜ ਦਿਹਾੜਾ ਪ੍ਰਿੰ. ਡਾਕਟਰ ਹਰਪ੍ਰੀਤ ਸਿੰਘ ਹੁੰਦਲ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਦਿਹਾੜੇ ਬਾਰੇ ਚਾਨਣਾ ਪਾਉਂਦਿਆਂ ਹੋਇਆ ਪ੍ਰੋਫੈਸਰ ਰਾਕੇਸ਼ ਕੁਮਾਰ ਨੇ ਕਿਹਾ ਕਿ ਅੱਜ ਪਹਿਲਾ ਕੌਮੀ ਪੁਲਾੜ ਦਿਹਾੜਾ ਭਾਰਤ ਦੀ ਚੰਦਰਯਾਨ -3 ਦੀ ਸਫ਼ਲਤਾ ਪੂਰਵਕ ਪੁਲਾੜ ਵਿੱਚ ਸਥਾਪਤੀ ਕਰਨ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਮੁੱਚੇ ਦੇਸ਼ ਅੰਦਰ ਮਨਾਇਆ ਜਾ ਰਿਹਾ । ਭੌਤਿਕ ਵਿਗਿਆਨ ਵਿਭਾਗ ਦੇ ਮੁਖੀ ਪ੍ਰੋਫ਼ੈਸਰ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਭਾਰਤ ਸੰਸਾਰ ਦਾ ਚੌਥਾ ਦੇਸ਼ ਹੈ ਜਿਸ ਨੇ ਸਫ਼ਲਤਾ ਪੂਰਵਕ ਚੰਦਰਮਾ ਤੇ ਪੈਰ ਪਾਇਆ ਤੇ ਦਖਣੀ ਧਰੁਵ ਸਿਰੇ ਤੇ ਪਹੁੰਚਣ ਵਾਲਾ ਭਾਰਤ ਪਹਿਲਾ ਦੇਸ਼ ਸੰਸਾਰ ਅੰਦਰ ਬਣਿਆ ਹੈ।ਇਸ ਮੌਕੇ ਸਾਇੰਸ ਸੁਸਾਇਟੀ ਦੇ ਸਮੂਹ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਪੁਲਾੜ ਰੁਚੀਆਂ ਨੂੰ ਉਭਾਰਨ, ਸੈਮੀਨਾਰਾਂ ਵਿੱਚ ਹਿੱਸਾ ਲੈਣ, ਇਸ ਵਾਸਤੇ ਵੱਖ-ਵੱਖ ਪ੍ਰੋਗਰਾਮ ਵਿਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਵੱਧ ਤੋਂ ਵੱਧ ਪੁਲਾੜ ਬਾਰੇ ਖ਼ੋਜ ਕਰਨ ਆਦਿ ਅਜਿਹੇ ਵਿਸ਼ਿਆਂ ਵਿੱਚ ਰੁਚੀ ਵਿਖਾਉਣ ਦੀ ਸਹੁੰ ਵੀ ਚੁੱਕੀ ਗਈ। ਸਾਇੰਸ ਵਿਸ਼ੇ ਦੇ ਵਿਦਿਆਰਥੀਆਂ ਵੱਲੋਂ ਕੌਮੀ ਪਲਾੜ ਦਿਹਾੜੇ ਨਾਲ ਸੰਬੰਧਿਤ ਚਾਰਟ ਮੇਕਿੰਗ ਤੇ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਹਿੱਸਾ ਵੀ ਲਿਆ।ਕਾਲਜ ਪ੍ਰਿੰ. ਡਾਕਟਰ ਹਰਪ੍ਰੀਤ ਸਿੰਘ ਹੁੰਦਲ ਵੱਲੋਂ ਵਿਦਿਆਰਥੀ ਵਰਗ ਨੂੰ ਅਜਿਹੇ ਵਿਸ਼ਿਆਂ ਨਾਲ ਜੁੜ ਕੇ ਵੱਧ ਤੋਂ ਵੱਧ ਜਾਣਕਾਰੀ ਲੈਣ ਤੇ ਵਿਗਿਆਨ ਦੀਆਂ ਤਰੱਕੀਆਂ ਨੂੰ ਜਾਣਨ ਦੀ ਪ੍ਰੇਰਨਾ ਦਿੱਤੀ।ਭੌਤਿਕ ਵਿਗਿਆਨ ਵਿਭਾਗ ਦੇ ਮੁਖੀ ਪ੍ਰੋ. ਕੁਲਵਿੰਦਰ ਸਿੰਘ ਵੱਲੋਂ ਵਿਦਿਆਰਥੀ ਵਰਗ ਨੂੰ ਪੁਲਾੜ ਨਾਲ ਜੁੜੀ ਜਾਣਕਾਰੀ ਹਾਸਿਲ ਕਰਕੇ ਖ਼ੋਜ ਦੇ ਵਿਚ ਹਿੱਸਾ ਲੈਣ ਦੀ ਅਪੀਲ ਕੀਤੀ। ਇਸ ਸਮਾਗਮ ਵਿੱਚ ਸਟਾਫ਼ ਮੈਂਬਰਾਂ 'ਚ ਪ੍ਰੋ. ਕੁਲਵਿੰਦਰ ਸਿੰਘ, ਪ੍ਰੋਫ਼ੈਸਰ ਰਾਕੇਸ਼ ਕੁਮਾਰ ਤੋਂ ਇਲਾਵਾ ਡਾ. ਸਿਮਰਤ ਪਾਲ ਸਿੰਘ, ਡਾ. ਸਤਿੰਦਰ ਕੌਰ, ਪ੍ਰੋ. ਮਿਤਾਲੀ, ਪ੍ਰੋ. ਅਮਨਦੀਪ ਕੌਰ, ਪ੍ਰੋ. ਬਲਬੀਰ ਕੌਰ, ਪ੍ਰੋ. ਜਸਕਿਰਨ ਕੌਰ, ਪ੍ਰੋ. ਕੁਲਵਿੰਦਰ ਸਿੰਘ ਭਾਟੀਆ ਸਮੇਤ ਵੱਡੀ ਗਿਣਤੀ ਵਿੱਚ ਸਾਇੰਸ ਸੁਸਾਇਟੀ ਦੇ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

# ਜ਼ੋਨ ਅਗਾੜਾ-ਪਿਛਾੜਾ ਦੇ ਸੈਂਕੜੇ ਕਿਸਾਨਾਂ ਤੇ ਮਜ਼ਦੂਰਾਂ ਵੱਲੋਂ 31 ਨੂੰ ਸ਼ੰਭੂ-ਖਨੌਰੀ ਬਾਰਡਰ 'ਤੇ ਜਾਣ ਦਾ ਐਲਾਨ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ੋਨ ਅਗਾੜਾ-ਪਿਛਾੜਾ ਦੀ ਮੀਟਿੰਗ ਜ਼ੋਨ ਪ੍ਰਧਾਨ ਸਲਵਿੰਦਰ ਸਿੰਘ ਜੀਉਬਾਲਾ ਦੀ ਪ੍ਰਧਾਨਗੀ ਹੇਠ ਹੋਈ ।ਮੀਟਿੰਗ ਵਿੱਚ ਸੂਬਾ ਆਗੂ ਤੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਨੇ ਸ਼ਮੂਲੀਅਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰੈੱਸ ਸਕੱਤਰ ਰਣਯੋਧ ਸਿੰਘ ਗੱਗੋਬੂਆ ਅਤੇ ਮੁਖਤਿਆਰ ਸਿੰਘ ਬਾਕੀਪੁਰ ਨੇ ਕਿਹਾ ਕੀ ਭਾਰਤ ਦੀ ਰਾਜਨੀਤੀ ਵੱਡੇ ਕੁਝ ਘਰਾਣਿਆਂ ਦੀ ਕਠਪੁਤਲੀ ਬਣ ਗਈ ਹੈ।ਕਾਰਪੋਰੇਟ ਘਰਾਣੇ ਸਰਕਾਰ ਤੇ ਦਬਾਅ ਪਾ ਕੇ ਆਪਣੇ ਫਾਇਦੇ ਲਈ ਨਵੇਂ ਨਵੇਂ ਕਾਨੂੰਨ ਬਣਾ ਰਹੇ ਹਨ।ਕਾਰਪੋਰੇਟ ਘਰਾਣਿਆਂ ਦੇ ਵੱਡੇ ਵੱਡੇ ਕਰਜ਼ੇ ਸਰਕਾਰ ਵੱਲੋਂ ਮਾਫ ਕੀਤੇ ਜਾ ਰਹੇ ਹਨ ਜਦਕਿ ਕਾਰਪੋਰੇਟ ਘਰਾਣਿਆਂ ਦੀ ਜਾਇਦਾਦ ਵਿੱਚ ਲੋੜ ਤੋਂ ਜ਼ਿਆਦਾ ਵਾਧਾ ਹੋ ਰਿਹਾ ਹੈ।ਦੇਸ਼ ਵਿੱਚ 22 ਘਰਾਣਿਆਂ ਪਾਸ ਦੇਸ਼ ਦੇ 70 ਕਰੋੜ ਲੋਕਾਂ ਜਿੰਨੀ ਦੌਲਤ ਇਕੱਠੀ ਹੋ ਚੁੱਕੀ ਹੈ।1% ਲੋਕ ਦੇਸ਼ ਵਿੱਚ 40% ਜਾਇਦਾਦ ਤੇ ਜਮੀਨ ਉੱਤੇ ਕਾਬਜ ਹੋ ਚੁੱਕੇ ਹਨ। ਦੂਜੇ ਪਾਸੇ 80 ਕਰੋੜ ਤੋਂ ਵੱਧ ਕਿਸਾਨ, ਮਜ਼ਦੂਰ ਦੇਸ਼ ਵਿੱਚ 27 ਰੁਪਏ ਤੋ ਘੱਟ ਉੱਤੇ ਰੋਜ਼ਾਨਾ ਗੁਜ਼ਾਰਾ ਕਰ ਰਹੇ ਹਨ।ਦੇਸ਼ ਵਿੱਚ ਇਸ ਵਿਆਪਕ ਆਰਥਿਕ ਪਾੜੇ ਲਈ ਦੇਸ਼ ਦੇ ਹਾਕਮ ਪੂਰੀ ਤਰ੍ਹਾਂ ਜਿੰਮੇਵਾਰ ਹਨ, ਦੇਸ਼ ਵਿੱਚ ਇਹ ਸੰਕਟ ਚਰਮ ਸੀਮਾ 'ਤੇ ਪਹੁੰਚ ਚੁੱਕਾ ਹੈ, ਇੱਕ ਪਾਸੇ ਕਾਰਪੋਰੇਟ ਘਰਾਣਿਆਂ ਦਾ ਹਜ਼ਾਰਾਂ ਕਰੋੜਾਂ ਦਾ ਕਰਜ਼ਾ ਮਾਫ ਕੀਤਾ ਜਾ ਰਿਹਾ ਹੈ। ਤੇ ਦੂਸਰੇ ਪਾਸੇ ਕਿਸਾਨ ਮਜ਼ਦੂਰ ਕਰਜੇ ਕਾਰਨ ਖੁਦਖੁਸ਼ੀਆਂ ਕਰ ਰਿਹਾ ਹਨ। ਕਿਸਾਨ ਆਗੂਆਂ ਕਿਹਾ ਕਿ 31 ਅਗਸਤ ਨੂੰ ਜ਼ੋਨ ਅਗਾੜਾ-ਪਿਛਾੜਾ ਵਿੱਚੋਂ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨ, ਮਜ਼ਦੂਰ, ਨੌਜਵਾਨ, ਬੀਬੀਆਂ ਚੱਲ ਰਹੇ ਸ਼ੰਭੂ ਮੋਰਚੇ ਵਿੱਚ ਸ਼ਮੂਲੀਅਤ ਕਰਨਗੇ।ਉਨਾ ਕਿਹਾ ਕਿ ਪਿੰਡਾਂ ਅਤੇ ਜੋਨ ਦੀ ਮੀਟਿੰਗ ਕਰਾ ਕੇ ਵੱਡੀਆਂ ਤਿਆਰੀਆਂ ਕਰ ਲਈਆਂ ਗਈਆਂ ਹਨ।ਕਿਸਾਨ ਆਗੂਆਂ ਕਿਹਾ ਕੀ ਇਹ ਇਕੱਠ ਕੇਵਲ ਆਗੂਆਂ ਦੀ ਵਾਹ ਵਾਹੀ ਲਈ ਨਹੀਂ ਹੈ। ਇਸ ਇਕੱਠ ਨਾਲ ਸਰਕਾਰ ਦੀਆਂ ਅੱਖਾਂ ਖੁੱਲ ਜਾਣਗੀਆਂ।ਕਿਸਾਨ ਆਗੂਆਂ ਕਿਹਾ ਕਿ ਪਿੰਡਾਂ ਵਿੱਚ ਧੱਕੇ ਨਾਲ ਚਿੱਪ ਵਾਲੇ ਮੀਟਰ ਲਗਾਏ ਜਾ ਰਹੇ ਹਨ ਜੋ ਬਹੁਤ ਮਾਰੂ ਸਾਬਤ ਹੋਣਗੇ। ਭਾਰਤ ਦੇ ਕਈ ਸੂਬਿਆਂ ਵਿੱਚ ਇਨ੍ਹਾਂ ਚਿਪ ਵਾਲੇ ਮੀਟਰਾਂ ਦਾ ਰਿਜ਼ਲਟ ਆਉਣਾ ਸ਼ੁਰੂ ਹੋ ਗਿਆ ਹੈ ।ਅਸੀਂ ਕਾਰਪੋਰੇਟ ਪੱਖੀ ਚਿੱਪ ਵਾਲੇ ਮੀਟਰਾਂ ਨੂੰ ਨਹੀਂ ਲੱਗਣ ਦੇਵਾਂਗੇ।ਇਸ ਮੌਕੇ ਗੁਰਸਾਹਿਬ ਸਿੰਘ ਗੱਗੋਬੂਆ, ਰਛਪਾਲ ਸਿੰਘ ਸੁਰਸਿੰਘ,ਭਜਨ ਸਿੰਘ ਸੁਰਸਿੰਘ, ਇਕਬਾਲ ਸਿੰਘ ਫਰੰਦੀਪੁਰ, ਹਰਪਾਲ ਸਿੰਘ ਵੱਡੀ ਪੱਧਰੀ, ਸਰਬਜੀਤ ਸਿੰਘ ਨਿੱਕੀ ਪੱਧਰੀ,ਕਰਮ ਸਿੰਘ ਦੋਬਲੀਆ, ਹਰਵੰਤ ਸਿੰਘ ਵੱਡਾ ਮਾਲੂਵਾਲ, ਨਿਰਮਲ ਸਿੰਘ ਨਿੱਕਾ ਮਾਲੂਵਾਲ, ਗੁਰਪ੍ਰੀਤ ਸਿੰਘ ਚੱਕ, ਵਿਰਸਾ ਸਿੰਘ ਮੂਸੇ, ਮੁਖਤਾਰ ਸਿੰਘ ਭੂਰੇ, ਬਲਕਾਰ ਸਿੰਘ ਨੂਰਪੁਰ, ਗੁਰਜੰਟ ਸਿੰਘ ਸ਼ੇਖ, ਜੱਸਾ ਸਿੰਘ ਸਰਾਏਦਵਾਨਾ, ਖਜਾਨ ਸਿੰਘ ਝਾਮਕਾ,ਭਜਨ ਸਿੰਘ ਐਮਾ, ਬਲਵੰਤ ਸਿੰਘ ਫੱਲੂ ਜੀਉਬਾਲਾ, ਕਸ਼ਮੀਰ ਸਿੰਘ ਤੇਜਾ ਸਿੰਘ ਵਾਲਾ, ਦਿਲਬਾਗ ਸਿੰਘ ਬਾਕੀਪੁਰ ਆਦਿ ਆਗੂ ਹਾਜ਼ਰ ਸਨ।

## ਮਾਰਕਸੀ ਆਗੂ ਸੁਰਿੰਦਰ ਗਿੱਲ ਨੂੰ ਸਦਮਾ, ਪੁੱਤਰ ਦਾ ਦਿਹਾਂਤ

ਪਠਾਨਕੋਟ (ਦਵਿੰਦਰ ਸਿੰਘ)-ਜ਼ਿਲ੍ਹਾ ਪਠਾਨਕੋਟ ਦੇ ਉਘੇ ਕਮਿਊਨਿਸਟ ਆਗੂ ਡਾ. ਸੁਰਿੰਦਰ ਗਿੱਲ ਨੂੰ ਉਸ ਵੇਲੇ ਡੂੰਘਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਛੋਟੇ ਪੁੱਤਰ ਲਖਵਿੰਦਰ ਸਿੰਘ ਲਾਡੀ ਦਾ ਦਿਹਾਂਤ ਹੋ ਗਿਆ।ਪਿਓ ਨੂੰ ਆਸਰਾ ਦੇਣ ਦੀ ਉਮਰ ਵਿੱਚ ਉਹ ਸਦੀਵੀ ਵਿਛੋੜਾ ਦੇ ਗਿਆ।ਇਸ ਦੁੱਖ ਦੀ ਘੜੀ 'ਚ ਜ਼ਿਲ੍ਹਾ ਸਕੱਤਰ ਕੇਵਲ ਕਾਲੀਆ, ਸਮੁੱਚੀ ਜ਼ਿਲ੍ਹਾ ਕਮੇਟੀ ਉਨ੍ਹਾਂ ਦੇ ਦੁੱਖ ਵਿੱਚ ਸ਼ਰੀਕ ਹੁੰਦੀ ਹੈ।ਇੱਕ ਵੱਖਰੇ ਬਿਆਨ ਵਿੱਚ ਪਾਰਟੀ ਦੇ ਜ਼ਿਲ੍ਹਾ ਇੰਚਾਰਜ਼ ਕਾਮਰੇਡ ਸੁੱਚਾ ਸਿੰਘ ਅਤੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਨੇ ਕਾਮਰੇਡ ਗਿੱਲ ਨਾਲ ਦੁੱਖ ਪ੍ਰਗਟ ਕੀਤਾ।ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਨੂਰਪੁਰੀ ਅਤੇ ਜਨਰਲ ਸਕੱਤਰ ਕਾਮਰੇਡ ਗੁਰਮੇਸ਼ ਸਿੰਘ ਨੇ ਜੱਥੇਬੰਦੀ ਵੱਲੋਂ ਦੁੱਖ ਪ੍ਰਗਟ ਕੀਤਾ।ਇਸ ਦੁੱਖ ਦੀ ਘੜੀ ਵਿੱਚ ਸੁਰਿੰਦਰ ਸਹਿਗਲ, ਬਿਕਰਮ ਜੀਤ, ਕਾਮਰੇਡ ਹਰਬੰਸ ਲਾਲ, ਕਾਮਰੇਡ ਸੁਧਾ ਰਾਣੀ, ਪਰਸ਼ੋਤਮ ਲਾਲ, ਬਲਵੰਤ ਸਿੰਘ, ਰਾਮਸ਼ਰਨ, ਰਾਜ ਕੁਮਾਰ ਸਰਨਾ, ਦੇਵੀ ਸੈਨੀ, ਲੇਖ ਰਾਜ, ਸਤਪ੍ਰਕਾਸ਼ ਹਾਜ਼ਰ ਸਨ।ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰ ਕੇਵਲ ਕਾਲੀਆ ਨੇ ਦੱਸਿਆ ਕਿ ਲਖਵਿੰਦਰ ਲਾਡੀ ਨਮਿਤ ਭੋਗ ਐਤਵਾਰ 25-8-24 ਨੂੰ ਪਿੰਡ ਬੁੰਗਲ ਵਿਖੇ ਨੇੜੇ ਪੁੰਜ ਕਾਲਜ ਗ੍ਰਹਿ ਵਿਖੇ ਪਵੇਗਾ ।

# 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-3 ਦੇ ਮਸ਼ਾਲ ਮਾਰਚ ਦਾ ਭਰਵਾਂ ਸਵਾਗਤ



ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਅਤੇ ਖੇਡ ਸਭਿਆਚਾਰ ਪੈਦਾ ਕਰਨ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਉੱਤੇ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ'ਦੇ ਦੋ ਸਾਲ ਦੀ ਸਫਲਤਾ ਤੋਂ ਬਾਅਦ ਸੀਜ਼ਨ-3 ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇਸ ਵਾਰ ਵੀ ਮਸ਼ਾਲ ਮਾਰਚ ਸ਼ੁਰੂ ਕੀਤਾ ਗਿਆ ਹੈ। ਇਹ ਮਸ਼ਾਲ ਸਵੇਰੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਪ੍ਰਵੇਸ਼ ਕੀਤੀ, ਜਿਸ ਦਾ ਪਿੰਡ ਸ਼ੇਖੂਪੁਰ ਵਿਖੇ ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਐੱਸ.ਡੀ.ਐੱਮ. ਬਟਾਲਾ ਸ੍ਰੀਮਤੀ ਸ਼ਾਇਰੀ ਭੰਡਾਰੀ, ਜ਼ਿਲ੍ਹਾ ਖੇਡ ਅਫ਼ਸਰ ਸ. ਸਿਮਰਨਜੀਤ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਤੋਂ ਬਾਅਦ ਇਹ ਮਸ਼ਾਲ ਯਾਤਰਾ ਬਟਾਲਾ ਤੋਂ ਬਾਅਦ ਨੌਸ਼ਹਿਰਾ ਮੱਝਾ ਸਿੰਘ, ਧਾਰੀਵਾਲ ਰਾਹੀਂ ਹੁੰਦੀ ਹੋਈ ਦੁਪਹਿਰ ਨੂੰ ਗੁਰਦਾਸਪੁਰ ਸਥਿਤ ਜ਼ਿਲ੍ਹਾ ਖੇਡ ਅਫ਼ਸਰ ਦੇ ਦਫ਼ਤਰ ਵਿਖੇ ਪਹੁੰਚੀ। ਗੁਰਦਾਸਪੁਰ ਪਹੁੰਚਣ 'ਤੇ ਇਸ ਮਸ਼ਾਲ ਯਾਤਰਾ ਦਾ ਮਾਰਕਿਟ ਕਮੇਟੀ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਤਹਿਸੀਲਦਾਰ ਗੁਰਦਾਸਪੁਰ ਸਰਵੇਸ਼ ਰਾਜਨ ਅਤੇ ਵੱਡੀ ਗਿਣਤੀ ਵਿੱਚ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵੱਲੋਂ ਸਵਾਗਤ ਕੀਤਾ ਗਿਆ। ਜ਼ਿਲ੍ਹਾ ਖੇਡ ਅਫ਼ਸਰ ਸ. ਸਿਮਰਨਜੀਤ ਸਿੰਘ ਰੰਧਾਵਾ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਬਲਾਕ ਪੱਧਰੀ ਖੇਡਾਂ 1 ਸਤੰਬਰ ਤੋਂ 10 ਸਤੰਬਰ ਤੱਕ, ਜ਼ਿਲ੍ਹਾ ਪੱਧਰੀ ਖੇਡਾਂ 15 ਤੋਂ 22 ਸਤੰਬਰ ਤੱਕ ਅਤੇ ਰਾਜ ਪੱਧਰੀ ਖੇਡਾਂ ਤਿੰਨ ਗੇੜਾਂ ਵਿੱਚ ਆਯੋਜਿਤ ਹੋਣਗੀਆਂ, ਜਿੰਨਾ ਦੀ ਤਰੀਕ ਬਾਅਦ ਵਿੱਚ ਘੋਸ਼ਿਤ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਪਿਛਲੇ ਸਾਲ 'ਖੇਡਾਂ ਵਤਨ ਪੰਜਾਬ ਦੀਆਂ' ਦੀ ਇਹ ਮਸ਼ਾਲ ਪੂਰੇ ਪੰਜਾਬ ਵਿੱਚ ਮਾਰਚ ਕਰਨ ਤੋਂ ਬਾਅਦ ਸੰਗਰੂਰ ਵਿਖੇ 28 ਅਗਸਤ ਨੂੰ ਪਹੁੰਚੇਗੀ ਜਿੱਥੇ ਖੇਡਾਂ ਦੇ ਤੀਜੇ ਸੀਜ਼ਨ ਦਾ ਉਦਘਾਟਨ ਹੋਵੇਗਾ। ਇਹ ਮਸ਼ਾਲ ਯਾਤਰਾ ਅੱਜ ਗੁਰਦਾਸਪੁਰ ਜ਼ਿਲ੍ਹੇ ਤੋਂ ਅੱਗੇ ਪਠਾਨਕੋਟ ਜ਼ਿਲ੍ਹੇ ਨੂੰ ਰਵਾਨਾ ਹੋ ਗਈ।

# ਸਬਜੈਕਟ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ




ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਸ੍ਰੀਮਤੀ ਕਿਰਨ ਕੇਸਰ ਦੀ ਅਗਵਾਈ ਹੇਠ ਜਮਾਤ ਅੱਠਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀਆਂ ਲਈ ਸਬਜੈਕਟ ਓਰੀਐਂਟੇਸਨ ਪ੍ਰੋਗਰਾਮ ਕਰਵਾਇਆ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਦਸਵੀਂ ਜਮਾਤ ਤੋਂ ਬਾਅਦ ਉਚੇਰੀ ਸਿੱਖਿਆ ਲਈ ਵਿਸ਼ਿਆਂ ਦੀ ਚੋਣ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ ਗਈ। ਇਸ ਓਰੀਐਂਟੇਸਨ ਪ੍ਰੋਗਰਾਮ ਵਿੱਚ ਵੱਖ ਵੱਖ ਵਿਸ਼ਿਆਂ ਦੇ ਮਾਹਰ ਮਿਸਟਰ ਅਮਿਤ ਰਾਣਾ ਅਤੇ ਮਿਸਟਰ ਅੰਕਿਤ ਢੀਂਗਰਾ ਨੂੰ ਅੰਮ੍ਰਿਤਸਰ ਤੋਂ ਖਾਸ ਤੌਰ ਤੇ ਬੁਲਾਇਆ ਗਿਆ। ਸੈਮੀਨਾਰ ਦੌਰਾਨ ਮਾਹਿਰਾਂ ਦੁਆਰਾ ਵਿਦਿਆਰਥੀਆਂ ਨੂੰ ਵੱਖ-ਵੱਖ ਵਿਦਿਅਕ ਸਟਰੀਮ ਜਿਵੇਂ ਕਿ ਮੈਡੀਕਲ, ਨਾਨ- ਮੈਡੀਕਲ, ਆਰਟਸ ਅਤੇ ਕਾਮਰਸ ਬਾਰੇ ਜਾਣਕਾਰੀ ਦਿੱਤੀ ਗਈ। ਉਹਨਾਂ ਦੁਆਰਾ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਲਈ ਆਪਣੀ ਯੋਗਤਾ ਅਨੁਸਾਰ ਵਿਸੇ ਚੁਣਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਦੁਆਰਾ ਦਿੱਤੀ ਗਈ ਜਾਣਕਾਰੀ ਨੂੰ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਸੁਣਿਆਂ ਤੇ ਸਮਝਿਆ। ਪ੍ਰਿੰਸੀਪਲ ਨੇ ਦੱਸਿਆ ਕਿ ਸੈਮੀਨਾਰ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਹੁਨਰ ਨੂੰ ਵਧਾਉਣ ਲਈ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਦੇ ਕੈਰੀਅਰ ਨੂੰ ਵਧਾਉਣ ਦੇ ਵੱਖ-ਵੱਖ ਨਵੀਨਤਮ ਤਰੀਕਿਆਂ ਬਾਰੇ ਜਾਣੂ ਕਰਵਾਉਣਾ ਸੀ। ਉਨ੍ਹਾਂ ਕਿਹਾ ਇਸ ਤਰ੍ਹਾਂ ਦੇ ਸੈਮੀਨਾਰ ਸਹਿ-ਪਾਠਕਰਮ ਅਤੇ ਵਾਧੂ ਗਤੀਵਿਧੀਆ ਬਾਰੇ ਜਾਣਕਾਰੀ ਪੈਦਾ ਕਰਨ ਨਾਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਦਦ ਮਿਲਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਹਨਾਂ ਦੇ ਕੈਰੀਅਰ ਦੇ ਟੀਚੇ ਮਿਥਣ ਅਤੇ ਪ੍ਰਾਪਤ ਕਰਨ ਲਈ ਕੰਮ ਕਰਨ ਦੇ ਤਰੀਕਿਆਂ ਬਾਰੇ ਜਾਣਕਾਰੀ ਮਿਲਦੀ ਹੈ।

# ਟੈਫ੍ਰਿਕ ਪੁਲਸ ਨੇ ਸਕੂਲ 'ਚ ਆਵਾਜਾਈ ਦੇ ਨਿਯਮਾਂ ਬਾਰੇ ਕੀਤਾ ਜਾਗਰੂਕ



ਗੁਰਦਾਸਪੁਰ (ਜਨਕ ਮਹਾਜਨ)-ਜ਼ਿਲ੍ਹਾ ਪੁਲਿਸ ਗੁਰਦਾਸਪੁਰ ਦੇ ਟੈਫ੍ਰਿਕ ਐਜੂਕੇਸ਼ਨ ਸੈੱਲ ਵੱਲੋਂ ਟੈਫ੍ਰਿਕ ਜਾਗਰੂਕਤਾ ਅਭਿਆਨ ਦੇ ਤਹਿਤ ਹਿਮਾਲਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਸ਼ੇਸ਼ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਵਿੱਚ ਏ.ਐੱਸ.ਆਈ. ਜਸਵਿੰਦਰ ਸਿੰਘ ਏ.ਐੱਸ.ਆਈ. ਸੁਭਾਸ਼ ਚੰਦਰ ਏ.ਐੱਸ.ਆਈ ਅਮਨਦੀਪ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਵਿਦਿਆਰਥੀਆਂ ਤੇ ਸਟਾਫ਼ ਨੂੰ ਰੋਡ ਲਾਈਨ ਬਾਰੇ ਜਾਗਰੂਕ ਕੀਤਾ ਗਿਆ ਅਤੇ ਨਾਬਾਲਗ ਬੱਚਿਆਂ ਦੇ ਡਰਾਈਵਿੰਗ ਕਰਨ ਤੇ ਹੋਣ ਵਾਲੀ ਕਨੂੰਨੀ ਕਾਰਵਾਈ ਬਾਰੇ ਜਾਗਰੂਕ ਕੀਤਾ ਗਿਆ। ਏ.ਐੱਸ.ਆਈ. ਜਸਵਿੰਦਰ ਸਿੰਘ ਨੇ 16 ਸਾਲ ਤੋਂ 18 ਸਾਲ ਤੱਕ ਦੇ ਬੱਚਿਆਂ ਦੇ ਬਣਨ ਵਾਲੇ ਡਰਾਈਵਿੰਗ ਲਾਈਸੰਸ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਐਕਸੀਡੈਂਟ ਪੀੜਤ ਵਿਅਕਤੀਆਂ ਦੀ ਮਦਦ ਕਰਨ ਲਈ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਗਿਆ ਅਤੇ ਹੈਲਪ ਲਾਈਨ ਨੰਬਰ 112 ਤੇ 1930 ਬਾਰੇ ਜਾਣਕਾਰੀ ਦਿੱਤੀ ਗਈ। ਗੁਰਦਾਸਪੁਰ ਪੁਲਿਸ ਵੱਲੋਂ ਸ਼ਹਿਰ ਦੇ ਸਿਟੀ ਏਰੀਆ ਵਿਚ ਵੱਖ-ਵੱਖ ਥਾਵਾਂ 'ਤੇ ਨਾਬਾਲਗ ਬੱਚਿਆਂ ਦੇ ਡਰਾਈਵਿੰਗ ਨਾ ਕਰਨ ਬਾਰੇ ਜਾਗਰੂਕਤਾ ਫਲੈਕਸ ਬੋਰਡ ਵੀ ਲਗਾਏ ਗਏ।

# ਬੱਚਿਆਂ ਦਾ ਸੰਪੂਰਨ ਟੀਕਾਕਰਨ ਜ਼ਰੂਰ ਕਰਵਾਇਆ ਜਾਵੇ; ਡਾ ਭਾਰਤ ਭੂਸ਼ਨ



ਗੁਰਦਾਸਪੁਰ (ਦਿਨੇਸ਼ ਕੁਮਾਰ)-ਸਿਵਲ ਸਰਜਨ ਗੁਰਦਾਸਪੁਰ ਡਾ. ਭਾਰਤ ਭੂਸ਼ਨ ਦੀ ਅਗੁਵਾਈ ਹੇਠ ਚਾਈਲਡ ਡੈਥ ਰੀਵਿਊ ਮੀਟਿੰਗ ਹੋਈ।ਮੀਟਿੰਗ ਵਿਚ 21 ਕੇਸ ਵਿਚਾਰੇ ਗਏ।ਇਸ ਮੌਕੇ ਸਿਵਲ ਸਰਜਨ ਡਾਕਟਰ ਭਾਰਤ ਭੂਸ਼ਨ ਜੀ ਨੇ ਕਿਹਾ ਕਿ ਬੱਚਿਆਂ ਦਾ ਸੰਪੂਰਨ ਟੀਕਾਕਰਨ ਕੀਤਾ ਜਾਵੇ।ਟੀਕਾਰਨ, ਬਚਿਆਂ ਨੂੰ ਬੀਮਾਰੀਆਂ ਤੋ ਬਚਾਉਂਦਾ ਹੈ।ਜਨਮ ਤੋਂ ਲੈ ਕੇ 9 ਮਹੀਨੇ ਤਕ ਪੂਰਨ ਜਦਕਿ 2 ਸਾਲ ਤਕ ਸੰਪੂਰਨ ਟੀਕਾਕਰਨ ਕਰਵਾਇਆ ਜਾਵੇ। ਸਿਹਤ ਵਿਭਾਗ 100 ਫੀਸਦੀ ਟੀਕਾਕਰਨ ਦਾ ਟੀਚਾ ਪੂਰਾ ਕਰਨ ਲਈ ਯਤਨਸ਼ੀਲ ਹੈ, ਜਿਸ ਲਈ ਲੋਕਾਂ ਦਾ ਸਹਿਯੋਗ ਜ਼ਰੂਰੀ ਹੈ।ਉਨ੍ਹਾਂ ਸਿਹਤ ਕਾਮਿਆਂ ਨੂੰ ਹਿਦਾਇਤ ਕੀਤੀ ਕਿ ਟੀਕਾਕਰਨ ਦਾ ਰਿਕਾਰਡ ਯੂ ਵਿਨ ਪੋਰਟਲ ਤੇ ਆਨਲਾਈਨ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਬੱਚਿਆਂ ਦੀ ਮੌਤ ਦਰ ਘਟਾਉਣ ਦਾ ਯਤਨ ਕੀਤਾ ਜਾ ਰਿਹਾ ਹੈ।ਹਰੇਕ ਮਾਤਾ-ਪਿਤਾ ਨੂੰ ਚਾਹੀਦਾ ਹੈ ਕਿ ਉਹ ਐੱਮਸੀਪੀ ਕਾਰਡ ਨੂੰ ਧਿਆਨ ਨਾਲ ਪੜ੍ਹਣ ਅਤੇ ਕਾਰਡ ਤੇ ਦਿਤੀਆਂ ਹਿਦਾਇਤਾਂ ਦੀ ਪਾਲਨਾ ਕੀਤੀ ਜਾਵੇ।ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਅਰਵਿੰਦ ਮਨਚੰਦਾ, ਡਾ. ਭਾਸਕਰ ਸ਼ਰਮਾ, ਮਾਸ ਮੀਡੀਆ ਅਫਸਰ ਪਰਮਿੰਦਰ ਸਿੰਘ, ਨੀਰਜ ਆਦਿ ਹਾਜ਼ਰ ਸਨ

# ਆਸ਼ਾ ਵਰਕਰਾਂ, ਏ ਐੱਨ ਐੱਮ ਤੇ ਆਂਗਣਵਾੜੀ ਵਰਕਰਾਂ ਨੂੰ ਬੂਟੇ ਤਕਸੀਮ



ਝਬਾਲ, ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਬਲਾਕ ਦਫ਼ਤਰ ਗੰਡੀਵਿੰਡ ਵਿਖੇ ਪ੍ਰਦੇਸ਼ਿਕ ਦਿਹਾਤੀ ਵਿਕਾਸ ਤੇ ਪੰਚਾਇਤੀ ਰਾਜ ਸੰਸਥਾ, ਮੋਹਾਲੀ ਵੱਲੋਂ ਪੰਚਾਇਤੀ ਰਾਜ ਸੰਸਥਾਵਾਂ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਲਾਇਨ ਵਿਭਾਗਾਂ ਦੇ ਕਰਮਚਾਰੀਆਂ ਲਈ ਥੀਮੈਟਿਕ ਜੀਪੀਡੀਪੀ ਅਤੇ ਟਿਕਾਊ ਵਿਕਾਸ ਟੀਚਿਆਂ ਤੇ ਅਧਾਰਿਤ 9 ਥੀਮਾਂ ਸਬੰਧੀ ਤਿੰਨ ਰੋਜ਼ਾ ਟ੍ਰੇਨਿੰਗ ਪ੍ਰੋਗਰਾਮ ਬਲਾਕ ਗੰਡੀਵਿੰਡ ਵਿਖੇ 20 ਤੋਂ 23 ਅਗਸਤ ਤੱਕ ਕਰਵਾਇਆ ਗਿਆ।ਇਸ ਟ੍ਰੇਨਿੰਗ ਕੈਂਪ ਵਿੱਚ ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ, ਏਐੱਨਐੱਮ, ਅਧਿਆਪਕ, ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਦੇ ਅਧਿਕਾਰੀ, ਕਰਮਚਾਰੀ ਅਤੇ ਹੋਰਨਾਂ ਵਿਭਾਗਾਂ ਦੇ ਕਰਮਚਾਰੀਆਂ ਵੱਲੋਂ ਭਾਗ ਲਿਆ ਗਿਆ।

ਇਸ ਟ੍ਰੇਨਿੰਗ ਕੈਂਪ ਵਿੱਚ ਮੈਡਮ ਅਲਕਾ ਚੋਪੜਾ ਅਤੇ ਮੈਡਮ ਅਮਨਦੀਪ ਕੌਰ ਵੱਲੋਂ ਵਿਭਾਗ ਨਾਲ ਸਬੰਧਤ ਜੀਪੀਡੀਪੀ ਅਤੇ ਟਿਕਾਊ ਵਿਕਾਸ ਟੀਚਿਆਂ ਸਬੰਧੀ ਜਾਣਕਾਰੀ ਦਿੱਤੀ ਗਈ।ਇਸ ਟ੍ਰੇਨਿੰਗ ਦੌਰਾਨ ਬਲਾਕ ਗੰਡੀਵਿੰਡ ਦੇ ਬੀਡੀਪੀਓ ਹਰਜੀਤ ਸਿੰਘ, ਪੰਚਾਇਤ ਅਫ਼ਸਰ ਕਰਨਬੀਰ ਸਿੰਘ, ਅਕਾਊਂਟੈਂਟ ਸਤਨਾਮ ਸਿੰਘ ਮਹਿੰਦੀਪੁਰ, ਬੀਡੀਓ, ਤੇਜਿੰਦਰ ਕੁਮਾਰ, ਸੰਮਤੀ ਕਲਰਕ ਸੁਰਜੀਤ ਸਿੰਘ ਚੀਚਾ, ਪੰਚਾਇਤ ਸਕੱਤਰ ਮੰਗਲ ਸਿੰਘ, ਪੰਚਾਇਤ ਸਕੱਤਰ ਹਰਪ੍ਰੀਤ ਸਿੰਘ ਭੂਸੇ, ਮਨਰੇਗਾ ਅਧਿਕਾਰੀ ਗੁਰਕੀਰਤ ਸਿੰਘ, ਪੰਚਾਇਤ ਸਕੱਤਰ ਨਵਨੀਤ ਕੌਰ, ਪਟਵਾਰੀ ਸੁਖਵੰਤ ਸਿੰਘ, ਈ ਪੰਚਾਇਤ ਅਪਰੇਟਰ ਨਵਦੀਪ ਸਿੰਘ, ਪਰਮਬੀਰ ਸਿੰਘ, ਸਰਵਨ ਸਿੰਘ ਵੱਲੋਂ ਸਹਿਯੋਗ ਦਿੱਤਾ ਗਿਆ।ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਲਈ ਬੂਟੇ ਵੀ ਵੰਡੇ ਗਏ।

# ਸ ਹ ਸਕੂਲ ਮੂਸੇ ਨੇ ਜ਼ਿਲ੍ਹਾ ਪੱਧਰੀ ਕਬੱਡੀ ਮੁਕਾਬਲਿਆਂ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ ਰਣਬੀਰ ਸਿੰਘ ਗੋਲਣ)-ਸਿੱਖਿਆ ਵਿਭਾਗ ਪੰਜਾਬ ਵੱਲੋਂ ਤਰਨ ਤਾਰਨ ਵਿੱਚ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸਰਕਾਰੀ ਹਾਈ ਸਕੂਲ ਮੂਸੇ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਸਕੂਲ ਮੁਖੀ ਗੁਲਬਾਗ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੇ ਸਕੂਲ ਦੇ ਪੰਜ ਹੋਣਹਾਰ ਵਿਦਿਆਰਥੀਆਂ ਨੇ ਮਾਊਂਟ ਲਿਟਰਾ ਜੀ ਸਕੂਲ ਤਰਨ ਤਾਰਨ ਵਿੱਚ ਕਰਵਾਏ ਗਏ ਸਰਕਲ ਕਬੱਡੀ ਮੁਕਾਬਲਿਆਂ ਵਿੱਚ ਅੰਡਰ 17 ਉਮਰ ਵਰਗ ਵਿੱਚ ਤੀਜਾ ਸਥਾਨ ਹਾਸਲ ਕਰਕੇ ਸਕੂਲ,ਅਧਿਆਪਕਾਂ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਮੁਖੀ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੇ ਬੱਚਿਆਂ ਦੀ ਪ੍ਰਾਪਤੀ 'ਤੇ ਬਹੁਤ ਮਾਣ ਹੈ। ਉਨ੍ਹਾਂ ਦੱਸਿਆ ਕਿ ਉਹ ਸਕੂਲ ਵਿੱਚ ਪੜ੍ਹਾਈ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜ ਕੇ ਰੱਖਦੇ ਹਨ ਤਾਂ ਜੋ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੋ ਸਕੇ।ਉਨ੍ਹਾਂ ਕਿਹਾ ਕਿ ਤਕਨਾਲੋਜੀ ਦੇ ਯੁੱਗ ਵਿੱਚ ਖੇਡਾਂ ਤੋਂ ਦੂਰ ਹੁੰਦੇ ਜਾ ਰਹੇ ਵਿਦਿਆਰਥੀਆਂ 'ਚ ਖੇਡਾਂ ਪ੍ਰਤੀ ਰੁਚੀ ਪੈਦਾ ਕਰਨਾ ਸਮੇਂ ਦੀ ਲੋੜ ਹੈ।ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਲਗਨ ਨਾਲ ਪੜ੍ਹਨ ਤੇ ਖੇਡਾਂ 'ਚ ਭਾਗ ਲੈਣ ਦਾ ਸੰਦੇਸ਼ ਦਿੱਤਾ।ਦੱਸਣਯੋਗ ਹੈ ਕਿ ਜੇਤੂ ਵਿਦਿਆਰਥੀਆਂ ਨੂੰ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਐੱਸਐੱਸ ਮਾਸਟਰ ਅਮਰਬੀਰ ਸਿੰਘ, ਕੰਪਿਊਟਰ ਅਧਿਆਪਕ ਨਰਿੰਦਰ ਕੁਮਾਰ, ਐੱਸਐੱਸ ਅਧਿਆਪਕਾ ਗੁਰਪ੍ਰੀਤ ਕੌਰ, ਮੈਥ ਮਾਸਟਰ ਨਰਿੰਦਰ ਸਿੰਘ, ਸਾਇੰਸ ਮਾਸਟਰ ਰਤਨ ਸਿੰਘ, ਮੈਥ ਮਾਸਟਰ ਉਪਦੀਪ ਸਿੰਘ, ਸਾਇੰਸ ਅਧਿਆਪਕਾ ਅਮਨਜੋਤ ਕੌਰ, ਸਾਇੰਸ ਅਧਿਆਪਕਾ ਲਵਪ੍ਰੀਤ ਕੌਰ, ਕਲਰਕ ਅਜੀਤ ਸਿੰਘ, ਮੈਥ ਮਾਸਟਰ ਮੰਗਲ, ਇੰਗਲਿਸ਼ ਮਾਸਟਰ ਗੁਰਬੀਰ ਸਿੰਘ ਹਾਜ਼ਰ ਸਨ।

# ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਬਿਰਧ ਆਸ਼ਰਮ ਤੇ ਚਿਲਡਰਨ ਹੋਮ ਦਾ ਦੌਰਾ



ਧਾਰੀਵਾਲ, ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ, ਦਿਨੇਸ਼ ਕੁਮਾਰ)- ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ, ਮੈਡਮ ਰਮਨੀਤ ਕੌਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ, ਰਜੇਸ਼ ਆਹਲੂਵਾਲੀਆ, ਸਿਵਲ ਜੱਜ (ਸੀਨੀਅਰ ਡਵੀਜ਼ਨ), ਗੁਰਦਾਸਪੁਰ ਅਤੇ ਰਾਜੀਵ ਪਾਲ ਸਿੰਘ ਚੀਮਾ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ, ਗੁਰਦਾਸਪੁਰ ਦੁਆਰਾ ਵਰਲਡ ਸੀਨੀਅਰ ਸਿਟੀਜ਼ਨ ਡੇਅ ਦੇ ਮੌਕੇ ਬਿਰਧ ਆਸ਼ਰਮ ਦਾ ਦੌਰਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਬਿਰਧ ਆਸ਼ਰਮ ਵਿੱਚ ਰਹਿੰਦੇ ਬਜ਼ੁਰਗਾਂ ਨੂੰ ਮਿਲੇ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ । ਇਸ ਦੇ ਨਾਲ ਹੀ ਉਨ੍ਹਾਂ ਨੇ ਨਾਲਸਾ ਦੀ ਸਕੀਮ ਬਜ਼ੁਰਗਾਂ ਲਈ ਮੁਫ਼ਤ ਕਾਨੂੰਨੀ ਸਹਾਇਤਾ ਅਤੇ ਸੀਨੀਅਰ ਸਿਟੀਜ਼ਨ ਐਕਟ-2007 ਬਾਰੇ ਜਾਣੂ ਕਰਵਾਇਆ । ਮੈਡਮ ਰਮਨੀਤ ਕੌਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਨੇ ਬਿਰਧ ਆਸ਼ਰਮ ਵਿੱਚ ਉਨ੍ਹਾਂ ਦੇ ਕਾਨੂੰਨੀ ਹੱਕਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਬਿਰਧ ਆਸ਼ਰਮ ਦੀ ਮੈਨੇਜਰ ਅਰਪਨਾ ਸ਼ਰਮਾ ਨੇ ਦੱਸਿਆ ਕਿ ਇਸ ਮੌਕੇ ਬਿਰਧ ਆਸ਼ਰਮ ਵਿੱਚ 24 ਬਜ਼ੁਰਗ ਰਹਿ ਰਹੇ ਹਨ। ਉਨ੍ਹਾਂ ਦੱਸਿਆ ਕਿ ਬਿਰਧ ਆਸ਼ਰਮ ਵਿੱਚ ਬਜ਼ੁਰਗਾਂ ਨੂੰ ਹਰ ਤਰ੍ਹਾਂ ਦੀ ਸਹੂਲਤ ਦੇਣ ਦੇ ਨਾਲ ਉਨ੍ਹਾਂ ਦਾ ਪੂਰਾ ਖ਼ਿਆਲ ਰੱਖਿਆ ਜਾ ਰਿਹਾ ਹੈ। ਇਸ ਤੋਂ ਬਾਅਦ ਸਮੂਹ ਜੱਜ ਸਾਹਿਬਾਨ ਵੱਲੋਂ ਚਿਲਡਰਨ ਹੋਮ, ਗੁਰਦਾਸਪੁਰ ਦਾ ਦੌਰਾ ਵੀ ਕੀਤਾ ਗਿਆ। ਜਿਸ ਦੌਰਾਨ ਜੱਜ ਸਾਹਿਬਾਨ ਚਿਲਡਰਨ ਹੋਮ, ਗੁਰਦਾਸਪੁਰ ਦੇ ਬੱਚਿਆਂ ਨੂੰ ਮਿਲੇ। ਜੱਜ ਸਾਹਿਬਾਨ ਨੇ ਬੱਚਿਆਂ ਨੂੰ ਵਧੀਆ ਤਰੀਕੇ ਨਾਲ ਪੜ੍ਹਾਈ ਕਰਨ ਅਤੇ ਮਿਲ-ਜੁਲ ਕੇ ਰਹਿਣ ਸਹਿਣ ਬਾਰੇ ਦੱਸਿਆ। ਉਨ੍ਹਾਂ ਨੇ ਬੱਚਿਆਂ ਦੇ ਬਿਹਤਰ ਭਵਿੱਖ ਦੀ ਕਾਮਨਾ ਕੀਤੀ।

# ਯਾਦਗਾਰੀ ਹੋ ਨਿੱਬੜਿਆ ਡਾ. ਸੁਰਜੀਤ ਪਾਤਰ ਦੀ ਯਾਦ ਨੂੰ ਸਮਰਪਿਤ ਕਵੀ ਦਰਬਾਰ

## * ਸੁਲਤਾਨ ਭਾਰਤੀ ਨੂੰ 'ਹਰਭਜਨ ਸਿੰਘ ਹੁੰਦਲ ਯਾਦਗਾਰੀ ਸਨਮਾਨ' ਨਾਲ ਨਿਵਾਜਿਆ



ਗੁਰਦਾਸਪੁਰ (ਜਨਕ ਮਹਾਜਨ)- ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਵਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਭਵਨ ਗੁਰਦਾਸਪੁਰ ਵਿਖੇ ਮਰਹੂਮ ਪਦਮਸ਼੍ਰੀ ਡਾ. ਸੁਰਜੀਤ ਪਾਤਰ ਦੀ ਯਾਦ ਨੂੰ ਸਮਰਪਿਤ ਕਵੀ ਦਰਬਾਰ ਅਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਦੇ ਪ੍ਰਧਾਨਗੀ ਮੰਡਲ ਵਿੱਚ ਡਾ. ਲੇਖ ਰਾਜ, ਡਾ. ਬਲਦੇਵ ਸਿੰਘ ਬੱਧਨ ਸਾਬਕਾ ਮੁੱਖੀ ਐੱਨ ਬੀ ਟੀ , ਸੰਧੂ ਵਰਿਆਣਵੀ, ਤਰਸੇਮ ਸਿੰਘ ਭੰਗੂ, ਮੱਖਣ ਕੁਹਾੜ, ਜਗਦੀਸ਼ ਰਾਣਾ ਅਤੇ ਸੁਲਤਾਨ ਭਾਰਤੀ ਸੁਸ਼ੋਭਿਤ ਸਨ। ਪ੍ਰੋਗਰਾਮ ਦੇ ਆਰੰਭ ਵਿੱਚ ਦੋ ਮਿੰਟ ਦਾ ਮੌਨ ਰੱਖ ਕੇ ਡਾ ਸੁਰਜੀਤ ਪਾਤਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਹਾਜ਼ਰ ਮਹਿਮਾਨਾ ਨੂੰ 'ਜੀ ਆਇਆਂ' ਦੇ ਸਤਿਕਾਰ ਪਰੁਚੇ ਸ਼ਬਦ ਡਾ. ਰਜਵਿੰਦਰ ਕੌਰ ਵੱਲੋਂ ਆਖੇ ਗਏ। ਡਾ. ਸੁਰਜੀਤ ਪਾਤਰ ਨੂੰ ਯਾਦ ਕਰਦਿਆਂ ਸਾਥੀ ਮੱਖਣ ਕੁਹਾੜ ਵੱਲੋਂ ਉਨ੍ਹਾਂ ਦੀ ਸਾਹਿਤ ਨੂੰ ਵੱਡਮੁੱਲੀ ਦੇਣ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਦੇ ਅਰਥਾਂ ਲੱਦੇ ਸ਼ਿਅਰ ਸਾਂਝੇ ਕੀਤੇ ਅਤੇ ਉਨ੍ਹਾਂ ਦੀ ਲਿਖਤ ਨੂੰ ਸਮਾਜ ਲਈ ਰਾਹ ਦਸੇਰਾ ਦੱਸਿਆ। ਸੀਤਲ ਸਿੰਘ ਗੁੰਨੋਪੁਰੀ ਨੇ ਜ਼ਿਲ੍ਹਾ ਸਾਹਿਤ ਕੇਂਦਰ ਦੇ ਸਾਬਕਾ ਪ੍ਰਧਾਨ ਮਰਹੂਮ ਪ੍ਰੋ ਕਿਰਪਾਲ ਸਿੰਘ ਯੋਗੀ ਜੀ ਦੀ ਘਾਲਣਾ 'ਤੇ ਚਾਨਣਾ ਪਾਇਆ। ਮੌਕਿਆ 'ਤੇ ਦੋ ਪੁਸਤਕਾਂ 'ਸੱਚ ਦੇ ਰਾਹੀ' ਕੁਲਜੀਤ ਸਿੰਘ ਰੰਧਾਵਾ ਅਤੇ 'ਅਠਾਰਵੀਂ ਸਦੀ ਦੇ ਸਿੱਖ ਸਾਕੇ ਅਤੇ ਘੱਲੂਘਾਰੇ' ਸੁਲੱਖਣ ਸਰਹੱਦੀ ਰਚਿਤ ਪੁਸਤਕਾਂ ਦਾ ਲੋਕ ਅਰਪਣ ਕੀਤਾ ਗਿਆ। ਸੁਥਰੇ ਗ਼ਜ਼ਲਗੋ ਸ਼ਾਇਰ ਜਨਾਬ ਸੁਲਤਾਨ ਭਾਰਤੀ ਨੂੰ ਲੋਕ ਕਵੀ ਹਰਭਜਨ ਸਿੰਘ ਹੁੰਦਲ ਯਾਦਗਾਰੀ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਚੇਚੇ ਤੌਰ ਤੇ ਪਹੁੰਚੇ ਡਾ. ਬਲਦੇਵ ਸਿੰਘ ਬੱਧਣ ਨੇ ਸਾਹਿਤਕਾਰਾਂ ਨੂੰ ਸੇਧ ਦਿੰਦੇ ਕੁਝ ਸ਼ਬਦ ਸਾਂਝੇ ਕੀਤੇ। ਇਸ ਅਦੁਤੀ ਕਵੀ ਦਰਬਾਰ ਵਿੱਚ ਸਰਵਸ੍ਰੀ ਵਿਜੇ ਅਗਨੀਹੋਤਰੀ, ਸੁਲਤਾਨ ਭਾਰਤੀ, ਕੁਲਜੀਤ ਸਿੰਘ ਰੰਧਾਵਾ,ਗੁਰਮੀਤ ਬਾਜਵਾ, ਜਗਦੀਸ਼ ਰਾਣਾ, ਸੰਧੂ ਵਰਿਆਣਵੀ, ਜਸਵੰਤ ਹਾਂਸ, ਮੰਗਤ ਚੰਚਲ, ਸੀਤਲ ਸਿੰਘ ਗੁੰਨੋਪੁਰੀ, ਡਾ. ਲੇਖ ਰਾਜ, ਪਰਮਜੀਤ ਸਿੰਘ ਨਿੱਕੇ ਘੁੰਮਣ,ਡਾ ਬਲਦੇਵ ਸਿੰਘ ਬੱਧਣ, ਤਰਸੇਮ ਸਿੰਘ ਭੰਗੂ, ਸੁਭਾਸ਼ ਦੀਵਾਨਾ, ਬੂਟਾ ਰਾਮ ਆਜ਼ਾਦ, ਦਵਿੰਦਰ ਦਿਦਾਰ, ਅਜੀਤ ਸਿੰਘ ਕਮਲ,ਪ੍ਰਤਾਪ ਪਾਰਸ ਗੁਰਦਾਸਪੁਰੀ, ਸੁਖਵਿੰਦਰ ਰੰਧਾਵਾ, ਗੋਪਾਲ ਸ਼ਰਮਾ ਫਿਰੋਜ਼ਪੁਰੀ, ਨਿਸ਼ਾਨ ਸਿੰਘ, ਸੁੱਚਾ ਸਿੰਘ ਪਸਨਾਵਾਲਾ, ਮਹੇਸ਼ ਚੰਦਰਭਾਨੀ, ਡਾ ਮਲਕੀਤ ਸੋਹਲ, ਵਿਜੇ ਕੁਮਾਰ,ਜਸਵਿੰਦਰ ਸਿੰਘ ਅਨਮੋਲ, ਹਰਮੀਤ ਕੌਰ, ਮਮਤਾ ਅੱਤਰੀ, ਪੂਨਮ,ਪ੍ਰੀਤ ਰਾਣਾ,ਜੇ ਪੀ ਖਰਲਾਂਵਾਲਾ, ਗੁਰਮੀਤ ਪਾਹੜਾ, ਰਘਬੀਰ ਸਿੰਘ ਚਾਹਲ, ਸੰਨੀ ਮੀਆਂਕੋਟ, ਬੋਧ ਸਿੰਘ ਘੁੰਮਣ, ਕੁਲਰਾਜ ਖੋਖਰ, ਸੋਹਣ ਸਿੰਘ, ਕਪੂਰ ਸਿੰਘ ਘੁੰਮਣ, ਜਸਬੀਰ ਮਾਨ, ਗੁਰਵਿੰਦਰ ਸਿੰਘ, ਦਲਜੀਤ ਪਾਲ, ਕੁਲਦੀਪ ਸਿੰਘ ਘਾਂਗਲਾ, ਹੀਰਾ ਸਿੰਘ ਸੈਣੀ, ਜਨਕ ਰਾਜ ਰਠੌਰ ਆਦਿ ਨੇ ਭਾਗ ਲਿਆ। ਪ੍ਰੋਗਰਾਮ ਨੂੰ ਲੜੀਬੱਧ ਕਰਨ ਦੀ ਭੂਮਿਕਾ ਮੰਗਤ ਚੰਚਲ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਜਿਹੜੇ ਹੋਰ ਬਹੁਤ ਸਾਰੇ ਸਾਹਿਤ ਪ੍ਰੇਮੀ ਹਾਜ਼ਰ ਹੋਏ ਉਨ੍ਹਾਂ 'ਚੋਂ ਕੁਝ ਨਾਂ ਇਸ ਪ੍ਰਕਾਰ ਹਨ। ਅਜੀਤ ਸਿੰਘ ਹੁੰਦਲ, ਪਰਮਿੰਦਰ ਸਿੰਘ ਰੰਧਾਵਾ, ਅਮਰੀਕ ਕੌਰ, ਡਾ. ਲਖਬੀਰ ਕੌਰ, ਇੰਦੂ ਠਾਕੁਰ, ਅਬਨਾਸ਼ ਸਿੰਘ, ਮਹਿੰਦਰ ਸਿੰਘ, ਗੁਰਮੀਤ ਸਿੰਘ, ਸੁਰਿੰਦਰ ਪਾਲ ਸਿੰਘ, ਮੁਕੇਸ਼ ਕੁਮਾਰ, ਦਿਲਬਾਗ ਸਿੰਘ, ਲੈਕ. ਜਸਬੀਰ ਸਿੰਘ, ਦਿਲਬਾਗ ਸਿੰਘ, ਬਲਵੰਤ ਸਿੰਘ, ਲਾਭ ਸਿੰਘ ਅਮਰਜੀਤ ਸਿੰਘ ਸੈਣੀ, ਦਿਲਰਾਜਬੀਰ ਸਿੰਘ, ਹਰਮਨਦੀਪ ਸਿੰਘ, ਨਿਰਮਲ ਸਿੰਘ, ਸੋਮ ਰਾਜ ਆਦਿ ਦੇ ਨਾਂ ਸ਼ਾਮਲ ਹਨ। ਅਖੀਰ ਵਿਚ ਡਾ. ਲੇਖ ਰਾਜ ਪ੍ਰਧਾਨ ਜ਼ਿਲ੍ਹਾ ਸਾਹਿਤ ਕੇਂਦਰ ਵੱਲੋਂ ਹਾਜ਼ਰ ਸਾਹਿਤਕਾਰਾਂ ਦਾ ਧਨਵਾਦ ਕੀਤਾ ਗਿਆ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਰਕਾਰ ਦੇ ਝੂਠੇ ਲਾਰਿਆਂ ਦੀ ਪੰਡ ਫੂਕੀ, 3 ਨੂੰ ਰੋਸ ਰੈਲੀ ਦਾ ਐਲਾਨ

ਤਰਨ ਤਾਰਨ (ਨਜ਼ਸ)-ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੂਬਾ ਪੱਧਰੀ ਸੱਦੇ ਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਇਕੱਤਰ ਹੋ ਕੇ ਸਾਂਝਾ ਫਰੰਟ ਦੀਆਂ ਵੱਖ ਵੱਖ ਧਿਰਾਂ ਦੇ ਆਗੂਆਂ ਅਜੀਤ ਸਿੰਘ ਢੋਟੀਆਂ, ਜਸਵਿੰਦਰ ਸਿੰਘ ਮਾਣੋਚਾਹਲ, ਮੰਗਲ ਸਿੰਘ ਨਾਗੋਕੇ, ਮਾਸਟਰ ਨਛੱਤਰ ਸਿੰਘ, ਕਾਰਜ ਸਿੰਘ ਕੈਰੋਂ, ਗੁਰਪ੍ਰੀਤ ਸਿੰਘ ਮੰਨਣ, ਪੂਰਨ ਸਿੰਘ ਮਾੜੀਮੇਘਾ, ਨਰਿੰਦਰ ਸਿੰਘ ਜੋਧਪੁਰ, ਬਲਜਿੰਦਰ ਕੌਰ, ਕੁਲਵਿੰਦਰ ਸਿੰਘ ਰੋਡਵੇਜ਼ ਦੀ ਸਾਂਝੀ ਅਗਵਾਈ ਹੇਠ ਸਥਾਨਿਕ ਬੱਸ ਸਟੈਂਡ ਵਿੱਖੇ ਭਗਵੰਤ ਮਾਨ ਸਰਕਾਰ ਦੀ ਲਾਰੇ-ਲੱਪੇ ਲਾਉਣ ਦੀ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀ ਦੇ ਖਿਲਾਫ਼ ਭਰਵੀਂ ਰੋਸ ਰੈਲੀ ਕਰਕੇ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕਰਦੇ ਹੋਏ ਮੁੱਖ ਮੰਤਰੀ ਵੱਲੋਂ ਮੁਲਾਜ਼ਮ ਅਤੇ ਪੈਨਸ਼ਨਰ ਮੰਗਾਂ ਦੇ ਨਿਪਟਾਰੇ ਸਬੰਧੀ ਸਾਂਝੇ ਫਰੰਟ ਨੂੰ ਮੁੜ ਮੁੜ ਮੀਟਿੰਗਾਂ ਦੇ ਕੇ ਮੁਲਤਵੀ ਕਰਨ ਦੀ ਡੰਗ ਟਪਾਉਣ ਵਾਲੀ ਨੀਤੀ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ।ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਅਮਰੀਕ ਸਿੰਘ ਕੰਗ ਮਾਸਟਰ ਸਤਵਿੰਦਰ ਸਿੰਘ, ਨਰਿੰਦਰ ਬੇਦੀ, ਸਰਬਜੀਤ ਸਿੰਘ ਪੂਰੀ, ਜੱਸਾ ਸਿੰਘ ਕੱਦਗਿੱਲ, ਪੂਰਨ ਦਾਸ, ਬਲਜੀਤ ਸਿੰਘ ਟਾਮ, ਪ੍ਰਿੰ. ਦਲਬੀਰ ਸਿੰਘ ਦਿਉਲ, ਪਰਤਾਪ ਸਿੰਘ ਠੱਠਗੜ੍ਹ, ਕਰਮ ਸਿੰਘ ਲਾਲਪੁਰ, ਲਖਬੀਰ ਸਿੰਘ ਸੰਧੂ, ਬਲਵਿੰਦਰ ਸਿੰਘ ਪਲਾਸੌਰ ਆਦਿ ਨੇ ਆਖਿਆ ਕਿ ਮੁੱਖ ਮੰਤਰੀ ਨੇ 25 ਜੁਲਾਈ, 02 ਅਗਸਤ ਅਤੇ ਹੁਣ 22 ਅਗਸਤ ਦੀਆਂ ਮੀਟਿੰਗਾਂ ਮੁਲਤਵੀ ਕਰਕੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਵਾਅਦਾ ਖਿਲਾਫ਼ੀ ਕੀਤੀ ਹੈ, ਜਿਸ ਕਰਕੇ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਅੰਦਰ ਵਿਆਪਕ ਰੋਸ ਹੈ ।

ਰੋਸ ਰੈਲੀ ਕਰਨ ਉਪਰੰਤ ਰੋਹ ਵਿੱਚ ਆਏ ਸੰਘਰਸ਼ੀ ਮੁਲਾਜ਼ਮ ਅਤੇ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਦੇ ਝੂਠੇ ਲਾਰਿਆਂ ਦੀ ਪੰਡ ਆਗੂ ਦੇ ਸਿਰ ਤੇ ਚੁੱਕ ਪੁਰਾਣੇ ਡੀ ਸੀ ਦਫਤਰ ਵਾਲੇ ਚੌਂਕ ਤੱਕ ਰੋਸ ਮਾਰਚ ਕਰਕੇ ਕੜਾਕੇ ਦੀ ਗਰਮੀ ਵਿੱਚ ਭਗਵੰਤ ਮਾਨ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜੀ ਕਰਦਿਆਂ ਲਾਰਿਆਂ ਦੀ ਪੰਡ ਫੂਕ ਕੇ ਸਰਕਾਰ ਨੂੰ ਸਖਤ ਚੇਤਾਵਨੀ ਦਿੰਦਿਆਂ ਐਲਾਨ ਕੀਤਾ ਕਿ ਸਰਕਾਰ ਦੇ ਗੈਰ-ਜ਼ਿੰਮੇਵਾਰਾਨਾ ਵਤੀਰੇ ਖਿਲਾਫ਼ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਫੈਸਲੇ ਮੁਤਾਬਿਕ ਮੁਲਾਜ਼ਮ ਅਤੇ ਪੈਨਸ਼ਨਰ 3 ਸਤੰਬਰ ਨੂੰ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਚੰਡੀਗੜ੍ਹ ਵਿੱਚ ਵੱਡੀ ਰੋਸ ਰੈਲੀ ਕਰਕੇ ਵਿਧਾਨ ਸਭਾ ਵੱਲ ਝੰਡਾ ਮਾਰਚ ਕਰਦੇ ਹੋਏ ਹਜਾਰਾਂ ਦੀ ਗਿਣਤੀ ਵਿੱਚ ਸੰਘਰਸ਼ਸੀਲ ਲੋਕ ਆਪਣੇ ਰੋਹ ਦਾ ਪ੍ਰਗਟਾਵਾ ਕਰਨਗੇ ਆਗੂਆਂ ਨੇ ਸਖ਼ਤ ਲਹਿਜੇ ਵਿੱਚ ਸਰਕਾਰ ਨੂੰ ਤਾੜਣਾ ਕੀਤੀ ਕਿ ਜੇਕਰ ਮਸਲਿਆਂ ਦਾ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੀਆਂ ਜਿੰਮਨੀ ਚੋਣਾਂ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਦੇ ਗੁੱਸੇ ਦਾ ਪੰਜਾਬ ਸਰਕਾਰ ਨੂੰ ਸਾਹਮਣਾ ਕਰਨਾ ਪਵੇਗਾ। ਸਾਂਝਾ ਫਰੰਟ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਬਹਾਲ ਕਰਨ ਤੋਂ ਭੱਜ ਰਹੀ ਹੈ, ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਦੇ ਬਾਵਜੂਦ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗੁਣਾਕ ਨਾਲ ਕਰਨ ਤੋਂ ਵੀ ਟਾਲਾ ਵੱਟ ਰਹੀ ਹੈ, ਮੁਲਾਜ਼ਮਾਂ /ਪੈਨਸ਼ਨਰਾਂ ਦੇ ਤਨਖਾਹ ਸਕੇਲਾਂ ਅਤੇ ਮਹਿੰਗਾਈ ਭੱਤੇ ਦੇ ਬਕਾਏ ਵੱਟੇ ਖਾਤੇ ਪਾ ਦਿੱਤੇ ਹਨ ਮਹਿੰਗਾਈ ਭੱਤੇ ਦੀਆਂ ਤਿੰਨ ਕਿਸ਼ਤਾਂ ਜੋ 12 ਪ੍ਰਤੀਸ਼ਤ ਬਣਦੀਆਂ ਹਨ ਉਹ ਨਾਂ ਦੇ ਕੇ ਮਹਿਗਾਈ ਭੱਤੇ ਨੂੰ ਕੇਂਦਰ ਨਾਲੋਂ ਡੀ ਲਿੰਕ ਕੀਤਾ ਜਾ ਰਿਹਾ ਹੈ, ਮੁਲਾਜ਼ਮਾਂ ਨੂੰ ਮਿਲਣ ਵਾਲੇ ਵੱਖ-ਵੱਖ ਤਰਾਂ ਦੇ ਭੱਤੇ ਸੋਧਣ ਦੇ ਨਾਂ ਤੇ ਬੰਦ ਕਰ ਦਿੱਤੇ ਹਨ, ਪ੍ਰਬੇਸ਼ਨਲ ਪੀਰੀਅਡ ਦੌਰਾਨ ਤਿੰਨ ਸਾਲ ਮੁੱਢਲੀ ਤਨਖਾਹ ਦੇ ਕੇ ਮੁਲਾਜ਼ਮਾਂ ਦਾ ਆਰਥਿਕ ਸ਼ੋਸ਼ਣ ਲਗਾਤਾਰ ਜਾਰੀ ਹੈ, ਕੁੱਝ ਦੇਣ ਦੀ ਥਾਂ ਉਲਟਾ 200 ਰੁਪਏ ਪ੍ਰਤੀ ਮਹੀਨਾਂ ਮੁਲਾਜ਼ਮਾਂ/ ਪੈਨਸ਼ਨਰਾਂ ਤੋਂ ਵਿਕਾਸ ਟੈਕਸ ਦੇ ਨਾਂ ਤੇ ਜਜੀਆ ਵਸੂਲਿਆ ਜਾ ਰਿਹਾ ਹੈ, ਕੱਚੇ ਕਾਮਿਆਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ ਜੋ ਸ਼ਰਾਸਰ ਧੱਕਾ ਹੈ ਜਿਸ ਦਾ ਵਿਰੋਧ ਲਗਾਤਾਰ ਜਾਰੀ ਰੱਖਿਆ ਜਾਵੇਗਾ।

## ਪ੍ਰੀਤ ਨਗਰ 'ਚ ਨਾਟਕ 'ਗੁਨਾਹਗਾਰ' ਦਾ ਮੰਚਨ ਭਲਕੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਮੰਚ-ਰੰਗਮੰਚ ਅੰਮ੍ਰਿਤਸਰ ਵੱਲੋਂ ਗੁਰਬਖ਼ਸ਼ ਸਿੰਘ ਨਾਨਕ ਸਿੰਘ ਫਾਊਂਡੇਸ਼ਨ ਪ੍ਰੀਤ ਨਗਰ (ਅੰਮ੍ਰਿਤਸਰ) ਦੇ ਸਹਿਯੋਗ ਨਾਲ ਸ਼ਹੀਦ-ਏ-ਆਜ਼ਮ ਭਗਤ ਸਿੰਘ ਵੱਲੋਂ ਐਸੰਬਲੀ ਹਾਲ ਵਿੱਚ ਸੁੱਟੇ ਬੰਬ ਤੋਂ ਬਾਅਦ ਚੱਲੇ ਮੁਕੱਦਮਿਆਂ ਬਾਰੇ ਲੇਖਕ ਹਰੀਸ਼ ਜੈਨ ਦੇ ਨਾਟਕ ਗੁਨਾਹਗਾਰ ਦਾ ਮੰਚਨ ਨਿਰਦੇਸ਼ਕ ਕੇਵਲ ਧਾਲੀਵਾਲ ਦੀ ਅਗਵਾਈ ਹੇਠ 25 ਅਗਸਤ 2024 ਦਿਨ ਐਤਵਾਰ ਨੂੰ ਪ੍ਰੀਤ ਭਵਨ, ਪ੍ਰੀਤ ਨਗਰ (ਅੰਮ੍ਰਿਤਸਰ) ਵਿਖੇ ਸ਼ਾਮੀਂ ਸੱਤ ਵਜੇ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਹਿਰਦੇਪਾਲ ਸਿੰਘ ਨੇ ਦਿੱਤੀ।

24-AUG-PAGE-12.qxd 8/23/2024 10:34 PM Page 1



## ਜਨਮ ਦਿਨ ਮੁਬਾਰਕ


ਮਨਗੀਤ ਕੌਰ, ਅੰਮ੍ਰਿਤਸਰ


ਅਰਾਫਤਬੀਰ ਸਿੰਘ, ਮਲੋਟ

# ਤੁਸੀਂ ਮਨਰੇਗਾ ਦੀਆਂ ਅਦਾਇਗੀਆਂ ਕਰਵਾਓ ਨਾ ਕਿ ਸਰਪੰਚਾਂ ਨੂੰ ਅੰਦਰ : ਮਹਿਤਾ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਤੁਸੀਂ ਮਨਰੇਗਾ ਦੀਆਂ ਅਦਾਇਗੀਆਂ ਕਰਵਾਓ ਨਾ ਕਿ ਸਰਪੰਚਾਂ ਨੂੰ ਅੰਦਰ ਕਰਵਾਓ, ਇਹ ਮੰਗ ਪੰਚਾਇਤ ਯੂਨੀਅਨ ਤਲਵਾੜਾ ਦੇ ਪ੍ਰਧਾਨ ਨਵਲ ਕਿਸ਼ੋਰ ਮਹਿਤਾ ਨੇ ਪੰਜਾਬ ਸਰਕਾਰ ਅਤੇ ਪੰਚਾਇਤੀ ਵਿਭਾਗ ਤੋਂ ਕੀਤੀ ਹੈ। ਮਨਰੇਗਾ ਦੀਆਂ ਅਦਾਇਗੀਆਂ 'ਚ ਦੇਰੀ ਹੋਣ ਕਾਰਨ ਗ੍ਰਾਮ ਪੰਚਾਇਤ ਬਰਿੰਗਲੀ ਦੀ ਮਹਿਲਾ ਸਰਪੰਚ ਦੇ ਪਤੀ ਨੂੰ ਉਦੋਂ ਭਾਰੀ ਨਮੋਸ਼ੀ ਦਾ ਸਾਹਮਣਾ ਕਰਨਾ ਪਿਆ, ਜਦੋਂ ਮਨਰੇਗਾ 'ਚ ਕੀਤੇ ਕੰਮ ਦੇ ਪੈਸੇ ਨਾ ਮਿਲਣ ਤੋਂ ਖਫ਼ਾ ਟਰੈਕਟਰ ਚਾਲਕ ਨੇ ਇਸ ਦੀ ਲਿਖਤੀ ਸ਼ਿਕਾਇਤ ਥਾਣਾ ਤਲਵਾੜਾ ਵਿਖੇ ਕੀਤੀ। ਤਲਵਾੜਾ ਪੁਲਸ ਨੇ ਵੀ ਪੰਚਾਇਤ ਦਾ ਪੱਖ ਜਾਣੇ ਬਗੈਰ ਮਹਿਲਾ ਸਰਪੰਚ ਕਿਰਨਾ ਦੇਵੀ ਦੇ ਪਤੀ ਕੇਵਲ ਕ੍ਰਿਸ਼ਨ ਨੂੰ ਕਰੀਬ ਚਾਰ ਘੰਟੇ ਅੰਦਰ ਬਿਠਾ ਰੱਖਿਆ, ਅਤੇ ਪੰਚਾਇਤ ਯੂਨੀਅਨ ਤਲਵਾੜਾ ਦੇ ਦਖ਼ਲ ਮਗਰੋਂ ਛੱਡਿਆ। ਰੋਸ ਵਜੋਂ ਪੰਚਾਇਤ ਯੂਨੀਅਨ ਤਲਵਾੜਾ ਨੇ ਨਾਅਰੇਬਾਜੀ ਕੀਤੀ।ਮਹਿਤਾ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਪੰਚਾਇਤਾਂ ਨੂੰ ਮਨਰੇਗਾ ਤਹਿਤ ਵੱਧ ਤੋਂ ਵੱਧ ਕੰਮ ਕਰਵਾਉਣ ਲਈ ਉਤਸ਼ਾਹਿਤ ਕਰ ਰਹੀ ਹੈ, ਦੂਜੇ ਪਾਸੇ ਮਨਰੇਗਾ ਅਧੀਨ ਕਰਵਾਏ ਲੱਖਾਂ ਰੁਪਏ ਦੇ ਕੰਮਾਂ ਦੀ ਅਦਾਇਗੀਆਂ ਪਿਛਲੇ ਕਰੀਬ ਤਿੰਨ ਸਾਲ ਤੋਂ ਵੀ ਵਧ ਸਮੇਂ ਤੋਂ ਰੁਕੀਆਂ ਹੋਣ ਕਾਰਨ ਪੰਚਾਇਤਾਂ ਖੁਆਰ ਹੋ ਰਹੀਆਂ ਹਨ, ਪੰਚਾਇਤਾਂ ਨੂੰ ਉਧਾਰ ਸਮਾਨ ਦੇਣ ਵਾਲੇ ਤੰਗ ਪ੍ਰੇਸ਼ਾਨ ਕਰ ਰਹੇ ਹਨ, ਜਦਕਿ ਬੀਡੀਪੀਓ ਦਫ਼ਤਰ ਤੋਂ ਲੈ ਕੇ ਸਰਕਾਰ ਤੱਕ ਕਿਸੇ ਦੇ ਵੀ ਕੰਨਾਂ 'ਤੇ ਜੂੰ ਤੱਕ ਸਰਕ ਨਹੀਂ ਰਹੀ। ਬਰਿੰਗਲੀ ਪੰਚਾਇਤ ਦੀ ਮਹਿਲਾ ਸਰਪੰਚ ਕਿਰਨਾ ਦੇਵੀ ਦੇ ਪਤੀ ਕੇਵਲ ਕ੍ਰਿਸ਼ਨ ਨੇ ਦਸਿਆ ਕਿ ਪੰਚਾਇਤ ਨੇ ਮਨਰੇਗਾ ਯੋਜਨਾ ਤਹਿਤ ਕਰੀਬ ਸਾਢੇ ਸਤਾਰ੍ਹਾਂ ਲੱਖ ਰੁਪਏ ਪਿੰਡ ਦੇ ਵਿਕਾਸ ਕਾਰਜਾਂ 'ਤੇ ਖਰਚ ਕੀਤੇ ਸਨ, ਪਰ ਤਿੰਨ ਸਾਲ ਦਾ ਸਮਾਂ ਬੀਤ ਜਾਣ ਬਾਅਦ ਵੀ ਅਦਾਇਗੀ ਨਹੀਂ ਹੋਈ। ਪਿੰਡ ਦੇ ਹੀ ਇੱਕ ਟਰੈਕਟਰ ਚਾਲਕ ਨੇ ਸਰਪੰਚ ਖ਼ਿਲਾਫ਼ ਅਦਾਇਗੀ ਨਾ ਹੋਣ 'ਤੇ ਥਾਣੇ ਸ਼ਿਕਾਇਤ ਕੀਤੀ ਸੀ। ਸਥਾਨਕ ਪੁਲਸ ਨੇ ਬਾਅਦ ਦੁਪਹਿਰ ਕਰੀਬ ਇੱਕ ਵਜੇ ਮਹਿਲਾ ਸਰਪੰਚ ਦੇ ਪਤੀ ਕੇਵਲ ਕ੍ਰਿਸ਼ਨ ਨੂੰ ਥਾਣੇ ਬੁਲਾ ਕੇ ਅੰਦਰ ਬਿਠਾ ਲਿਆ। ਪੰਚਾਇਤ ਯੂਨੀਅਨ ਦੇ ਦਖ਼ਲ ਮਗਰੋਂ ਭਾਵੇਂ ਪੁਲਸ ਨੇ ਸ਼ੁੱਕਰਵਾਰ ਨੂੰ ਸ਼ਾਮ ਚਾਰ ਵਜੇ ਦੋਵੇਂ ਧਿਰਾਂ ਨੂੰ ਥਾਣੇ ਬੁਲਾਉਣ ਦੀ ਸ਼ਰਤ 'ਤੇ ਕੇਵਲ ਕ੍ਰਿਸ਼ਨ ਨੂੰ ਛੱਡ ਦਿੱਤਾ ਹੈ।ਪਰ ਯੂਨੀਅਨ ਨੇ ਪੁਲਸ ਦੀ ਕਾਰਵਾਈ 'ਤੇ ਸਖ਼ਤ ਇਤਰਾਜ ਜਤਾਇਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਅਸ਼ਵਨੀ ਸ਼ਰਮਾ ਰਾਮਗੜ੍ਹ ਸੀਕਰੀ, ਸਰਪੰਚ ਰਮਨ ਕੌਲ਼, ਸਰਪੰਚ ਕਰਨੈਲ ਸਿੰਘ ਭੰਬੋਤ ਪੱਤੀ ਆਦਿ ਹਾਜ਼ਰ ਸਨ।

## ਚਿੱਟੇ ਦਿਨ ਦਾਤਰ ਦਿਖਾ ਕੇ ਨਗਦੀ ਤੇ ਮੋਬਾਇਲ ਫੋਨ ਖੋਹ ਕੇ ਲੁਟੇਰੇ ਫ਼ਰਾਰ

**ਭੁਲੱਥ (ਮਨਪ੍ਰੀਤ ਸਿੰਘ)**-ਕਸਬਾ ਭੁਲੱਥ -ਬੇਗੋਵਾਲ ਰੋਡ 'ਤੇ ਫੇਰ ਤੇ ਆਸ਼ਰਮ ਨਜਦੀਕ ਤਿੰਨ ਨਕਾਬਪੋਸ਼ ਲੁਟੇਰੀਆਂ ਵੱਲੋਂ ਮੋਟਰਸਾਈਕਲ ਸਵਾਰ ਨੂੰ ਘੇਰ ਕੇ ਮੋਬਾਈਲ ਫੋਨ, 4000 ਰੁਪਏ ਦੀ ਨਕਦੀ, ਡਰਾਈਵਿੰਗ ਲਾਈਸੈਂਸ, ਆਧਾਰ ਕਾਰਡ, ਆਰ.ਸੀ, ਮੈਡੀਕਲ ਸਰਟੀਫਿਕੇਟ, ਏ.ਟੀ.ਐਮ ਕਾਰਡ ਤੇ ਹੋਰ ਦਸਤਾਵੇਜ ਖੋਹ ਕੇ ਫਰਾਰ ਹੋ ਗਏ । ਲੁੱਟ ਖੋਹ ਦਾ ਸ਼ਿਕਾਰ ਹੋਏ ਗੁਰ ਪ੍ਰਸਾਦ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਪੰਡੋਰੀ ਆਈਆਂ ਨੇ ਦੱਸਿਆ ਕਿ ਦੁਪਹਿਰ 2 ਵਜੇ ਤੋਂ ਬਾਅਦ ਉਹ ਬੇਗੋਵਾਲ ਤੋਂ ਆਪਣੇ ਮੋਟਰਸਾਈਕਲ ਪਲੈਟੀਨਾ 'ਤੇ ਆ ਰਿਹਾ ਸੀ ਤੇ ਕੁਝ ਦੂਰੀ 'ਤੇ ਮੇਰਾ ਜੀਜਾ ਬਲਬੀਰ ਸਿੰਘ ਅੱਗੇ ਅੱਗੇ ਜਾ ਰਿਹਾ ਸੀ ਕਿ ਬੇਗੋਵਾਲ ਸਾਈਡ ਤੋਂ ਤਿੰਨ ਲੜਕੇ ਜਿਹਨਾਂ ਦੇ ਮੂੰਹ ਬੱਧੇ ਹੋਏ ਸਨ , ਸਪਲੈਂਡਰ ਮੋਟਰਸਾਈਕਲ 'ਤੇ ਸਵਾਰ ਆਏ ਤੇ ਮੇਰੇ ਮੋਟਰਸਾਈਕਲ ਦੇ ਅੱਗੇ ਮੋਟਰਸਾਈਕਲ ਲਗਾ ਕੇ ਦਾਤਰ ਦਿਖਾ ਕੇ ਲੁੱਟ-ਖੋਹ ਦੀ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋ ਗਏ । ਇਸ ਘਟਨਾ ਦੀ ਇਤਲਾਹ ਥਾਣਾ ਭੁਲੱਥ ਵਿਖੇ ਦੇ ਦਿੱਤੀ ਗਈ ਹੈ ।

# ਬਾਬਾ ਬਲਵੰਤ ਸਿੰਘ ਮੈਮੋਰੀਅਲ ਹਸਪਤਾਲ ਤੇ ਵਿੱਦਿਅਕ ਸੰਸਥਾਨ ਮਨੁੱਖਤਾ ਨੂੰ ਸਮਰਪਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ , ਉਂਕਾਰ ਸਿੰਘ )**-ਸੱਚਖੰਡ ਵਾਸੀ ਬਾਬਾ ਬਲਵੰਤ ਸਿੰਘ ਦੀ ਯਾਦ 'ਚ ਚੱਲ ਰਿਹਾ ਬਾਬਾ ਬਲਵੰਤ ਸਿੰਘ ਮੈਮੋਰੀਅਲ ਹਸਪਤਾਲ ਤੇ ਵਿਦਿਅਕ ਸੰਸਥਾਵਾਂ ਪੂਰੀ ਤਰਾਂ ਨਾਲ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਹਨ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸੰਤ ਬਾਬਾ ਗੁਰਦਿਆਲ ਸਿੰਘ ਨੇ ਇਨ੍ਹਾਂ ਸੰਸਥਾਵਾਂ ਵੱਲੋਂ ਜਰੂਰਤਮੰਦ ਲੋਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਿਹਤ ਤੇ ਵਿਦਿਅਕ ਸਹੂਲਤਾਂ ਬਾਰੇ ਕੀਤਾ।ਸੰਤ ਬਾਬਾ ਗੁਰਦਿਆਲ ਸਿੰਘ ਦਾ ਇਸ ਚੈਰੀਟੇਬਲ ਹਸਪਤਾਲ ਪੁੱਜਣ ਤੇ ਜਿੱਥੇ ਹਸਪਤਾਲ ਪ੍ਰਬੰਧਕ, ਡਾਕਟਰਾਂ ਤੇ ਸਟਾਫ ਨੇ ਨਿੱਘਾ ਸਵਾਗਤ ਕੀਤਾ। ਉਹਨਾਂ ਨੇ ਵੱਖ ਵੱਖ ਵਾਰਡਾਂ ਤੇ ਵਿੰਗਾਂ ਦਾ ਦੌਰਾ ਕੀਤਾ ਤੇ ਹਸਪਤਾਲ ਵਲੋਂ ਸ਼ਹਿਰਾਂ 'ਚ ਮਿਲਦੀਆਂ ਮਹਿੰਗੀਆਂ ਸਿਹਤ ਸਹੂਲਤਾਂ ਦੇ ਮੁਕਾਬਲੇ ਚੈਰੀਟੇਬਲ ਰੇਟਾਂ 'ਤੇ ਮਿਲਦੀਆਂ ਸੁਵਿਧਾਵਾਂ, ਸੀ.ਟੀ ਸਕੈਨ, ਡਾਇਲਿਸਿਸ ਤੇ ਹੋਰ ਸਹੂਲਤਾਂ 'ਤੇ ਸੰਤੁਸ਼ਟੀ ਪ੍ਰਗਟਾਈ ਤੇ ਕਿਹਾ ਵੀ ਇਹ ਹਸਪਤਾਲ ਮਨੁੱਖਤਾ ਲਈ ਵਰਦਾਨ ਹਨ। ਇਸ ਮੌਕੇ ਉਨ੍ਹਾਂ ਮਾਤਾ ਰਣਜੀਤ ਕੌਰ ਮੈਮੋਰੀਅਲ ਪੈਰਾਮੈਡੀਕਲ ਇੰਸਟੀਟਿਊਟ ਦੇ ਵਿਦਿਆਰਥੀਆਂ ਨਾਲ ਵੀ ਗੱਲਬਾਤ ਕੀਤੀ ਤੇ ਉਹਨਾਂ ਨੂੰ ਭਵਿੱਖ 'ਚ ਮਾਨਵਤਾ ਦੀ ਸੇਵਾ ਲਈ ਅੱਗੇ ਆਉਣ ਦਾ ਸੱਦਾ ਦਿੱਤਾ।ਇਸ ਮੌਕੇ ਡਾ: ਸਤਪਾਲ ਸਿੰਘ ,ਪ੍ਰੋ: ਮਨਜੀਤ ਕੌਰ, ਜਥੇਦਾਰ ਹਰਮੇਲ ਪ੍ਰਕਾਸ਼ ਸਿੰਘ, ਡਾ: ਵਿਨੋਦ ਸਰੀਨ ,ਡਾ: ਦਵਿੰਦਰ ਸਿੰਘ, ਡਾ: ਨਛੱਤਰ ਸਿੰਘ ,ਡਾ: ਸੋਢੀ , ਜੋਰਾਵਰ ਸਿੰਘ ,ਅਸ਼ਵਨੀ ਕੁਮਾਰ ਤੋਂ ਇਲਾਵਾ ਡਾਕਟਰ ਤੇ ਸਟਾਫ ਮੈਂਬਰ ਹਾਜ਼ਰ ਸਨ।

# ਸਰਕਾਰੀ ਸਕੂਲ ਲੜਕੀਆਂ ਵਿਖੇ ਗੈਸ ਏਜੰਸੀਆਂ ਵੱਲੋਂ ਸੇਫਟੀ ਕਲੀਨਿਕ ਕੈਂਪ




**ਫਿਲੌਰ ( ਨਿਰਮਲ )** ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਵਿਖੇ ਇੰਡੀਅਨ ਆਇਲ ਕਾਰਪੋਰੇਸ਼ਨ ਵੱਲੋਂ ਸੇਫਟੀ ਕਲੀਨਿਕ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਮੁੱਖ ਮਹਿਮਾਨ ਗੌਰਵ ਜੋਸ਼ੀ ਅਸਿਸਟੈਂਟ ਮੈਨੇਜਰ ਇੰਡੀਅਨ ਆਇਲ ਕਾਰਪੋਰੇਸ਼ਨ ਹਾਜ਼ਰ ਹੋਏ। ਜਿਨ੍ਹਾਂ ਸਕੂਲ ਦੇ ਬੱਚਿਆਂ ਨੂੰ ਘਰ 'ਚ ਵਰਤੋਂ ਵਾਲੇ ਸਿਲੰਡਰਾਂ ਦੀ ਸਾਵਧਾਨੀ ਨਾਲ ਵਰਤੋ ਕਰਨ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ, ਜਿਸ ਦੌਰਾਨ ਗੈਸ ਚੁੱਲ੍ਹੇ ਨੂੰ ਜ਼ਮੀਨ 'ਤੇ ਰੱਖਣਾ ਹੋ ਸਕਦਾ ਹੈ ਖਤਰਨਾਕ, ਰਸੋਈ ਦੀ ਖੁੱਲੀ ਖਿੜਕੀ ਅੱਗੇ ਚੁੱਲਾ ਨਾ ਰੱਖੋ ਕਿਉਂਕਿ ਹਵਾ ਨਾਲ ਗੈਸ ਚੁੱਲਾ ਬੰਦ ਹੋ ਕੇ ਪਿਛਿਉਂ ਆ ਰਹੀ ਗੈਸ ਫੈਲ ਕੇ ਕੋਈ ਹਾਦਸਾ ਹੋ ਸਕਦਾ ਹੈ, ਰਾਤ ਸਮੇਂ ਗੈਸ ਨੂੰ ਰੈਗੂਲੇਟਰ ਤੋਂ ਬੰਦ ਜਰੂਰ ਕਰੋ, ਰਸੋਈ ਖੁੱਲੀ ਤੇ ਹਵਾਦਾਰ ਹੋਵੇ। ਇਸ ਤਰ੍ਹਾਂ ਦੀਆਂ ਸਾਵਧਾਨੀਆਂ ਬਾਰੇ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ।ਕਰਤਾਰਸਰ ਗੈਸ ਏਜੰਸੀ ਅਤੇ ਫਿਲੌਰ ਗੈਸ ਏਜੰਸੀ ਵੱਲੋਂ ਬੱਚਿਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ। ਇਸ ਮੌਕੇ ਫਿਲੌਰ ਗੈਸ ਏਜੰਸੀ ਦੀ ਮਾਲਕ ਹਰਵਿੰਦਰ ਕੌਰ ਨੇਂ ਵੀ ਸਿਲੰਡਰਾਂ ਦੀ ਸਾਵਧਾਨੀ ਨਾਲ ਵਰਤੋਂ ਕਰਨ ਦੀ ਅਪੀਲ ਕੀਤੀ। ਕੈਂਪ ਦੇ ਅੰਤ 'ਚ ਕਰਤਾਰਸਰ ਗੈਸ ਏਜੰਸੀ ਦੀ ਮਾਲਕ ਗੁਰਮਨਦੀਪ ਕੌਰ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਹਾਜ਼ਰ ਪ੍ਰਿੰਸੀਪਲ ਸੁਸ਼ੀਲਾ ਕੁਮਾਰੀ, ਸੁਰੇਸ਼ ਕੁਮਾਰ, ਹਰੀ ਕ੍ਰਿਸ਼ਨ, ਇੰਦਰਜੀਤ ਕੁਮਾਰ, ਮੱਧੂ ਬਾਲਾ ਅਤੇ ਹੋਰ ਸਨ।

## ਦੁੱਧ ਉਤਪਾਦਕਾਂ ਲਈ ਸਿਖਲਾਈ ਕੈਂਪ 27 ਨੂੰ

**ਨਵਾਂਸ਼ਹਿਰ (ਮਨੋਜ ਲਾਡੀ)** ਕੁਲਦੀਪ ਸਿੰਘ ਜੱਸੋਵਾਲ ਡਾਇਰੈਕਟਰ, ਡੇਅਰੀ ਵਿਕਾਸ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ 27 ਅਗਸਤ ਤੋਂ ਦੁੱਧ ਉਤਪਾਦਕਾਂ ਅਤੇ ਡੇਅਰੀ ਫਾਰਮਰਾਂ ਨੂੰ ਡੇਅਰੀ ਸਿਖਲਾਈ ਦੇਣ ਲਈ ਅਗਲਾ ਬੈਚ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਮੌਕੇ ਕਸ਼ਮੀਰ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸ਼ਹੀਦ ਭਗਤ ਸਿੰਘ ਨਗਰ ਨੇ ਦੱਸਿਆ ਕੇ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਪੜੇ ਲਿਖੇ ਬੇਰੁਜਗਾਰ ਨੌਜਵਾਨਾਂ ਨੂੰ ਡੇਅਰੀ ਦੇ ਕਿੱਤੇ ਵੱਲ ਉਤਸ਼ਾਹਿਤ ਕਰਨ ਦੇ ਉਪਰਾਲੇ ਨੂੰ ਅਸਲੀ ਜਾਮਾ ਪਹਿਨਾਉਣ ਲਈ ਚਾਰ ਹਫਤਿਆ ਦਾ ਡੇਅਰੀ ਉੱਦਮ ਸਿਖਲਾਈ ਕੋਰਸ 27-08-2024 ਨੂੰ ਪੰਜਾਬ ਦੇ ਵੱਖ ਵੱਖ ਟ੍ਰੇਨਿੰਗ ਸੈਟਰਾਂ ਤੇ ਚਲਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਉਹਨਾ ਨੇ ਦੱਸਿਆ ਕਿ ਇਹ ਸਿਖਲਾਈ ਉਹਨਾਂ ਡੇਅਰੀ ਫਾਰਮਰਾਂ ਨੂੰ ਦਿੱਤੀ ਜਾਵੇਗੀ ਜਿਹਨਾਂ ਦੀ ਉਮਰ 18-45 ਸਾਲ ਦੇ ਦਰਮਿਆਨ ਹੋਵੇਗੀ ਅਤੇ ਲਾਭਪਾਤਰੀ ਘੱਟ ਤੋਂ ਘੱਟ 10ਵੀਂ ਪਾਸ ਹੋਵੇਗਾ। ਉਹਨਾਂ ਦੱਸਿਆ ਕੇ ਸਿਖਲਾਈ ਲੈਣ ਦੇ ਚਾਹਵਾਨ ਕਿਸਾਨ ਟ੍ਰੇਨਿੰਗ ਸੈਂਟਰ ਫਗਵਾੜਾ ਅਤੇ ਚਤਾਮਲੀ ਵਿਖੇ ਪਹੁੰਚ ਕੇ 100/- ਰੁਪਏ ਦਾ ਪ੍ਰਾਸਪੈਕਟ ਅਤੇ 5000 ਰੁਪਏ ਜਨਰਲ, 4000 ਰੁਪਏ ਅ.ਜ. ਫੀਸ ਦੇ ਕੇ ਸਿਖਲਾਈ ਵਿਚ ਭਾਗ ਲੈ ਸਕਦੇ ਹਨ। ਕੋਰਸ ਦੌਰਾਨ ਡੇਅਰੀ ਕਿਸਾਨਾ ਨੂੰ ਦਧਾਰੂ ਪਸ਼ੂਆਂ ਦੀਆਂ ਨਸਲਾਂ, ਸਾਰਾ ਸਾਲ ਹਰਾ ਚਾਰਾ ਪੈਦਾ ਕਰਨ ਦੇ ਢੰਗ, ਦਧਾਰੂ ਪਸ਼ੂਆਂ ਦੀਆਂ ਆਮ ਬੀਮਾਰੀਆਂ, ਏ .ਆਈ ਦੀ ਟ੍ਰੇਨਿੰਗ, ਦੁੱਧ ਤੋਂ ਵੱਖ ਵੱਖ ਉਤਪਾਦ ਤਿਆਰ ਕਰਨ ਅਤੇ ਪਸ਼ੂਆਂ ਦੀ ਖੁਰਾਕ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਦੌਰਾਨ ਡਿਪਟੀ ਡਾਇਰੈਕਟਰ ਡੇਅਰੀ ਸ਼ਹੀਦ ਭਗਤ ਸਿੰਘ ਨਗਰ ਨੇ ਕਿਸਾਨਾ ਨੂੰ ਅਪੀਲ ਕੀਤੀ ਹੈ ਕਿ ਉਹਨਾਂ ਨੂੰ ਡੇਅਰੀ ਉੱਦਮ ਸਿਖਲਾਈ ਪ੍ਰਾਪਤ ਕਰਕੇ ਵਿਭਾਗ ਦੀਆਂ ਸਕੀਮਾਂ ਦਾ ਲਾਭ ਲੈਣ ਅਤੇ ਡੇਅਰੀ ਦੇ ਧੰਦੇ ਨੂੰ ਵਪਾਰਕ ਲੀਹਾਂ ਤੇ ਲੈ ਜਾਣ ਵਿੱਚ ਸਹਿਯੋਗ ਦੇਣ।

## ਸੀ ਜੇ ਐੱਮ ਵੱਲੋਂ ਸਰਕਾਰੀ ਹਾਈ ਸਕੂਲ ਸੈਲਾ ਖੁਰਦ ਦਾ ਦੌਰਾ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** —ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵਲੋਂ ਚੀਫ਼ ਜੁਡੀਸ਼ਲ ਮੈਜਿਸਟ੍ਰੇਟ ਰਾਜ ਪਾਲ ਰਾਵਲ ਵਲੋਂ ਸਰਕਾਰੀ ਹਾਈ ਸਕੂਲ ਸੈਲਾ ਖੁਰਦ ਦਾ ਦੌਰਾ ਕੀਤਾ ਗਿਆ। ਇਸ ਮੌਕੇ ਸਕੂਲ ਪੁੱਜਣ 'ਤੇ ਜੱਜ ਸਾਹਿਬ ਦਾ ਸਵਾਗਤ ਹੈਡਮਾਸਟਰ ਸੰਦੀਪ ਬਡੇਸਰੋਂ ਵਲੋਂ ਕੀਤਾ ਗਿਆ ਤੇ ਜੱਜ ਵਲੋਂ ਵਿਦਿਆਰਥੀਆਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਲੈਣ ਦੇ ਵੱਖ - ਵੱਖ ਤਰੀਕਿਆਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਸੰਜੀਦਗੀ ਨਾਲ ਪੜ੍ਹ ਕੇ ਉੱਚ ਅਹੁਦਿਆਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਆ ।ਜੱਜ ਨੇ ਵਾਤਾਵਰਣ ਦੀ ਸ਼ੁੱਧਤਾ ਲਈ ਸਕੂਲ ਵਿੱਚ ਪੌਦੇ ਲਾਏ । ਇਸ ਮੌਕੇ ਸਟਾਫ਼ ਮੈਂਬਰ ਸ਼੍ਰੀਮਤੀ ਕ੍ਰਿਸ਼ਨਾ ਕੁਮਾਰੀ, ਰਵਿੰਦਰ ਕੌਰ, ਪ੍ਰਿਆ, ਹਰਜੀਤ ਕੌਰ, ਨਵਜੋਤ ਵਾਲੀਆ, ਰਣਜੀਤ ਕੌਰ , ਸ਼ੇਰ ਸਿੰਘ ਤੇ ਬੱਗਾ ਸਿੰਘ ਹਾਜ਼ਰ ਸਨ।




## ਅਫੀਮ ਦੀ ਤਸਕਰੀ ਕਰਨ ਵਾਲੇ ਅੰਤਰਰਾਜੀ ਗਰੋਹ ਦਾ ਪਰਦਾਫਾਸ਼

**ਜਲੰਧਰ, ( ਸ਼ੈਲੀ ਐਲਬਰਟ)**—ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਪੁਲਸ ਨੇ ਸ਼ੁੱਕਰਵਾਰ ਨੂੰ ਅਫੀਮ ਦੀ ਤਸਕਰੀ ਕਰਨ ਵਾਲੇ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਦੋ ਵਿਅਕਤੀਆਂ ਨੂੰ 5 ਕਿਲੋ ਅਫੀਮ ਸਮੇਤ ਕਾਬੂ ਕੀਤਾ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਸੂਹ ਮਿਲਣ 'ਤੇ ਕਾਰਵਾਈ ਕਰਦੇ ਹੋਏ ਟੀ-ਪੁਆਇੰਟ ਸਲੇਮਪੁਰ ਮੁਸਲਮਾਨਾ ਰੋਡ ਨੇੜੇ ਤਰਲੋਕ ਐਵੀਨਿਊ ਜਲੰਧਰ ਕੋਲ ਜਾਲ ਵਿਛਾਇਆ ਸੀ।

ਪੁਲਸ ਪਾਰਟੀ ਨੇ ਦੋ ਵਿਅਕਤੀਆਂ ਨੂੰ ਪਿੰਡ ਸਲੇਮਪੁਰ ਮੁਸਲਮਾਨਾ ਵੱਲ ਆਉਂਦੇ ਦੇਖਿਆ। ਉਨ੍ਹਾਂ ਨੂੰ ਸ਼ੱਕ ਦੇ ਆਧਾਰ 'ਤੇ ਦੋਵਾਂ ਨੌਜਵਾਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਤਾਂ ਉਨ੍ਹਾਂ ਕੋਲੋਂ 5 ਕਿਲੋ ਅਫੀਮ ਬਰਾਮਦ ਹੋਈ।ਨੌਜਵਾਨਾਂ ਨੂੰ ਕਾਬੂ ਕਰ ਲਿਆ ਗਿਆ, ਜਿਨ੍ਹਾਂ ਦੀ ਪਛਾਣ ਬਬਲੂ ਪੁੱਤਰ ਮੁਨਸ਼ੀ ਲਾਲ ਵਾਸੀ ਪਿੰਡ ਚੰਦੂਆ ਪੀ.ਐਸ ਬਮੋਰਾ ਜ਼ਿਲ੍ਹਾ ਬਰੇਲੀ ਉੱਤਰ ਪ੍ਰਦੇਸ਼ ਅਤੇ ਇਮਰਾਨ ਅੰਸਾਰੀ ਪੁੱਤਰ ਅਬਰਾਰ ਵਾਸੀ ਪਿੰਡ ਕਮੂਆ ਪੀਐਸ ਬਮੋਰਾ ਜ਼ਿਲ੍ਹਾ ਬਰੇਲੀ ਉੱਤਰ ਪ੍ਰਦੇਸ਼ ਵਜੋਂ ਹੋਈ ਹੈ। ਬਬਲੂ ਦੇ ਬੈਗ ਵਿੱਚੋਂ 2.7 ਕਿਲੋ ਅਫੀਮ ਅਤੇ ਇਮਰਾਨ ਅੰਸਾਰੀ ਦੇ ਬੈਗ ਵਿੱਚੋਂ 2.3 ? ?ਕਿਲੋ ਅਫੀਮ ਬਰਾਮਦ ਹੋਈ ਹੈ। ਸਿੱਟੇ ਵਜੋਂ, ਹਿਰਾਸਤ ਵਿੱਚ ਲਏ ਵਿਅਕਤੀਆਂ ਵਿਰੁੱਧ ਐਫ ਆਈ ਆਰ ਦਰਜ ਕੀਤੀ ਗਈ ਹੈ।

# ਭਲਕੇ ਸਹਿਜੋਵਾਲ ਵਿਖੇ 15 ਲੋੜਵੰਦ ਵਿਦਿਆਰਥਣਾਂ ਨੂੰ ਦਿੱਤੇ ਜਾਣਗੇ ਸਾਈਕਲ



**ਭਲਾਣ (ਹਰਭਜਨ ਢਿੱਲੋਂ)** ਪੰਜਾਬ ਦੀ ਨਾਮਵਰ ਸਮਾਜ ਸੇਵੀ ਸੰਸਥਾ ਇਨਸਾਨੀਅਤ ਪਹਿਲਾਂ ਵਲੋਂ 'ਮੇਰੀ ਬੇਟੀ, ਮੇਰੀ ਸ਼ਾਨ' ਸਕੀਮ ਤਹਿਤ 24 ਅਗਸਤ ਨੂੰ ਪਿੰਡ ਸਹਿਜੋਵਾਲ ਵਿਖੇ 24 ਅਗਸਤ ਨੂੰ ਲੋੜਵੰਦ ਵਿਦਿਆਰਥਣਾਂ ਨੂੰ ਸਕੂਲ ਜਾਣ ਲਈ ਸਾਈਕਲ ਦਿੱਤੇ ਜਾਣਗੇ। ਇਹ ਜਾਣਕਾਰੀ ਅਰਜਿਤ ਸੈਣੀ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਵਿਦਿਆਰਥਣਾਂ ਦੀ ਚੋਣਰ ਲਾਲਪੁਰਾ ਦੀ ਸੰਸਥਾ ਇਨਸਾਨੀਅਤ ਪਹਿਲਾਂ ਵਲੋਂ ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਕੰਵਰ ਪੋਸਵਾਲ ਦੀ ਅਗਵਾਈ ਹੇਠ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਡਾ ਇਲਾਕਾ ਵਿਕਾਸ ਪੱਖੋਂ ਇੰਨਾ ਖੁੰਝ ਚੁੱਕਿਆ ਹੈ ਕਿ ਨਾ ਤਾਂ ਇੱਥੇ ਮਿਆਰੀ ਵਿੱਦਿਅਕ ਸਹੂਲਤਾਂ ਹਨ ਅਤੇ ਨਾ ਹੀ ਚੱਜ ਦੀਆਂ ਸੜਕਾਂ। ਵਿਦਿਆਰਥਣਾਂ ਕਈ ਕਈ ਕਿੱਲੋਮੀਟਰ ਪੈਦਲ ਚੱਲ ਕੇ ਸਕੂਲ ਜਾਂਦੀਆਂ ਹਨ ਅਤੇ ਬਰਸਾਤਾਂ ਦੇ ਦਿਨਾਂ ਵਿਚ ਚਿੱਕੜ ਭਰੀਆਂ ਸੜਕਾਂ ਵਿਚੋਂ ਤੁਰ ਕੇ ਜਾਣਾ ਬੇਹੱਦ ਔਖਾ ਹੁੰਦਾ ਹੈ, ਇਸ ਮੰਤਵ ਨਾਲ ਲਾਲਪੁਰਾ ਨੇ ਆਪਣੀ ਸੰਸਥਾ ਵਲੋਂ 'ਮੇਰੀ ਬੇਟੀ, ਮੇਰੀ ਸ਼ਾਨ' ਸਕੀਮ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿਚ ਪੰਜਾਬ ਦੀਆਂ ਧੀਆਂ ਹੀ ਪੰਜਾਬ ਨੂੰ ਮੁੜ ਸੋਨੇ ਦੀ ਚਿੜੀ ਬਣਾਉਣ ਦੀ ਸਮਰੱਥਾ ਰੱਖਦੀਆਂ ਹਨ। ਇਸੇ ਮੰਤਵ ਨਾਲ ਧੀਆਂ ਨੂੰ ਸਿੱਖਿਆ ਪ੍ਰਾਪਤ ਕਰਨ ਵਿਚ ਕੋਈ ਪ੍ਰੇਸ਼ਾਨੀ ਨਾ ਆਵੇ, ਲਾਲਪੁਰਾ ਪਰਵਾਰ ਵਲੋਂ ਇਹ ਉਪਰਾਲਾ ਅਰੰਭਿਆ ਗਿਆ ਹੈ।

# ਸ਼ਹੀਦ ਬਾਬਾ ਮਤੀ ਜੀ ਯਾਦਗਰੀ ਖੇਡ ਮੇਲੇ ਦੀ ਹੋਈ ਅਰੰਭਤਾ



**ਆਦਮਪੁਰ (ਪਰਮਜੀਤ ਸਿੰਘ)**- ਨਜਦੀਕੀ ਪਿੰਡ ਡਰੋਲੀ ਕਲਾਂ ਵਿਖੇ ਹਰ ਸਾਲ ਦੀ ਤਰ੍ਹਾਂ ਸ਼ਹੀਦ ਬਾਬਾ ਮਤੀ ਸਾਹਿਬ ਜੀ ਯਾਦਗਾਰੀ ਸਾਲਾਨਾ ਖੇਡ ਮੇਲੇ ਦੀ ਸ਼ੁਰੂਆਤ ਡੇਰਾ ਸੰਤਗੜ੍ਹ ਜਬੜਾਂ ਤੋਂ ਸੰਤ ਸਰਵਣ ਸਿੰਘ ਅਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਮਹਾਰਾਜ ਅੱਗੇ ਅਰਦਾਸ ਕਰ ਕੀਤੀ ਗਈ। ਖੇਡ ਮੇਲੇ ਦੀ ਸ਼ੁਰੂਆਤ ਦੌਰਾਨ ਆਲ ਓਪਨ ਫੁੱਟਬਾਲ ਮੁਕਾਬਲਿਆਂ ਦੌਰਾਨ ਕਾਲਰਾ ਪਿੰਡ ਅਤੇ ਬਡੋ ਸਕੂਲ, ਮੰਗੂਵਾਲ ਅਤੇ ਭੁੰਗਰਨੀ, ਯੂਨਾਈਟਡ ਯੂ.ਐਸ.ਏ ਅਤੇ ਬਾਈ. ਵੀ.ਐਫ.ਸੀ ਲੁਧਿਆਨਾ ਵਿਚਕਾਰ ਮੁਕਾਬਲੇ ਕਰਵਾਏ ਗਏ। ਉਪਰੰਤ ਲਿਦੜਾਂ ਅਤੇ ਜਗਜੀਤਪੁਰ, ਰਾਮਪੁਰ ਸੁਨੜਾ ਅਤੇ ਪਧਿਆਣਾ, ਬੋਪਾਰਾਏ ਅਤੇ ਨੰਗਲ ਸਲਾਲਾ, ਬਗਾਣਾ ਅਤੇ ਕਾਲਰਾ, ਫਗਲਾਣਾ ਅਤੇ ਹਰਿਆਣਾ ਜੱਟਾਂ, ਕੰਗਣੀ ਆਲ ਅਤੇ ਚੱਕ ਰਾਜੂ, ਘੁੜਿਆਲ ਅਤੇ ਦੁਗਾਂ, ਬੋਹਣ ਪੱਟੀ ਅਤੇ ਹਰਦੋ ਫਰਾਲਾ, ਲੁਟੇਰਾ ਕਲਾਂ ਅਤੇ ਹਕੂਮਤਪੁਰ, ਡਮੇਲੀ ਅਤੇ ਕੰਗਣੀਵਾਲ, ਅਜਨੋਹਾ ਅਤੇ ਹੇੜੀਆਂ, ਹਾਰਟ ਅਤੇ ਹੁਕੜਾ ਵਿਚਕਾਰ ਵੀ ਫਸਵੇਂ ਮੁਕਾਬਲੇ ਹੋਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ਹੀਦ ਬਾਬਾ ਮਤੀ ਮੈਮੋਰੀਅਲ ਸੋਸਾਇਟੀ ਡਰੋਲੀ ਕਲਾਂ ਦੇ ਪ੍ਰਧਾਨ ਗੁਰਮੀਤ ਸਿੰਘ, ਐਨ.ਆਰ.ਆਈ. ਜਸਵੀਰ ਸਿੰਘ, ਪ੍ਰਧਾਨ ਕੁਲਵਿੰਦਰ ਸਿੰਘ, ਪ੍ਰਧਾਨ ਅਮਰਜੀਤ ਸਿੰਘ ਕੂਕਾ, ਸਰਪੰਚ ਰਸ਼ਪਾਲ ਸਿੰਘ, ਗੁਰਦੁਆਰਾ ਸ਼ਹੀਦ ਬਾਬਾ ਮਤੀ ਸਾਹਿਬ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ, ਸੈਕਟਰੀ ਅਰਮਿੰਦਰ ਸਿੰਘ, ਸਟੇਜ ਸੈਕਟਰੀ ਹਰਜਾਪ ਸਿੰਘ, ਕੈਸ਼ੀਅਰ ਰਨਵੀਰ ਸਿੰਘ, ਜਸਵਿੰਦਰ ਕੁਮਾਰ, ਕਬੱਡੀ ਇੰਚਾਰਜ ਅਵਤਾਰ ਸਿੰਘ, ਗੁਰਜੀਤ ਸਿੰਘ, ਬਬਲਾ, ਅਮਰੀਕ ਸਿੰਘ, ਬੱਬੂ, ਰਾਕੇਸ਼ ਕੁਮਾਰ, ਜਰਨੈਲ ਸਿੰਘ ਆਦਿ ਹਾਜ਼ਰ ਸਨ।

# ਨਜ਼ਰਬੰਦ ਸਿੰਘਾਂ 'ਚ ਪਾੜਾ ਪਾਉਣ ਵਾਲੀ ਬਿਆਨਬਾਜ਼ੀ ਪੰਥ ਨੂੰ ਬਰਦਾਸ਼ਤ ਨਹੀਂ : ਵਡਾਲਾ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੀ ਸਮੁੱਚੀ ਪ੍ਰੀਜ਼ੀਡੀਅਮ ਦੀ ਮੀਟਿੰਗ ਕਨਵੀਨਰ ਗੁਰਪ੍ਰਤਾਪ ਸਿੰਘ ਵਡਾਲਾ ਦੀ ਅਗਵਾਈ ਹੇਠ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਦੇ ਦਫ਼ਤਰ ਵਿਖੇ ਹੋਈ, ਜਿਸ ਵਿਚ ਪੰਥ ਰਤਨ ਜਥੇ. ਗੁਰਚਰਨ ਸਿੰਘ ਟੌਹੜਾ ਦੇ 100ਵੇਂ ਜਨਮ ਦਿਨ ਨੂੰ ਮਨਾਉਣ ਸੰਬੰਧੀ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਵਲੋਂ ਅਕਾਲੀ ਦਲ ਵਿਚ ਆਈ ਗਿਰਾਵਟ ਨੂੰ ਦੂਰ ਕਰਨ ਨੂੰ ਲੈ ਕੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਥ ਰਤਨ ਜਥੇ. ਗੁਰਚਰਨ ਸਿੰਘ ਟੌਹੜਾ ਪੰਜਾਬ ਦੀ ਵੱਡੀ ਸਖਸ਼ੀਅਤ ਸਨ, ਜਿਨ੍ਹਾਂ ਨੇ ਪੂਰੀ ਜ਼ਿੰਦਗੀ ਪੰਥ ਦੇ ਲੇਖੇ ਲਾ ਦਿੱਤੀ ਤੇ ਦੂਜੇ ਪਾਸੇ ਬਾਦਲ ਪਰਵਾਰ ਜਿਨ੍ਹਾਂ ਵਲੋਂ ਹਮੇਸ਼ਾ ਹੀ ਆਪਣੇ ਨਿੱਜੀ ਹਿੱਤਾਂ ਲਈ ਪੰਥ ਅਤੇ ਅਕਾਲੀ ਦਲ ਦੇ ਹਿੱਤਾਂ ਦਾ ਤਿਆਗ ਕੀਤਾ ਜਾਂਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਐਨ. ਐਸ. ਏ. ਅਧੀਨ ਬੰਦੀ ਸਿੰਘ ਨਜ਼ਰਬੰਦ ਹਨ, ਉਸ ਵਿਚ ਬਾਦਲ ਪਰਿਵਾਰ ਦਾ ਹੱਥ ਹੈ ਕਿਉਂਕਿ ਜਦੋਂ ਨਜ਼ਰਬੰਦੀ ਹੋਈ, ਉਦੋਂ ਅਮ੍ਰਿਤਪਾਲ ਸਿੰਘ ਦੇ ਉਲਟ ਹਰਸਿਮਰਤ ਕੌਰ ਬਾਦਲ ਤੇ ਉਨ੍ਹਾਂ ਦੇ ਪਰਵਾਰ ਵਲੋਂ ਗਲਤ ਬਿਆਨਬਾਜ਼ੀ ਕੀਤੀ ਗਈ ਸੀ। ਇਸੇ ਸਦਕਾ ਪੰਜਾਬ ਸਰਕਾਰ ਨੂੰ ਭਾਈ ਅਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀਆਂ 'ਤੇ ਐਨ. ਐਸ. ਏ. ਲਾਉਣ ਦਾ ਬਹਾਨਾ ਮਿਲ ਗਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਐਨ. ਐਸ. ਏ. ਲਾਉਣ ਦਾ ਵਿਰੋਧ ਕਰਨਾ ਚਾਹੀਦਾ ਸੀ ਪਰ ਬਾਦਲ ਪਰਵਾਰ ਚੁੱਪ ਰਿਹਾ। ਉਨ੍ਹਾਂ ਸੁਖਬੀਰ ਬਾਦਲ ਵਲੋਂ ਬਾਬਾ ਬਕਾਲਾ ਵਿਖੇ ਇਕ ਸਿੱਖ ਦੀ ਗਲਤ ਪਰਿਭਾਸ਼ਾ ਪੇਸ਼ ਕਰਨਾ ਅਤਿ ਨਿੰਦਣਯੋਗ ਹੈ। ਸਾਨੂੰ ਜੋ ਗੁਰੂ ਸਾਹਿਬ ਵਲੋਂ ਸਰੂਪ ਪ੍ਰਦਾਨ ਕੀਤਾ ਗਿਆ ਹੈ, ਉਸ ਦੇ ਉਲਟ ਕੋਈ ਵੀ ਸਿੱਖ ਆਪਣੀ ਮਨਮਰਜੀ ਅਨੁਸਾਰ ਆਪਣਾ ਸਰੂਪ ਨਹੀਂ ਬਣਾ ਸਕਦਾ।ਵਡਾਲਾ ਨੇ ਦੱਸਿਆ ਕਿ ਸੁਖਬੀਰ ਬਾਦਲ ਵਲੋਂ ਬਾਬਾ ਬਕਾਲਾ ਵਿਖੇ ਕੀ ਬੰਦੀ ਸਿੰਘਾਂ ਅਤੇ ਐਨ. ਐਸ. ਏ. ਅਧੀਨ ਨਜ਼ਰਬੰਦ ਸਿੰਘਾਂ ਵਿਚ ਪਾੜਾ ਪਾਉਣ ਵਾਲੇ ਵਿਅੰਗਬਾਜੀ ਕੀਤੀ ਗਈ



ਜੋ ਅਤਿ ਨਿੰਦਯੋਗ ਹੈ। ਸਮੂਹ ਪ੍ਰਜ਼ੀਡੀਅਮ ਦੇ ਮੈਂਬਰਾਂ ਨੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ 'ਤੇ ਹੋਏ ਇਤਿਹਾਸਕ ਇਕੱਠ ਲਈ ਸਮੂਹ ਸੰਗਤ ਦਾ ਧੰਨਵਾਦ ਵੀ ਕੀਤਾ ਗਿਆ। ਪ੍ਰਜ਼ੀਡੀਅਮ ਦੇ ਮੈਂਬਰਾਂ ਨੇ ਪੰਥ ਰਤਨ ਜਥੇ. ਗੁਰਚਰਨ ਸਿੰਘ ਟੌਹੜਾ ਦੇ 100ਵੇਂ ਜਨਮ ਦਿਨ ਲਈ ਵੱਖ ਵੱਖ ਕਮੇਟੀਆਂ ਬਣਾ ਕੇ ਡਿਊਟੀਆਂ ਲਾਈਆਂ ਗਈਆਂ ਅਤੇ ਸਮੂਹ ਸੰਗਤ ਨੂੰ 24 ਸਤੰਬਰ ਨੂੰ ਪਿੰਡ ਟੌਹੜਾ ਵਿਖੇ ਪਹੁੰਚਣ ਦੀ ਅਪੀਲ ਕੀਤੀ ਗਈ। ਇਸ ਮੌਕੇ ਸੁਰਜੀਤ ਸਿੰਘ ਰੱਖੜਾ, ਸੁੱਚਾ ਸਿੰਘ ਛੋਟੇਪੁਰ, ਪਰਮਿੰਦਰ ਸਿੰਘ ਢੀਂਡਸਾ, ਹਰਮੇਲ ਸਿੰਘ ਟੌਹੜਾ, ਹਰਿੰਦਰਪਾਲ ਸਿੰਘ ਚੰਦੂਮਾਜਰਾ, ਗਗਨਜੀਤ ਸਿੰਘ ਬਰਨਾਲਾ, ਕਰਨੈਲ ਸਿੰਘ ਪੰਜੋਲੀ, ਜਰਨੈਲ ਸਿੰਘ ਕਰਤਾਰਪੁਰ, ਬੀਬੀ ਕਰਮਜੀਤ ਕੌਰ ਗੁਲਸ਼ਨ, ਬੀਬੀ ਕੁਲਦੀਪ ਕੌਰ ਟੌਹੜਾ, ਸੁਰਿੰਦਰ ਸਿੰਘ ਭੁਲੇਵਾਲ, ਰਣਧੀਰ ਸਿੰਘ ਰੱਖੜਾ, ਜਗਜੀਤ ਸਿੰਘ ਕੋਹਲੀ ਆਦਿ ਹਾਜ਼ਰ ਸਨ।

## ਬਾਬਾ ਗੁੱਗਾ ਜ਼ਾਹਰ ਪੀਰ ਦਾ ਸਾਲਾਨਾ ਜੋੜ ਮੇਲਾ 29 ਨੂੰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਡਾਡੀਆ ਵਿਖੇ ਦਰਬਾਰ ਬਾਬਾ ਗੁੱਗਾ ਜਾਹਰ ਪੀਰ ਜੀ ਦੇ ਅਸਥਾਨ 'ਤੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਲਾਨਾ ਜੋੜ ਮੇਲਾ 29 ਅਗਸਤ ਨੂੰ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ।ਸੇਵਾਦਾਰ ਬਾਬਾ ਮੋਹਣ ਸਿੰਘ ਡਾਡੀਆ ਨੇ ਦੱਸਿਆ ਕਿ ਰੱਖੜੀ ਤੋਂ ਬਾਬਾ ਜੀ ਦੀਆਂ ਕਾਰਾ ਚੌਕੀਆਂ ਆਰੰਭ ਹਨ, ਜੋ ਸਰਹਾਲਾ ਕਲਾਂ, ਮੱਗੋਪੱਟੀ, ਬੱਡੋਂ, ਗੋਪਾਲੀਆ ਆਦਿ ਵੱਖ ਵੱਖ ਪਿੰਡਾਂ ਵਿਚ ਲਗਾਈਆਂ ਜਾ ਰਹੀਆਂ ਹਨ। 29 ਅਗਸਤ ਨੂੰ 11 ਤੋਂ 02 ਵਜੇ ਤੱਕ ਐਸ ਜੀ ਆਰ ਹਸਪਤਾਲ ਕੋਟ ਫਤੂਹੀ ਵੱਲੋਂ ਮੁਫਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ।ਇਸੇ ਦਿਨ ਛਿੰਝ ਮੇਲਾ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਜੋਗਿੰਦਰ ਸਿੰਘ, ਪਵਨ ਕੁਮਾਰ ਰਹੱਲੀ, ਚਰਨ ਸਿੰਘ, ਬਲਵੀਰ ਸਿੰਘ, ਲਖਵਿੰਦਰ ਰਾਮ, ਮੋਨੂ ਡੋਡ, ਰਾਜਾ, ਡੋਡ, ਹਰਜਿੰਦਰ ਸਿੰਘ ਸੋਨਾ, ਸ਼ੈਰੀ ਡਾਂਡੀਆਂ ਬੱਬੂ ਰਹੱਲੀ, ਮਨਜੀਤ ਸਿੰਘ ਮੀਤਾ ਬੱਢੇਲਾ, ਮਨੋਜ ਲਾਹਦੜਾ,ਪੰਮਾ ਮੁੱਗੋਪੱਟੀ, ਵਿਕਾਸ,ਵਿੱਕੀ, ਸੌਰਵ, ਹੁਮੀਤ ਸਿੰਘ, ਮੋਹਨ ਸਿੰਘ,ਸਿਮਰਨਜੀਤ ਸਿੰਘ ਰਹੱਲੀ, ਕੁਲਦੀਪ, ਸੋਨੂੰ, ਪਿੰਦੂ ਕਨੇਡਾ ਆਦਿ ਹਾਜ਼ਰ ਸਨ।

## ਅਫੀਮ ਤੇ ਡਰੱਗ ਮਨੀ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)** ਰੂਪਨਗਰ ਬਲਾਚੌਰ ਰਾਜ ਮਾਰਗ 'ਤੇ ਆਸਰੋਂ ਦੇ ਨਜ਼ਦੀਕ ਲਾਏ ਪੱਕੇ ਹਾਈਟੈੱਕ ਨਾਕੇ 'ਤੇ ਕਾਠਗੜ੍ਹ ਪੁਲਸ ਵਲੋਂ ਇੱਕ ਮੁਲਜ਼ਮ ਨੂੰ 700 ਗ੍ਰਾਮ ਅਫੀਮ ਅਤੇ 12,350 ਰੁਪਏ ਡਰੱਗ ਮਨੀ ਸਮੇਤ ਕਾਬੂ ਕੀਤਾ ਗਿਆਂ। ਇਸ ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਕਾਠਗੜ੍ਹ ਦੇ ਐੱਸ. ਆਈ. ਪੂਰਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਅਗਵਾਈ ਵਿੱਚ ਹਾਈਟੈੱਕ ਨਾਕੇ 'ਤੇ ਸਾਥੀ ਮੁਲਾਜ਼ਮਾਂ ਵੱਲੋਂ ਰੋਪੜ ਸਾਈਡ ਤੋਂ ਬਲਾਚੌਰ ਵੱਲ ਨੂੰ ਕਾਬੂ ਕੀਤੇ ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ ਤਾਂ ਇਸ ਦੌਰਾਨ ਇਕ ਵਿਅਕਤੀ ਪੁਲਸ ਪਾਰਟੀ ਨੂੰ ਦੇਖ ਕੇ ਪਿੱਛੇ ਮੁੜਨ ਲੱਗਾ ਤਾਂ ਪੁਲਸ ਪਾਰਟੀ ਨੇ ਤੁਰੰਤ ਉਸ ਨੂੰ ਕਾਬੂ ਕਰਕੇ ਜਦੋਂ ਤਲਾਸ਼ੀ ਲਈ ਤਾਂ ਉਸ ਕੋਲੋਂ 700 ਗ੍ਰਾਮ ਅਫੀਮ ਅਤੇ 12,350 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ।ਮੁਲਜ਼ਮ ਦੀ ਪਛਾਣ ਰਜਿੰਦਰਾ ਕੁਮਾਰ ਪੁੱਤਰ ਓਮ ਪ੍ਰਕਾਸ਼ ਵਾਸੀ ਕੁਡਰੀਆ ਫੈਜ਼ਲਾਪੁਰ ਥਾਣਾ ਅਲੀਗੜ੍ਹ ਤਹਿਸੀਲ ਔਲਾ ਜ਼ਿਲਾ ਬਰੇਲੀ (ਉਤਰ ਪ੍ਰਦੇਸ਼) ਵਜੋਂ ਹੋਈ ਹੈ।ਪੁਲਸ ਨੇ ਮੁਲਜ਼ਮ ਖਿਲਾਫ ਮੁਕੱਦਮਾ ਦਰਜ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਗੁਰੂ ਨਾਨਕ ਦੇਵ ਦੇ ਵਿਆਹ ਪੁਰਬ ਦੀ ਯਾਦ 'ਚ ਨਗਰ ਕੀਰਤਨ 9 ਨੂੰ ਸਜਾਇਆ ਜਾਵੇਗਾ : ਜਥੇ. ਗੋਰਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸਿੱਖ ਧਰਮ ਦੇ ਬਾਨੀ ,ਮਨੁੱਖਤਾ ਦੇ ਰਹਿਬਰ ਜਗਤ ਗੁਰੂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਵਿਆਹ ਪੁਰਬ ਦੀ ਯਾਦ 'ਚ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਜੀ ਸੁਲਤਾਨਪੁਰ ਲੋਧੀ ਤੋਂ ਗੁਰਦੁਆਰਾ ਸਤਿਕਾਰਤਾਰੀਆ ਸਾਹਿਬ ਬਟਾਲਾ ਤੱਕ 9 ਸਤੰਬਰ 2024 ਨੂੰ ਸਜਾਏ ਜਾ ਰਹੇ ਵਿਸ਼ਾਲ ਨਗਰ ਕੀਰਤਨ ਦਾ ਸੱਦਾ ਦੇਣ ਲਈ ਪੁਰਾਤਨ ਪ੍ਰੰਪਰਾ ਅਨੁਸਾਰ ਬਟਾਲਾ ਸਾਹਿਬ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਅੰਤ੍ਰਿੰਗ ਮੈਂਬਰ ਜਥੇ ਗੁਰਿੰਦਰਪਾਲ ਸਿੰਘ ਗੋਰਾ , 450 ਸਾਲਾ ਸ਼ਤਾਬਦੀ ਸਮਾਗਮ ਸ੍ਰੀ ਗੋਇੰਦਵਾਲ ਸਾਹਿਬ ਦੇ ਇੰਚਾਰਜ ਭਾਈ ਸਤਨਾਮ ਸਿੰਘ ਰਿਆੜ , ਮਨਜੀਤ ਸਿੰਘ ਮੈਨੇਜਰ ਗੁਰਦਵਾਰਾ ਸਤਿਕਰਤਾਰੀਆਂ ਤੇ ਡੇਹਰਾ ਸਾਹਿਬ ਬਟਾਲਾ, ਰਜਿੰਦਰ ਸਿੰਘ ਪਦਮ ਪ੍ਰਧਾਨ ਸ਼੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਬਟਾਲਾ, ਮਾਸਟਰ ਜੋਗਿੰਦਰ ਸਿੰਘ ਅੱਚਲੀ ਗੇਟ (ਪ੍ਰਧਾਨ ) ਬਟਾਲਾ,ਚੇਤਨ ਸਿੰਘ ਜੰਡੂ ਗੁਰਦੁਆਰਾ ਇੰਸਪੈਕਟਰ ਸ਼੍ਰੋਮਣੀ ਕਮੇਟੀ , ਕੁਲਵੰਤ ਸਿੰਘ ਕੌਂਸਲਰ ਬਟਾਲਾ ਤੇ ਬਲਕਾਰ ਸਿੰਘ ਗੁਰਦੁਆਰਾ ਕੰਧ ਸਾਹਿਬ ਬਟਾਲਾ ਤੋਂ ਸਵੇਰੇ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਪੁੱਜੇ ।ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਬੇਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸਮੂਹ ਆਗੂਆਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਪ੍ਰਬੰਧਕਾਂ ਨਾਲ ਵਿਆਹ ਪੁਰਬ ਨਗਰ ਕੀਰਤਨ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਕੀਤੀ । ਇਸ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇ ਗੁਰਿੰਦਰਪਾਲ ਸਿੰਘ ਗੋਰਾ ਨੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਪ੍ਰੀਤ ਕੌਰ ਰੂਹੀ ਸੁਲਤਾਨਪੁਰ ਲੋਧੀ , ਜਥੇ ਜਰਨੈਲ ਸਿੰਘ ਡੋਗਰਾਂਵਾਲ ਮੈਂਬਰ ਸ਼੍ਰੋਮਣੀ ਕਮੇਟੀ ਕਪੂਰਥਲਾ ਤੇ ਜਥੇ ਬਲਦੇਵ ਸਿੰਘ ਕਲਿਆਣ (ਮੈਂਬਰ ਸ਼੍ਰੋਮਣੀ ਕਮੇਟੀ ਅਤੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਮੈਨੇਜਰ ਭਾਈ ਗੁਰਬਖਸ਼ ਸਿੰਘ ਬੱਚੀਵਿੰਡ ,ਹੈੱਡ ਗ੍ਰੰਥੀ ਗਿਆਨੀ ਹਰਜਿੰਦਰ ਸਿੰਘ ਚੰਡੀਗੜ੍ਹ ਆਦਿ ਹੋਰ ਪ੍ਰਬੰਧਕਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਵਿਆਹ ਪੁਰਬ ਦੀ ਯਾਦ'ਚ 9 ਸਤੰਬਰ ਨੂੰ ਮਹਾਨ ਨਗਰ ਕੀਰਤਨ ਬਟਾਲਾ ਦੀ ਧਰਤੀ 'ਤੇ ਲੈ ਕੇ ਆਉਣ ਲਈ ਨਿਮਰਤਾ ਸਾਹਿਤ ਸੱਦਾ ਦਿੱਤਾ ਤੇ ਬੇਨਤੀ ਕੀਤੀ ।ਉਨ੍ਹਾਂ ਦੱਸਿਆ ਕਿ 8 ਸਤੰਬਰ ਨੂੰ ਬਟਾਲਾ ਤੋਂ ਧਾਰਮਿਕ ਜਥੇਬੰਦੀਆਂ ਤੇ ਹੋਰ ਸਿੱਖ ਸੰਗਤਾਂ ਸ਼ਰਧਾ ਨਾਲ ਪੁਰਾਤਨ ਰਵਾਇਤ ਮੁਤਾਬਿਕ ਸ਼ਬਦ ਗੁਰਬਾਣੀ ਦਾ ਜਾਪ ਕਰਦੇ ਹੋਏ ਸੁਲਤਾਨਪੁਰ ਲੋਧੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਪੁੱਜਣਗੀਆਂ ਤੇ 9 ਸਤੰਬਰ ਨੂੰ ਸਵੇਰੇ 7 ਵਜੇ ਗੁਰਦੁਆਰਾ ਬੇਰ ਸਾਹਿਬ ਤੋਂ ਮਹਾਨ ਨਗਰ ਕੀਰਤਨ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ 'ਚ ਸਜਾਇਆ ਜਾਵੇਗਾ । ਜਿਸਦਾ ਸੁਲਤਾਨਪੁਰ ਲੋਧੀ ਤੋਂ ਬਟਾਲਾ ਤੱਕ ਰਸਤੇ 'ਚ ਵੱਖ ਵੱਖ ਪਿੰਡਾਂ ਤੇ ਸ਼ਹਿਰਾਂ 'ਚ ਫੁੱਲਾਂ ਦੀ ਵਰਖਾ ਕਰਕੇ ਸੰਗਤਾਂ ਵੱਲੋਂ ਸਵਾਗਤ ਕੀਤਾ ਜਾਵੇਗਾ । ਉਨ੍ਹਾਂ ਹੋਰ ਦੱਸਿਆ ਕਿ ਬਟਾਲਾ ਸਾਹਿਬ ਵਿਖੇ ਵੀ ਅਗਲੇ ਦਿਨ 10 ਸਤੰਬਰ ਨੂੰ ਬਹੁਤ ਹੀ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ।ਜਿਸ ਸਬੰਧੀ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ ਹਨ ।ਇਸ ਸਮੇਂ ਜਥੇਦਾਰ ਬਲਦੇਵ ਸਿੰਘ ਕਲਿਆਣ ਮੈਂਬਰ ਸ਼੍ਰੋਮਣੀ ਕਮੇਟੀ , ਮੈਨੇਜਰ ਬੇਰ ਸਾਹਿਬ ਗੁਰਬਖਸ਼ ਸਿੰਘ ਬੱਚੀਵਿੰਡ , ਭਾਈ ਜੱਜ ਸਿੰਘ ਪ੍ਰਚਾਰਕ ,ਹੈੱਡ ਗ੍ਰੰਥੀ ਭਾਈ ਹਰਜਿੰਦਰ ਸਿੰਘ ਚੰਡੀਗੜ੍ਹ , ਬੀਬੀ ਬਲਜੀਤ ਕੌਰ ਕਮਾਲਪੁਰ , ਭੁਪਿੰਦਰ ਸਿੰਘ ਰਿਕਾਰਡ ਕੀਪਰ , ਨੰਬਰਦਾਰ ਸੁਰਿੰਦਰਪਾਲ ਸਿੰਘ ਸੋਢੀ ਪ੍ਰਧਾਨ ਪ੍ਰੈਸ ਕਲੱਬ ਸੁਲਤਾਨਪੁਰ ਲੋਧੀ , ਜਰਨੈਲ ਸਿੰਘ ਅਕਾਉਟੈਂਟ ਬੇਰ ਸਾਹਿਬ, ਸੁਖਜਿੰਦਰ ਸਿੰਘ ਭਗਤਪੁਰ , ਚੈਚਲ ਸਿੰਘ ਮੀਤ ਮੈਨੇਜਰ , ਭੁਪਿੰਦਰ ਸਿੰਘ ਰਿਕਾਰਡ ਕੀਪਰ, ਜਗਤਾਰ ਸਿੰਘ ਆਹਲੀ , ਸਲਵੰਤ ਸਿੰਘ ਸਟੋਰ ਕੀਪਰ, ਇੰਦਰਜੀਤ ਸਿੰਘ , ਜਥੇ ਸਰਵਨ ਸਿੰਘ ਚੱਕਾਂ, ਜਸਵਿੰਦਰ ਸਿੰਘ ਸਹਾਇਕ ਖਜਾਨਚੀ, ਅਮਨਪ੍ਰੀਤ ਸਿੰਘ ਬੂਲੇ, ਹਰਪ੍ਰੀਤ ਸਿੰਘ ਸਹਾਇਕ ਅਕਾਉਟੈਂਟ, ਮਹਿੰਦਰ ਸਿੰਘ ਸੈਕਟਰੀ , ਸਨਮਪ੍ਰੀਤ ਸਿੰਘ ਆਦਿ ਨੇ ਸ਼ਿਰਕਤ ਕੀਤੀ ।

# ਭਾਈ ਵਰਿੰਦਰ ਸਿੰਘ ਮਸੀਤੀ ਸਿਵਲ ਹਸਪਤਾਲ ਟੀਮ ਵੱਲੋਂ ਸਨਮਾਨਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ )**- ਆਜ਼ਾਦੀ ਦਿਹਾੜੇ ਮੌਕੇ ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਭਾਈ ਵਰਿੰਦਰ ਸਿੰਘ ਨੂੰ ਮਸੀਤੀ ਆਈ ਡੋਨਰ ਇੰਚਾਰਜ ਟਾਂਡਾ ਨੂੰ ਸਮਾਜ ਪ੍ਰਤੀ ਕੀਤੀਆਂ ਗਈਆਂ ਸੇਵਾਵਾਂ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਟੇਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਸੀ। ਸਿਵਿਲ ਹਸਪਤਾਲ ਟਾਂਡਾ ਵਿਖੇ ਐਸ.ਐਮ.ਓ ਟਾਂਡਾ ਡਾ: ਕਰਨ ਕੁਮਾਰ ਸੈਣੀ ਅਤੇ ਉਨਾਂ ਦੇ ਸਮੂਹ ਟੀਮ ਵੱਲੋਂ ਭਾਈ ਵਰਿੰਦਰ ਸਿੰਘ ਮਸੀਤੀ ਨੂੰ ਇਸ ਐਵਾਰਡ ਲਈ ਸ਼ੁਭਕਾਮਨਾਵਾਂ ਦਿੰਦਿਆਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਡਾ: ਸੈਣੀ ਨੇ ਭਾਈ ਮਸੀਤੀ ਦਾ ਸਮਾਜਿਕ ਕੰਮਾਂ ਵਿੱਚ ਯੋਗਦਾਨ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਭਾਈ ਮਸੀਤੀ ਅੱਗੇ ਤੋਂ ਵੀ ਆਪਣਾ ਜੋਗਦਾਨ ਪਾਉਂਦੇ ਰਹਿਣਗੇ ਤਾਂ ਜੋ ਸਮਾਜ ਦੇ ਹੋਰ ਲੋਕ ਵੀ ਇਹਨਾਂ ਤੋ ਸੇਧ ਲੈ ਸਕਣ।ਇਸ ਮੌਕੇ ਡਾ: ਕਰਤਾਰ ਸਿੰਘ, ਡਾ: ਸ਼ਗੁਨ ,ਡਾ: ਕੇਵਲ ਸਿੰਘ, ਡਾ: ਕਰਨ ਸਿੰਘ ਵਿਰਕ, ਬਲਰਾਜ ਸਿੰਘ, ਬੀ.ਈ.ਈ ਅਵਤਾਰ ਸਿੰਘ, ਕੁਲਵੀਰ ਸਿੰਘ, ਗੁਰਜੀਤ ਸਿੰਘ, ਹਰਿੰਦਰ ਸਿੰਘ, ਹਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਵਿਨੋਦ ਕੁਮਾਰ ਆਦਿ ਹਾਜ਼ਰ ਸਨ ।

# ਸੰਤ ਬਾਬਾ ਮੇਲਾ ਰਾਮ ਭਰੋਮਜਾਰਾ ਦੀ ਬਰਸੀ 28 ਨੂੰ



**ਬੰਗਾ (ਅਵਤਾਰ ਕਲੇਰ)** ਮਹਾਨ ਤਪੱਸਵੀ ਸੰਤ ਬਾਬਾ ਮੇਲਾ ਰਾਮ ਭਰੋਮਜਾਰਾ ਦੀ 71ਵੀਂ ਸਾਲਾਨਾ ਬਰਸੀ ਸਮਾਗਮ 27-28 ਅਗਸਤ ਨੂੰ ਸਤਿਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਰਜਿ.ਅਤੇ ਸਮੂਹ ਸਾਧ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾਵੇਗਾ।ਇਸ ਸਬੰਧੀ ਪੋਸਟਰ ਜਾਰੀ ਕਰਦਿਆ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ:ਪੰਜਾਬ ਨੇ ਦੱਸਿਆ ਕਿ 27 ਅਗਸਤ ਨੂੰ ਰਾਤ ਦੇ ਦੀਵਾਨ ਸਜਾਏ ਜਾਣਗੇ ਅਤੇ 28 ਅਗਸਤ ਬੁੱਧਵਾਰ ਨੂੰ ਨਿਸ਼ਾਨ ਸਾਹਿਬ ਦੀ ਰਸਮ ਉਪਰੰਤ ਸ਼੍ਰੀ ਸਹਿਜ ਪਾਠ ਦੇ ਭੋਗ ਪਾਏ ਜਾਣਗੇ ਅਤੇ ਵੱਖ-ਵੱਖ ਡੇਰਿਆ ਤੋਂ ਆਏ ਸੰਤ ਮਹਾਪੁਰਸ਼ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।ਸੰਤ ਗੁਰਮੇਲ ਸਿੰਘ ਬਲੱਡ ਸੈਂਟਰ ਬਲਾਚੌਰ ਵਲੋਂ ਸਵੈ-ਇੱਛਕ ਖੂਨਦਾਨ ਕੈਂਪ ਵੀ ਲਗਾਇਆ ਜਾਵੇਗਾ ।ਇਸ ਮੌਕੇ ਹਰਜਿੰਦਰ ਕੁਮਾਰ,ਕੁਲਵਿੰਦਰ ਪਾਲ ਪੰਚ ਨੌਰਾ,ਐਮ ਪੀ ਕੁਮਾਰ ਨੌਰਾ,ਕਮਲ ਗੁਰੂ,ਗੰਗਾ ਰਾਮ ਸਾਧੋਵਾਲ,ਲੈਕ.ਰਾਮ ਲੁਭਾਇਆ,ਬਲਵੰਤ ਰਾਏ ਵੜਿੰਗ,ਬੀਬੀ ਕਮਲਾ ਦੇਵੀ,ਊਸ਼ਾ ਰਾਣੀ,ਬਿਮਲਾ ਦੇਵੀ,ਵੀਨਾ ਰਾਣੀ,ਰੇਖਾ ਰਾਣੀ, ਰਾਜਵਿੰਦਰ ਕੌਰ, ਹਰਬੰਸ ਕੌਰ, ਜਸਵੀਰ ਕੌਰ, ਜੋਗਿੰਦਰ ਕੌਰ, ਹਰਸ਼ ਬੰਗੜ, ਸੁਖਵਿੰਦਰ ਕੌਰ, ਮੋਨਿਕਾ ਰਾਣੀ ਆਦਿ ਹਾਜ਼ਰ ਸਨ।

## ਬਰਸੀ ਸਮਾਗਮ ਅੱਜ

**ਆਦਮਪੁਰ (ਪਰਮਜੀਤ ਸਿੰਘ)**:-ਆਦਮਪੁਰ ਦੇ ਨਜਦੀਕੀ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਗੁਰਦੁਆਰਾ ਬਾਵਾ ਟਾਹਲੀ ਸਾਹਿਬ ਜੀ ਦੇ ਸਥਾਨ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੇਖ-ਰੇਖ ਹੇਠ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸੰਤ ਬਾਬਾ ਸਤਪਾਲ ਸਿੰਘ ਜੀ ਦਾ ਪਹਿਲਾ ਬਰਸੀ ਸਮਾਗਮ 24 ਅਗਸਤ ਦਿਨ ਸ਼ਨੀਵਾਰ ਨੂੰ ਕਰਵਾਇਆ ਜਾ ਰਿਹਾ ਹੈ। ਜਿਸ ਦੌਰਾਨ ਬੀਬੀ ਦਲੇਰ ਕੌਰ ਖਾਲਸਾ ਢਾਡੀ ਜੱਥਾ ਤੇ ਭਾਈ ਹਰਵਿੰਦਰ ਸਿੰਘ ਸੋਢੀ ਬਡਾਲਾ ਵਾਲਿਆਂ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕਰਨਗੇ।

## ਜਨਮ ਅਸ਼ਟਮੀ 26 ਨੂੰ

**ਫਿਲੌਰ ( ਬੀ ਐੱਸ ਕੈਨੈਡੀ)** ਸੀ ਕਿਸਨ ਲਾਲ ਚੁੰਘ ਪ੍ਰਧਾਨ ਪ੍ਰਾਚੀਨ ਸ਼ਿਵ ਮੰਦਰ ਤਹਿਸੀਲ ਕੰਪਲੈਕਸ ਫਿਲੌਰ ਨੇ ਦਸਿਆ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 26 ਅਗਸਤ ਦਿਨ ਸੋਮਵਾਰ ਨੂੰ ਜਨਮ ਅਸ਼ਟਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਜਾਵੇਗਾ। ਸੰਗਤਾਂ ਵਲੋਂ ਕ੍ਰਿਸ਼ਨ ਜੀ ਦਾ ਗੁਣਗਾਨ ਕੀਤਾ ਜਾਵੇਗਾ। ਇਸੇ ਦੌਰਾਨ ਬਾਬਾ ਲਾਲ ਦਿਆਲ ਮੰਦਰ ਫਿਲੌਰ ਹਨੂੰਮਾਨ ਮੰਦਰ ਪਾਠਸ਼ਾਲਾ ਮੰਦਰ ਸ਼ਿਵ ਮੰਦਰ ਕਿਲੇ ਵਾਲੇ ਮੰਦਰ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਜਾਵੇਗਾ।

# ਕੈਪਟਨ ਡਾਕਟਰ ਕਰਨੈਲ ਸਿੰਘ ਨੂੰ ਬਿਜਲਈ ਰੈਗੂਲੇਟਰੀ ਕਮਿਸ਼ਨ ਦਾ ਸਕੱਤਰ ਬਣਾਏ ਜਾਣ 'ਤੇ ਖੁਸ਼ੀ ਦੀ ਲਹਿਰ



**ਮੇਹਟੀਆਣਾ , (ਜਗਤਾਰ ਸਿੰਘ ਭੁੰਗਰਨੀ)**-ਕੈਪਟਨ ਡਾਕਟਰ ਕਰਨੈਲ ਸਿੰਘ ਆਈ ਏ ਐਸ ( ਰਿਟਾਇਰਡ) ਡਿਪਟੀ ਕਮਿਸ਼ਨਰ ਨੂੰ ਸਵੈ ਇਛੁੱਕ ਰਿਟਾਇਰਮੈਂਟ ਉਪਰੰਤ ਪੰਜਾਬ ਸਰਕਾਰ ਵੱਲੋ ਬਿਜਲਈ ਰੈਗੂਲੇਟਰੀ ਕਮਿਸ਼ਨ ਪੰਜਾਬ ਦਾ ਸਕੱਤਰ ਬਣਾਏ ਜਾਣ 'ਤੇ ਖੁਸ਼ੀ ਦੀ ਲਹਿਰ ਦੌੜ ਗਈ ਹੈ ! ਬਰੈਂਪਟਨ ਕੈਨੇਡਾ ਦੇ ਰਿਮੈਂਬੇਰਿੰਸ ਰੋਡ, ਈਡਨ ਬਰੁਕ ਹਿਲ ਰੋਡ, ਸੰਗਮ ਸਥਿਤ ਪਾਰਕ ਵਿੱਚ ਪ੍ਰਮੁੱਖ ਤੌਰ 'ਤੇ ਸਰਪੰਚ ਮਨਜੀਤ ਸਿੰਘ ਰਾਜਪੁਰ ਭਾਈਆਂ ਦੀ ਅਗਵਾਈ ਵਿਚ, ਲਾਇਨਜ ਕਲੱਬ ਰਿਹਾਣਾ ਜਟਾਂ ਕੋਹਿਨੂਰ 3214 ਦੇ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਸੀਨੀਅਰ ਪੱਤਰਕਾਰ ਦੀ ਦੇਖਰੇਖ ਹੇਠ ਲੱਡੂ ਵੰਡੇ ਗਏ ਹਨ ! ਗਿਆਨੀ ਮਾਸਟਰ ਜਗਜੀਤ ਸਿੰਘ ਪੰਡੋਰੀ ਕੱਦ , ਸੁਰਜੀਤ ਸਿੰਘ ਮਸੂਤਾ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਹਰਿ ਰਾਇ ਸਾਹਿਬ ਪਾਤਸ਼ਾਹੀ ਸੱਤਵੀਂ ਵਿਸ਼ੇਸ ਮਹਿਮਾਨ ਵੱਜੋਂ ਸ਼ਾਮਲ ਹੋਏ, ਗੁਰਦੇਵ ਸਿੰਘ ਬਾਸੀ ਅਜੀਤਵਾਲ ਮੋਗਾ , ਭੁਪਿੰਦਰ ਸਿੰਘ ਦਿਓਲ ਬੁਢਲਾਡਾ , ਦਰਸ਼ਨ ਸਿੰਘ ਖੇੜਾ ਲੁਧਿਆਣਾ , ਗੁਰਮੀਤ ਸਿੰਘ ਪਟਿਆਲਾ, ਮੇਜਰ ਸਿੰਘ ਕਰਨਾਲ, ਨਰਿੰਦਰ ਕੁਮਾਰ ਕਲਿਆਣ ਪੁਰ ਲਾਂਬੜਾ ਜਲੰਧਰ , ਮਾਸਟਰ ਪਰਮਜੀਤ ਸਿੰਘ ਸੋਢੀ ਮੋਗਾ, ਕੁਲਦੀਪ ਸਿੰਘ ਧਾਲੀਵਾਲ ਸਮਾਣਾ, ਸੁਰਜੀਤ ਸਿੰਘ ਖਟਕੜ ਸਾਬਕ ਬੈਂਕ ਮੈਨੇਜਰ ਪਟਿਆਲਾ , ਨਵਾਬ ਸਿੰਘ ਧਾਲੀਵਾਲ ਸੰਚਾਲਕ ਸਿਫਤ ਪੰਜਾਬ ਦੀ ਭੰਗੜਾ ਗਰੁੱਪ, ਵਿਜੈ ਲੋਹਲ ਅੰਮ੍ਰਿਤਸਰ ਸਾਹਿਬ, ਡਾਕਟਰ ਸੰਤੋਖ ਸਿੰਘ ਚਾਹਲ ਬਰੈਂਪਟਨ, ਡਾਕਟਰ ਚਮਕੌਰ ਸਿੰਘ ਧਾਲੀਵਾਲ ਬਰੈਂਪਟਨ, ਦਵਿੰਦਰ ਸਿੰਘ ਸਜਣ ਕਨੇਡੀਅਨ, ਪ੍ਰੋਫੈਸਰ ਅਮਰਿੰਦਰ ਸਿੰਘ ਧਾਲੀਵਾਲ ਸਕੱਤਰ ਲਾਇਨਜ ਕਲੱਬ ਇੰਟਰਨੈਸ਼ਨਲ ਰਿਹਾਣਾ ਜਟਾਂ ਕੋਹਿਨੂਰ 3214, ਗੁਰਮੇਲ ਸਿੰਘ ਸਰਾਂ ਫਿਰੋਜ਼ਪੁਰ, ਲਖਬੀਰ ਸਿੰਘ ਜਲੰਧਰ , ਇੰਦਰਜੀਤ ਸਿੰਘ ਡਰੋਲੀ ਕਲਾਂ ਜਲੰਧਰ , ਖੁਸ਼ਵਿੰਦਰ ਸਿੰਘ ਹਾਰਟਾ , ਗੁਰਵਿੰਦਰ ਸਿੰਘ ਦਿਓਲ ਰਿਹਾਣਾ ਜਟਾਂ, ਨਿਰਮਲ ਸਿੰਘ ਸੰਧੂ , ਕੁਲਵੰਤ ਸਿੰਘ ਖਨੌੜਾ ਹੁਸ਼ਿਆਰਪੁਰ, ਅਵਤਾਰ ਸਿੰਘ ਬਿੱਲਾ ਥਿਆੜਾ, ਕੁਲਦੀਪ ਸਿੰਘ ਸਹੋਤਾ ਹੁਸ਼ਿਆਰਪੁਰ,ਗੁਰਚਰਨਜੀਤ ਸਿੰਘ ਪਠਲਾਵਾ ਨੇ ਸ਼ਿਰਕਤ ਕੀਤੀ ।ਪੇਨਸਿਲਵੇਨਿਆ ਯੂ ਐਸ ਏ 'ਚ ਮਲਕੀਤ ਸਿੰਘ ਫੁਗਲਾਣਾ ਸਾਬਕ ਕਾਰਜਕਾਰੀ ਇੰਜੀਨੀਅਰ , ਅਮਰੀਕ ਸਿੰਘ ਪੋਲਾ ਸ਼ਿਕਾਗੋ , ਮਾਸਟਰ ਜੁਗਿੰਦਰ ਸਿੰਘ ਸੰਘਾ ਬੇਕਰਜ ਫੀਲਡ ਕੈਲੇਫ਼ੋਰਨੀਆ ਦੀ ਅਗਵਾਈ ਹੇਠ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ! ਲਾਇਨਜ ਕਲੱਬ ਰਿਹਾਣਾ ਜਟਾਂ ਕੋਹਿਨੂਰ ਦੇ ਸਕੱਤਰ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ ਹੁਸ਼ਿਆਰਪੁਰ, ਲਾਇਨ ਇੰਜੀਨੀਅਰ ਐਸ ਪੀ ਜਾਖੂ ਸਕੱਤਰ ਲਾਇਨਜ ਕਲੱਬ ਇੰਟਰਨੈਸ਼ਨਲ ਹੁਸ਼ਿਆਰਪੁਰ ਸਮਰਪਣ ਐਕਟਿਵ , ਰਜਿੰਦਰ ਪ੍ਰਸਾਦ ਸਕੱਤਰ ਲਾਇਨਜ ਕਲੱਬ ਆਦਮਪੁਰ , ਲਾਇਨ ਅਜੀਤ ਸਿੰਘ ਬਾਲੀ ਪ੍ਰਧਾਨ ਲਾਇਨਜ ਕਲੱਬ ਹੁਸ਼ਿਆਰਪੁਰ ਸਮਰਪਣ ਐਕਟਿਵ , ਲਾਇਨ ਐਮ ਪੀ ਸਿੰਘ ਸਿੱਧੂ ਸਾਬਕ ਪ੍ਰਧਾਨ ਲਾਇਨਜ ਕਲੱਬ ਹੁਸ਼ਿਆਰਪੁਰ ਸਮਰਪਣ ਐਕਟਿਵ, ਲਾਇਨ ਹਰੀਸ਼ ਕੁਮਾਰ ਬੰਗਾ ਪਾਸਟ ਗਵਰਨਰ, ਲਾਇਨ ਦਵਿੰਦਰਪਾਲ ਅਰੋੜਾ ਪਾਸਟ ਗਵਰਨਰ 3214 ( ਪੰਜਾਬ ਹਿਮਾਚਲ ਜੰਮੂ-ਕਸ਼ਮੀਰ) ਡਿਸਟ੍ਰਿਕਟ ਨੇ ਕੈਪਟਨ ਡਾਕਟਰ ਕਰਨੈਲ ਸਿੰਘ ਆਈ ਏ ਐਸ (ਰਿਟਾਇਰਡ) ਨੂੰ ਬਿਜਲਈ ਰੈਗੂਲੇਟਰੀ ਕਮਿਸ਼ਨ ਪੰਜਾਬ ਦਾ ਸਕੱਤਰ ਬਣਾਏ ਜਾਣ ਦਾ ਭਰਪੂਰ ਸਵਾਗਤ ਕਰਦਿਆਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ । ਨਿਊਜ਼ੀਲੈਂਡ ਤੋਂ ਕੁਲਵਿੰਦਰ ਸਿੰਘ ਰਮਨ ਖਨੌੜਾ ਹੁਸ਼ਿਆਰਪੁਰ ਨੇ ਖੁਸ਼ੀਆਂ ਸਾਂਝੀਆ ਕੀਤੀਆਂ ਹਨ।